2-FEB-PAGE-1.qxd 2/1/2026 10:10 PM Page 1

ਸੋਮਵਾਰ, 2 ਫਰਵਰੀ, 2026
20 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 243

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 2 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨਵਾਂ ਨਾਂਅ 'ਸ੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ, ਆਦਮਪੁਰ'

## ਮੋਦੀ ਨੇ ਹੀ ਸਾਡੇ ਸਮਾਜ ਦੀ ਸਾਰ ਲਈ : ਡੇਰਾ ਸੱਚਖੰਡ ਬੱਲਾਂ




**ਜਲੰਧਰ (ਸੁਰਿੰਦਰ ਕੁਮਾਰ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਐਤਵਾਰ ਜਲੰਧਰ ਜ਼ਿਲ੍ਹੇ ਦੇ ਸੰਖੇਪ ਦੌਰੇ ਦੌਰਾਨ ਆਦਮਪੁਰ ਹਵਾਈ ਅੱਡੇ ਦਾ ਨਵਾਂ ਨਾਂਅ 'ਸ੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ, ਆਦਮਪੁਰ' ਰੱਖਣ ਦਾ ਰਸਮੀ ਐਲਾਨ ਕੀਤਾ। ਉਨ੍ਹਾ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦਾ ਵੀ ਵਰਚੁਅਲੀ ਉਦਘਾਟਨ ਕੀਤਾ।

ਆਦਮਪੁਰ ਹਵਾਈ ਅੱਡੇ 'ਤੇ ਉਤਰਨ ਤੋਂ ਬਾਅਦ ਮੋਦੀ ਡੇਰਾ ਸੱਚਖੰਡ ਬੱਲਾਂ ਪੁੱਜੇ। ਉਨ੍ਹਾ ਦਾ ਡੇਰਾ ਪ੍ਰਬੰਧਕਾਂ ਨੇ ਸਵਾਗਤ ਕੀਤਾ। ਇਸ ਮੌਕੇ ਵਿਆਨਾ ਗੋਲੀ ਕਾਂਡ ਦੀ ਵੀ ਗੱਲ ਕੀਤੀ ਗਈ। ਡੇਰਾ ਪ੍ਰਬੰਧਕਾਂ ਨੇ ਕਿਹਾ ਕਿ ਉਨ੍ਹਾ 'ਤੇ ਗੋਲੀਆਂ ਚਲਾਈਆਂ ਗਈਆਂ ਪਰ ਪੰਜਾਬ ਵਿੱਚ ਧਰਮ ਪਰਿਵਰਤਨ ਨਹੀਂ ਹੋਣ ਦਿੱਤਾ। ਇਸ ਵੇਲੇ ਕਰੋੜਾਂ ਲੋਕ ਡੇਰੇ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਇੱਥੇ ਆਏ ਹਨ, ਉਨ੍ਹਾਂ ਦਾ ਸਵਾਗਤ ਹੈ। ਡੇਰਾ ਪ੍ਰਬੰਧਕ ਨੇ ਕਿਹਾ ਕਿ 78 ਸਾਲਾਂ ਵਿੱਚ ਕਿਸੇ • ਬਾਕੀ ਸਫ਼ਾ 2 'ਤੇ

# ਹਲਵਾਰਾ ਅੱਡੇ ਦਾ ਨਾਂਅ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂਅ 'ਤੇ ਰੱਖੋ : ਮਾਨ

## ਮੁਹਾਲੀ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਉਡਾਣਾਂ ਵਧਾਉਣ ਦੀ ਮੰਗ



**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਦੇ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਟਰਮੀਨਲ ਇਮਾਰਤ ਦੇ ਉਦਘਾਟਨ ਮੌਕੇ ਭਾਰਤ ਸਰਕਾਰ ਨੂੰ ਹਵਾਈ ਅੱਡੇ ਦਾ ਨਾਂਅ ਮਹਾਨ ਸ਼ਹੀਦ, ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂਅ ਤੇ ਰੱਖਣ ਦੀ ਮੰਗ ਨੂੰ ਦੁਹਰਾਉਂਦਿਆਂ ਕਿਹਾ ਕਿ ਇਹ ਕਦਮ ਭਾਰਤ ਦੇ ਆਜ਼ਾਦੀ ਸੰਗਰਾਮ ਦੇ ਸਭ ਤੋਂ ਛੋਟੀ ਉਮਰ ਦੇ ਨਾਇਕਾਂ ਵਿੱਚੋਂ ਇੱਕ ਨਾਇਕ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਮੁੱਖ ਮੰਤਰੀ ਨੇ ਕੇਂਦਰ ਨੂੰ ਮੁਹਾਲੀ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਉਡਾਣਾਂ ਵਿੱਚ ਵਾਧਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਇੱਕ ਅਜਿਹੇ ਪਲ ਵੱਲ ਲਗਾਤਾਰ ਵਧ ਰਿਹਾ ਹੈ ਜਿੱਥੇ ਇਸ ਦੇ ਚਾਰੇ ਹਵਾਈ ਅੱਡਿਆਂ ਦੇ ਨਾਂਅ ਸੂਬੇ ਦੇ ਮਹਾਨ ਗੁਰੂਆਂ ਅਤੇ ਸ਼ਹੀਦਾਂ ਦੇ ਨਾਂਅ ਉੱਤੇ ਰੱਖੇ ਜਾਣਗੇ, ਜੋ ਆਧੁਨਿਕ ਬੁਨਿਆਦੀ ਢਾਂਚੇ ਨੂੰ ਸੂਬੇ ਦੀ ਅਧਿਆਤਮਕ ਅਤੇ ਇਨਕਲਾਬੀ ਵਿਰਾਸਤ ਨਾਲ ਜੋੜਨਗੇ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਵਾਈ ਅੱਡੇ ਦੇ ਵਰਚੁਅਲ ਉਦਘਾਟਨ ਦੌਰਾਨ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕਿੰਜਰਾਪੂ ਰਾਮ ਮੋਹਨ ਨਾਇਡੂ ਦੀ ਮੌਜੂਦਗੀ ਵਿੱਚ ਇਹ ਮੁੱਦਾ ਉਠਾਉਂਦਿਆਂ ਮਾਨ ਨੇ ਕਿਹਾ, ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਸਿਰਫ 19 ਸਾਲ ਦੀ ਉਮਰ ਵਿੱਚ ਮਾਤਭੂਮੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾ ਦੀ ਮਹਾਨ ਕੁਰਬਾਨੀ ਨੇ ਲੱਖਾਂ ਲੋਕਾਂ ਨੂੰ ਬ੍ਰਿਟਿਸ਼ ਸਾਮਰਾਜਵਾਦ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਪ੍ਰੇਰਤ ਕੀਤਾ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਵੀ ਉਨ੍ਹਾ ਨੂੰ ਆਪਣਾ ਰੋਲ ਮਾਡਲ ਮੰਨਦੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਹਲਵਾਰਾ ਹਵਾਈ ਅੱਡੇ ਦਾ ਨਾਂਅ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂਅ ਤੇ ਰੱਖਣਾ ਇਸ ਮਹਾਨ ਸ਼ਹੀਦ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ ਜੋ ਇਸ ਖੇਤਰ ਨਾਲ ਸੰਬੰਧਤ ਸੀ ਅਤੇ ਹਵਾਬਾਜ਼ੀ ਵਿੱਚ ਕਰੀਅਰ ਬਣਾਉਣ ਲਈ ਬਰਕਲੇ ਯੂਨੀਵਰਸਿਟੀ ਗਿਆ ਸੀ, ਪਰ ਉਸ ਨੇ ਵਾਪਸ ਆਉਣ ਦੀ ਬਜਾਇ ਆਜ਼ਾਦੀ ਅੰਦੋਲਨ ਲਈ ਆਪਣਾ ਜੀਵਨ ਸਮਰਪਤ ਕਰਨ ਦਾ ਰਾਹ ਚੁਣਿਆ। ਮਾਨ ਨੇ ਕਿਹਾ ਕਿ ਜੇਕਰ ਹਲਵਾਰਾ ਹਵਾਈ ਅੱਡੇ ਦਾ ਨਾਂਅ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂਅ 'ਤੇ ਰੱਖਿਆ ਜਾਂਦਾ ਹੈ ਤਾਂ ਪੰਜਾਬ ਦੇ ਚਾਰ ਹਵਾਈ ਅੱਡਿਆਂ ਵਿੱਚੋਂ ਦੋ ਦਾ ਨਾਂਅ ਸਤਿਕਾਰਯੋਗ ਗੁਰੂਆਂ ਦੇ ਨਾਂਅ ਤੇ ਅਤੇ ਦੋ ਦਾ ਨਾਂਅ ਸ਼ਹੀਦਾਂ ਦੇ ਨਾਂਅ 'ਤੇ ਹੋ ਜਾਵੇਗਾ। ਉਨ੍ਹਾ ਕਿਹਾ, ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਹਵਾਈ ਅੱਡਾ, ਆਦਮਪੁਰ ਦਾ ਨਾਂਅ ਗੁਰੂਆਂ ਦੇ ਨਾਂਅ 'ਤੇ ਰੱਖਿਆ ਗਿਆ ਹੈ, ਜਦੋਂ ਕਿ ਸ਼ਹੀਦ ਭਗਤ ਸਿੰਘ ਹਵਾਈ ਅੱਡਾ, ਮੁਹਾਲੀ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਹਵਾਈ ਅੱਡਾ, ਹਲਵਾਰਾ ਸਾਡੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਹੋਵੇਗਾ।

ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਆਦਮਪੁਰ ਹਵਾਈ ਅੱਡੇ ਦਾ ਨਾਂਅ ਭਗਤੀ ਲਹਿਰ ਦੇ ਮਹਾਨ ਗੁਰੂ ਦੇ ਨਾਂਅ ਤੇ ਰੱਖਿਆ ਗਿਆ ਹੈ। ਉਨ੍ਹਾ ਕਿਹਾ, ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੁਆਰਾ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਦਿਖਾਇਆ ਗਿਆ ਰਾਹ ਸਾਡੀ ਸਰਕਾਰ ਦੀ ਜਨਤਾ ਦੀ ਸੇਵਾ ਕਰਨ ਦੀ ਵਚਨਬੱਧਤਾ ਦਾ ਮੁੱਖ ਥੰਮ੍ਹ ਹੈ। ਹਲਵਾਰਾ ਹਵਾਈ ਅੱਡੇ ਦੀ ਰਣਨੀਤਕ ਮਹੱਤਤਾ ਨੂੰ ਉਜਾਗਰ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਸ ਹਵਾਈ ਅੱਡੇ ਨੇ ਸਾਲਾਂ ਦੌਰਾਨ ਅਹਿਮ ਭੂਮਿਕਾ ਨਿਭਾਈ ਹੈ ਅਤੇ ਮਹੱਤਵਪੂਰਨ ਕਾਰਜਾਂ ਦੌਰਾਨ ਹਥਿਆਰਬੰਦ ਸੈਨਾਵਾਂ ਵੱਲੋਂ • ਬਾਕੀ ਸਫ਼ਾ 2 'ਤੇ

# ਰੱਖਿਆ ਬਜਟ 'ਚ ਰਿਕਾਰਡ ਵਾਧਾ

**ਨਵੀਂ ਦਿੱਲੀ** : ਕੇਂਦਰੀ ਵਿੱਤ ਮੰਤਰੀ ਨੇ ਨਿਰਮਾਣ ਖੇਤਰ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਕੁਝ ਕਦਮ ਚੁੱਕਦਿਆਂ ਐਤਵਾਰ ਨੂੰ 53.5 ਲੱਖ ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਵਿੱਤ ਮੰਤਰੀ ਨੇ ਖੇਤੀਬਾੜੀ ਤੇ ਪ੍ਰਾਹੁਣਚਾਰੀ ਖੇਤਰ ਨੂੰ ਰਾਹਤਾਂ ਦੇਣ ਦਾ ਐਲਾਨ ਵੀ ਕੀਤਾ ਜਦ ਕਿ ਆਮਦਨ ਟੈਕਸ ਦੀਆਂ ਦਰਾਂ ਵਿਚ ਕੋਈ ਤਬਦੀਲੀ ਨਹੀਂ ਕੀਤੀ। ਇਸ ਬਜਟ ਨੂੰ ਵਧ ਰਹੇ ਕੌਮਾਂਤਰੀ ਜੋਖਮ ਦਰਮਿਆਨ ਹੰਢਣਸਾਰ ਵਿਕਾਸ ਲਈ ਲੰਬੇ ਸਮੇ ਲਈ ਰੂਪ ਰੇਖਾ ਵਜੋਂ ਵੇਖਿਆ ਜਾ ਰਿਹਾ ਹੈ।

ਰੱਖਿਆ ਮੰਤਰਾਲੇ ਨੂੰ 7.8 ਲੱਖ ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਹੈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ ਕੁੱਲ ਵੰਡ ਵਿੱਚ ਰਿਕਾਰਡ 15 ਫੀਸਦੀ ਦਾ ਵਾਧਾ ਦਰਸਾਉਂਦਾ ਹੈ। ਰੱਖਿਆ ਸੈਨਾਵਾਂ ਦੇ ਆਧੁਨਿਕੀਕਰਨ ਲਈ 'ਕੈਪੀਟਲ ਆਊਟਲੇਅ' ਦੇ ਤਹਿਤ 2.19 ਲੱਖ ਕਰੋੜ ਰੁਪਏ ਰੱਖੇ ਗਏ ਹਨ, ਜਿਸ ਵਿੱਚ ਪਿਛਲੇ ਸਾਲ ਦੇ 1.80 ਲੱਖ ਕਰੋੜ ਰੁਪਏ ਦੇ ਮੁਕਾਬਲੇ 21.84 ਫੀਸਦੀ ਦਾ ਵੱਡਾ ਵਾਧਾ ਕੀਤਾ ਗਿਆ ਹੈ। ਰੱਖਿਆ ਮੰਤਰਾਲੇ ਕੋਲ ਰਫਾਲ ਲੜਾਕੂ ਜਹਾਜ਼ਾਂ, ਪਣਡੁੱਬੀਆਂ ਅਤੇ ਮਾਨਵ ਰਹਿਤ ਹਵਾਈ ਵਾਹਨਾਂ ਵਰਗੇ ਕਈ ਵੱਡੇ ਪ੍ਰੋਜੈਕਟ ਪਾਈਪਲਾਈਨ ਵਿੱਚ ਹਨ। ਰੱਖਿਆ ਸੇਵਾਵਾਂ (ਮਾਲੀਆ) ਲਈ 3,65,478.98 ਕਰੋੜ ਰੁਪਏ ਅਤੇ ਰੱਖਿਆ ਪੈਨਸ਼ਨਾਂ ਲਈ 1,71,338.22 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਰੱਖਿਆ ਖੇਤਰ ਨੂੰ ਹੁਲਾਰਾ ਦੇਣ ਲਈ ਜਹਾਜ਼ਾਂ ਦੇ ਪੁਰਜ਼ਿਆਂ ਦੇ ਨਿਰਮਾਣ ਅਤੇ ਰੱਖ-ਰਖਾਅ ਲਈ ਦਰਾਮਦ ਕੀਤੇ ਜਾਣ ਵਾਲੇ ਕੱਚੇ ਮਾਲ 'ਤੇ ਬੇਸਿਕ ਕਸਟਮ ਡਿਊਟੀ ਤੋਂ ਛੋਟ ਦੇਣ ਦਾ ਪ੍ਰਸਤਾਵ ਦਿੱਤਾ ਹੈ। ਇਸ ਤੋਂ ਇਲਾਵਾ ਅਮਰੀਕੀ ਟੈਰਿਫ ਦੇ ਜਵਾਬ ਵਿੱਚ ਨਿੱਜੀ ਵਰਤੋਂ ਦੀਆਂ ਵਸਤੂਆਂ 'ਤੇ ਡਿਊਟੀ 20 ਫੀਸਦੀ ਤੋਂ ਘਟਾ ਕੇ 10 ਫੀਸਦੀ ਕਰਨ ਅਤੇ ਸਮੁੰਦਰੀ ਭੋਜਨ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਡਿਊਟੀ-ਮੁਕਤ ਦਰਾਮਦ ਦੀ ਸੀਮਾ 1 ਫੀਸਦੀ ਤੋਂ ਵਧਾ ਕੇ 3 ਫੀਸਦੀ ਕਰਨ ਦਾ ਐਲਾਨ ਕੀਤਾ ਗਿਆ ਹੈ।

ਬਜਟ ਵਿੱਚ ਜਿੱਥੇ ਸਿਹਤ ਅਤੇ ਤਕਨਾਲੋਜੀ ਨਾਲ ਜੁੜੀਆਂ ਚੀਜ਼ਾਂ ਨੂੰ ਰਾਹਤ ਦਿੱਤੀ ਗਈ ਹੈ, ਉੱਥੇ ਹੀ ਕੁਝ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧਾ ਵੀ ਕੀਤਾ ਗਿਆ ਹੈ। ਕੈਂਸਰ ਦੇ ਇਲਾਜ ਲਈ ਵਰਤੀਆਂ ਜਾਣ ਵਾਲੀਆਂ 17 ਦਵਾਈਆਂ ਸਸਤੀਆਂ ਹੋਣਗੀਆਂ। ਇਸ ਤੋਂ ਇਲਾਵਾ ਸ਼ੂਗਰ (ਡਾਇਬੀਟੀਜ਼) ਅਤੇ 7 ਗੰਭੀਰ ਬਿਮਾਰੀਆਂ ਦੀਆਂ ਦਵਾਈਆਂ ਦੀਆਂ ਕੀਮਤਾਂ ਵਿੱਚ ਵੀ ਕਮੀ ਆਵੇਗੀ। ਮੋਬਾਈਲ ਦੀਆਂ ਬੈਟਰੀਆਂ, ਓਵਨ ਅਤੇ ਜੁੱਤੀਆਂ ਦੀਆਂ ਕੀਮਤਾਂ ਘਟਣਗੀਆਂ। ਸੋਲਰ ਪੈਨਲ ਅਤੇ ਸੋਲਰ ਊਰਜਾ ਨਾਲ ਜੁੜੇ ਉਪਕਰਨ ਸਸਤੇ ਹੋਣਗੇ। ਸੀ ਐੱਨ ਜੀ ਅਤੇ ਬਾਇਓਗੈਸ ਦੇ ਭਾਅ ਘਟਣਗੇ। ਸਭ ਤੋਂ ਵੱਡੀ ਰਾਹਤ ਵਿਦੇਸ਼ ਯਾਤਰਾ ਕਰਨ ਵਾਲਿਆਂ ਲਈ ਹੈ, ਜੋ ਹੁਣ ਪਹਿਲਾਂ ਨਾਲੋਂ ਸਸਤੀ ਹੋਵੇਗੀ। ਵਿੱਤ ਮੰਤਰੀ ਨੇ ਦੱਸਿਆ ਕਿ ਮੈਡੀਕਲ ਉਪਕਰਨਾਂ ਅਤੇ ਦਵਾਈਆਂ 'ਤੇ ਕਸਟਮ ਡਿਊਟੀ ਘਟਾਉਣ ਦਾ ਫੈਸਲਾ ਕੀਤਾ ਗਿਆ ਹੈ, ਤਾਂ ਜੋ ਆਮ ਆਦਮੀ ਲਈ ਇਲਾਜ ਦਾ ਖਰਚਾ ਘੱਟ ਹੋ ਸਕੇ।

ਬਜਟ ਵਿੱਚ ਸ਼ਰਾਬ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ। ਕਬਾੜ ਅਤੇ ਖਣਿਜ ਪਦਾਰਥ ਹੁਣ ਮਹਿੰਗੇ ਹੋਣਗੇ। ਇਨਕਮ ਟੈਕਸ ਦੀਆਂ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਵਿੱਤੀ ਸਾਲ 2026-27 ਲਈ ਵਿੱਤੀ ਘਾਟਾ • ਬਾਕੀ ਸਫ਼ਾ 2 'ਤੇ

# ਪੰਜਾਬ ਨਾਲ ਮਤਰੇਆ ਸਲੂਕ : ਮਾਨ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਬਜਟ ਨੂੰ ਇੱਕ ਵਾਰ ਫਿਰ ਪੰਜਾਬ ਦੀਆਂ ਉਮੀਦਾਂ ਤੋਂ ਉਲਟ ਦੱਸਿਆ ਹੈ। ਉਨ੍ਹਾ ਆਪਣੇ ਸੋਸ਼ਲ ਮੀਡੀਆ ਅਕਾਊਂਟ ਉੱਤੇ ਪੋਸਟ ਪਾ ਕੇ ਲਿਖਿਆ, "ਕੇਂਦਰ ਸਰਕਾਰ ਦਾ ਬਜਟ ਇੱਕ ਵਾਰ ਫਿਰ ਪੰਜਾਬ ਦੀਆਂ ਉਮੀਦਾਂ 'ਤੇ ਖਰ੍ਹਾ ਨਹੀਂ ਉਤਰਿਆ।" ਮਾਨ ਨੇ ਕਿਹਾ, "ਇਸ ਬਜਟ ਵਿੱਚ ਨਾ ਕਿਸਾਨਾਂ ਲਈ ਐੱਮ ਐੱਸ ਪੀ ਦਾ ਜ਼ਿਕਰ ਕੀਤਾ ਗਿਆ ਅਤੇ ਨਾ ਹੀ ਨੌਜਵਾਨਾਂ ਲਈ ਰੁਜ਼ਗਾਰ ਦਾ। ਇਸ ਤੋਂ ਇਲਾਵਾ ਉਦਯੋਗ ਉੱਤੇ ਟੈਕਸ 'ਚ ਵੀ ਕਿਸੇ ਤਰ੍ਹਾਂ ਦੀ ਰਾਹਤ ਨਹੀਂ ਦਿੱਤੀ ਗਈ। ਉਨ੍ਹਾ ਕਿਹਾ ਕਿ ਪੰਜਾਬ ਦੀ ਆਰਥਕ ਮਜ਼ਬੂਤੀ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਪੰਜਾਬ ਅਤੇ ਪੰਜਾਬੀਆਂ ਨਾਲ ਮਤਰੇਆ ਸਲੂਕ ਕੀਤਾ ਗਿਆ। ਪੰਜਾਬ ਦੇ ਲੋਕ ਬਹੁਤ ਮਿਹਨਤਕਸ਼ ਤੇ ਜਨੂੰਨੀ ਹਨ। ਅਸੀਂ ਮਿਲ ਕੇ ਪੰਜਾਬ ਨੂੰ ਮੁੜ ਪੈਰਾਂ ਸਿਰ ਖੜ੍ਹਾ ਕਰਕੇ ਰਹਾਂਗੇ।"

ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕਰੀਬ 12 ਸਾਲਾਂ ਦੀ ਸਰਕਾਰ ਦੌਰਾਨ ਪੰਜਾਬ ਨੂੰ ਕਦੇ ਵੀ ਉਸਦਾ ਬਣਦਾ ਹੱਕ ਨਹੀਂ ਮਿਲਿਆ ਅਤੇ ਇਸ ਵਾਰ ਦਾ ਬਜਟ ਵੀ ਇਸ ਤੋਂ ਅਲੱਗ ਨਹੀਂ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਨੇ ਆਪਣੇ ਬਜਟ ਭਾਸ਼ਣ ਦੌਰਾਨ ਇੱਕ ਵਾਰ ਵੀ ਪੰਜਾਬ ਦਾ ਨਾਂ ਨਹੀਂ ਲਿਆ, ਜੋ ਸੂਬੇ ਨਾਲ ਹੋ ਰਹੀ ਲਗਾਤਾਰ ਅਣਦੇਖੀ ਨੂੰ ਦਰਸਾਉਂਦਾ ਹੈ। ਰਾਜਾ ਵੜਿੰਗ ਨੇ ਕਿਹਾ ਕਿ ਘੱਟੋ-ਘੱਟ ਕੇਂਦਰ ਸਰਕਾਰ ਗੁਰੂ ਰਵਿਦਾਸ ਦੇ ਨਾਂ 'ਤੇ ਇੱਕ ਅੰਤਰਰਾਸ਼ਟਰੀ ਯੂਨੀਵਰਸਿਟੀ ਦਾ ਐਲਾਨ ਤਾਂ ਕਰ ਸਕਦੀ ਸੀ।

## ਰੋਹਿਤ ਸ਼ੈੱਟੀ ਦੇ ਘਰ 'ਤੇ ਫਾਇਰਿੰਗ

**ਮੁੰਬਈ** : ਪੱਛਮੀ ਉਪਨਗਰ ਜੁਹੂ ਵਿੱਚ ਫਿਲਮ ਨਿਰਮਾਤਾ ਰੋਹਿਤ ਸ਼ੈੱਟੀ ਦੇ ਘਰ ਦੇ ਬਾਹਰ ਅਣਪਛਾਤੇ ਵਿਅਕਤੀਆਂ ਨੇ ਗੋਲੀਬਾਰੀ ਕੀਤੀ। ਇਸ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ ਗਰੋਹ ਨੇ ਲਈ ਹੈ। ਪੁਲਸ ਨੇ ਇਸ ਸੰਬੰਧ 'ਚ 5 ਸ਼ੱਕੀ ਹਿਰਾਸਤ 'ਚ ਲਏ ਹਨ। ਅਣਪਛਾਤੇ ਵਿਅਕਤੀਆਂ ਵੱਲੋਂ ਇਮਾਰਤ 'ਤੇ ਚਾਰ ਰਾਊਂਡ ਫਾਇਰ ਕੀਤੇ ਗਏ। ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ।

## ਭਾਰਤ ਹੁਣ ਵੈਨੇਜ਼ੁਏਲਾ ਤੋਂ ਖਰੀਦੇਗਾ ਤੇਲ : ਟਰੰਪ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਭਾਰਤ ਹੁਣ ਈਰਾਨ ਤੋਂ ਤੇਲ ਖਰੀਦਣ ਦੀ ਬਜਾਏ ਵੈਨੇਜ਼ੁਏਲਾ ਤੋਂ ਤੇਲ ਦੀ ਖਰੀਦ ਕਰੇਗਾ। ਵਾਸ਼ਿੰਗਟਨ ਡੀ ਸੀ ਤੋਂ ਫਲੋਰਿਡਾ ਜਾਂਦੇ ਹੋਏ ਏਅਰ ਫੋਰਸ ਵਨ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਕਿਹਾ ਕਿ ਅਸੀਂ ਪਹਿਲਾਂ ਹੀ ਇਸ ਸੌਦੇ ਦੀ ਰੂਪ-ਰੇਖਾ ਤਿਆਰ ਕਰ ਲਈ ਹੈ। ਟਰੰਪ ਦੀ ਇਹ ਟਿੱਪਣੀ ਉਸ ਸਮੇਂ ਆਈ ਹੈ ਜਦੋਂ ਇਕ ਦਿਨ ਪਹਿਲਾਂ ਅਮਰੀਕਾ ਨੇ ਦਿੱਲੀ ਨੂੰ ਕਿਹਾ ਸੀ ਕਿ ਉਹ ਰੂਸੀ ਤੇਲ ਦੀ ਦਰਾਮਦ ਦੇ ਬਦਲ ਵਜੋਂ ਜਲਦੀ ਹੀ ਵੈਨੇਜ਼ੁਏਲਾ ਦੇ ਤੇਲ ਦੀ ਖਰੀਦ ਮੁੜ ਸ਼ੁਰੂ ਕਰ ਸਕਦਾ ਹੈ। ਅਮਰੀਕਾ ਵੱਲੋਂ ਭਾਰਤ ਨੂੰ ਵੈਨੇਜ਼ੁਏਲਾ ਦਾ ਕੱਚਾ ਤੇਲ ਸਪਲਾਈ ਕਰਨ ਦੀ ਇਹ ਕੋਸ਼ਿਸ਼ ਅਜਿਹੇ ਸਮੇਂ ਕੀਤੀ ਜਾ ਰਹੀ ਹੈ ਜਦੋਂ ਵਾਸ਼ਿੰਗਟਨ ਯੂਕਰੇਨ ਨਾਲ ਜੰਗ ਵਿੱਚ ਰੂਸ ਨੂੰ ਹੋਣ ਵਾਲੀ ਤੇਲ ਦੀ ਕਮਾਈ ਨੂੰ ਘਟਾਉਣਾ ਚਾਹੁੰਦਾ ਹੈ। ਜ਼ਿਕਰਯੋਗ ਹੈ ਕਿ ਟਰੰਪ ਨੇ ਪਿਛਲੇ ਸਾਲ ਮਾਰਚ ਵਿੱਚ ਭਾਰਤ ਸਮੇਤ ਵੈਨੇਜ਼ੁਏਲਾ ਦਾ ਤੇਲ ਖਰੀਦਣ ਵਾਲੇ ਦੇਸ਼ਾਂ 'ਤੇ 25 ਫੀਸਦੀ ਟੈਕਸ ਲਗਾ ਦਿੱਤਾ ਸੀ।

## ਸ਼ੰਘਾਈ-ਦਿੱਲੀ ਉਡਾਣ ਮੁੜ ਸ਼ੁਰੂ

**ਸ਼ੰਘਾਈ** : ਭਾਰਤ ਦੇ ਕੌਂਸਲੇਟ ਜਨਰਲ ਨੇ ਸ਼ੰਘਾਈ ਅਤੇ ਨਵੀਂ ਦਿੱਲੀ ਦਰਮਿਆਨ ਏਅਰ ਇੰਡੀਆ ਦੀਆਂ ਸਿੱਧੀਆਂ ਉਡਾਣਾਂ ਛੇ ਸਾਲਾਂ ਬਾਅਦ ਮੁੜ ਸ਼ੁਰੂ ਹੋਣ ਦਾ ਨਿੱਘਾ ਸਵਾਗਤ ਕੀਤਾ। ਸ਼ੰਘਾਈ-ਨਵੀਂ ਦਿੱਲੀ ਉਡਾਣ ਐਤਵਾਰ ਸ਼ੰਘਾਈ ਪੁਡੋਂਗ ਹਵਾਈ ਅੱਡੇ ਤੋਂ ਰਵਾਨਾ ਹੋਈ ਤੇ ਇਸ ਬੋਇੰਗ 787 ਜਹਾਜ਼ ਵਿੱਚ 230 ਤੋਂ ਵੱਧ ਯਾਤਰੀ ਸਵਾਰ ਸਨ।

# ਬਜਟ ਨੇ ਸਿਹਤ ਸੰਭਾਲ ਨਾਲ ਮਜ਼ਾਕ ਕੀਤਾ : ਅਰੁਣ ਮਿੱਤਰਾ



**ਲੁਧਿਆਣਾ (ਐੱਮ ਐੱਸ ਭਾਟੀਆ)**

ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਦੇ ਕੌਮੀ ਪ੍ਰਧਾਨ ਡਾਕਟਰ ਅਰੁਣ ਮਿੱਤਰਾ ਨੇ ਕਿਹਾ ਹੈ ਕਿ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਪੇਸ਼ ਕੀਤੇ ਗਏ ਬਜਟ ਵਿੱਚ ਸਿਹਤ ਸੰਭਾਲ ਨਾਲ ਮਜ਼ਾਕ ਕੀਤਾ ਗਿਆ ਹੈ। ਸਿਹਤ ਸੰਭਾਲ ਲਈ 53.5 ਲੱਖ ਕਰੋੜ ਰੁਪਏ ਦੇ ਬੱਜਟ ਵਿੱਚੋਂ ਕੇਵਲ 1.96 ਪ੍ਰਤੀਸ਼ਤ ਅਲਾਟ ਕੀਤਾ ਗਿਆ ਹੈ।

ਪਿਛਲੇ ਸਾਲ 1.89 ਫੀਸਦੀ ਅਲਾਟ ਕੀਤਾ ਗਿਆ ਸੀ। ਏਨਾ ਵਾਧਾ ਤਾਂ ਵਧੀ ਹੋਈ ਮਹਿੰਗਾਈ ਨੂੰ ਵੀ ਪੂਰਾ ਨਹੀਂ ਕਰਦਾ ਤੇ ਇਹ ਸਿਹਤ ਸੰਭਾਲ ਦੀਆਂ ਲੋੜਾਂ ਲਈ ਹਰ ਪਾਸਿਓਂ ਨਾਕਾਫੀ ਹੈ। ਸਰਕਾਰੀ ਖਰਚਾ ਸਿਹਤ ਸੰਭਾਲ ਤੇ ਨਾ-ਮਾਤਰ ਹੋਣ ਕਾਰਨ ਲੋਕਾਂ ਨੂੰ ਜੇਬ ਵਿੱਚੋਂ ਖਰਚ ਕਰਨਾ ਪੈਂਦਾ ਹੈ, ਜਿਸ ਕਾਰਨ ਹਰ ਸਾਲ 6 ਫੀਸਦੀ ਆਬਾਦੀ ਗਰੀਬੀ ਵੱਲ ਧੱਕੀ ਜਾਂਦੀ ਹੈ। ਸਿਹਤ ਸੇਵਾਵਾਂ 'ਤੇ ਸਭ ਤੋਂ ਘੱਟ ਸਰਕਾਰੀ ਖਰਚ ਕਰਨ ਵਾਲੇ ਸਾਡੇ ਤੋਂ ਥੱਲੇ ਦੁਨੀਆ ਵਿੱਚ ਕੇਵਲ 10 ਦੇਸ਼ ਹਨ। ਇਹ ਉਸ ਵੇਲੇ ਹੈ, ਜਦੋਂ ਕਿ ਭਾਰਤ ਸਰਕਾਰ ਆਪਣੇ-ਆਪ ਨੂੰ ਵਿਸ਼ਵ ਦੀ ਚੌਥੀ ਆਰਥਿਕਤਾ ਦਾ ਢੰਡੋਰਾ ਪਿੱਟ ਰਹੀ ਹੈ। ਇਸ ਕਾਰਨ ਸਾਡੇ ਦੇਸ਼ ਦੇ ਸਿਹਤ ਸੰਬੰਧੀ ਸੂਚਕ ਅੰਕ ਬਹੁਤ ਕਮਜ਼ੋਰ ਹਨ ਤੇ ਬ੍ਰਿਕਸ ਦੇ ਦੇਸ਼ਾਂ ਵਿੱਚੋਂ ਅਸੀਂ ਸਭ ਤੋਂ ਬਹੁਤ ਪਿੱਛੇ ਹਾਂ। 2010 ਵਿੱਚ ਸਿਹਤ ਸੰਬੰਧੀ ਜਾਣਕਾਰੀ ਇਕੱਤਰ ਕਰਨ ਲਈ ਇੱਕ ਉੱਚ ਪੱਧਰੀ ਕਮੇਟੀ ਨੇ ਸਿਹਤ ਸੰਭਾਲ ਤੇ ਬੱਜਟ ਦਾ ਘੱਟੋ-ਘੱਟ 5 ਫੀਸਦੀ ਖਰਚਾ ਕਰਨ ਦੀ ਸਿਫਾਰਸ਼ ਕੀਤੀ ਸੀ, ਪਰ ਇਸ ਸਾਰੇ ਨੂੰ ਅਣਗੌਲਿਆ ਕਰ ਦਿੱਤਾ ਗਿਆ ਹੈ।

## ਬਜਟ 'ਚ ਨਾਰੀ ਸ਼ਕਤੀ ਦਾ ਮਜ਼ਬੂਤ ਪ੍ਰਤੀਬਿੰਬ : ਮੋਦੀ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਜਟ ਨੂੰ ਇਤਿਹਾਸਕ ਦਸਦਿਆਂ ਕਿਹਾ ਕਿ ਇਸ ਵਿੱਚ ਦੇਸ਼ ਦੀ ਨਾਰੀ ਸ਼ਕਤੀ ਦਾ ਮਜ਼ਬੂਤ ਪ੍ਰਤੀਬਿੰਬ ਝਲਕਦਾ ਹੈ। ਮਹਿਲਾ ਵਿੱਤ ਮੰਤਰੀ ਦੇ ਰੂਪ ਵਿੱਚ ਨਿਰਮਲਾ ਸੀਤਾਰਾਮਨ ਨੇ ਲਗਾਤਾਰ 9ਵੀਂ ਵਾਰ ਦੇਸ਼ ਦਾ ਬਜਟ ਪੇਸ਼ ਕਰਕੇ ਨਵਾਂ ਰਿਕਾਰਡ ਬਣਾਇਆ ਹੈ। ਮੋਦੀ ਨੇ ਅੱਗੇ ਕਿਹਾ ਕਿ ਇਹ ਬਜਟ ਮੌਕਿਆਂ ਦਾ ਰਾਜਮਾਰਗ ਹੈ। ਇਸ ਵਿੱਚ ਨੌਜਵਾਨ ਸੋਚ ਹੈ, ਨੌਜਵਾਨਾਂ ਦੇ ਸੁਪਨੇ ਹਨ। ਇਸ ਬਜਟ ਨਾਲ ਨੌਜਵਾਨਾਂ ਲਈ ਰਾਹ ਖੁੱਲ੍ਹਣਗੇ। ਇਸ ਬਜਟ ਨਾਲ ਆਤਮ-ਨਿਰਭਰ ਭਾਰਤ ਨੂੰ ਉਡਾਣ ਮਿਲੇਗੀ ਅਤੇ ਦੇਸ਼ ਨੂੰ ਭਾਰਤ-ਯੂਰਪੀ ਯੂਨੀਅਨ ਮੁਕਤ ਵਪਾਰ ਸਮਝੌਤਾ ਦਾ ਲਾਭ ਵੀ ਪ੍ਰਾਪਤ ਹੋਵੇਗਾ। ਇਸ ਬਜਟ ਵਿੱਚ ਇੰਫਰਾਸਟਰੱਕਚਰ ਨੂੰ ਮਜ਼ਬੂਤ ਕਰਨ ਲਈ ਕਈ ਵੱਡੇ ਕਦਮ ਚੁੱਕੇ ਗਏ ਹਨ।

# ਕਾਂਗਰਸ ਵੱਲੋਂ ਬਜਟ ਫਿੱਕਾ ਕਰਾਰ

**ਨਵੀਂ ਦਿੱਲੀ** : ਕਾਂਗਰਸ ਨੇ ਬਜਟ ਨੂੰ ਪੂਰੀ ਤਰ੍ਹਾਂ ਫਿੱਕਾ ਕਰਾਰ ਦਿੱਤਾ ਅਤੇ ਕਿਹਾ ਕਿ ਇਹ ਬਜਟ ਆਪਣੇ ਪ੍ਰਚਾਰ ਦੇ ਮੁਕਾਬਲੇ ਬੇਹੱਦ ਨਿਰਾਸ਼ਾਜਨਕ ਰਿਹਾ ਹੈ। ਕਾਂਗਰਸ ਦੇ ਜਨਰਲ ਸਕੱਤਰ (ਸੰਚਾਰ) ਜੈਰਾਮ ਰਮੇਸ਼ ਨੇ ਕਿਹਾ ਕਿ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਦਾ ਬਜਟ ਭਾਸ਼ਣ ਗੈਰ-ਪਾਰਦਰਸ਼ੀ ਸੀ, ਕਿਉਂਕਿ ਇਸ ਵਿੱਚ ਮੁੱਖ ਪ੍ਰੋਗਰਾਮਾਂ ਅਤੇ ਯੋਜਨਾਵਾਂ ਲਈ ਬਜਟ ਵੰਡ ਬਾਰੇ ਕੋਈ ਸਪੱਸ਼ਟ ਜਾਣਕਾਰੀ ਨਹੀਂ ਦਿੱਤੀ ਗਈ। ਭਾਵੇਂ ਵਿੱਤ ਮੰਤਰੀ ਨੇ ਵਿੱਤੀ ਸਾਲ 2026-27 ਲਈ ਪੂੰਜੀਗਤ ਖਰਚੇ ਦਾ ਟੀਚਾ 11.2 ਲੱਖ ਕਰੋੜ ਤੋਂ ਵਧਾ ਕੇ 12.2 ਲੱਖ ਕਰੋੜ ਰੁਪਏ ਕਰਨ ਅਤੇ ਛੋਟੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਵਰਗੇ ਕਈ ਐਲਾਨ ਕੀਤੇ, ਪਰ ਕਾਂਗਰਸ ਅਨੁਸਾਰ ਇਹ ਬਜਟ ਗਲੋਬਲ ਅਨਿਸ਼ਚਿਤਤਾਵਾਂ ਅਤੇ ਨਿਰਯਾਤ ਵਿੱਚ ਮੰਦੀ ਦੇ ਦੌਰ ਵਿੱਚ ਦੇਸ਼ ਦੀਆਂ ਉਮੀਦਾਂ ਨੂੰ ਪੂਰਾ ਕਰਨ ਵਿੱਚ ਨਾਕਾਮ ਰਿਹਾ ਹੈ। ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਇਸ ਸਰਕਾਰ ਕੋਲ ਨਾ ਤਾਂ ਕੋਈ ਸਪੱਸ਼ਟ ਨੀਤੀ ਹੈ, ਨਾ ਦੂਰਦਰਸ਼ਤਾ ਤੇ ਨਾ ਹੀ ਰਾਜਨੀਤਕ ਇੱਛਾਸ਼ਕਤੀ। ਖੜਗੇ ਮੁਤਾਬਕ ਬਜਟ ਦੇਸ਼ ਦੀਆਂ ਆਰਥਕ, ਸਮਾਜੀ ਤੇ ਰਾਜਨੀਤਕ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਦਿੰਦਾ। ਕਿਸਾਨ ਅਜੇ ਵੀ ਆਮਦਨ ਸੁਰੱਖਿਆ ਅਤੇ ਵੈਲਫੇਅਰ ਸਹਾਇਤਾ ਦੀ ਉਡੀਕ ਕਰ ਰਹੇ ਹਨ। ਐੱਸ ਸੀ, ਐੱਸ ਟੀ, ਓ ਬੀ ਸੀ, ਘੱਟਗਿਣਤੀ ਅਤੇ ਆਰਥਕ ਪੱਖੋਂ ਕਮਜ਼ੋਰ ਵਰਗਾਂ ਲਈ ਵੀ ਬਜਟ ਵਿੱਚ ਕੋਈ ਰਾਹਤ ਨਹੀਂ ਦਿੱਤੀ ਗਈ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਬਜਟ ਵਿੱਚ ਆਮ ਆਦਮੀ ਲਈ ਕੁਝ ਵੀ ਨਹੀਂ ਹੈ। ਉਨ੍ਹਾ ਦੋਸ਼ ਲਗਾਉਂਦਿਆਂ ਕਿਹਾ ਕਿ ਇਹ ਬਜਟ ਦਿਸ਼ਾਹੀਣ ਅਤੇ ਲੋਕ ਵਿਰੋਧੀ ਹੈ। ਇਹ ਔਰਤਾਂ ਵਿਰੋਧੀ, ਕਿਸਾਨ ਵਿਰੋਧੀ, ਸਿੱਖਿਆ ਵਿਰੋਧੀ ਅਤੇ ਐੱਸ ਸੀ, ਐੱਸ ਟੀ ਅਤੇ ਓ ਬੀ ਸੀ ਦੇ ਵਿਰੁੱਧ ਵੀ ਹੈ... ਬਜਟ ਵਿੱਚ ਬੰਗਾਲ ਲਈ ਕੁਝ ਵੀ ਨਹੀਂ ਹੈ।

# ਬਜਟ ਮਗਰੋਂ ਧੜੱਮ ਕਰਕੇ ਡਿੱਗੇ ਸੋਨਾ ਤੇ ਚਾਂਦੀ



**ਨਵੀਂ ਦਿੱਲੀ** : ਪਿਛਲੇ ਹਫ਼ਤੇ, ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੱਡਾ ਉਛਾਲ ਆਉਣ ਤੋਂ ਬਾਅਦ ਦੋਵੇਂ ਕੀਮਤੀ ਧਾਤਾਂ ਇੱਕ ਹੀ ਝਟਕੇ ਵਿੱਚ ਤੇਜ਼ੀ ਨਾਲ ਡਿੱਗ ਗਈਆਂ। ਚਾਂਦੀ ਇੱਕ ਹੀ ਦਿਨ ਵਿੱਚ 30 ਫੀਸਦੀ ਤੋਂ ਵੱਧ ਡਿੱਗ ਗਈ, ਜਦੋਂ ਕਿ ਸੋਨਾ ਵੀ ਲਗਭਗ 17 ਫੀਸਦੀ ਡਿੱਗ ਗਿਆ। ਐਤਵਾਰ ਨੂੰ ਬਜਟ ਵਾਲੇ ਦਿਨ ਐਮ ਸੀ ਐਕਸ 'ਤੇ ਸੋਨੇ ਅਤੇ ਚਾਂਦੀ ਦੇ ਕਾਰੋਬਾਰ ਵਿੱਚ ਮੰਦਾ ਰਿਹਾ। ਬਾਜ਼ਾਰ ਖੁੱਲ੍ਹਦੇ ਹੀ ਸੋਨਾ ਅਤੇ ਚਾਂਦੀ ਫਿਰ ਡਿੱਗ ਗਈ। 1 ਕਿਲੋ ਚਾਂਦੀ ਦੀ ਕੀਮਤ ਅਚਾਨਕ 27,000 ਰੁਪਏ ਤੱਕ ਡਿੱਗ ਗਈ, ਜਦੋਂ ਕਿ ਸੋਨਾ ਵੀ ਚਾਂਦੀ ਵਾਂਗ 13,000 ਤੋਂ ਵੱਧ ਡਿੱਗ ਗਿਆ। ਧਿਆਨ ਦੇਣ ਯੋਗ ਹੈ ਕਿ ਵੀਰਵਾਰ ਨੂੰ ਚਾਂਦੀ ਨੇ ਪਹਿਲੀ ਵਾਰ 4 ਲੱਖ ਰੁਪਏ ਦਾ ਅੰਕੜਾ ਪਾਰ ਕਰਕੇ ਇਤਿਹਾਸ ਰਚਿਆ ਸੀ ਅਤੇ 5 ਮਾਰਚ ਦੀ ਮਿਆਦ ਪੁੱਗਣ ਦੀ ਤਾਰੀਖ ਵਾਲੀ ਚਾਂਦੀ ਦੀ ਕੀਮਤ 4,20,048 ਰੁਪਏ ਦੇ ਨਵੇਂ ਲਾਈਫ ਟਾਈਮ ਦੇ ਉੱਚ ਪੱਧਰ 'ਤੇ ਪਹੁੰਚ ਗਈ ਸੀ। ਹਾਲਾਂ ਕਿ, ਅਗਲੇ ਹੀ ਦਿਨ, ਇਹ 1.28 ਲੱਖ ਰੁਪਏ ਡਿੱਗ ਕੇ 2,91,922 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਈ। ਐਤਵਾਰ ਨੂੰ ਬਜਟ ਵਾਲੇ ਦਿਨ ਇਹ 9 ਫੀਸਦੀ ਡਿੱਗ ਕੇ 2,65,652 ਰੁਪਏ ਪ੍ਰਤੀ ਕਿਲੋਗ੍ਰਾਮ ਰਹਿ ਗਈ। ਸੋਨਾ ਵੀ ਵੀਰਵਾਰ ਨੂੰ ?1,93,096 ਦੇ ਇਤਿਹਾਸਕ ਉੱਚੇ ਪੱਧਰ ਨੂੰ ਛੂਹਣ ਤੋਂ ਬਾਅਦ ਐਤਵਾਰ ਨੂੰ ਜਿਵੇਂ ਹੀ ਐਮ ਸੀ ਐਕਸ 'ਤੇ ਵਪਾਰ ਸ਼ੁਰੂ ਹੋਇਆ, ਇਹ 8.80 ਫੀਸਦੀ ਤੋਂ ਵੱਧ ਡਿੱਗ ਗਿਆ। ਸੋਨੇ ਦੀਆਂ ਕੀਮਤਾਂ 13,500 ਰੁਪਏ ਪ੍ਰਤੀ 10 ਗ੍ਰਾਮ ਡਿੱਗ ਕੇ 1,38,634 ਰੁਪਏ 'ਤੇ ਆ ਗਈਆਂ ਹਨ।

# ਬਜਟ 'ਚ ਪੰਜਾਬ ਦੇ ਕਿਸਾਨਾਂ ਨਾਲ ਫਿਰ ਧੋਖਾ : ਹਰਪਾਲ ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰੀ ਬਜਟ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਦੀਆਂ ਜਾਇਜ਼ ਚਿੰਤਾਵਾਂ ਨੂੰ ਨਜ਼ਰਅੰਦਾਜ਼ ਕੀਤਾ ਹੈ, ਜਿਸ ਨਾਲ ਉਸ ਦੇ ਕਿਸਾਨ-ਪੱਖੀ ਹੋਣ ਦੇ ਖੋਖਲੇ ਦਾਅਵਿਆਂ ਦੀ ਪੋਲ ਖੁੱਲ੍ਹ ਗਈ ਹੈ। ਚੀਮਾ ਨੇ ਇਸ਼ਾਰਾ ਕੀਤਾ ਕਿ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ ਅਤੇ ਨਾ ਹੀ ਮੰਡੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੋਈ ਠੋਸ ਸਹਾਇਤਾ ਦਿੱਤੀ ਗਈ ਹੈ, ਜਿਸ ਨਾਲ ਖੇਤੀ ਪ੍ਰਧਾਨ ਰਾਜਾਂ ਨੂੰ ਆਪਣੇ ਭਰੋਸੇ ਛੱਡ ਦਿੱਤਾ ਗਿਆ ਹੈ।

ਉਨ੍ਹਾ ਕਿਹਾ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਪੇਟ ਭਰਦਾ ਹੈ, ਫਿਰ ਵੀ ਕੇਂਦਰ ਸਰਕਾਰ ਉਨ੍ਹਾਂ ਪ੍ਰਣਾਲੀਆਂ ਵਿੱਚ ਨਿਵੇਸ਼ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ ਜੋ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਂਦੀਆਂ ਹਨ। ਵਿੱਤ ਮੰਤਰੀ ਨੇ ਵੱਧ ਕੀਮਤ ਵਾਲੀਆਂ ਫ਼ਸਲਾਂ ਨੂੰ ਉਤਸ਼ਾਹਿਤ ਕਰਨ ਲਈ ਅਪਣਾਈ ਗਈ ਚੋਣਵੀਂ ਪਹੁੰਚ ਦੀ ਵੀ ਆਲੋਚਨਾ ਕੀਤੀ। ਜਦੋਂ ਕਿ ਬਜਟ ਵਿੱਚ ਨਾਰੀਅਲ, ਕਾਜੂ, ਚੰਦਨ ਅਤੇ ਡਰਾਈ ਫਰੂਟਸ ਵਰਗੀਆਂ ਫ਼ਸਲਾਂ ਦਾ ਜ਼ਿਕਰ ਹੈ, ਪਰ ਉੱਤਰੀ ਭਾਰਤ ਦੇ ਕਿਸਾਨਾਂ ਲਈ ਕੁਝ ਵੀ ਨਹੀਂ ਹੈ ਜੋ ਆਪਣੀਆਂ ਖੇਤੀਬਾੜੀ-ਜਲਵਾਯੂ ਹਾਲਤਾਂ ਦੇ ਅਨੁਕੂਲ ਫ਼ਸਲਾਂ 'ਤੇ ਨਿਰਭਰ ਕਰਦੇ ਹਨ।ਚੀਮਾ ਨੇ ਕਿਹਾ ਕਿ ਇਹ ਬਜਟ ਸਪੱਸ਼ਟ ਤੌਰ 'ਤੇ ਕੇਂਦਰ ਦੇ ਪੱਖਪਾਤ ਅਤੇ ਅੰਨ ਪੈਦਾ ਕਰਨ ਵਾਲੇ ਰਾਜਾਂ, ਖਾਸ ਕਰਕੇ ਪੰਜਾਬ ਦੇ ਕਿਸਾਨਾਂ ਪ੍ਰਤੀ ਉਸ ਦੀ ਲਗਾਤਾਰ ਉਦਾਸੀਨਤਾ ਨੂੰ ਦਰਸਾਉਂਦਾ ਹੈ। ਇਹ ਕਿਸਾਨ ਸਨਮਾਨ, ਸਹਿਯੋਗ ਅਤੇ ਉਚਿਤ ਨਿਵੇਸ਼ ਦੇ ਹੱਕਦਾਰ ਹਨ, ਖੋਖਲੇ ਨਾਅਰਿਆਂ ਦੇ ਨਹੀਂ।ਚੀਮਾ ਨੇ ਕਿਹਾ ਕਿ ਇਸ ਕੇਂਦਰੀ ਬਜਟ-2026 ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਿੱਚ ਵਾਧੇ ਜਾਂ ਮੰਡੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਬਾਰੇ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਲਈ ਕੁਝ ਵੀ ਨਹੀਂ ਹੈ। ਰਾਜਾਂ ਨੂੰ ਆਪਣੇ ਫੰਡਾਂ ਨਾਲ ਹੀ ਵਿਕਾਸ ਕਰਨਾ ਹੋਵੇਗਾ। ਬਜਟ ਵਿੱਚ ਉੱਚ-ਮੁੱਲ ਵਾਲੀਆਂ ਫਸਲਾਂ ਦੇ ਵਿਕਾਸ ਬਾਰੇ ਜ਼ਿਕਰ ਹੋਇਆ ਪਰ ਪੰਜਾਬ ਨੂੰ ਪੂਰੀ ਤਰ੍ਹਾਂ ਅੱਖੋਂ ਪਰੋਖੇ ਰੱਖਿਆ।ਉਨ੍ਹਾਂ ਕਿਹਾ ਕਿ ਯੂਰੀਆ ਸਬਸਿਡੀ ਪਿਛਲੇ ਸਾਲ 1,26,475 ਕਰੋੜ ਤੋਂ ਘਟਾ ਕੇ 1,16,805 ਕਰੋੜ ਕਰ ਦਿੱਤੀ ਗਈ ਹੈ। ਇਸ ਬਜਟ ਵਿੱਚ 'ਆਮ ਆਦਮੀ' ਲਈ ਕੁਝ ਨਹੀਂ, ਜਦਕਿ ਅੱਜ ਦੇ ਸਮੇਂ ਵਿੱਚ ਜਦੋਂ ਮਹਿੰਗਾਈ ਆਮ ਆਦਮੀ ਦੀ ਬੱਚਤ ਨੂੰ ਖਾ ਰਹੀ ਹੈ ਅਤੇ ਆਮਦਨ ਵਧ ਨਹੀਂ ਰਹੀ ਤਾਂ ਟੈਕਸ ਤੋਂ ਜ਼ੀਰੋ ਰਾਹਤ ਵਾਜਿਬ ਨਹੀਂ।

16ਵੇਂ ਵਿੱਤ ਕਮਿਸ਼ਨ 'ਤੇ ਬੋਲਦਿਆਂ ਉਨ੍ਹਾ ਕਿਹਾ ਕਿ ਵਰਟੀਕਲ ਡੈਵੋਲੂਸ਼ਨ (ਟੈਕਸ ਪੂਲ ਵਿੱਚ ਸਾਰੇ ਰਾਜਾਂ ਦਾ ਕੁੱਲ ਹਿੱਸਾ) 41 ਪ੍ਰਤੀਸ਼ਤ 'ਤੇ ਰੱਖਿਆ ਗਿਆ ਹੈ। ਕੋਈ ਬਦਲਾਅ ਨਹੀਂ ਕੀਤਾ ਗਿਆ। ਵਿੱਤ ਕਮਿਸ਼ਨ ਨੇ ਰਾਜਾਂ ਦੀ ਮਾੜੀ ਹਾਲਤ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਹੈ ਅਤੇ ਰਾਜਾਂ ਨੂੰ ਦਰਪੇਸ਼ ਵਿੱਤੀ ਤਣਾਅ ਦੇ ਬਾਵਜੂਦ ਇਸ ਹਿੱਸੇ ਨੂੰ ਵਧਾਉਣ ਵਿੱਚ ਅਸਫਲ ਰਿਹਾ • ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਬੱਜਟ ਭਾਰਤ ਦਾ ਅੱਜ ਕੀ ਪੇਸ਼ ਹੋਇਆ,
ਲੱਗਦਾ ਕੁਝ ਠੀਕ ਤੇ ਕਈ ਸਵਾਲ ਬੇਲੀ।
ਬੱਜਟ ਵਿੱਚ ਪੰਜਾਬ ਦਾ ਜ਼ਿਕਰ ਹੈ ਨਹੀਂ,
ਲੋਕ ਕਈ ਸਮਝਦੇ ਇਹ ਕੀ ਚਾਲ ਬੇਲੀ।
ਟੈਕਸਾਂ ਵਿੱਚ ਨਹੀਂ ਕੋਈ ਵੀ ਛੋਟ ਦਿੱਤੀ,
ਛੱਡੀ ਬੱਸ ਡੇਟ ਰਿਟਰਨ ਦੀ ਟਾਲ ਬੇਲੀ।
ਏਧਰ-ਓਧਰ ਘੁਮਾਈ ਜਿਹੀ ਖੇਡ ਦਿੱਸੀ,
ਫਿਰ ਵੀ ਕਹਿੰਦੇ ਸੀ ਬੱਜਟ ਕਮਾਲ ਬੇਲੀ।
ਪੜ੍ਹੋ ਬੇਸ਼ੱਕ ਇਹ ਬੱਜਟ ਧਿਆਨ ਧਰ ਕੇ,
ਵਾਅਦੇ-ਦਾਅਵੇ ਤੇ ਦਿੱਸਣਗੇ ਲੱਖ ਬੇਲੀ।
ਭਲਾ ਪੰਜਾਬ ਦਾ ਕੀਤਾ ਕੁਝ ਲੱਭਿਆ ਨਾ,
ਲਾਇਆ ਲਾਰਾ ਫਿਰ ਰੱਖ'ਤਾ ਵੱਖ ਬੇਲੀ।

-ਤੀਸ ਮਾਰ ਖਾਂ

# ਬਲੋਚਿਸਤਾਨ 'ਚ 145 ਲੜਾਕੇ ਤੇ 17 ਫ਼ੌਜੀ ਮਾਰੇ ਗਏ



**ਇਸਲਾਮਾਬਾਦ** : ਪਾਕਿਸਤਾਨ ਦੇ ਅਸ਼ਾਂਤ ਸੂਬੇ ਬਲੋਚਿਸਤਾਨ ਵਿੱਚ ਸੁਰੱਖਿਆ ਬਲਾਂ ਅਤੇ ਅਤਿਵਾਦੀਆਂ ਵਿਚਾਲੇ ਹੋਈ ਭਾਰੀ ਗੋਲੀਬਾਰੀ ਵਿੱਚ ਘੱਟੋ-ਘੱਟ 17 ਪਾਕਿਸਤਾਨੀ ਫ਼ੌਜੀ ਅਤੇ 145 ਲੜਾਕੇ ਮਾਰੇ ਗਏ ਹਨ। ਸੁਰੱਖਿਆ ਬਲਾਂ ਵੱਲੋਂ ਸਮੁੱਚੇ ਬਲੋਚਿਸਤਾਨ ਵਿੱਚ ਕਾਰਵਾਈ ਸ਼ੁਰੂ ਕੀਤੀ ਗਈ ਹੈ। ਸੁਰੱਖਿਆ ਬਲਾਂ ਵੱਲੋਂ ਐਤਵਾਰ ਨੂੰ ਜਾਰੀ ਕੀਤੇ ਗਏ ਬਿਆਨ ਅਨੁਸਾਰ, ਇਹ ਅਪਰੇਸ਼ਨ ਉਸ ਸਮੇਂ ਸ਼ੁਰੂ ਕੀਤੇ ਗਏ ਜਦੋਂ ਬਲੋਚ ਨਸਲੀ ਸਮੂਹਾਂ ਨਾਲ ਸਬੰਧਤ ਲੜਾਕਿਆਂ ਨੇ ਸ਼ਨੀਵਾਰ ਨੂੰ ਕਈ ਥਾਵਾਂ 'ਤੇ ਹਮਲੇ ਕੀਤੇ ਸਨ। ਖਾੜਕੂਆਂ ਨੇ ਆਮ ਨਾਗਰਿਕਾਂ ਨੂੰ ਵੀ ਨਿਸ਼ਾਨਾ ਬਣਾਇਆ, ਜਿਸ ਵਿੱਚ ਔਰਤਾਂ ਅਤੇ ਬੱਚਿਆਂ ਸਮੇਤ 31 ਲੋਕਾਂ ਦੀ ਜਾਨ ਚਲੀ ਗਈ। ਫ਼ੌਜ ਨੇ ਸਪੱਸ਼ਟ ਕੀਤਾ ਹੈ ਕਿ ਮਾਰੇ ਗਏ ਖਾੜਕੂਆਂ ਵਿੱਚ ਤਿੰਨ ਆਤਮਘਾਤੀ ਹਮਲਾਵਰ ਵੀ ਸ਼ਾਮਲ ਸਨ। ਪਾਕਿਸਤਾਨੀ ਫ਼ੌਜ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਜਾਰੀ ਇਸ ਮੁਹਿੰਮ ਵਿੱਚ ਹੁਣ ਤੱਕ ਮਾਰੇ ਗਏ145 ਖਾੜਕੂਆਂ ਵਿੱਚੋਂ 41 ਖਾੜਕੂ ਪਾਬੰਦੀਸ਼ੁਦਾ ਸੰਗਠਨ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਨਾਲ ਸਬੰਧਤ ਹਨ। ਸੁਰੱਖਿਆ ਬਲਾਂ ਨੇ ਰਾਜਧਾਨੀ ਕੁਏਟਾ ਸਣੇ ਦਰਜਨ ਦੇ ਕਰੀਬ ਥਾਵਾਂ ਨੂੰ ਨਿਸ਼ਾਨਾ ਬਣਾਇਆ ਜਿਥੇ ਖਾੜਕੂਆਂ ਨੇ ਆਪਣੇ ਅੱਡੇ ਜਮਾਏ ਹੋਏ ਸਨ। ਸੁਰੱਖਿਆ ਬਲਾਂ ਵੱਲੋਂ ਇਹ ਕਾਰਵਾਈ ਖਾੜਕੂਆਂ ਦੁਆਰਾ ਬੈਂਕਾਂ, ਜੇਲ੍ਹਾਂ ਤੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਤੋਂ ਬਾਅਦ ਸ਼ੁਰੂ ਕੀਤੀ ਗਈ ਹੈ। ਇਕ ਅਧਿਕਾਰੀ ਨੇ ਦਸਿਆ ਕਿ ਇਸ ਦੌਰਾਨ ਖਾੜਕੂ ਇਕ ਡਿਪਟੀ ਕਮਿਸ਼ਨਰ ਨੂੰ ਅਗਵਾ ਕਰਕੇ ਲੈ ਗਏ ਹਨ। ਬਲੋਚਿਸਤਾਨ ਵਿੱਚ ਮੋਬਾਇਲ ਇੰਟਰ ਨੈੱਟ ਸੇਵਾਵਾਂ ਪਿਛਲੇ 24 ਘੰਟਿਆਂ ਦੇ ਵਧ ਸਮੇਂ ਤੋਂ ਮੁਅੱਤਲ ਹਨ। ਸੜਕੀ ਆਵਾਜਾਈ ਵਿੱਚ ਵੀ ਵਿਘਨ ਪਿਆ ਹੈ ਜਦ ਕਿ ਰੇਲ ਸੇਵਾਵਾਂ ਪੂਰੀ ਤਰ੍ਹਾਂ ਠੱਪ ਹਨ। ਬਲੋਚਿਸਤਾਨ ਦੀਆਂ ਮੁੱਖ ਸੜਕਾਂ ਸੁੰਨਸਾਨ ਹਨ। ਕਾਰੋਬਾਰ ਬੰਦ ਹਨ ਤੇ ਲੋਕ ਘਰਾਂ ਵਿਚ ਹੀ ਰਹਿਣ ਲਈ ਮਜਬੂਰ ਹਨ।

CMYK

## ਰੇਲਵੇ ਓਵਰਬਰਿੱਜ ਬਣਨ ਨਾਲ ਦੋ ਹਿੱਸਿਆਂ 'ਚ ਵੰਡਿਆ ਸ਼ਹਿਰ ਇੱਕ ਹੋਵੇਗਾ : ਦਲਬੀਰ ਢਿੱਲੋਂ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ, ਰਣਜੀਤ ਸਿੰਘ ਪੇਧਨੀ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਧੂਰੀ ਦੇ ਲੋਕਾਂ ਵੱਲੋਂ ਰੇਲਵੇ ਓਵਰ ਬਰਿੱਜ ਬਣਾਉਣ ਦੀ ਕੀਤੀ ਜਾ ਰਹੀ ਮੰਗ ਨੂੰ ਪੂਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੁਲ ਦੀ ਡਰਾਇੰਗ ਮਨਜ਼ੂਰ ਹੋਣ ਦੇ ਦੋ ਦਿਨਾਂ ਅੰਦਰ ਹੀ ਪੁਲ ਸਬੰਧੀ ਟੈਂਡਰ ਪ੍ਰਕਾਸ਼ਤ ਕਰਕੇ ਸਾਬਤ ਕਰ ਦਿੱਤਾ ਗਿਆ ਕਿ ਸੂਬਾ ਸਰਕਾਰ ਲੋਕ ਹਿਤ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਲਈ ਵਚਨਬੱਧ ਹੈ।ਢਿੱਲੋਂ ਨੇ ਕਿਹਾ ਕਿ ਭਾਵੇਂ ਵਿਰੋਧੀ ਧਿਰ ਵੱਲੋਂ ਇਸ ਪ੍ਰੋਜੈਕਟ 'ਚ ਰੁਕਾਵਟਾਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਮੁੱਖ ਮੰਤਰੀ ਦੀ ਦੂਰਅੰਦੇਸ਼ੀ, ਮਜ਼ਬੂਤ ਇਰਾਦੇ ਤੇ ਅਣਥੱਕ ਯਤਨਾਂ ਸਦਕਾ ਧੂਰੀ ਵਾਸੀਆਂ ਦਾ ਸੁਪਨਾ ਸਾਕਾਰ ਹੋਣ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਇਨਫਰਾਸਟਰਕਚਰ ਡਿਵੈਲਪਮੈਂਟ ਬੋਰਡ ਵੱਲੋਂ ਇਸ ਪ੍ਰੋਜੈਕਟ ਲਈ 54.76 ਕਰੋੜ ਰੁਪਏ ਦੀ ਰਕਮ ਰਾਖਵੀਂ ਰੱਖੀ ਗਈ ਹੈ।ਉਨ੍ਹਾਂ ਕਿਹਾ ਕਿ ਓਵਰਬਰਿੱਜ ਦੇ ਨਿਰਮਾਣ ਲਈ ਵੱਖ ਵੱਖ ਵਿਭਾਗਾਂ ਤੋਂ ਲੋੜੀ ਦੀਆਂ ਮਨਜ਼ੂਰੀਆਂ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ ਅਤੇ ਵਿਭਾਗਾਂ 'ਚ ਜਮ੍ਹਾਂ ਕਰਾਈ ਜਾਣ ਵਾਲੀ ਰਕਮ ਤੇ ਜ਼ਮੀਨ ਤਬਦੀਲੀ ਪ੍ਰਕਿਰਿਆ ਵੀ ਪੂਰੀ ਕੀਤੀ ਜਾ ਚੁੱਕੀ ਹੈ ਤੇ ਟੈਂਡਰ ਭਰਨ ਦੀ ਆਖਰੀ ਮਿਤੀ 17 ਫਰਵਰੀ ਹੈ ਤੇ ਫਰਵਰੀ ਮਹੀਨੇ ਹੀ ਇਹ ਪ੍ਰਕਿਰਿਆ ਪੂਰੀ ਕਰ ਲਈ ਜਾਵੇਗੀ।ਉਨ੍ਹਾਂ ਕਿਹਾ ਕਿ ਧੂਰੀ-ਲੁਧਿਆਣਾ ਅਤੇ ਰਾਜਪੁਰਾ-ਬਠਿੰਡਾ ਰੇਲਵੇ ਕਰਾਸਿੰਗ ਨੂੰ ਕਵਰ ਕਰਨ ਵਾਲਾ ਇਹ ਬਰਿੱਜ ਸ਼ਹਿਰ ਦੇ ਮਹਾਂਵੀਰ ਮੰਦਿਰ ਕੋਲੋਂ ਸ਼ੁਰੂ ਹੋ ਕੇ ਸੰਗਰੂਰ ਬਾਈਪਾਸ 'ਤੇ ਜਾ ਕੇ ਉਤਰੇਗਾ, ਜਿਸ ਨਾਲ ਦੋ ਹਿੱਸਿਆਂ 'ਚ ਵੰਡੇ ਧੂਰੀ ਸ਼ਹਿਰ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਤੇ ਫਾਟਕਾਂ ਦੇ ਬੰਦ ਰਹਿਣ ਕਾਰਨ ਲੱਗਣ ਵਾਲੇ ਲੰਮੇ ਜਾਮ ਤੋਂ ਵੀ ਲੋਕਾਂ ਨੂੰ ਪੱਕੇ ਤੌਰ 'ਤੇ ਛੁਟਕਾਰਾ ਮਿਲੇਗਾ।

## ਸੀਵਰੇਜ ਦੇ ਟੁੱਟੇ ਢੱਕਣਾਂ ਤੋਂ ਰਾਹਗੀਰ ਪ੍ਰੇਸ਼ਾਨ



**ਬਰੇਟਾ (ਗੀਤਵਾਲ)**-ਸ਼ਹਿਰ ਦੀਆਂ ਸੜਕਾਂ 'ਤੇ ਸੀਵਰੇਜ ਸਿਸਟਮ ਦੇ ਖੁੱਲ੍ਹੇ ਤੇ ਟੁੱਟੇ ਹੋਏ ਢੱਕਣ ਰਾਹਗੀਰਾਂ ਲਈ ਖਤਰਾ ਬਣੇ ਹੋਏ ਹਨ।ਟੁੱਟੇ ਹੋਏ ਢੱਕਣਾਂ ਕਾਰਨ ਸ਼ਹਿਰ 'ਚ ਕਈ ਦੁਰਘਟਨਾਵਾਂ ਹੋ ਚੁੱਕੀਆਂ ਹਨ, ਹਲਾਂਕਿ ਅਜਿਹੀਆਂ ਘਟਨਾਵਾਂ ਵਿਭਾਗ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਜਗਾਉਣ ਲਈ ਅਸਫ਼ਲ ਰਹੀਆਂ ਹਨ ਕਿ ਅਜੇ ਵੀ ਕਈ ਥਾਂਵਾਂ 'ਤੇ ਸੀਵਰੇਜ ਦੇ ਮੇਨਹੋਲਾਂ ਦੇ ਢੱਕਣ ਖੁੱਲ੍ਹੇ ਤੇ ਟੁੱਟੇ ਆਮ ਹੀ ਦੇਖੇ ਜਾ ਸਕਦੇ ਹਨ।ਜੇਕਰ ਸ਼ਹਿਰ ਦੀਆਂ ਸੜਕਾਂ ਦੀ ਗੱਲ ਕਰੀਏ ਤਾਂ ਭਾਈ ਕਨੱਈਆ ਰੋਡ 'ਤੇ ਦਿਆਲਪੁਰਾ ਰੋਡ ਤੋਂ ਇਲਾਵਾ ਸ਼ਹਿਰ ਦੀਆਂ ਅਨੇਕਾਂ ਹੋਰ ਥਾਵਾਂ ਤੇ ਸੀਵਰੇਜ਼ ਦੇ ਮੇਨਹੋਲਾਂ ਦੇ ਢੱਕਣ ਖੁੱਲ੍ਹੇ ਤੇ ਟੁੱਟੇ ਹੋਏ ਹਨ, ਜੋ ਹਰ ਰੋਜ਼ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ।ਇਹ ਸੀਵਰੇਜ ਦੇ ਮੇਨਹੋਲ ਜ਼ਿਆਦਾਤਰ ਦੋ ਪਹੀਆ ਵਾਹਨਾਂ ਲਈ ਜ਼ਿਆਦਾ ਪ੍ਰੇਸ਼ਾਨੀ ਦਾ ਕਾਰਨ ਬਣਦੇ ਹਨ।ਸ਼ਹਿਰ ਵਾਸੀਆਂ ਨੇ ਦੱਸਿਆ ਕਿ ਬਾਰਿਸ਼ ਦੇ ਦਿਨਾਂ 'ਚ ਇਹ ਖੁੱਲ੍ਹੇ ਹੋਏ ਮੇਨ ਹੋਲ ਹੋਰ ਵੀ ਭਿਆਨਕ ਰੂਪ ਧਾਰਨ ਕਰ ਲੈਂਦੇ ਹਨ, ਕਿਉਂਕਿ ਇਨ੍ਹਾਂ 'ਚ ਪਾਣੀ ਭਰਨ ਤੋਂ ਬਾਅਦ ਮੇਨ ਹੋਲਾਂ ਦਾ ਪਤਾ ਨਹੀਂ ਚੱਲਦਾ ਤੇ ਖਤਰਾ ਹੋਰ ਵੀ ਵਧ ਜਾਂਦਾ ਹੈ।ਸ਼ਹਿਰ ਵਾਸੀਆਂ ਨੇ ਵਿਭਾਗੀ ਅਧਿਕਾਰੀਆਂ ਤੇ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਕਿ ਲੋਕਾਂ ਦੀ ਸਹੂਲਤ ਨੂੰ ਧਿਆਨ 'ਚ ਰੱਖਦੇ ਹੋਏ ਇਨ੍ਹਾਂ ਸੀਵਰੇਜ਼ ਦੇ ਟੁੱਟੇ ਢੱਕਣਾਂ ਤੇ ਸੀਵਰੇਜ਼ ਦੇ ਮੇਨਹੋਲਾਂ ਨੂੰ ਕਵਰ ਕੀਤਾ ਜਾਵੇ ਤਾਂ ਜੁ ਅਣਸੁਖਾਵੀ ਘਟਨਾ ਨਾ ਵਾਪਰ ਸਕੇ।

## ਸੀਨੀਅਰ ਸਿਟੀਜਨ ਆਫ਼ ਧੂਰੀ ਵੈੱਲਫ਼ੇਅਰ ਐਸੋਸੀਏਸ਼ਨ ਦੀ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੀਨੀਅਰ ਸਿਟੀਜਨ ਆਫ਼ ਧੂਰੀ ਵੈਲਫ਼ੇਅਰ ਐਸੋਸੀਏਸ਼ਨ (ਰਜਿ:) ਦੀ ਮਹੀਨਾਵਾਰ ਮੀਟਿੰਗ ਰਾਮ ਬਾਗ ਯੋਗਾ ਹਾਲ ਵਿਖੇ ਪ੍ਰਧਾਨ ਸੁਖਵੀਰ ਸਿੰਘ ਦੀ ਅਗਵਾਈ ਹੇਠ ਬੇਹੱਦ ਸੁਖਾਵੇਂ ਮਾਹੌਲ ਵਿੱਚ ਹੋਈ।ਮੀਟਿੰਗ ਦੇ ਆਗਾਜ਼ ਵਿੱਚ ਐਸੋਸੀਏਸ਼ਨ ਦੇ ਮੈਂਬਰਾਂ ਰਾਮ ਸਿੰਘ ਤੇ ਪਰਸਨ ਸਿੰਘ ਦੀਆਂ ਧਰਮਪਤਨੀਆਂ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਸਮੂਹ ਹਾਜ਼ਰੀਨ ਵੱਲੋਂ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਨਵੇਂ ਸਾਲ ਦੀ ਪਹਿਲੀ ਇਕੱਤਰਤਾ ਦੌਰਾਨ ਵੱਖ-ਵੱਖ ਮੈਂਬਰਾਂ ਦੇ ਜਨਮ ਦਿਨ ਉਤਸ਼ਾਹ ਨਾਲ ਮਨਾਏ ਗਏ।ਪ੍ਰੀਤਮ ਸਿੰਘ ਇੰਸਪੈਕਟਰ, ਗੁਰਚਰਨ ਸਿੰਘ, ਅਜਮੇਰ ਸਿੰਘ ਭੰਗੂ ਅਤੇ ਜਸਦੇਵ ਸਿੰਘ ਪ੍ਰਧਾਨ ਸਮੇਤ ਹੋਰਨਾਂ ਸ਼ਖ਼ਸੀਅਤਾਂ ਦਾ ਮੂੰਹ ਮਿੱਠਾ ਕਰਾ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨ ਕੀਤਾ ਗਿਆ।ਇਸ ਮੌਕੇ ਮੈਂਬਰਾਂ ਤੇ ਕਰਮਜੀਤ ਸਿੰਘ ਬੇਨੜਾ ਵੱਲੋਂ ਸੰਸਥਾ ਨੂੰ ਉਦਾਰਤਾ ਨਾਲ ਵਿੱਤੀ ਸਹਾਇਤਾ ਦਿੱਤੀ ਗਈ।ਸਮਾਗਮ ਦੌਰਾਨ ਦੋ ਨਵੇਂ ਮੈਂਬਰਾਂ ਬੁੱਧ ਰਾਮ ਗਰਗ ਤੇ ਜਗਤਾਰ ਸਿੰਘ (ਖ਼ਜ਼ਾਨਾ ਅਫ਼ਸਰ) ਦਾ ਨਿੱਘਾ ਸਵਾਗਤ ਕੀਤਾ ਗਿਆ। ਅੰਤ 'ਚ ਮਨਜੀਤ ਸਿੰਘ ਬਖ਼ਸ਼ੀ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਰਵਿੰਦਰ ਸ਼ਰਮਾ, ਮਦਨ ਲਾਲ ਵਰਮਾ ਅਤੇ ਰਘਵੀਰ ਸਿੰਘ ਐਸ.ਡੀ.ਓ ਸਮੇਤ ਵੱਡੀ ਗਿਣਤੀ 'ਚ ਮੈਂਬਰ ਹਾਜ਼ਰ ਸਨ।

## ਦਵੋਗਲ-ਖੇੜੀ ਸਕੂਲ ਨੂੰ ਨੋ ਪਲਾਸਟਿਕ ਜ਼ੋਨ ਬਣਾਉਣ ਦਾ ਸੰਕਲਪ ਲਿਆ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਵੋਗਲ-ਖੇੜੀ ਵਿਖੇ ਵਾਤਾਵਰਣ ਜਾਗਰੂਕਤਾ ਵਰਕਸ਼ਾਪ ਕਰਾਈ ਗਈ।ਇਹ ਪ੍ਰੋਗਰਾਮ ਸਕੂਲ ਮੁਖੀ ਮਲਕੀਤ ਸਿੰਘ ਦੀ ਅਗਵਾਈ ਹੇਠ ਇਕੋ ਕਲੱਬ ਕੁਆਰਡੀਨੇਟਰ ਸੁਖਜੀਤ ਕੌਰ ਵੱਲੋਂ ਆਯੋਜਤ ਕੀਤਾ ਗਿਆ।ਮਿਸ਼ਨ ਲਾਈਫ ਥੀਮ ਅਧੀਨ ਤਹਿਤ ਇਸ ਦੌਰਾਨ ਮੈਡਮ ਜਸਬੀਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਰੱਦੀ ਕੱਪੜਿਆਂ ਤੋਂ ਬੈਗ ਬਣਾਉਣ ਦੀ ਪ੍ਰਯੋਗਿਕ ਸਿੱਖਿਆ ਦਿੱਤੀ ਗਈ ਤੇ ਪਲਾਸਟਿਕ ਦੇ ਦੁਸ਼ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ, ਜਦਕਿ ਮੈਡਮ ਸ਼ੈਲਜਾ ਜਿੰਦਲ ਵੱਲੋਂ ਔਸ਼ਧੀ ਅਤੇ ਜੜ੍ਹੀ-ਬੂਟੀ ਪੌਦਿਆਂ ਦੀ ਦੈਨਿਕ ਜੀਵਨ ਵਿੱਚ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਤੇ ਸਕੂਲ ਵਿਖੇ ਹਰਬਲ ਪਲਾਂਟ ਦਾ ਉਦਘਾਟਨ ਕੀਤਾ ਗਿਆ।ਸਕੂਲ ਮੁਖੀ ਮਲਕੀਤ ਸਿੰਘ ਵੱਲੋਂ ਮੈਡਮ ਜਸਬੀਰ ਕੌਰ ਤੇ ਮੈਡਮ ਸ਼ੈਲਜਾ ਜਿੰਦਲ ਨੂੰ ਉਨ੍ਹਾਂ ਦੀ ਵਿਸ਼ੇਸ਼ ਭੂਮਿਕਾ ਲਈ ਸਕੂਲ ਵੱਲੋਂ ਸਨਮਾਨਤ ਵੀ ਕੀਤਾ ਗਿਆ ਅਤੇ ਸਕੂਲ ਨੂੰ ਨੋ ਪਲਾਸਟਿਕ ਜ਼ੋਨ ਬਣਾਉਣ ਦਾ ਸੰਕਲਪ ਲਿਆ ਗਿਆ।

## ਅੰਤਰਰਾਸ਼ਟਰੀ ਪੰਜਾਬੀ ਵਿਕਾਸ ਕਾਨਫ਼ਰੰਸ 'ਚ ਕਵੀਆਂ ਨੇ ਬੰਨ੍ਹਿਆ ਰੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਕਰਾਈ ਗਈ ਤਿੰਨ ਰੋਜ਼ਾ 37ਵੀਂ ਅੰਤਰਰਾਸ਼ਟਰੀ ਪੰਜਾਬੀ ਵਿਕਾਸ ਕਾਨਫ਼ਰੰਸ ਦੀ ਅੰਤਲੀ ਸ਼ਾਮ ਨੂੰ ਭਾਸ਼ਾ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਤ੍ਰੈਭਾਸ਼ੀ ਕਵੀ ਦਰਬਾਰ ਕਰਾਇਆ ਗਿਆ। ਕਵੀ ਦਰਬਾਰ ਵਿੱਚ ਗੁਰਤੇਜ ਕੋਹਾਰਵਾਲਾ, ਮੁਸੱਵਰ ਫਿਰੋਜ਼ਪੁਰੀ, ਜਗਜੀਤ ਕਾਫ਼ਰ, ਰੁਬੀਨਾ ਸ਼ਬਨਮ, ਦੀਪ ਇੰਦਰ, ਜਸਪ੍ਰੀਤ ਕੌਰ ਫੁਲਕ, ਅਮਰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਸ਼ੈਦਾ, ਜਤਿੰਦਰ ਪਰਵਾਜ਼, ਪਰਵਿੰਦਰ ਸ਼ੋਖ਼, ਰਮਨ ਸੰਧੂ, ਜਸਵੰਤ ਜ਼ਫ਼ਰ, ਗੁਰਸੇਵਕ ਲੰਬੀ, ਜੋਗਿੰਦਰ ਨੂਰਮੀਤ, ਹਰਮੀਤ ਵਿਦਿਆਰਥੀ ਨੇ ਆਪਣੀ ਸ਼ਾਇਰੀ ਪੇਸ਼ ਕੀਤੀ।ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਮੁਖੀ ਡਾ. ਗੁਰਸੇਵਕ ਸਿੰਘ ਲੰਬੀ ਨੇ ਆਰੰਭ ਵਿੱਚ ਆਪਣੇ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਇਸ ਕਾਨਫ਼ਰੰਸ ਦੀ ਵਿਲੱਖਣਤਾ ਰਹੀ ਹੈ ਕਿ ਇਸ ਵਿੱਚ ਤਿੰਨ ਦਿਨ ਅਕਾਦਮਿਕ ਬੈਠਕਾਂ ਤੋਂ ਇਲਾਵਾ ਰੋਜ਼ਾਨਾ ਸੱਭਿਆਚਾਰਕ ਸ਼ਾਮਾਂ ਕਰਵਾਈਆਂ ਗਈਆਂ ਜਿਸ ਵਿੱਚ ਸੰਗੀਤ, ਨਾਟਕ ਅਤੇ ਸ਼ਾਇਰੀ ਨੂੰ ਸ਼ਾਮਿਲ ਕੀਤਾ ਗਿਆ।ਇਸ ਦਾ ਮਕਸਦ ਇਹ ਸੀ ਕਿ ਪੰਜਾਬੀ ਭਾਸ਼ਾ ਦੇ ਸਮੁੱਚੇ ਵਿਕਾਸ ਦੀ ਗੱਲ ਕੀਤੀ ਜਾ ਸਕੇ।ਭਾਸ਼ਾ ਵਿਭਾਗ ਪੰਜਾਬ ਦਾ ਵਿਸ਼ੇਸ਼ ਸਹਿਯੋਗ ਦੇਣ ਲਈ ਡਾ. ਲੰਬੀ ਨੇ ਉਨ੍ਹਾਂ ਦਾ ਧੰਨਵਾਦ ਕੀਤਾ।ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਧੰਨਵਾਦੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਭਾਸ਼ਾ ਵਿਭਾਗ ਦਾ ਮੁੱਖ ਕਾਰਜ ਦਾ ਪੰਜਾਬ ਦੀਆਂ ਸਥਾਨਕ ਭਾਸ਼ਾਵਾਂ ਲਈ ਕੰਮ ਕਰਨਾ ਹੈ।ਇਸੇ ਮਕਸਦ ਨਾਲ ਹੀ ਅੱਜ ਤਾਂ ਇਹ ਤ੍ਰੈਭਾਸ਼ੀ ਕਵੀ ਦਰਬਾਰ ਆਯੋਜਨ ਕੀਤਾ ਗਿਆ ਹੈ। ਵਿਭਾਗ ਪੰਜਾਬੀ ਦੇ ਨਾਲ ਨਾਲ ਹਰ ਭਾਸ਼ਾ ਲਈ ਨਿੱਠ ਕੇ ਕੰਮ ਕਰਦਾ ਹੈ।

## ਕੇਂਦਰੀ ਬਜਟ ਵਿਕਸਤ ਭਾਰਤ ਦੇ ਉਦੇਸ਼ ਨੂੰ ਦਰਸਾਉਣ ਵਾਲਾ : ਪ੍ਰੋ: ਓਂਕਾਰ ਸਿੰਘ



**ਧੂਰੀ (ਮਨੋਹਰ ਸਿੰਘ ਸੱਗੂ)**-ਪਿਛਲੇ ਦਿਨੀਂ ਭਾਜਪਾ 'ਚ ਸ਼ਾਮਿਲ ਹੋਏ ਪ੍ਰੋਫੈਸਰ ਓਂਕਾਰ ਸਿੰਘ ਨੇ ਭਾਰਤ ਸਰਕਾਰ ਦੇ ਵਿੱਤ ਮੰਤਰੀ ਦੁਆਰਾ ਪੇਸ਼ ਕੀਤੇ ਕੇਂਦਰੀ ਬਜਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਜਟ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਸਾਰੇ ਵਰਗਾਂ ਦੇ ਲੋਕਾਂ ਲਈ ਖੁਸ਼ਹਾਲੀ ਲੈ ਕੇ ਆਵੇਗਾ।ਉਨ੍ਹਾਂ ਕਿਹਾ ਬਜਟ ਕੇਂਦਰ ਸਰਕਾਰ ਦੇ 2047 ਦੇ 'ਵਿਕਸਿਤ ਭਾਰਤ' ਉਦੇਸ਼ ਨੂੰ ਦਰਸਾਉਂਦਾ ਹੈ ਅਤੇ ਬਜਟ ਵਿੱਚ ਪੇਸ਼ ਕੀਤੇ ਗਏ ਮੱਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਨੂੰ ਦਰਸਾਉਂਦੇ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਸਮੇਂ ਸਮੇਂ 'ਤੇ ਕਿਸਾਨਾਂ ਮਜ਼ਦੂਰਾਂ ਗਰੀਬਾਂ ਦੀ ਹਮੇਸ਼ਾ ਬਾਂਹ ਫੜਦੀ ਰਹੀ ਹੈ। ਬਜਟ ਵਿੱਚ ਜੀ ਐਸ ਟੀ ਵਰਗੇ ਟੈਕਸ ਦੀ ਮਹੱਤਤਾ ਨੂੰ ਦਰਸਾਇਆ ਗਿਆ ਹੈ ਅਤੇ ਬਜਟ 'ਚ ਪੇਂਡੂ ਖੇਤਰਾਂ ਦੇ ਵਿਕਾਸ ਵਾਸਤੇ 16ਵੇਂ ਵਿੱਤ ਕਮਿਸ਼ਨ ਦੁਆਰਾ 1.40 ਲੱਖ ਕਰੋੜ ਰਕਮ ਦੇਣ ਦੀ ਤਜਵੀਜ਼ ਸ਼ਲਾਘਾਯੋਗ ਹੈ। ਬੱਚਿਆਂ ਨੂੰ ਇੰਟਰਨੈਟ ਅਤੇ ਆਨਲਾਈਨ ਸਿੱਖਿਆ 'ਤੇ ਘੱਟ ਨਿਰਭਰ ਹੋਣ ਨੂੰ ਲੈ ਕੇ ਕਾਨੂੰਨ ਬਣਾਉਣ ਬਾਰੇ,ਗਰੀਬੀ ਰੇਖਾ ਤੋਂ ਥੱਲੇ ਰਹਿੰਦੇ ਲੋਕਾਂ ਲਈ ਮੁਫ਼ਤ ਰਾਸ਼ਨ ਯੋਜਨਾ, ਸ਼ਹਿਰਾਂ ਦੇ ਵਿਕਾਸ ਲਈ ਵਿੱਤੀ ਸਹਾਇਤਾ, ਸੁਰੱਖਿਆ ਖੇਤਰ ਅਤੇ ਖੇਤੀਬਾੜੀ ਉਦਯੋਗਾਂ ਦੇ ਲਈ ਵਿੱਤੀ ਸਹਾਇਤਾ ਆਦਿ ਇਸ ਬਜਟ ਦੀਆਂ ਮੁੱਖ ਵਿਸ਼ੇਸ਼ਤਾਵਾਂ ਹਨ। ਇਸ ਮੌਕੇ ਉਨ੍ਹਾਂ ਨਾਲ ਬਰਜੇਸ਼ ਕੁਮਾਰ ਗੋਇਲ ਰਾਜ ਕਾਰਜਕਾਰੀ ਮੈਂਬਰ, ਅਰੁਣ ਆਰੀਆ ਮੰਡਲ ਪ੍ਰਧਾਨ, ਆਸ਼ੀਸ਼ ਗਰਗ ਜ਼ਿਲ੍ਹਾ ਮੀਡੀਆ ਇੰਚਾਰਜ, ਅੰਮ੍ਰਿਤ ਗਰਗ, ਪ੍ਰਵੀਨ ਗਰਗ, ਭੁਪਿੰਦਰ ਮਿੱਠਾ ,ਅਮਿਤ ਕੁਮਾਰ ਅਤੇ ਸੁਖਵਿੰਦਰ ਕਾਂਝਲਾ ਹਾਜ਼ਰ ਸਨ।

# ਮਾਤਾ ਹਰਬੰਸ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਕਾਮਰੇਡ ਰਮੇਸ਼ ਸਿੰਘ ਆਜ਼ਾਦ ਜਿਨ੍ਹਾਂ ਦੇ ਪੂਜਨੀਕ ਮਾਤਾ ਹਰਬੰਸ ਕੌਰ (ਉਮਰ 100 ਸਾਲ) ਸੁਪਤਨੀ ਸਵਰਗੀ ਕਾਮਰੇਡ ਦਲੀਪ ਸਿੰਘ ਪਿੰਡ ਸੁੰਦਰ ਸਿੰਘ ਵਾਲਾ ਜੋ ਕਿ ਪਿਛਲੇ ਦਿਨੀਂ ਆਪਣੀ ਸਵਾਸਾਂ ਦੀ ਪੂੰਜੀ ਭੋਗ ਕੇ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਮੋਤੀ ਬਾਗ ਗੁਰਦੁਆਰਾ ਸਾਹਿਬ ਪਟਿਆਲਾ ਵਿਖੇ ਹੋਈ।ਇਸ ਮੌਕੇ ਰਾਗੀ ਸਿੰਘਾਂ ਨੇ ਵਿਰਾਗਮਈ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਬਾਣੀ ਨਾਲ ਜੋੜਿਆ।ਇਸ ਮੌਕੇ ਮਾਤਾ ਹਰਬੰਸ ਕੌਰ ਨੂੰ ਮੇਅਰ ਕੁੰਦਨ ਗੋਗੀਆ, ਮਹਾਰਾਣੀ ਪ੍ਰਨੀਤ ਕੌਰ ਸਾਬਕਾ ਸਾਂਸਦ, ਰਣਜੋਧ ਸਿੰਘ ਹਡਾਣਾ ਹਲਕਾ ਇੰਚਾਰਜ ਸਨੌਰ, ਜਸਵਿੰਦਰ ਸਿੰਘ ਰਾਣਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਪੰਜਾਬ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਬਜ਼ੁਰਗ ਕਿਸਾਨ ਆਗੂ ਸਤਨਾਮ ਸਿੰਘ ਬਹਿਰੂ, ਹਰਿੰਦਰਪਾਲ ਸਿੰਘ ਹੈਰੀਮਾਨ, ਇੰਦਰਜੀਤ ਸਿੰਘ ਸੰਧੂ ਉਪ ਚੇਅਰਮੈਨ, ਜਨਕ ਰਾਜ ਕਲਵਾਣੂ, ਕਿਸਾਨ ਆਗੂ ਬੂਟਾ ਸਿੰਘ ਸ਼ਾਦੀਪੁਰ, ਕਾਮਰੇਡ ਹਰੀ ਸਿੰਘ ਢੀਂਡਸਾ, ਲਾਲਜੀਤ ਸਿੰਘ ਲਾਲੀ ਮਗਰ ਸਾਹਿਬ, ਪ੍ਰੇਮ ਸਿੰਘ ਸਵਾਈ ਸਿੰਘ ਵਾਲਾ, ਜੀਤ ਸਿੰਘ ਮੀਰਾਂਪੁਰ, ਗੁਰਮੇਲ ਸਿੰਘ ਫਰੀਦਪੁਰ, ਰਾਜਦੀਪ ਚੋਪੜਾ, ਕਾਮਰੇਡ ਰਾਜਕਿਸ਼ਨ ਨੂਰਖੇੜੀਆਂ, ਐੱਮ. ਸੀ. ਵਾਸੁਦੇਵ, ਅਤੁਲ ਜੋਸ਼ੀ ਐੱਮ. ਸੀ., ਐਡਵੋਕੇਟ ਦਵਿੰਦਰ ਸਿੰਘ ਧੰਜੂ, ਵਿਵੇਕ ਸ਼ਰਮਾ, ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਜਗਜੀਤ ਸਿੰਘ ਕੋਹਲੀ ਸਿਆਸੀ ਸਲਾਹਕਾਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਕਾਮਰੇਡ ਗੁਰਮੀਤ ਸਿੰਘ ਛੱਜੂ ਭੱਟ, ਕਾਮਰੇਡ ਗੁਰਬਖਸ਼ ਸਿੰਘ, ਕਾਮਰੇਡ ਭੂਟਾ ਚੰਦ ਚੰਨੋ, ਕਾਮਰੇਡ ਦਵਿੰਦਰ ਸਿੰਘ ਚੰਦੀ, ਪ੍ਰਦੀਪ ਕੁਮਾਰ ਐਕਸਾਈਜ਼ ਕਮਿਸ਼ਨਰ ਹਰਿਆਣਾ, ਦਵਿੰਦਰ ਸਿੰਘ ਪੂੰਨੀਆਂ, ਪ੍ਰਧਾਨ ਸਵਿੰਦਰ ਕੌਰ ਧੰਜੂ, ਮਾਸਟਰ ਰਮੇਸ਼ ਕੁਮਾਰ ਢੋਟ, ਨਵਤੇਜ ਸਿੰਘ ਜੱਜ, ਰਾਜਾ ਧੰਜੂ, ਬਹਾਦਰ ਸਿੰਘ ਭਾਨਰਾ, ਹਰਦੀਪ ਸਿੰਘ ਸਨੌਰ, ਗੁਰਮੇਲ ਸਿੰਘ ਬੋਸਰ, ਬਲਿਹਾਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਕਿਸਾਨ ਜਥੇਬੰਦੀ ਦੇ ਆਗੂਆਂ, ਕੁੱਲ ਹਿੰਦ ਕਿਸਾਨ ਸਭਾ, ਸਮਾਜ ਸੇਵੀ, ਸਕੂਲ ਸੰਸਥਾਵਾਂ ਦੇ ਨੁਮਾਇੰਦਿਆਂ, ਸਾਕ ਸਬੰਧੀਆਂ ਅਤੇ ਇਲਾਕਾ ਨਿਵਾਸੀਆਂ ਨੇ ਸ਼ਰਧਾਜਲੀਆਂ ਭੇਟ ਕੀਤੀਆਂ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਹਾੜੀਆਂ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਹਾੜੀਆਂ ਵਿਖੇ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਆਪਣਾ ਇਲਾਜ ਮੁਫ਼ਤ ਕਰਵਾਉਣ ਲਈ ਸਰਕਾਰੀ ਹਸਪਤਾਲਾਂ 'ਤੇ ਨਿਰਭਰ ਨਹੀਂ ਹੋਣਾ ਪਵੇਗਾ, ਕਿਉਂਕਿ ਹੁਣ ਸਿਹਤ ਬੀਮਾ ਯੋਜਨਾ ਸੂਬੇ ਦੇ ਵੱਡੇ ਪ੍ਰਾਈਵੇਟ ਹਸਪਤਾਲਾਂ ਵਿਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਕਿਹਾ ਕਿ ਇਸ ਬੀਮਾ ਯੋਜਨਾ ਦਾ ਕਾਰਡ ਬਣਾਉਣ ਲਈ ਲੋਕ ਵੋਟਰ ਕਾਰਡ ਤੇ ਅਧਾਰ ਕਾਰਡ ਨਾ ਲੈ ਕੇ ਆਉਣ ਤੇ ਜਿਸ ਦਿਨ ਉਨ੍ਹਾਂ ਦੀ ਰਜਿਸਟ੍ਰੇਸ਼ਨ ਹੋ ਜਾਵੇਗੀ ਉਸ ਦਿਨ ਤੋਂ ਹੀ ਸਿਹਤ ਬੀਮਾ ਦਾ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਮਾਛੀਵਾੜਾ-ਕੁਹਾੜਾ ਰੋਡ ਤੋਂ ਗੁਜ਼ਰ ਕੇ ਪਿੰਡ ਹਾੜੀਆਂ ਪੁੱਜੇ, ਜਿਸ ਦੀ ਹਾਲਤ ਬੇਹੱਦ ਖਸਤਾ ਹੋਈ ਪਈ ਹੈ। ਕੁਝ ਸਮਾਂ ਪਹਿਲਾਂ ਇਸ ਦੀ ਮੁਰੰਮਤ ਵੀ ਕਰਵਾਈ ਗਈ ਪਰ ਸੜਕ 'ਤੇ ਲੱਗਾ ਪੈਚ ਵਰਕ ਟਿਕ ਨਾ ਸਕਿਆ ਅਤੇ ਹੁਣ ਡੂੰਘੇ ਖੱਡੇ ਪਏ ਹੋਏ ਹਨ। ਮਾਛੀਵਾੜਾ-ਕੁਹਾੜਾ ਰੋਡ ਦਾ 70 ਫੀਸਦੀ ਹਿੱਸਾ ਹਲਕਾ ਸਾਹਨੇਵਾਲ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਖੇਤਰ ਵਿਚ ਪੈਂਦਾ ਹੈ ਤੇ ਜਦੋਂ ਪੱਤਰਕਾਰਾਂ ਵੱਲੋਂ ਇਸ ਦੀ ਹਾਲਤ ਸੁਧਾਰਨ ਬਾਰੇ ਸਵਾਲ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਸ ਸਾਲ ਜਾਂ ਅਗਲੇ ਸਾਲ ਇਸ ਦੀ ਮੁਰੰਮਤ ਕਰਵਾ ਦਿੱਤੀ ਜਾਵੇਗੀ। ਪੱਤਰਕਾਰਾਂ ਨੇ ਧਿਆਨ ਵਿੱਚ ਲਿਆਂਦਾ ਕਿ ਲੋਕਾਂ ਨੂੰ ਅਣ-ਅਧਿਕਾਰਤ ਕਾਲੋਨੀਆਂ 'ਚ ਰਜਿਸਟਰੀਆਂ ਕਰਵਾਉਣ ਲਈ ਐੱਨ ਓ ਸੀ ਦੀ ਲੋੜ ਪੈਂਦੀ ਹੈ, ਜਿਸ ਕਾਰਨ ਪਲਾਟ ਧਾਰਕ ਬੜੇ ਖੱਜਲ ਖੁਆਰ ਹੋ ਰਹੇ ਹਨ। ਮੰਤਰੀ ਮੁੰਡੀਆਂ ਨੇ ਕਿਹਾ ਕਿ ਸਰਕਾਰ ਵੱਲੋਂ ਕੁਝ ਸਮਾਂ ਛੋਟ ਦਿੱਤੀ ਗਈ ਸੀ ਕਿ ਬਿਨਾਂ ਐੱਨ.ਓ.ਸੀ. ਤੋਂ ਰਜਿਸਟਰੀਆਂ ਹੋਣਗੀਆਂ, ਹੁਣ ਉਹ ਸਮਾਂ ਲੰਘ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਮਾਣਯੋਗ ਹਾਈਕੋਰਟ ਵਿਚ ਚੱਲ ਰਿਹਾ ਹੈ ਅਤੇ ਸਰਕਾਰ ਵਲੋਂ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇਸ ਸਬੰਧੀ ਐੱਨ.ਓ.ਸੀ. ਦੀ ਸ਼ਰਤ ਹਟਾ ਦਿੱਤੀ ਜਾਵੇ।

## ਨਗਰ ਕੌਂਸਲ ਲਈ ਚੋਣ ਦੇ ਚਾਹਵਾਨਾਂ ਦੀਆਂ ਤਿਆਰੀਆਂ ਸ਼ੁਰੂ

**ਲੌਂਗੋਵਾਲ (ਪ੍ਰਦੀਪ ਸੱਪਲ)** ਪੰਜਾਬ ਦੀਆ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਦਾ ਭਾਵੇਂ ਅਜੇ ਪੰਜਾਬ ਸਰਕਾਰ ਵੱਲੋਂ ਕੋਈ ਐਲਾਨ ਨਹੀਂ ਕੀਤਾ ਗਿਆ, ਜਦੋਂ ਕਿ ਨਗਰ ਕੌਂਸਲ ਲੌਂਗੋਵਾਲ ਦੀ ਮਿਆਦ ਫਰਵਰੀ 2026 ਨੂੰ ਖਤਮ ਹੋ ਰਹੀ ਹੈ। ਅਗਲੀਆਂ ਮਿਊਂਸਪਲ ਚੋਣਾਂ ਲੜਨ ਲਈ ਵੱਖ-ਵੱਖ ਪਾਰਟੀਆਂ ਵੱਲੋਂ ਆਪਣੇ ਆਪਣੇ ਉਮੀਦਵਾਰਾ ਨੂੰ ਚੋਣ ਮੈਦਾਨ ਵਿੱਚ ਉਤਾਰਨ ਦੀਆਂ ਤਿਆਰੀਆਂ ਆਰੰਭ ਕਰ ਲਈਆਂ ਗਈਆਂ ਹਨ।ਪਿਛਲੇ ਦਿਨੀਂ ਵਾਰਡ ਨੰਬਰ 9 ਵਿਖੇ ਸੰਭਾਵੀ ਉਮੀਦਵਾਰਾਂ ਵੱਲੋਂ ਇੱਕ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਭਾਵੇਂ ਕੋਈ ਉਮੀਦਵਾਰ ਵਾਰਡ ਵਾਸੀਆਂ ਵੱਲੋਂ ਤਹਿ ਨਹੀਂ ਹੋਇਆ, ਪ੍ਰੰਤੂ ਫਿਰ ਵੀ ਇਸ ਵਾਰਡ ਦੇ ਵਸਨੀਕ ਹਰਦੀਪ ਖਾਂ (ਦੀਪੂ) ਨੂੰ ਸੰਭਾਵੀ ਉਮੀਦਵਾਰ ਵਜੋਂ ਦੇਖਿਆ ਜਾ ਰਿਹਾ ਹੈ, ਜਦੋਂ ਇਸ ਸਬੰਧੀ ਉਨ੍ਹਾਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਵਾਰਡ ਵਾਸੀਆਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ।ਜਦੋਂ ਵੀ ਵਾਰਡ ਵਾਸੀ ਉਨ੍ਹਾਂ ਨੂੰ ਨਗਰ ਕੌਂਸਲ, ਲੌਂਗੋਵਾਲ ਦੀਆਂ ਹੋਣ ਵਾਲੀਆਂ ਚੋਣਾਂ ਲਈ ਉਮੀਦਵਾਰ ਵਜੋਂ ਸਹਿਮਤੀ ਦੇਣਗੇ ਤਾਂ ਉਹ ਆਪਣੇ ਚੋਣ ਮੈਦਾਨ ਦੇ ਲਈ ਤਿਆਰ ਰਹਿਣਗੇ।

# ਪਹਿਲਾ ਬਲਦੇਵ ਸਿੰਘ ਸੰਧੂ ਯਾਦਗਰੀ ਬਾਸਕਿਟਬਾਲ ਟੂਰਨਾਮੈਂਟ ਸਮਾਪਤ

**ਫ਼ਿਰੋਜ਼ਪੁਰ ਦੇ ਮੁੰਡਿਆਂ ਤੇ ਪਟਿਆਲਾ ਦੀਆਂ ਕੁੜੀਆਂ ਨੇ ਜਿੱਤਿਆ ਕੱਪ**



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**

ਜ਼ਿਲ੍ਹਾ ਬਾਸਕਿਟਬਾਲ ਐਸੋਸੀਏਸ਼ਨ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਚੱਲ ਰਿਹਾ ਪਹਿਲਾਂ ਸਵ: ਬਲਦੇਵ ਸਿੰਘ ਸੰਧੂ ਯਾਦਗਾਰੀ ਓਪਨ ਬਾਸਕਿਟਬਾਲ ਟੂਰਨਾਮੈਂਟ ਮਿੱਠੀਆਂ ਯਾਦਾਂ ਛੱਡਦਾ ਤੇ ਅਗਲੇ ਸਾਲ ਫਿਰ ਮਿਲਣ ਦੇ ਵਾਅਦੇ ਨਾਲ ਸੰਪੰਨ ਹੋ ਗਿਆ।

ਲੜਕੇ ਅਤੇ ਲੜਕੀਆਂ ਦੀਆਂ 8-8 ਟੀਮਾਂ ਦੀ ਭਾਗੀਦਾਰੀ ਵਾਲੇ ਇਸ ਦੋ ਦਿਨਾਂ ਟੂਰਨਾਮੈਂਟ ਦਾ ਉਦਘਾਟਨ ਜਸਵਰਿੰਦਰ ਸਿੰਘ ਸਿੱਧੂ ਡੀਐਸਪੀ ਧਰਮਕੋਟ ਨੇ ਕੀਤਾ, ਜਦੋਂਕਿ ਸਮਾਪਤੀ ਮੌਕੇ ਓਲੰਪੀਅਨ ਧਰਮਵੀਰ ਸਿੰਘ ਐਸ ਪੀ (ਐਚ) ਫਿਰੋਜ਼ਪੁਰ ਵਿਸ਼ੇਸ਼ ਤੌਰ 'ਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਲਈ ਪਹੁੰਚੇ ਤੇ ਜੇਤੂ ਟੀਮਾਂ ਨੂੰ ਇਨਾਮ ਤਕਸੀਮ ਕੀਤੇ।ਟੂਰਨਾਮੈਂਟ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਸਕਿਟਬਾਲ ਐਸੋਸੀਏਸ਼ਨ ਦੇ ਸਕੱਤਰ ਅਮਰੀਕ ਸਿੰਘ ਸਿੱਧੂ ਤੇ ਸੁਖਬੀਰ ਸਿੰਘ ਸੰਧੂ (ਐਨਆਰਆਈ) ਨੇ ਦੱਸਿਆ ਕਿ ਲੜਕਿਆਂ ਦੀਆਂ ਟੀਮਾਂ ਵਿਚ ਸ਼ਹੀਦ ਭਗਤ ਸਿੰਘ ਕਲੱਬ, ਸ਼ਹੀਦ ਰਾਜਗੁਰੂ ਕਲੱਬ, ਸ਼ਹੀਦ ਸੁਖਦੇਵ ਕਲੱਬ, ਆਰਮੀ ਪਬਲਿਕ ਸਕੂਲ, ਪਟਿਆਲਾ ਕਲੱਬ ਪਟਿਆਲਾ, ਪਿੰਡੀ ਕਲੱਬ ਗੁਰੂ ਹਰਸਹਾਏ, ਡੀਸੀਐਮ ਸਕੂਲ ਕਲੱਬ, ਆਰ ਐਸ ਡੀ ਰਾਜ ਰਤਨ ਕਲੱਬ ਜਦੋਂ ਕਿ ਲੜਕੀਆਂ ਵਿਚ ਬਾਬਾ ਫਰੀਦ ਕਲੱਬ ਕੋਟਕਪੂਰਾ, ਪਿੰਡੀ ਕਲੱਬ ਗੁਰੂਹਰਸਹਾਏ, ਡੀਸੀਐੱਮ ਸਕੂਲ, ਪਟਿਆਲਾ ਕਲੱਬ ਪਟਿਆਲਾ, ਆਰ ਐੱਸ ਡੀ ਰਾਜ ਰਤਨ ਕਲੱਬ, ਸ਼ਹੀਦ ਭਗਤ ਸਿੰਘ ਕਲੱਬ ਫ਼ਿਰੋਜ਼ਪੁਰ, ਸ਼ਹੀਦ ਰਾਜਗੁਰੂ ਕਲੱਬ ਤੇ ਦਸ਼ਮੇਸ਼ ਕਲੱਬ ਮਲੋਟ ਦੀਆਂ ਟੀਮਾਂ ਨੇ ਭਾਗ ਲਿਆ।ਉਨ੍ਹਾਂ ਦੱਸਿਆ ਕਿ ਲੜਕੀਆਂ ਦੇ ਪਟਿਆਲਾ ਕਲੱਬ ਪਟਿਆਲਾ ਤੇ ਦਸਮੇਸ਼ ਕਲੱਬ ਮਲੋਟ ਦੀਆਂ ਟੀਮਾਂ ਵਿਚਾਲੇ ਹੋਏ ਫਸਵੇਂ ਫਾਈਨਲ ਮੈਚ ਵਿੱਚ ਪਟਿਆਲਾ ਕਲੱਬ ਦੀਆਂ ਮੁਟਿਆਰਾਂ ਪਹਿਲੇ ਸਥਾਨ, ਦਸ਼ਮੇਸ਼ ਕਲੱਬ ਮਲੋਟ ਦੂਜੇ ਤੇ 43 ਬਾਬਾ ਫ਼ਰੀਦ ਕਲੱਬ ਕੋਟਕਪੂਰਾ ਤੀਜੇ ਸਥਾਨ 'ਤੇ ਰਹੀਆਂ।ਦੇਰ ਸ਼ਾਮ ਤੱਕ ਚੱਲੇ ਲੜਕਿਆਂ ਦੇ ਫਾਈਨਲ ਮੈਚ 'ਚ ਸ਼ਹੀਦ ਸੁਖਦੇਵ ਕਲੱਬ ਨੇ ਸ਼ਹੀਦ ਭਗਤ ਸਿੰਘ ਕਲੱਬ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਪਟਿਆਲਾ ਕਲੱਬ ਪਟਿਆਲਾ ਦੇ ਗੱਭਰੂ ਤੀਜੇ ਸਥਾਨ 'ਤੇ ਰਹੇ।ਸੁਖਬੀਰ ਸਿੰਘ ਸੰਧੂ (ਐਨਆਰਆਈ) ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਸਵ: ਬਲਦੇਵ ਸਿੰਘ ਸੰਧੂ ਨੂੰ ਖੇਡਾਂ ਖਾਸ ਕਰ ਬਾਸਕਿਟਬਾਲ ਨਾਲ ਦਿਲੀ ਪਿਆਰ ਸੀ ਤੇ ਆਪਣੇ ਪਿਤਾ ਜੀ ਦੀ ਇਸ ਚਾਹਤ ਨੂੰ ਉਨ੍ਹਾਂ ਵੱਲੋਂ ਆਪਣੇ ਪਰਵਾਰ ਤੇ ਜ਼ਿਲ੍ਹਾ ਬਾਸਕਿਟਬਾਲ ਐਸੋਸੀਏਸ਼ਨ ਦੇ ਸਹਿਯੋਗ ਸਾਕਾਰ ਕਰਨ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਹਰ ਸਾਲ ਆਪਣੇ ਸਵ: ਪਿਤਾ ਜੀ ਦੀ ਯਾਦ ਵਿਚ ਇਹ ਟੂਰਨਾਮੈਂਟ ਕਰਵਾਉਣਗੇ।ਉਨ੍ਹਾਂ ਉਮੀਦ ਜਤਾਈ ਕਿ ਅਗਲੇ ਸਾਲ ਤੋਂ ਭਾਗ ਲੈਣ ਵਾਲੀਆਂ ਟੀਮਾਂ ਲਈ ਹੋਰ ਵੀ ਦਿਲਖਿੱਚਵੇਂ ਇਨਾਮ ਰੱਖੇ ਜਾਣਗੇ।

## ਸਫਾ 1 ਦੇ ਬਾਕੀ...

### ਨਵਾਂ ਨਾਂਅ 'ਸ੍ਰੀ ਗੁਰੂ ...

ਨੇ ਵੀ ਉਨ੍ਹਾਂ ਦੇ ਸਮਾਜ ਬਾਰੇ ਨਹੀਂ ਸੋਚਿਆ ਪਰ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਸਮਾਜ ਦੀ ਸਾਰ ਲਈ ਹੈ ਤੇ ਖੁਦ ਇੱਥੇ ਆਏ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਬੋਧਨ ਕਰਨ ਤੋਂ ਪਹਿਲਾਂ ਪੰਜਾਬ ਦੀ ਧਰਤੀ ਨੂੰ ਸਿਜਦਾ ਕੀਤਾ। ਉਨ੍ਹਾ ਕਿਹਾ, "ਸਾਡੀ ਸਰਕਾਰ ਨੇ ਸੰਤ ਨਿਰੰਜਣ ਨੂੰ ਪਦਮਸ੍ਰੀ ਦਿੱਤਾ। ਸੰਤਾਂ ਨੇ ਹਮੇਸ਼ਾ ਬਰਾਬਰਤਾ ਦੀ ਗੱਲ ਕੀਤੀ ਹੈ।" ਉਨ੍ਹਾ ਕੇਂਦਰੀ ਬਜਟ ਦੀ ਗੱਲ ਕਰਦਿਆਂ ਦਾਅਵਾ ਕੀਤਾ ਕਿ ਇਸ ਨਾਲ ਸਪੋਰਟਸ ਇੰਡਸਟਰੀ ਨੂੰ ਕਾਫੀ ਫਾਇਦਾ ਹੋਵੇਗਾ। ਜਲੰਧਰ ਵਿਚ ਖੇਡਾਂ ਦਾ ਵੱਡਾ ਕਾਰੋਬਾਰ ਕੀਤਾ ਜਾਂਦਾ ਹੈ ਜਿਸ ਦਾ ਫਾਇਦਾ ਪੰਜਾਬ ਵਾਸੀਆਂ ਨੂੰ ਹੋਵੇਗਾ ਤੇ ਪੰਜਾਬ ਦੇ ਲੱਖਾਂ ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ।

ਮੋਦੀ ਨੇ ਕਿਹਾ ਕਿ ਇਸ ਸਾਲ ਦੇ ਬਜਟ ਵਿੱਚ ਜਲੰਧਰ, ਲੁਧਿਆਣਾ ਅਤੇ ਹੁਸ਼ਿਆਰਪੁਰ ਵਰਗੇ ਸ਼ਹਿਰਾਂ ਦੇ ਨਾਲ-ਨਾਲ ਹੋਰ ਸ਼ਹਿਰੀ ਖੇਤਰਾਂ 'ਤੇ ਧਿਆਨ ਕੇਂਦਰਤ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਆਪਣੇ ਮਿਹਨਤੀ, ਹੁਨਰਮੰਦ ਕਾਮਿਆਂ ਲਈ ਜਾਣਿਆ ਜਾਂਦਾ ਹੈ, ਅਤੇ ਉਨ੍ਹਾਂ ਸਾਰਿਆਂ ਨੂੰ ਬਜਟ ਦਾ ਲਾਭ ਮਿਲੇਗਾ। ਪੰਜਾਬ ਦੇ ਟੈਕਸਟਾਈਲ ਸੈਕਟਰ ਨੂੰ ਘੱਟੋ-ਘੱਟ ਟੈਕਸਾਂ ਨਾਲ 27 ਨਵੇਂ ਦੇਸ਼ਾਂ ਤੱਕ ਪਹੁੰਚ ਮਿਲੇਗੀ। ਜਲੰਧਰ ਦੇ ਖੇਡ ਸਾਮਾਨ ਨਿਰਮਾਤਾਵਾਂ ਨੂੰ ਵੀ ਇਸ ਬਜਟ ਤੋਂ ਲਾਭ ਹੋਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਖੁਰਾਕ ਪ੍ਰੋਸੈਸਿੰਗ ਖੇਤਰ ਨਾਲ ਜੁੜੀਆਂ ਨਵੀਆਂ ਪਹਿਲਕਦਮੀਆਂ ਰਾਹੀਂ ਪੰਜਾਬ ਦੇ ਮੋਗਾ, ਫਿਰੋਜ਼ਪੁਰ, ਹੁਸ਼ਿਆਰਪੁਰ ਅਤੇ ਬਠਿੰਡਾ ਜ਼ਿਲ੍ਹਿਆਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾ ਦੱਸਿਆ ਕਿ ਇਸ ਖੇਤਰ ਦਾ ਵਿਕਾਸ ਕਿਸਾਨਾਂ ਦੀ ਆਮਦਨ ਵਧਾਉਣ ਦੇ ਨਾਲ-ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਕਰੇਗਾ। ਉਨ੍ਹਾ ਮੁਤਾਬਕ ਖੁਰਾਕ ਪ੍ਰੋਸੈਸਿੰਗ ਵਿੱਚ ਗੁਣਵੱਤਾ ਸਭ ਤੋਂ ਮਹੱਤਵਪੂਰਨ ਹੈ ਤੇ ਭਾਰਤ ਵਿੱਚ ਤਿਆਰ ਕੀਤੇ ਜਾਣ ਵਾਲੇ ਉਤਪਾਦਾਂ 'ਤੇ 'ਮੇਕ ਇਨ ਇੰਡੀਆ' ਦਾ ਲੇਬਲ ਹੋਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਮਿਆਰ ਜਾਂ ਪੈਕਿੰਗ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾ ਕਿਹਾ, "ਵਿਦੇਸ਼ੀ ਖਰੀਦਦਾਰਾਂ ਲਈ ਉਤਪਾਦ ਵਾਜਬ ਕੀਮਤ 'ਤੇ ਅਤੇ ਉੱਚ ਗੁਣਵੱਤਾ ਵਾਲੇ ਹੋਣੇ ਲਾਜ਼ਮੀ ਹਨ। ਜੇ ਮੁੱਲ ਅਤੇ ਮਿਆਰ 'ਤੇ ਧਿਆਨ ਨਾ ਦਿੱਤਾ ਗਿਆ ਤਾਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਮਿਲਣ ਵਾਲੇ ਮੌਕਿਆਂ ਤੋਂ ਹੱਥ ਧੋ ਬੈਠਾਂਗੇ।" ਪ੍ਰਧਾਨ ਮੰਤਰੀ ਨੇ ਉਦਯੋਗਪਤੀਆਂ ਅਤੇ ਕਿਸਾਨਾਂ ਨੂੰ ਇਕੱਠੇ ਹੋ ਕੇ ਖੇਤਰ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਮੋਦੀ ਨੇ ਕਿਹਾ ਕਿ ਉਹ ਅੱਜ ਪੰਜਾਬ ਨੂੰ ਦੋ ਚੀਜ਼ਾਂ ਦੇ ਕੇ ਜਾ ਰਹੇ ਹਨ। ਇੱਕ ਤਾਂ ਅੱਜ ਤੋਂ ਆਦਮਪੁਰ ਹਵਾਈ ਅੱਡਾ ਸੰਤ ਰਵਿਦਾਸ ਦੇ ਨਾਂਅ ਨਾਲ ਜਾਣਿਆ ਜਾਵੇਗਾ, ਦੂਜਾ ਹਲਵਾਰਾ ਵਿੱਚ ਪੰਜਾਬ ਦੇ ਲੋਕਾਂ ਨੂੰ ਹਵਾਈ ਰਸਤੇ ਹੋਰ ਸ਼ਹਿਰਾਂ ਨਾਲ ਜੋੜਿਆ ਗਿਆ ਹੈ। ਇਸ ਤਹਿਤ ਇਸ ਹਵਾਈ ਅੱਡੇ ਦੇ ਨਵੇਂ ਟਰਮੀਨਲ ਦਾ ਉਦਘਾਟਨ ਕੀਤਾ ਗਿਆ ਹੈ।



**ਪੰਜਾਬ ਸਰਕਾਰ ਦੀ ਪੀ ਆਰ ਟੀ ਸੀ ਦੀ ਬੱਸ ਜੋ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੂੰ ਜਾ ਰਹੀ ਸੀ, ਬਿਲਾਸਪੁਰ ਦੇ ਨਜ਼ਦੀਕ ਐਨ ਐਚ 703 ਉੱਪਰ ਖਰਾਬ ਹੋ ਗਈ, ਜਿਸ ਵਿੱਚ ਔਰਤਾਂ ਗੁਰੂ ਘਰ ਦਰਸ਼ਨ ਕਰਨ ਜਾ ਰਹੀਆਂ ਸਨ। ਸਵਾਰੀਆਂ ਨੂੰ ਭਾਰੀ ਮੁਸ਼ਕਲ ਤੇ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪਿਆ। ਇਨ੍ਹਾਂ ਖਸਤਾ ਹਾਲਤ ਬੱਸਾਂ ਦਾ ਹੱਲ ਕਦੋਂ ਹੋਵੇਗਾ, ਇਹ ਆਉਣ ਵਾਲਾ ਵਕਤ ਹੀ ਦੱਸੂ। (ਫੋਟੋ ਤੇ ਵੇਰਵਾ : ਲਵਲੀ ਕੁਮਾਰ, ਅਜੀਤਵਾਲ)**

### ਹਲਵਾਰਾ ਅੱਡੇ ਦਾ ਨਾਂਅ...

ਇਸ ਦੀ ਵਰਤੋਂ ਕੀਤੀ ਜਾਂਦੀ ਰਹੀ ਹੈ। ਉਨ੍ਹਾ ਨੇ ਹਲਵਾਰਾ ਵਿਖੇ ਟਰਮੀਨਲ, ਜਿਸ ਨੂੰ ਹੁਣ ਜਨਤਾ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ, ਨੂੰ ਵਿਕਸਤ ਕਰਨ ਵਿੱਚ ਯੋਗਦਾਨ ਪਾਉਣ ਲਈ ਭਾਰਤੀ ਹਥਿਆਰਬੰਦ ਸੈਨਾਵਾਂ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ, ਸੂਬਾ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਇਸ ਹਵਾਈ ਅੱਡੇ ਤੋਂ ਸੰਪਰਕ ਵਧਾਉਣ ਲਈ ਭਾਰਤ ਸਰਕਾਰ ਨਾਲ ਵਿਚਾਰ-ਵਟਾਂਦਰਾ ਕਰੇਗੀ।ਪਹਿਲਾਂ ਕੀਤੇ ਗਏ ਉਪਰਾਲਿਆਂ ਨੂੰ ਯਾਦ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 22 ਮਾਰਚ, 2023 ਨੂੰ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਇੱਕ ਮਤਾ ਪਾਸ ਕੀਤਾ ਸੀ ਜਿਸ ਵਿੱਚ ਭਾਰਤ ਸਰਕਾਰ ਨੂੰ ਇੰਡੀਅਨ ਏਅਰ ਫੋਰਸ ਸਟੇਸ਼ਨ, ਹਲਵਾਰਾ, ਲੁਧਿਆਣਾ ਵਿਖੇ ਸਥਿਤ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ ਰੱਖਣ ਦੀ ਬੇਨਤੀ ਕੀਤੀ ਗਈ ਸੀ। ਹਵਾਈ ਅੱਡੇ ਦਾ ਨਾਂਅ ਉਨ੍ਹਾ ਦੇ ਨਾਂਅ 'ਤੇ ਰੱਖਣਾ ਉਨ੍ਹਾ ਦੇ ਬੇਮਿਸਾਲ ਯੋਗਦਾਨ ਨੂੰ ਇੱਕ ਨਿਮਰ ਸ਼ਰਧਾਂਜਲੀ ਹੋਵੇਗੀ।

### ਰੱਖਿਆ ਬਜਟ 'ਚ...

ਜੀ ਡੀ ਪੀ ਦਾ 4.3 ਫੀਸਦੀ ਰਹਿਣ ਦਾ ਅਨੁਮਾਨ ਹੈ, ਜੋ ਮੌਜੂਦਾ ਸਾਲ ਦੇ 4.4 ਫੀਸਦੀ ਤੋਂ ਘੱਟ ਹੈ। ਇਸੇ ਤਰ੍ਹਾਂ, ਕਰਜ਼ੇ ਅਤੇ ਜੀ ਡੀ ਪੀ ਦੇ ਅਨੁਪਾਤ ਨੂੰ 56.1 ਫੀਸਦੀ ਤੋਂ ਘਟਾ ਕੇ 55.6 ਫੀਸਦੀ ਕਰਨ ਦਾ ਟੀਚਾ ਰੱਖਿਆ ਗਿਆ ਹੈ। ਪੂੰਜੀਗਤ ਖਰਚੇ ਦਾ ਟੀਚਾ ਵਧਾ ਕੇ 12.2 ਲੱਖ ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਰੇਲਵੇ ਲਈ ਸੱਤ ਹਾਈ-ਸਪੀਡ ਕਾਰੀਡੋਰ ਅਤੇ ਪੱਛਮੀ ਬੰਗਾਲ (ਦਾਨਕੁਨੀ) ਤੋਂ ਗੁਜਰਾਤ (ਸੂਰਤ) ਤੱਕ ਇੱਕ ਨਵਾਂ ਸਮਰਪਤ ਫਰੇਟ ਕਾਰੀਡੋਰ ਬਣਾਉਣ ਦਾ ਪ੍ਰਸਤਾਵ ਹੈ।

ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਕੁੜੀਆਂ ਲਈ ਇੱਕ ਸਰਕਾਰੀ ਹੋਸਟਲ ਸਥਾਪਤ ਕੀਤਾ ਜਾਵੇਗਾ। ਬਾਇਓਫਾਰਮਾ ਖੇਤਰ ਵਿੱਚ ਅਗਲੇ 5 ਸਾਲਾਂ ਦੌਰਾਨ 10,000 ਕਰੋੜ ਰੁਪਏ ਦੇ ਨਿਵੇਸ਼ ਦਾ ਪ੍ਰਸਤਾਵ ਦਿੱਤਾ ਗਿਆ ਹੈ। ਇਲੈਕਟ੍ਰਾਨਿਕ ਨਿਰਮਾਣ ਲਈ ਬਜਟ ਵਧਾ ਕੇ 40,000 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਭਾਰਤ ਦੇ ਡਾਟਾ ਸੈਂਟਰਾਂ ਦੀ ਵਰਤੋਂ ਕਰਨ ਵਾਲੀਆਂ ਵਿਦੇਸ਼ੀ ਕਲਾਊਡ ਕੰਪਨੀਆਂ ਨੂੰ 2047 ਤੱਕ ਟੈਕਸ ਛੋਟ ਦੇਣ ਦਾ ਐਲਾਨ ਕੀਤਾ ਗਿਆ ਹੈ।

ਸੀਤਾਰਮਨ ਨੇ ਬਜਟ ਭਾਸ਼ਣ ਦੌਰਾਨ ਕਿਹਾ ਕਿ ਸਰਕਾਰ ਨੇ ਸਿਰਫ ਬਿਆਨਬਾਜ਼ੀ ਕਰਨ ਦੀ ਬਜਾਏ ਅਸਲ ਸੁਧਾਰਾਂ ਦੇ ਰਾਹ ਨੂੰ ਚੁਣਿਆ ਹੈ। ਉਨ੍ਹਾ ਭਰੋਸਾ ਦਿੱਤਾ ਕਿ ਸਰਕਾਰ ਇਹ ਯਕੀਨੀ ਬਣਾਏਗੀ ਕਿ ਆਰਥਕ ਵਿਕਾਸ ਦਾ ਲਾਭ ਹਰ ਕਿਸਾਨ, ਅਨੁਸੂਚਤ ਜਾਤੀ, ਅਨੁਸੂਚਤ ਕਬੀਲੇ ਅਤੇ ਨੌਜਵਾਨਾਂ ਤੱਕ ਪਹੁੰਚੇ।

### ਬਜਟ ਨੇ ਪੰਜਾਬ...

ਹੈ। ਉਨ੍ਹਾ ਅੱਗੇ ਕਿਹਾ ਕਿ ਬਜਟ ਭਾਸ਼ਣ ਵਿੱਚ ਸੂਬੇ ਦਾ ਕੋਈ ਜ਼ਿਕਰ ਨਹੀਂ ਹੈ। ਉਹ ਪੰਜਾਬ ਅਤੇ ਪੰਜਾਬੀਆਂ ਬਾਰੇ ਪੂਰੀ ਤਰ੍ਹਾਂ ਭੁੱਲ ਗਏ ਹਨ। ਸਿਹਤ ਦੇ ਮਾਮਲੇ ਬਾਰੇ ਉਨ੍ਹਾ ਕਿਹਾ ਕਿ ਆਯੁਸ਼ਮਾਨ ਭਾਰਤ ਯੋਜਨਾ ਦੇ ਬਜਟ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਜੋ ਕਿ 9,500 ਕਰੋੜ ਰੁਪਏ ਹੈ। ਸਵੱਛ ਭਾਰਤ ਮਿਸ਼ਨ ਦਾ ਬਜਟ ਪਿਛਲੇ ਸਾਲ 5,000 ਕਰੋੜ ਤੋਂ ਅੱਧਾ ਹੋ ਕੇ 2,500 ਕਰੋੜ ਰਹਿ ਗਿਆ। ਮਗਨਰੇਗਾ ਅਧੀਨ ਵੀ ਬੀ-ਜੀ-ਰਾਮ-ਜੀ ਬਜਟ 88,000 ਕਰੋੜ ਰੁਪਏ ਤੋਂ ਵੱਧ ਕੇ 95,692 ਕਰੋੜ ਰੁਪਏ ਹੋ ਗਿਆ ਹੈ।ਇਸ ਤੋਂ ਇਲਾਵਾ ਉਨ੍ਹਾ ਕਿਹਾ ਕਿ ਸਰਹੱਦੀ ਬੁਨਿਆਦੀ ਢਾਂਚਾ ਅਤੇ ਪ੍ਰਬੰਧਨ ਯੋਜਨਾ (ਕੇਂਦਰੀ ਯੋਜਨਾ) ਦਾ ਬਜਟ ਪਿਛਲੇ ਸਾਲ ਜੇ 5,597 ਕਰੋੜ ਰੁਪਏ ਤੋਂ ਘਟਾ ਕੇ ਮੌਜੂਦਾ ਬਜਟ ਵਿੱਚ 5,577 ਕਰੋੜ ਰੁਪਏ ਕਰ ਦਿੱਤਾ ਗਿਆ ਹੈ।

## ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਬਾਬਾ ਸੰਗਤ ਸਿੰਘ ਨਵੀ ਸਰਾਂਪੱਤੀ ਤੋਂ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ ਤੇ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ।ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿਚੋਂ ਗੁਜਰਦਾ ਹੋਇਆ ਗੁਰਦੁਆਰਾ ਨਵੀਂ ਸਰਾਂਪਤੀ ਵਿਖੇ ਸੰਪੰਨ ਹੋਇਆ।ਸਕੂਲੀ ਬੱਚਿਆਂ, ਫੌਜੀ ਬੈਂਡ ਨੇ ਵੀ ਨਗਰ ਕੀਰਤਨ ਦੀ ਰੌਣਕ ਵਧਾਈ ਹੋਈ ਸੀ ਤੇ ਰਸਤੇ ਵਿਚ ਸਵਾਗਤੀ ਗੇਟ ਵੀ ਲਗਾਏ ਹੋਏ ਸਨ।ਨਗਰ ਕੀਰਤਨ 'ਚ ਵਿਧਾਇਕ ਰਾਜਿੰਦਰ ਸਿੰਘ, ਪਰਮਜੀਤ ਸਿੰਘ, ਕੌਂਸਲਰ ਹਰਪ੍ਰੀਤ ਸਿੰਘ ਕੁੱਕਾ, ਗੁਰਜੀਤ ਬੱਲੀ, ਰਮਨ ਕੁਮਾਰ, ਰਾਜਿੰਦਰ ਸਿੰਘ, ਨਰਿੰਦਰ ਸਿੰਘ, ਸੰਦੀਪ ਸਿੰਘ, ਮੇਲੋ ਮਾਤਾ, ਐਡਵੋਕੇਟ ਜਸਵੀਰ ਸਿੰਘ, ਧਰਮਪਾਲ, ਸਤੀਸ਼ ਅਨੇਜਾ, ਸੁਰੇਸ਼ ਕੁਮਾਰ, ਰਾਮ, ਜੱਸਾ ਚੱਕੀ ਵਾਲਾ, ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ ਬੱਗਾ, ਹੀਰਾ ਜੈਨ, ਦੀਪੂ ਬਾਲੀ ਆਦਿ ਵੀ ਸ਼ਾਮਲ ਸਨ।ਸ੍ਰੀ ਗੁਰੂ ਰਵਿਦਾਸ ਨੌਜਵਾਨ ਸੁਸਾਇਟੀ, ਲੁਹਾਰਾ ਬਜ਼ਾਰ ਵੱਲੋਂ ਪਾਲ ਚੰਦ ਭੱਟੀ, ਰਿਪਲ ਕੁਮਾਰ, ਪਰਮਿੰਦਰ ਬਿੱਟੂ, ਮਨਜੀਤ ਸਿੰਘ ਜੇ.ਈ., ਸੁਰੇਸ਼ ਕੁਮਾਰ, ਦੇਸ ਰਾਜ, ਹੀਰਾ ਲਾਲ, ਪ੍ਰਿੰਸ ਕੁਮਾਰ, ਰਿੰਕੂ ਕੁਮਾਰ ਤੇ ਗੋਪੀ ਵੱਲੋਂ ਜਿਥੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕਰਦਿਆਂ ਫ਼ਲ ਵੰਡਿਆ, ਉਥੇ ਹੀ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।

## 50 ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ



**ਮੂਨਕ (ਰਾਜਪਾਲ ਸਿੰਗਲਾ)**-ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਗੋਬਿੰਦਗੜ੍ਹ ਪਾਪੜਾ, ਸਲੇਮਗੜ੍ਹ, ਸ਼ੇਰਗੜ੍ਹ ਸੀਹਾ ਸਿੰਘ ਵਾਲਾ, ਬੁਸ਼ਹਿਰਾ, ਬੰਗਾ, ਮੰਡਵੀ, ਸ਼ਾਹਪੁਰ ਥੇੜ੍ਹੀ, ਬੋਪੁਰ, ਬਨਾਰਸੀ, ਚੱਠਾ ਗੋਬਿੰਦਪੁਰਾ, ਬਿਸ਼ਨਪੁਰਾ ਖੋਖਰ ਅਤੇ ਗਨੋਟਾ ਵਿਖੇ ਵੱਖ-ਵੱਖ ਸੜਕੀ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ।ਇਨ੍ਹਾਂ ਪ੍ਰੋਜੈਕਟਾਂ ਤਹਿਤ ਕਰੀਬ 58 ਕਰੋੜ ਰੁਪਏ ਦੀ ਲਾਗਤ ਨਾਲ 50 ਕਿਲੋਮੀਟਰ ਤੋਂ ਵੱਧ ਲੰਬਾਈ ਵਾਲੀਆਂ ਪੇਂਡੂ ਲਿੰਕ ਸੜਕਾਂ ਦੀ ਮੁਰੰਮਤ, ਸੜਕਾਂ ਨੂੰ ਚੌੜਾ ਕਰਨ ਤੇ ਨਵੀਨੀਕਰਨ ਦੇ ਕੰਮ ਕੀਤੇ ਜਾਣਗੇ।ਇਨ੍ਹਾਂ ਸੜਕਾਂ ਦੇ ਤਿਆਰ ਹੋਣ ਨਾਲ ਪਿੰਡਾਂ ਦਾ ਆਪਸੀ ਰਾਬਤਾ ਮਜ਼ਬੂਤ ਹੋਵੇਗਾ ਤੇ ਲੋਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਤੇ ਤੇਜ਼ ਆਵਾਜਾਈ ਦੀ ਸਹੂਲਤ ਮਿਲੇਗੀ।ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਪੇਂਡੂ ਵਿਕਾਸ ਨੂੰ ਤਰਜ਼ੀਹ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਜ਼ਬੂਤ ਸੜਕੀ ਢਾਂਚਾ ਖੇਤੀਬਾੜੀ, ਵਪਾਰ ਤੇ ਉਦਯੋਗ ਲਈ ਰੀੜ੍ਹ ਦੀ ਹੱਡੀ ਹੈ।ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹਲਕਾ ਲਹਿਰਾ ਦੇ ਵਿਕਾਸ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਤੇ ਇਲਾਕੇ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾ ਰਹੀ।ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲੇ ਪਾਣੀ, ਸਿਹਤ, ਸਿੱਖਿਆ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟ ਚੱਲ ਰਹੇ ਹਨ, ਜਿਨ੍ਹਾਂ ਨਾਲ ਆਉਣ ਵਾਲੇ ਸਮੇਂ ਵਿੱਚ ਹਲਕਾ ਲਹਿਰਾ ਦੀ ਤਸਵੀਰ ਪੂਰੀ ਤਰ੍ਹਾਂ ਬਦਲ ਜਾਵੇਗੀ।

## ਪੰਜਾਬ ਬਣ ਚੁੱਕਾ ਜੰਗਲ ਰਾਜ : ਐਡਵੋਕੇਟ ਖੇੜੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਦਿਨ ਦਿਹਾੜੇ ਵਾਪਰ ਰਹੀਆਂ ਲੁੱਟਾਂ ਖੋਹਾਂ, ਲੋਕਾਂ ਦੇ ਕਤਲ ਦੀਆਂ ਘਟਨਾਵਾਂ ਇਕ ਆਮ ਗੱਲ ਬਣ ਕੇ ਰਹਿ ਗਈ ਹੈ।ਇਹ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਕੀਤਾ।ਉਨ੍ਹਾਂ ਕਿਹਾ ਕਿ ਦਿੱਲੀ ਦੇ ਇਕ ਸਾਬਕਾ ਮੰਤਰੀ ਦੇ ਕੁੱਝ ਮਹੀਨੇ ਪਹਿਲਾਂ ਦਿੱਤੇ ਬਿਆਨ ਉਪਰ ਪੰਜਾਬ ਪੁਲਿਸ ਪਹਿਰਾ ਦਿੰਦੇ ਹੋਏ ਫੇਕ ਇਨਕਾਊਂਟਰ, ਆਮ ਲੋਕਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ, ਜਿਸ ਦੀ ਤਾਜ਼ਾ ਮਿਸਾਲ ਲੁਧਿਆਣਾ ਦੇ ਰਣਜੋਤ ਸਿੰਘ ਟੈਕਸੀ ਡਰਾਈਵਰ ਨੌਜਵਾਨ ਤੋਂ ਮਿਲਦੀ ਹੈ, ਜੋ ਸਖਤ ਮਿਹਨਤ ਕਰਕੇ ਆਪਣਾ ਪਰਵਾਰ ਪਾਲ ਰਿਹਾ ਹੈ, ਜਿਸ ਨੂੰ ਪੰਜਾਬ ਪੁਲਸ ਨੇ ਇਸ ਹੱਦ ਤੱਕ ਤਸੀਹੇ ਦਿੱਤੇ ਜਿਵੇਂ ਕਿ ਉਹ ਨੌਜਵਾਨ ਕੋਈ ਖਤਰਨਾਕ ਅੱਤਵਾਦੀ ਹੋਵੇ।ਉਸ 'ਤੇ ਨਜਾਇਜ਼ ਤਸ਼ੱਦਦ ਢਾਹ ਕੇ ਨਹੁੰ ਤੱਕ ਨੋਚ ਦਿੱਤੇ ਗਏ।ਐਡਵੋਕੇਟ ਖੇੜੀ ਨੇ ਸ਼ਪੱਸ਼ਟ ਕਿਹਾ ਕਿ ਭਵਿੱਖ ਵਿੱਚ ਸੂਬੇ ਅੰਦਰ ਕਾਂਗਰਸ ਦੀ ਸਰਕਾਰ ਆਉਣ 'ਤੇ ਧੱਕੇਸ਼ਾਹੀਆਂ ਦਾ ਹਿਸਾਬ ਬਰਾਬਰ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਨੌਜਵਾਨ ਉਪਰ ਤਸ਼ੱਦਦ ਕਰਨ ਵਾਲਿਆਂ ਉੱਪਰ ਸਖਤ ਧਾਰਾਵਾਂ ਤਹਿਤ ਪਰਚਾ ਦਰਜ ਕਰਕੇ ਪੀੜਤ ਨੂੰ ਇਨਸਾਫ਼ ਦਿੱਤਾ ਜਾਵੇ।

## 30 ਪਰਵਾਰ ਭਾਜਪਾ 'ਚ ਸ਼ਾਮਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਮਹਿਰਾਜ ਵਿਖੇ ਰਾਜਪਾਲ ਸਿੰਘ ਦੇ ਘਰ ਭਾਰਤੀ ਜਨਤਾ ਪਾਰਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਬਠਿੰਡਾ (ਦਿਹਾਤੀ) ਦੀ ਅਗਵਾਈ ਹੇਠ ਹੋਈ।ਇਸ ਮੌਕੇ 30 ਪਰਵਾਰਾਂ ਨੂੰ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਕਰਾਇਆ, ਜਿਨ੍ਹਾਂ ਦਾ ਕਹਿਣਾ ਸੀ ਕਿ ਅਸੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ਼ ਭਰ ਵਿੱਚ ਚਲਾਈਆਂ ਲੋਕ ਪੱਖੀ ਸਕੀਮਾਂ ਤੋਂ ਖੁਸ਼ ਹੋ ਕੇ ਭਾਜਪਾ ਦਾ ਪੱਲਾ ਫੜਿਆ ਹੈ।ਸ਼ਾਮਲ ਹੋਣ ਵਾਲੇ ਵਿਅਕਤੀਆਂ ਵਿੱਚ ਸਤਨਾਮ ਸਿੰਘ, ਕ੍ਰਿਸ਼ਨ ਸਿੰਘ, ਗੁਰਮੇਲ ਸਿੰਘ, ਅਰਸ਼ਦੀਪ ਸਿੰਘ, ਛਿੰਦਾ ਸਿੰਘ, ਮਨਪ੍ਰੀਤ ਸਿੰਘ, ਤਾਰਾ ਸਿੰਘ, ਪੰਮੀ ਕੌਰ, ਪਾਲੋ ਕੌਰ, ਸੁੱਖੀ ਕੌਰ, ਭੋਲੀ ਕੌਰ, ਸ਼ਿੰਦਰਪਾਲ ਕੌਰ, ਬਿੰਦਰ ਕੌਰ, ਸ਼ਿੰਦਰ ਕੌਰ, ਬੇਅੰਤ ਕੌਰ, ਕਿਰਨਾ ਕੌਰ, ਪ੍ਰੀਤੋ ਕੌਰ, ਪ੍ਰੀਤਮ ਕੌਰ, ਲਛਮਣ ਸਿੰਘ, ਸ਼ੱਬੂ ਸਿੰਘ, ਮਿੱਨਾ ਸਿੰਘ, ਕਾਕਾ ਸਿੰਘ, ਦਰਸ਼ਨ ਸਿੰਘ,ਪਾਲੀ ਸਿੰਘ, ਜੰਟਾ ਸਿੰਘ, ਕੁਲਦੀਪ ਸਿੰਘ, ਨਿੱਕੀ ਕੌਰ, ਕਾਕਾ ਸਿੰਘ, ਸਾਬਾ ਸਿੰਘ, ਜੰਟਾ ਸਿੰਘ, ਚਮਕੌਰ ਸਿੰਘ ਆਦਿ ਸ਼ਾਮਿਲ ਹਨ।ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਨੇ ਕਿਹਾ ਹਰ ਵਰਕਰ ਨੂੰ ਪਾਰਟੀ ਵਿੱਚ ਬਣਦਾ ਸਨਮਾਨ ਦਿੱਤਾ ਜਾਵੇਗਾ।

## ਬਰਸਾਤੀ ਪਾਣੀ ਦੀ ਨਿਕਾਸੀ ਲਈ ਪੈ ਰਹੀ ਨਵੀਂ ਪਾਈਪ ਲਾਈਨ ਦੇ ਕੰਮ ਦਾ ਲਿਆ ਜਾਇਜ਼ਾ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-300 ਮੀਟਰ ਦੀ ਨਵੀਂ ਪਾਈਪ ਲਾਈਨ ਪਾ ਕੇ ਬਰਸਾਤੀ ਪਾਣੀ ਨੂੰ ਕੰਟਰੋਲ ਕੀਤਾ ਜਾਵੇਗਾ।ਇਸ ਤੋਂ ਬਾਅਦ ਸ਼ਹਿਰ ਵਾਸੀਆਂ ਨੂੰ ਬਰਸਾਤੀ ਪਾਣੀ ਤੋਂ ਨਿਜ਼ਾਤ ਮਿਲੇਗੀ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬੀਡੀਪੀਓ ਦਫਤਰ ਸਾਹਮਣੇ ਨਵੀਂ ਪਾਈ ਜਾ ਰਹੀ ਪਾਈਪ ਲਾਈਨ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਬਰਸਾਤੀ ਪਾਣੀ ਦੀ ਨਿਕਾਸੀ ਅਤੇ ਡਿਸਪੋਜਲ ਪਲਾਂਟਾਂ ਦੇ ਲਈ ਕੁੱਲ 50 ਲੱਖ ਰੁਪਏ ਦੀ ਲਾਗਤ ਨਾਲ ਕੰਮ ਕਰਾਇਆ ਜਾ ਰਿਹਾ ਹੈ।ਕਰੀਬ 24 ਲੱਖ ਰੁਪਏ ਦੀ ਲਾਗਤ ਦੇ ਨਾਲ ਸਰਹਿੰਦ ਮੰਡੀ ਵਿਖੇ ਬਰਸਾਤੀ ਪਾਣੀ ਦੀ ਨਿਕਾਸੀ ਦੇ ਲਈ 300 ਮੀਟਰ ਪਾਈਪ ਲਾਈਨ ਵਿਛਾਈ ਗਈ ਹੈ। ਇਸ ਤੋਂ ਇਲਾਵਾ 2 ਮੋਟਰਾਂ ਲਾਈਆਂ ਗਈਆਂ ਹਨ, ਜੋ ਬਰਸਾਤੀ ਪਾਣੀ ਨੂੰ ਪਾਈਪ ਲਾਈਨ ਰਾਹੀਂ ਬਾਹਰ ਸੁੱਟਣਗੀਆਂ।ਇਸ ਤੋਂ ਇਲਾਵਾ ਇਕ ਮੋਟਰ ਬ੍ਰਾਹਮਣ ਮਾਜਰਾ, ਇੱਕ ਮੋਟਰ ਦੁਸ਼ਹਿਰਾ ਗਰਾਊਂਡ ਡਿਸਪੋਜਲ ਪੁਆਇੰਟ, ਤਿੰਨ ਮੋਟਰਾਂ ਸ਼ੇਖੂਪੁਰੇ ਡਿਸਪੋਜਲ ਪੁਆਇੰਟ ਤੇ ਲਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਬਰਸਾਤਾਂ ਦੇ ਦੌਰਾਨ ਸਰਹਿੰਦ ਮੰਡੀ ਵਿਖੇ ਸ਼ਹਿਰ ਵਾਸੀਆਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ, ਉਨ੍ਹਾਂ ਦੀ ਸਮੱਸਿਆ ਨੂੰ ਦੇਖਦਿਆਂ ਇਹ ਨਵੀਂ ਪਾਈਪ ਲਾਈਨ ਵਿਛਾਈ ਗਈ ਹੈ ਜੋ ਬਰਸਾਤੀ ਪਾਣੀ ਨੂੰ ਸ਼ਹਿਰ ਤੋਂ ਬਾਹਰ ਕਰੇਗੀ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸੁੰਦਰੀਕਰਨ ਦੇ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਮੇਨ ਸੜਕ ਉੱਤੇ ਲਾਈਟਾਂ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਸ਼ਹਿਰ ਦੇ ਅੰਦਰ ਕਮਿਊਨਿਟੀ ਹਾਲ ਉਸਾਰੇ ਜਾ ਰਹੇ ਹਨ ਤਾਂ ਜੋ ਹਰ ਜ਼ਰੂਰਤਮੰਦ ਤੇ ਆਰਥਿਕ ਪੱਖੋਂ ਕਮਜ਼ੋਰ ਵਿਅਕਤੀ ਮਹਿੰਗੇ ਪੈਲੇਸਾਂ ਤੋਂ ਬਚ ਸਕੇ ਅਤੇ ਆਪਣੇ ਛੋਟੇ ਮੋਟੇ ਕਾਰਜ ਇਨ੍ਹਾਂ ਕਮਿਊਨਿਟੀ ਹਾਲ ਦੇ ਵਿੱਚ ਕਰ ਸਕੇ।ਏਥੇ ਹੀ ਬੱਸ ਨਹੀਂ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਨਾਲ ਜੋੜਿਆ ਜਾ ਰਿਹਾ ਹੈ ਤਾਂ ਜੁ ਕੋਈ ਵੀ ਵਿਅਕਤੀ ਇਲਾਜ ਪੱਖੋਂ ਬਿਮਾਰੀ ਦਾ ਸ਼ਿਕਾਰ ਨਾ ਹੋਵੇ।ਪੰਜਾਬ ਸਰਕਾਰ ਜਿੱਥੇ ਸੂਬੇ ਨੂੰ ਰੰਗਲਾ ਪੰਜਾਬ ਬਣਾਵੇਗੀ, ਉਥੇ ਹੀ ਤੰਦਰੁਸਤ ਪੰਜਾਬ ਵੀ ਬਣੇਗਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਲਾਮਬੰਦੀ

**ਧਾਰੀਵਾਲ, (ਮਨਦੀਪ ਵਿੱਕੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਅਤੇ ਸਕੱਤਰ ਸਤਨਾਮ ਸਿੰਘ ਖਾਨਮਲੱਕ ਦੀ ਮੌਜੂਦਗੀ ਵਿੱਚ ਪਿੰਡ ਧਾਰੀਵਾਲ ਕਲਾਂ ਦੀ ਕੋਰ ਕਮੇਟੀ ਦੀ ਮੀਟਿੰਗ ਪ੍ਰਧਾਨ ਗੁਰਦੀਪ ਸਿੰਘ ਤੇ ਬੀਬੀ ਪ੍ਰਧਾਨ ਬਲਵਿੰਦਰ ਕੌਰ ਦੀ ਅਗਵਾਈ ਹੇਠ ਹੋਈ।



ਮੀਟਿੰਗ ਦੌਰਾਨ ਇਕਾਈ ਧਾਰੀਵਾਲ ਕਲਾਂ ਦੇ ਫੰਡ ਅਤੇ ਮੈਂਬਰਸਿਪ ਦਾ ਲੇਖਾ ਜੋਖਾ ਕਰਨ ਤੋਂ ਇਲਾਵਾ ਭਖਵੇਂ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਅਤੇ ਆਉਣ ਵਾਲੇ ਸੰਘਰਸ਼ਾਂ ਦੀ ਤਿਆਰੀ ਲਈ ਲਾਮਬੰਦ ਕੀਤਾ ਗਿਆ। ਇਸ ਮੌਕੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ, ਸਕੱਤਰ ਸਤਨਾਮ ਸਿੰਘ ਖਾਨਮਲੱਕ ਆਦਿ ਆਗੂਆਂ ਨੇ ਕਿਹਾ ਚਿੱਪ ਵਾਲੇ ਬਿਜਲੀ ਮੀਟਰ ਨਹੀਂ ਲੱਗਣ ਦਿਆਂਗੇ ਅਤੇ ਲੱਗੇ ਹੋਏ ਚਿੱਪ ਵਾਲੇ ਮੀਟਰ ਲਾਹ ਕੇ ਸਬੰਧਿਤ ਸਬ ਡਿਵੀਜ਼ਨਾਂ ਵਿੱਚ ਜਮ੍ਹਾ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰ 2025 ਐਕਟ ਵਾਪਸ ਨਹੀਂ ਲੈਂਦੀ, ਪਹਿਲਾਂ ਦੀ ਤਰ੍ਹਾਂ ਸਾਦੇ ਕਾਲੇ ਗਰਾਰੀ ਵਾਲੇ ਮੀਟਰ ਲਗਾਉਣੇ ਬਹਾਲ ਨਹੀਂ ਕਰਦੀ ਅਤੇ ਹੱਕੀ ਮੰਗਾਂ ਨਹੀਂ ਮੰਨਦੀ ਜਥੇਬੰਦੀ ਵੱਲੋਂ ਸੰਘਰਸ਼ ਜਾਰੀ ਰਹੇਗਾ। ਕਿਸਾਨ ਮਜ਼ਦੂਰ ਮੋਰਚਾ (ਕੇਐੱਮਐੱਮ) ਦੇ ਉਲੀਕੇ ਪ੍ਰੋਗਰਾਮ ਮੁਤਾਬਿਕ 5 ਫਰਵਰੀ ਨੂੰ ਐੱਮਐੱਲਏ, ਐੱਮਪੀ ਅਤੇ ਮੰਤਰੀਆਂ ਦੇ ਘਰਾਂ ਅੱਗੇ 4 ਘੰਟੇ ਦਾ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਪ੍ਰਧਾਨ ਗੁਰਦੀਪ ਸਿੰਘ, ਬੀਬੀ ਪ੍ਰਧਾਨ ਬਲਵਿੰਦਰ ਕੌਰ, ਮਨਦੀਪ ਕੌਰ, ਸਕੱਤਰ ਜੋਗਿੰਦਰ, ਖਜਾਨਚੀ ਕਰਮਜੀਤ ਸਿੰਘ, ਕਸ਼ਮੀਰ ਸਿੰਘ ਹਰਚਰਨ ਸਿੰਘ, ਸਤਨਾਮ ਸਿੰਘ, ਮੰਗਲ ਸਿੰਘ, ਜੋਗਿੰਦਰ ਸਿੰਘ, ਸੀਤਲ ਸਿੰਘ, ਯੋਗਰਾਜ ਸਿੰਘ, ਭਗਤ ਸਿੰਘ, ਪ੍ਰੀਤਮ ਸਿੰਘ, ਗੁਰਮੁੱਖ ਸਿੰਘ, ਜੋਗਾ ਸਿੰਘ, ਜਸਪਾਲ ਸਿੰਘ, ਮਨਦੀਪ ਕੌਰ, ਜਗਿੰਦਰੋ, ਸੰਦੀਪ, ਸਰਬਜੀਤ ਕੌਰ, ਕਸ਼ਮੀਰੋ, ਰਾਜੀ ਆਦਿ ਸ਼ਾਮਲ ਸਨ।

# ਕਟਾਰੂਚੱਕ ਵੱਲੋਂ ਸਰਨਾ ਵਿਖੇ ਸਿੱਖਿਆ ਵਿਭਾਗ ਦੀ ਜਾਗਰੂਕਤਾ ਵੈਨ ਨੂੰ ਹਰੀ ਝੰਡੀ

**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਸਰਕਾਰ ਨੇ ਪੂਰੇ ਪੰਜਾਬ ਅੰਦਰ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ। ਨਤੀਜੇ ਵਜੋਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਸੰਖਿਆ ਵਿੱਚ ਵਾਧਾ ਹੋਇਆ। ਇਸੇ ਉਦੇਸ਼ ਨਾਲ ਸਿੱਖਿਆ ਵਿਭਾਗ ਵੱਲੋਂ ਜਾਗਰੂਕਤਾ ਵੈਨ ਰਵਾਨਾ ਕੀਤੀ ਗਈ, ਜਿਸ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਅੰਦਰ ਚਲਾਈ ਜਾ ਰਹੀ ਦਾਖਲਾ ਮੁਹਿੰਮ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਨੇ ਸਰਨਾ ਵਿਖੇ ਸਿੱਖਿਆ ਵਿਭਾਗ ਵੱਲੋਂ ਚਲਾਈ ਗਈ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾਉਣ ਮਗਰੋਂ ਕੀਤਾ। ਇਸ ਮੌਕੇ ਕਮਲਦੀਪ ਕੌਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੈਕੰਡਰੀ ਅਤੇ ਐਲੀਮੈਂਟਰੀ, ਡੀਜੀ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ, ਬਲਜਿੰਦਰ ਕੌਰ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ, ਸੋਹਣ ਲਾਲ ਸਾਬਕਾ ਕੌਂਸਲਰ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਸਿੱਖਿਆ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਠਾਨਕੋਟ ਦੇ ਅੰਦਰ ਸਿੱਖਿਆ ਵਿਭਾਗ ਵੱਲੋਂ ਇੱਕ ਨਿਵੇਕਲੀ ਪਹਿਲਕਦਮੀ ਕਰਦਿਆਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਰਜਿਸਟਰੇਸ਼ਨ ਸਬੰਧੀ ਜਾਗਰੂਕ ਕਰਨ ਦੇ ਲਈ ਇੱਕ ਵਿਸ਼ੇਸ਼ ਜਾਗਰੂਕਤਾ ਵੈਨ ਰਵਾਨਾ ਕੀਤੀ ਗਈ ਹੈ, ਜਿਸ ਦਾ ਮੁੱਖ ਉਦੇਸ਼ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਜਾਗਰੂਕ ਕਰਨਾ ਹੈ। ਉਨ੍ਹਾਂ ਜ਼ਿਲ੍ਹਾ ਪਠਾਨਕੋਟ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਬਹੁਤ ਵੱਡੇ ਪੱਧਰ 'ਤੇ ਸਰਕਾਰੀ ਸਕੂਲਾਂ ਦੇ ਅੰਦਰ ਬਦਲਾਅ ਲਿਆਂਦੇ ਗਏ ਹਨ, ਵਿਦੇਸ਼ਾਂ ਤੋਂ ਸਰਕਾਰੀ ਸਕੂਲਾਂ ਦੇ ਟੀਚਰਾਂ ਨੂੰ ਵਿਸ਼ੇਸ਼ ਤੌਰ 'ਤੇ ਟ੍ਰੇਨਿੰਗ ਦਿੱਤੀ ਗਈ ਹੈ ਤਾਂ ਜੋ ਬੱਚਿਆਂ ਦਾ ਭਵਿੱਖ ਉਜਵਲ ਹੋ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀ ਸਿਹਤ ਅਤੇ ਚੰਗੀ ਸਿੱਖਿਆ ਪ੍ਰਦਾਨ ਕਰਨ ਦਾ ਜੋ ਵਾਅਦਾ ਕੀਤਾ ਸੀ ਉਹ ਪੂਰਾ ਕਰਦਿਆਂ ਪੰਜਾਬ ਸਰਕਾਰ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਬਹੁਤ ਵੱਡੇ ਬਦਲਾਅ ਕੀਤੇ ਹਨ ਅਤੇ ਲੋਕਾਂ ਨੂੰ ਚਾਹੀਦਾ ਹੈ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਕਾਰਜਾਂ ਤੋਂ ਲਾਭ ਪ੍ਰਾਪਤ ਕਰਦੇ ਹੋਏ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਦਾਖਲ ਕਰਵਾਇਆ ਜਾਵੇ।



# ਆਰਜ਼ੀ ਚੌਂਕ ਨੂੰ ਪੱਕਾ ਕਰਨ ਦਾ ਨੀਂਹ ਪੱਥਰ ਰੱਖਿਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਮਹਾਨ ਤਪੱਸਵੀ ਧੰਨ-ਧੰਨ ਬਾਬਾ ਸ੍ਰੀ ਚੰਦ ਜੀ ਦੇ ਇੱਕ ਸਾਲ ਪਹਿਲਾਂ ਬਣਾਏ ਗਏ ਆਰਜ਼ੀ ਚੌਂਕ ਨੂੰ ਮਾਰਗ ਦਾ ਨਵੀਨੀਕਰਣ ਕਰਨ ਲਈ ਦੀਨਾਨਗਰ ਦੀਆਂ ਸਾਰੀਆਂ ਸੰਗਤਾਂ ਦੇ ਸਹਿਯੋਗ ਨਾਲ ਇੱਕਠ ਹੋਇਆ ਅਤੇ ਪੱਕਾ ਸਥਾਈ ਚੌਂਕ ਤਿਆਰ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਜਥੇਦਾਰ ਮਨਜੀਤ ਸਿੰਘ ਮੰਨਾ ਮਿਸਲ ਸ਼ਹੀਦਾਂ ਤਰਨਾ ਦਲ ਪਿੰਡ ਆਵਾਂਖਾ ਵੱਲੋਂ ਅਰਦਾਸ ਉਪਰੰਤ ਟੱਕ ਲਗਾ ਕੇ ਚੌਂਕ ਨੂੰ ਤਿਆਰ ਕਰਨ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮਨਵਿੰਦਰ ਸਿੰਘ ਅਵਾਂਖਾ, ਦਲਬੀਰ ਸਿੰਘ ਬਿੱਲਾ ਭਟੋਆ, ਚਰਨਜੀਤ ਸਿੰਘ ਗਿੱਲ, ਬਾਦਸ਼ਾਹ ਮਾਨ, ਦਲਬੀਰ ਸਿੰਘ ਸੁਲਤਾਨੀ, ਰਾਜੂ ਸੰਗਰ, ਅਮਨਦੀਪ ਸਿੰਘ ਕੋਠੇ ਜੱਟਾਂ, ਅਮਨ ਕੁਮਾਰ, ਬਾਬਾ ਦਲਬੀਰ ਸਿੰਘ, ਗੁਰਮੀਤ ਸਿੰਘ ਡੀਐੱਸ ਬਲਜਿੰਦਰ ਸਿੰਘ ਅਵਾਂਖਾ, ਸੁਖਵਿੰਦਰ ਸਿੰਘ, ਗੁਰਨਾਮ ਸਿੰਘ ਆਦਿ ਹਾਜ਼ਰ ਸਨ। ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿੱਚ ਧੰਨ-ਧੰਨ ਬਾਬਾ ਸ੍ਰੀ ਚੰਦ ਜੀ ਚੌਂਕ ਨੂੰ ਪੂਰਾ ਕਰਨ ਦਾ ਪ੍ਰਣ ਲਿਆ।

# ਸ਼ੈਰੀ ਕਲਸੀ ਸ਼ੋਭਾ ਯਾਤਰਾ ਦੌਰਾਨ ਹੋਏ ਨਤਮਸਤਕ



**ਬਟਾਲਾ, (ਡਾ. ਮਲਵਿੰਦਰ ਸਿੰਘ)**- ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਮੁਬਾਰਕਾਂ ਦਿੱਤੀਆਂ ਹਨ। ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਵਿਖੇ ਸਜਾਈ ਸ਼ੋਭਾ ਯਾਤਰਾ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਪਿਆਰ, ਹਮਦਰਦੀ ਅਤੇ ਬਰਾਬਰੀ ਦਾ ਦਿੱਤਾ ਸੰਦੇਸ਼ ਸਾਨੂੰ ਆਉਣ ਵਾਲੇ ਸਮੇਂ ਵਿਚ ਵੀ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਮਨੁੱਖੀ ਕਦਰਾਂ-ਕੀਮਤਾਂ ਨੂੰ ਬਣਾਏ ਰੱਖਣ ਦੀ ਭਾਵਨਾ ਨੂੰ ਉਭਾਰਿਆ ਅਤੇ ਉਹ ਸਮੁੱਚੇ ਸਮਾਜ ਲਈ ਅੱਜ ਵੀ ਗਿਆਨ ਦਾ ਸਰੋਤ ਬਣੇ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਜ਼ਿੰਦਗੀ ਅਤੇ ਸਿੱਖਿਆਵਾਂ ਸਾਨੂੰ ਹਮੇਸ਼ਾ ਅਜਿਹਾ ਸਮਾਜ ਸਿਰਜਣ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ ਜੋ ਕਿ ਜਾਤ-ਪਾਤ ਰਹਿਤ ਹੋਵੇ ਅਤੇ ਜਿੱਥੇ ਸਭ ਨੂੰ ਬਣਦਾ ਮਾਣ-ਸਨਮਾਨ ਮਿਲੇ। ਅਜਿਹਾ ਸਮਾਜ ਧਰਮ, ਜਾਤੀ ਅਤੇ ਲਿੰਗ ਭੇਦਭਾਵ ਤੋਂ ਉੱਪਰ ਹੈ।

# ਗੁੱਜਰ ਭਾਈਚਾਰੇ ਵੱਲੋਂ ਵਣ ਵਿਭਾਗ ਦੀ ਜਗ੍ਹਾ 'ਤੇ ਨਾਜਾਇਜ਼ ਕਬਜ਼ੇ, ਪ੍ਰਸ਼ਾਸਨ ਬਣਿਆ ਮੂਕਦਰਸ਼ਕ

**ਵੇਰਕਾ (ਰਾਣਾ)**- ਨਹਿਰੀ ਤੇ ਸਿੰਚਾਈ ਵਿਭਾਗ ਪੰਜਾਬ ਸਰਕਾਰ ਅੱਪਰਬਾਰੀ-ਦੋਆਬ ਨਹਿਰ ਸਰਕਲ ਕੱਥੂਨੰਗਲ ਦੇ ਆਸ-ਪਾਸ ਜੰਗਲਾਤ ਵਿਭਾਗ ਵੱਲੋਂ ਰੁੱਖ ਲਗਾਏ ਜਾਣ ਵਾਸਤੇ ਛੱਡੀ ਗਈ ਜਗ੍ਹਾ ਉਪਰ ਵਿਭਾਗ ਦੇ ਕੁਝ ਇਕ ਅਧਿਕਾਰੀਆਂ ਦੀ ਕਥਿਤ ਮਿਲੀਭੁਗਤ ਨਾਲ ਉਪਰੋਕਤ ਨਹਿਰ ਕਿਨਾਰੇ ਡੇਰੇ ਲਾਈ ਬੈਠੇ ਗੁੱਜਰ ਭਾਈਚਾਰੇ ਵੱਲੋਂ ਨਾਜਾਇਜ਼ ਤੌਰ 'ਤੇ ਕਬਜ਼ਾ ਕੀਤਾ ਹੋਇਆ ਹੈ। ਇਸ ਬਾਬਤ ਵਣ ਵਿਭਾਗ ਦੇ ਅਧਿਕਾਰੀ ਭਲੀਭਾਂਤ ਜਾਣਦੇ ਹੋਏ ਵੀ ਮੂਕ-ਦਰਸ਼ਕ ਬਣੇ ਹੋਏ ਹਨ। ਇਹੀ ਸਵਾਲ ਨੇੜਲੇ ਇਲਾਕੇ ਭਰ ਦੇ ਪਿੰਡਾਂ ਦੇ ਵਸਨੀਕਾਂ ਲਈ ਅਜੀਬੋ ਗਰੀਬ ਬਣਿਆ ਪਿਆ ਕਿ ਆਖਿਰਕਾਰ ਇਨ੍ਹਾਂ ਵਿਰੁੱਧ ਵਣ ਵਿਭਾਗ ਪੰਜਾਬ ਸਰਕਾਰ ਕੋਈ ਕਾਨੂੰਨੀ ਕਾਰਵਾਈ ਕਿਉਂ ਨਹੀਂ ਕਰਦਾ ਹੈ। ਇੱਥੇ ਦੱਸਣਯੋਗ ਹੈ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਮਨਰੇਗਾ ਸਕੀਮ ਅਧੀਨ ਲਵਾਏ ਗਏ ਰੁੱਖ ਵੀ ਬੇਖੌਫ ਤੇ ਨਿਡਰਤਾ ਨਾਲ ਗੁੱਜਰਾਂ ਵੱਲੋਂ ਸ਼ਰੇਆਮ ਉਜਾੜ ਦਿੱਤੇ ਗਏ ਹਨ ਅਤੇ ਰੁੱਖਾਂ ਵਾਲੀ ਥਾਂ 'ਤੇ ਪਸ਼ੂ ਬੰਨ੍ਹਣ ਵਾਸਤੇ ਕੁਝ ਇਕ ਵਣ ਵਿਭਾਗ ਦੇ ਭ੍ਰਿਸ਼ਟ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਨਿਰੰਤਰ ਪਸ਼ੂ ਬੰਨ੍ਹਦੇ ਹਨ। ਇੱਥੇ ਹੀ ਬੱਸ ਨਹੀਂ ਸਗੋਂ ਪਸ਼ੂਆਂ ਦੇ ਚਾਰੇ ਲਈ ਇਕੱਠੀ ਕੀਤੀ ਗਈ ਪਰਾਲੀ ਦੇ ਢੇਰ ਵੀ ਲਾਏ ਹੋਏ ਹਨ ਜਿਸ ਕਾਰਨ ਪ੍ਰਸ਼ਾਸਨ ਵੱਲੋਂ ਵਾਤਾਵਰਨ ਨੂੰ ਮੱਦੇਨਜ਼ਰ ਲਗਾਏ ਜਾਣ ਵਾਲੇ ਰੁੱਖ ਪ੍ਰਵਾਨ ਚੜ੍ਹਨ ਤੋਂ ਪਹਿਲਾਂ ਹੀ ਖ਼ਤਮ ਕਰ ਦਿੱਤੇ ਜਾ ਰਹੇ ਹਨ। ਉਪਰੋਕਤ ਸਰਕਲ ਕੱਥੂਨੰਗਲ ਦੇ ਪਿੰਡਾਂ ਵਾਲੇ ਲੋਕ ਵੀ ਬੜੇ ਤੰਗ-ਪ੍ਰੇਸ਼ਾਨ ਹਨ ਕਿਉਂਕਿ ਗੁੱਜਰਾਂ ਦੇ ਪਸ਼ੂਆਂ ਵੱਲੋਂ ਉਨ੍ਹਾਂ ਦੀਆਂ ਸਪੰਰਕ ਸੜਕਾਂ ਵੀ ਤੋੜੀਆਂ ਜਾ ਰਹੀਆਂ ਹਨ। ਸੜਕਾਂ ਉਪਰ ਲੱਗੇ ਗੋਹੇ (ਗੋਬਰ) ਦੇ ਚਿੱਕੜ ਵੀ ਸੜਕ ਹਾਦਸਿਆਂ ਦਾ ਕਾਰਨ ਬਣਦੇ ਹਨ। ਹੈਰਾਨੀਜਨਕ ਤੱਥ ਹਨ ਕਿ ਏਨਾ ਕੁਝ ਵਾਪਰਨ ਦੇ ਬਾਵਜੂਦ ਵੀ ਇਨ੍ਹਾਂ ਖਿਲਾਫ ਸਖ਼ਤ ਕਾਰਵਾਈ ਹੋਣੀ ਤਾਂ ਛੱਡੋ ਕੋਈ ਪੁੱਛਗਿੱਛ ਵੀ ਮੁਮਕਿਨ ਨਹੀਂ ਹੈ ਜਿਸ ਕਾਰਨ ਉਕਤ ਵਰਤਾਰਾ ਸਿੱਧਾ ਭ੍ਰਿਸ਼ਟਾਚਾਰ ਵੱਲ ਸੰਕੇਤ ਕਰਦਾ ਹੈ। ਇਸ ਬਾਬਤ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਮਾਜ ਸੇਵਕ ਤੇ ਵਾਤਾਵਰਨ ਪ੍ਰੇਮੀ ਹਰੀਸ਼ ਚੌਧਰੀ ਪਿਆਸਾ ਅਤੇ ਇਲਾਕੇ ਦੇ ਪੀੜਤ ਵਸਨੀਕਾਂ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਕੈਬਨਿਟ ਮੰਤਰੀ ਵਣ ਵਿਭਾਗ ਪੰਜਾਬ ਸਰਕਾਰ, ਮਾਨਯੋਗ ਕ੍ਰਿਸ਼ਨ ਕੁਮਾਰ ਪ੍ਰਬੰਧਕੀ ਸਕੱਤਰ ਵਣ ਵਿਭਾਗ ਪੰਜਾਬ ਸਰਕਾਰ ਅਤੇ ਮਾਨਯੋਗ ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ ਪਾਸੋਂ ਇਨਸਾਫ ਦੀ ਗੁਹਾਰ ਲਗਾਉਂਦੇ ਹੋਏ ਕੁਦਰਤੀ ਵਾਤਾਵਰਨ ਨੂੰ ਖਰਾਬ ਕਰਨ ਅਤੇ ਰੁੱਖਾਂ ਦਾ ਨਾਜਾਇਜ਼ ਉਜਾੜਾ ਕਰਨ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਹੈ।



# ਗੁਰਦੁਆਰਾ ਸੱਚਖੰਡ ਗੁਰੂ ਨਾਨਕ ਅਸਥਾਨ ਵਿਖੇ ਪੁੰਨਿਆ ਦਾ ਦਿਹਾੜਾ ਮਨਾਇਆ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਕਸਬੇ ਦੇ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਪੁੰਨਿਆ ਦਾ ਦਿਹਾੜਾ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ਾਂ-ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆਂ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਆਪਣੇ ਸੰਬੋਧਨ ਦੌਰਾਨ ਦੇਸ਼ਾਂ-ਵਿਦੇਸ਼ਾਂ ਤੋ ਪੁੱਜੀਆਂ ਸੰਗਤਾਂ ਨੂੰ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਸਾਡੇ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਸਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ। ਇਸ ਲਈ ਸਾਨੂੰ ਗੁਰੂ ਮਹਾਰਾਜ ਵੱਲੋਂ ਦਰਸਾਏ ਮਾਰਗ ਤੇ ਚਲਦਿਆਂ ਹੋਇਆਂ ਮਨੁੱਖਤਾ ਦਾ ਭਲਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਨਾ ਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾਂ 'ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਆਰੰਭ

**ਧਾਰੀਵਾਲ, (ਮਨਦੀਪ ਵਿੱਕੀ)**- ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਸਹਿਜ ਪਾਠ ਸਾਹਿਬ ਸੇਵਾ ਸੁਸਾਇਟੀ ਦੇ ਵਿਸ਼ੇਸ਼ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੇ ਇਤਿਹਾਸਕ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਸਾਹਿਬ ਆਰੰਭ ਕਰਵਾਏ ਗਏ। ਸ੍ਰੀ ਸਹਿਜ ਪਾਠ ਆਰੰਭ ਕਰਨ ਤੋਂ ਪਹਿਲਾਂ ਭਾਈ ਤਰਲੋਚਨ ਸਿੰਘ ਹਜ਼ੂਰੀ ਰਾਗੀ ਜੱਥੇ ਨੇ ਹਰ ਜਸ ਗੁਰਬਾਣੀ ਦਾ ਕੀਰਤਨ ਕੀਤਾ। ਭਾਈ ਸਤਨਾਮ ਸਿੰਘ ਗ੍ਰੰਥੀ ਸਿੰਘ ਨੇ ਅਰਦਾਸ ਕੀਤੀ ਅਤੇ ਭਾਈ ਜਸਵਿੰਦਰ ਸਿੰਘ ਗ੍ਰੰਥੀ ਨੇ ਹੁਕਮਨਾਮਾ ਸਾਹਿਬ ਲੈ ਕੇ ਸ੍ਰੀ ਸਹਿਜ ਪਾਠ ਸਾਹਿਬ ਆਰੰਭ ਕਰਵਾਇਆ। ਇਸ ਮੌਕੇ 125 ਪਰਿਵਾਰਾਂ ਨੇ ਸ੍ਰੀ ਸਹਿਜ ਪਾਠ ਸਾਹਿਬ ਆਰੰਭ ਕੀਤੇ। ਭਾਈ ਤਜਿੰਦਰ ਸਿੰਘ ਸੋਹਲ ਮੁੱਖ ਸੇਵਾਦਾਰ ਸ੍ਰੀ ਸਹਿਜ ਪਾਠ ਸੰਸਥਾ ਨੇ ਸ੍ਰੀ ਸਹਿਜ ਪਾਠ ਕਰਨ ਵਾਲੀਆਂ ਸੰਗਤਾਂ ਨੂੰ ਪਾਠ ਕਰਨ ਦੀ ਮਰਿਯਾਦਾ ਤੋਂ ਜਾਣੂ ਕਰਵਾਇਆ। ਇਸੇ ਦੌਰਾਨ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਸਮੂਹ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ, ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਅਤੇ ਪ੍ਰਬੰਧਕ ਕਮੇਟੀਆਂ ਅਤੇ ਵਿਸ਼ੇਸ਼ ਤੌਰ 'ਤੇ ਸ੍ਰੀ ਸਹਿਜ ਪਾਠ ਸੰਸਥਾ ਦੇ ਮੈਂਬਰ ਸਾਹਿਬਾਨ ਦਾ ਸਹਿਯੋਗ ਦੇਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਗੁਰਤਿੰਦਰ ਪਾਲ ਸਿੰਘ ਭਾਟੀਆ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਜਤਿੰਦਰ ਸਿੰਘ ਚੀਮਾ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਓਠੀਆਂ ਸਾਹਿਬ, ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਚੇਤਨ ਸਿੰਘ ਜੰਡੂ ਸੁਪਰਵਾਈਜ਼ਰ ਸ਼੍ਰੋਮਣੀ ਕਮੇਟੀ, ਐਡਵੋਕੇਟ ਰਜਿੰਦਰ ਸਿੰਘ ਪਦਮ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਤਜਿੰਦਰ ਸਿੰਘ ਸੋਹਲ ਸ੍ਰੀ ਸਹਿਜ ਪਾਠ ਸੰਸਥਾ, ਸਮਾਜ ਸੇਵੀ ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਗਿਆਨੀ ਹਰਬੰਸ ਸਿੰਘ ਹੰਸਪਾਲ, ਗਿਆਨੀ ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਗੁਰਵਿੰਦਰ ਸਿੰਘ, ਬੀਬੀ ਰਾਜਬੀਰ ਕੌਰ ਮੈਂਬਰ ਸ੍ਰੀ ਸਹਿਜ ਪਾਠ ਸਾਹਿਬ ਸੰਸਥਾ, ਦਰਸ਼ਨ ਸਿੰਘ ਪੁਰੀਆਂ, ਪ੍ਰਿਤਪਾਲ ਸਿੰਘ ਸੋਨੀ ਇੰਸਪੈਕਟਰ ਸ਼੍ਰੋਮਣੀ ਕਮੇਟੀ, ਗੁਰਖੇਲ ਸਿੰਘ ਗੁਰਦੁਆਰਾ ਇੰਸਪੈਕਟਰ ਸ਼੍ਰੋਮਣੀ ਕਮੇਟੀ, ਬਾਬਾ ਕੁਲਦੀਪ ਸਿੰਘ ਕਾਰ ਸੇਵਾ ਖੰਡੂਰ ਸਾਹਿਬ, ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਸਰਵਨ ਸਿੰਘ ਵਡਾਲਾ ਗ੍ਰੰਥੀਆਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਮਾਸਟਰ ਪ੍ਰਵੀਨ ਸਿੰਘ, ਕੁਲਵੰਤ ਸਿੰਘ ਐੱਮਸੀ, ਭਾਈ ਕਪਿਲਦੀਪ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਰਣਜੀਤ ਸਿੰਘ, ਬਾਵਾ ਸਿੰਘ ਖਜ਼ਾਨਚੀ ਗੁਰਦੁਆਰਾ ਸਿੰਘ ਸਭਾ ਸ਼ਾਸਤਰੀ ਨਗਰ, ਗੁਰਮੁੱਖ ਸਿੰਘ ਬਸਰਾਵਾਂ, ਅਮਨਦੀਪ ਸਿੰਘ ਕਾਦੀਆਂ, ਗੁਰਪ੍ਰੀਤ ਸਿੰਘ ਕੋਠਾ, ਸਿਮਰਤਪਾਲ ਸਿੰਘ ਭਾਟੀਆ, ਸਤਿੰਦਰ ਸਿੰਘ, ਦਵਿੰਦਰ ਸਿੰਘ, ਗੁਰਜੋਤ ਸਿੰਘ ਪਦਮ, ਕਸ਼ਮੀਰ ਸਿੰਘ ਕਾਦੀਆਂ ਆਦਿ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਮੁਹੱਲਾ ਕੋਟ ਫਤਿਹ ਚੰਦ ਸੰਤ ਸਰੋਵਰ ਰੋਡ ਡੇਰਾ ਬਾਬਾ ਨਾਨਕ ਵਿਖੇ ਸਵ. ਮਹਿੰਦਰ ਪਾਲ ਦੇ ਪਰਿਵਾਰ ਵੱਲੋਂ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਉਪਰੰਤ ਭਾਈ ਮਨਜਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਲਾਲੀ ਪਟਵਾਰੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਸੰਗਤਾਂ ਲਈ ਲੰਗਰ ਵੀ ਲਗਾਇਆ ਗਿਆ। ਨਗਰ ਕੀਰਤਨ ਦਾ ਆਪਣੇ ਗ੍ਰਹਿ ਵਿਖੇ ਪਹੁੰਚਣ 'ਤੇ ਸਵ. ਮਹਿੰਦਰ ਪਾਲ ਦੇ ਸਪੁੱਤਰ ਪਟਵਾਰੀ ਹਰਪ੍ਰੀਤ ਸਿੰਘ (ਲਾਲੀ) ਤੇ ਪਰਿਵਾਰਕ ਮੈਂਬਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਪੰਜ ਪਿਆਰਿਆਂ ਸਮੇਤ ਗੁਰੂ ਘਰ ਦੇ ਕੀਰਤਨੀਏ ਅਤੇ ਨਗਰ ਕੌਂਸਲ ਦੀ ਸਮੁੱਚੀ ਟੀਮ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਉਪਰੰਤ ਭਗਤ ਰਵਿਦਾਸ ਸਭਾ ਵੱਲੋਂ ਵੀ ਰਾਜੇਸ਼ ਕੁਮਾਰ, ਸਤਪਾਲ ਅਤੇ ਮਾਸਟਰ ਰਾਮ ਸਰੂਪ ਦੀ ਅਗਵਾਈ ਵਿੱਚ ਪਟਵਾਰੀ ਹਰਪ੍ਰੀਤ ਸਿੰਘ ਲਾਲੀ ਤੇ ਤਨਸ਼ਪ੍ਰੀਤ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਰਿਵਾਰ ਵੱਲੋਂ ਸੰਗਤਾਂ ਲਈ ਅਤੁੱਟ ਲੰਗਰ ਵੀ ਲਗਾਇਆ ਗਿਆ, ਜਿਸ ਨੂੰ ਸੰਗਤਾਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਬੜੇ ਪਿਆਰ ਨਾਲ ਛਕਿਆ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਸਰਪੰਚ ਹਰਜੀਤ ਸਿੰਘ ਠੇਠਰਕੇ, ਸਰਪੰਚ ਕੈਪਟਨ ਨਰਿੰਦਰ ਸਿੰਘ, ਕੌਂਸਲਰ ਸਤਪਾਲ ਸ਼ੌਂਕੀ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਸੁਖਜਿੰਦਰ ਸਿੰਘ, ਕੌਂਸਲਰ ਬਲਕਾਰ ਸਿੰਘ ਫੌਜੀ, ਬੀਬੀ ਰਾਜ ਰਾਣੀ, ਬਲਵਿੰਦਰ ਕੁਮਾਰ, ਸਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਤਨਸ਼ਪ੍ਰੀਤ ਸਿੰਘ, ਬੀਬੀ ਸੁਖਵਿੰਦਰ ਕੌਰ, ਸਾਬਕਾ ਇੰਸਪੈਕਟਰ ਪਰਮਜੀਤ ਸਿੰਘ, ਨਰਿੰਦਰ ਸਿੰਘ ਸਰਪੰਚ ਤਲਵੰਡੀ ਹਿੰਦੂਆਂ, ਕੈਪਟਨ ਜਗਦੀਸ਼ ਸਿੰਘ, ਸਰਦੂਲ ਸਿੰਘ ਗੁਰਚੱਕ, ਮੁਨੀਸ਼ ਕੁਮਾਰ, ਗੁਰਪ੍ਰੀਤ ਸਿੰਘ, ਰਿਸ਼ੂ ਸ਼ੌਂਕੀ, ਸਰਵਨ ਸਿੰਘ ਗੁਰਚੱਕ, ਸਾਬਕਾ ਸਰਪੰਚ ਗੁਰਮੁੱਖ ਸਿੰਘ, ਮਨਪ੍ਰੀਤ ਸਿੰਘ ਧਰਮਕੋਟ ਰੰਧਾਵਾ, ਪ੍ਰਧਾਨ ਅਵਤਾਰ ਸਿੰਘ ਸਿੰਘਪੁਰਾ, ਜੋਗਿੰਦਰ ਸਿੰਘ ਖੰਨਾ ਚਮਾਰਾ, ਸਤਬੀਰ ਸਿੰਘ ਲਾਲੀ ਖੋਦੇਬੇਟ, ਪ੍ਰਗਟ ਸਿੰਘ ਡਾਲਾ, ਸਰਪੰਚ ਜਗਮੋਹਨ ਸਿੰਘ ਮੇਘਾ, ਡਾਕਟਰ ਦਵਿੰਦਰ ਕੁਮਾਰ ਸਵਾਮੀ, ਮਾਸਟਰ ਦਵਿੰਦਰ ਕੁਮਾਰ, ਡਾਕਟਰ ਮਨਮੋਹਨ ਸਿੰਘ ਭੱਟੀ, ਜਸਪਾਲ ਸਿੰਘ ਕਾਕਾ ਘਣੀਆ, ਮਨੋਹਰ ਲਾਲ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਵਿਧਾਇਕ ਡਾ. ਸੰਧੂ ਵੱਲੋਂ ਬਲਦੇਵ ਸਿੰਘ ਸਨਮਾਨਿਤ

**ਵੇਰਕਾ (ਰਾਣਾ)**- ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਤੋਂ ਬਲਦੇਵ ਸਿੰਘ ਨੂੰ ਆਮ ਆਦਮੀ ਪਾਰਟੀ ਦੇ ਕਿਸਾਨ ਵਿੰਗ ਦਾ ਬਲਾਕ ਕੋ-ਆਰਡੀਨੇਟਰ ਬਣਨ ਉਪਰੰਤ ਹਲਕਾ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਆਪਣੇ ਅੰਮ੍ਰਿਤਸਰ ਸਥਿਤ ਨੇੜੇ ਚੂੰਗੀ ਬਾਈਪਾਸ ਖੰਡਵਾਲਾ ਪਾਰਟੀ ਦਫ਼ਤਰ ਵਿਖੇ ਸਨਮਾਨਿਤ ਕੀਤਾ ਗਿਆ।



# 'ਮਨੁੱਖਤਾ ਲਈ ਕੁਰਬਾਨੀ' ਵਿਸ਼ੇ 'ਤੇ ਸੈਮੀਨਾਰ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ 'ਮਨੁੱਖਤਾ ਲਈ ਕੁਰਬਾਨੀ' ਵਿਸ਼ੇ 'ਤੇ ਧਾਰਮਿਕ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਸੈਮੀਨਾਰ ਦਾ ਮਕਸਦ ਚਾਰ ਸਾਹਿਬਜ਼ਾਦਿਆਂ ਦੀ ਸਰਵਉੱਚ ਹਿੰਮਤ ਅਤੇ ਸ਼ਹਾਦਤ ਨੂੰ ਸ਼ਰਧਾਂਜਲੀ ਦੇਣ ਅਤੇ ਅੰਗ ਦਾਨ ਕਰਨ ਲਈ ਵਿਦਿਆਰਥੀਆਂ ਅਤੇ ਸਟਾਫ਼ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸੀ। ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਧਾਰਮਿਕ ਸੈਮੀਨਾਰ ਦੇ ਆਯੋਜਨ ਮੌਕੇ ਸਹਾਇਕ ਪ੍ਰੋਫੈਸਰ ਅਨੁਕਿਰਨਜੀਤ ਕੌਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਅਤੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦਾ ਸਨਮਾਨ ਕਰਨ ਦੇ ਨਾਲ-ਨਾਲ ਅਤਿ ਨਿਰਸਵਾਰਥ ਅਤੇ ਕੁਰਬਾਨੀ ਦੇ ਮੁੱਲਾਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਹਾਇਕ ਪ੍ਰੋਫੈਸਰ ਜਾਗ੍ਰਿਤੀ ਮਹਾਜਨ ਨੇ ਮੌਤ ਤੋਂ ਬਾਅਦ ਆਪਣੇ ਸਿਹਤਮੰਦ ਅੰਗ ਦਾਨ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਹੋਰ ਜਾਨਾਂ ਨੂੰ ਬਚਾਇਆ ਜਾ ਸਕੇ।



# ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਲੰਗਰ ਲਗਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਸ੍ਰੀ ਗੁਰੂ ਰਵਿਦਾਸ ਸੇਨਾ ਵੱਲੋਂ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ਾਲ ਲੰਗਰ ਭੰਡਾਰਾ ਏ ਐੱਸ ਪਲਾਜ਼ਾ ਚੰਡੀਗੜ੍ਹ ਰੋਡ ਵਿਖੇ ਲਗਾਇਆ ਗਿਆ। ਇਸ ਸਮਾਗਮ ਵਿੱਚ ਵੱਖ-ਵੱਖ ਰਾਜਨੀਤਿਕ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰ ਕੇ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਲੰਗਰ ਦੀ ਸ਼ੁਰੂਆਤ ਰਵਿਦਾਸੀਆ ਸੰਤ ਸਮਾਜ ਦੇ ਮਹਾਪੁਰਖਾਂ ਵੱਲੋਂ ਅਰਦਾਸ ਕਰਕੇ ਕੀਤੀ ਗਈ। ਸੰਤ ਕੁਲਵੰਤ ਰਾਮ ਭਰੋਮਜਾਰਾ ਤੇ ਸੰਤ ਰਾਮ ਸਰੂਪ ਜੀ ਖੰਨੀ ਵਾਲਿਆਂ ਨੇ ਰਿਬਨ ਕੱਟ ਕੇ ਲੰਗਰ ਵੰਡਣ ਦੀ ਰਸਮ ਅਦਾ ਕੀਤੀ। ਇਸ ਮੌਕੇ ਸੰਤ ਜਸਵਿੰਦਰ ਦਾਸ ਡਾਂਡੀਆ, ਸੰਤ ਜਸਵੀਰ ਸਿੰਘ ਪਿੱਪਲਮਾਜਰਾ, ਸੰਤ ਹਰਵਿੰਦਰ ਦਾਸ ਈਸਪੁਰ ਜੀ ਅਤੇ ਸੰਤ ਬਾਬਾ ਠਾਕਰ ਸਿੰਘ ਮੌਜੂਦਾ ਮੁਖੀ ਬਾਬਾ ਬੁੱਢਾ ਦਲ ਮਿਸਾਲ ਸ੍ਰੀ ਅਨੰਦਪੁਰ ਸਾਹਿਬ ਜੂਨ 1984 ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸ੍ਰੀ ਗੁਰੂ ਰਵਿਦਾਸ ਸੇਨਾ ਦੇ ਪੰਜਾਬ ਪ੍ਰਧਾਨ ਦਿਲਵਰ ਸਿੰਘ, ਜਨਰਲ ਸਕੱਤਰ ਲਵ ਕੁਮਾਰ ਅਤੇ ਉਪ ਪ੍ਰਧਾਨ ਹਰਭਜਨ ਚੌਧਰੀ ਦੀ ਦੇਖ-ਰੇਖ ਹੇਠ ਇਹ ਸੇਵਾ ਨਿਭਾਈ ਗਈ। ਇਸ ਮੌਕੇ ਐਡਵੋਕੇਟ ਅਜੇ ਕੁਮਾਰ ਭਗਵਾਨ ਵਾਲਮੀਕਿ ਸ਼ਕਤੀ ਸੇਨਾ, ਸਰਬਣ ਗਿੱਲ ਭਗਵਾਨ ਵਾਲਮੀਕਿ ਕ੍ਰਾਂਤੀ ਸੇਨਾ, ਬੂਟਾ ਸਿੰਘ ਬਡਵਾਲ, ਰਾਏ ਸਿੱਖ ਸੇਨਾ ਮਦਨ ਲਾਲ ਆਵਾਜ਼ ਸੰਸਥਾ, ਬਰਿੰਦਰ ਬਜਾੜ, ਹਰਿੰਦਰ ਬਜਾੜ, ਹਰਸ਼ ਸ਼ਰਮਾ, ਜਸਵੀਰ ਸਾਵਾ, ਵਿਨੀਤ ਜਾਡਲਾ ਸਰਪੰਚ, ਲੱਕੀ ਲੱਧੜ, ਸੀ ਕੇ ਜੱਸੀ, ਲਾਲੀ ਬਹਿਰਾਮ, ਰਾਜੀਵ ਜੀ ਗਊਸ਼ਾਲਾ ਗੜ੍ਹਸ਼ੰਕਰ, ਨਰੇਸ਼ ਸੂਰੀ, ਦਿਨੇਸ਼ ਸੂਰੀ, ਵਿਜੇ ਕੁਮਾਰ, ਵਿੰਦੂ ਖਰੌੜ, ਡਾ. ਅਨੁਪਮ ਤਿਆਗੀ, ਮਨਦੀਪ ਸਿੰਘ ਕੌਲਗੜ੍ਹ, ਜਤਿੰਦਰ ਬਸਾਤੀ, ਚੇਤਨ ਗੁਲਾਟੀ, ਰਵੀ ਗੌਤਮ, ਰਾਜਿੰਦਰ ਸੈਣੀ ਤੇ ਅਵਤਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



ਹੇਤ ਰਾਮ ਕਾਲੋਨੀ, ਗਲੀ ਗੁਲਾਬੋ, ਨਰੈਣਗੜ੍ਹ ਵਿਚ ਬਾਬਾ ਜ਼ਿੰਦਾ ਸ਼ਾਹ ਮਦਾਰ ਦਾ ਮੇਲਾ ਬਾਬਾ ਗੋਲਾ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਐੱਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਪੁੱਜੇ। ਉਨ੍ਹਾਂ ਬਾਬਾ ਜੀ ਦਾ ਅਸ਼ੀਰਵਾਦ ਲਿਆ ਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੰਬਰਦਾਰ ਬਲਜੀਤ ਸਿੰਘ ਸ੍ਰਾਬੀ, ਸਮਾਜ ਸੇਵਕ ਸੁਨੀਲ ਅਗਨੀਹੋਤਰੀ, ਅੰਮ੍ਰਿਤ ਪਾਲ ਪਟਵਾਰੀ ਅਤੇ ਹੋਰ। (ਫੋਟੋ ਤੇ ਵੇਰਵਾ- ਮਨੋਜ ਕੁਮਾਰ, ਛੇਹਰਟਾ)

# ਕੇਂਦਰ ਵੱਲੋਂ ਪੇਸ਼ ਬਜਟ ਸਿਰਫ ਕਾਰਪੋਰੇਟ ਪੱਖੀ ਤੇ ਵੱਡੇ ਘਰਾਣਿਆਂ ਨੂੰ ਰਾਹਤ ਦੇਣ ਵਾਲਾ : ਡਾ. ਅਜਨਾਲਾ

**ਅੰਮ੍ਰਿਤਸਰ** : ਕੇਂਦਰ ਦੇ 2026-27 ਦੇ ਬਜਟ ਵਿੱਚ ਖੇਤੀ ਸੈਕਟਰ ਨੂੰ ਬਿਲਕੁਲ ਅਣਗੌਲਿਆਂ ਕੀਤਾ ਗਿਆ। ਇਹ ਬਜਟ ਸਿਰਫ ਤੇ ਸਿਰਫ ਕਾਰਪੋਰੇਟ ਪੱਖੀ ਤੇ ਵੱਡੇ ਘਰਾਣਿਆਂ ਨੂੰ ਰਾਹਤ ਦੇਣ ਵਾਲਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਲੰਬੇ ਸਮੇਂ ਤੋਂ ਮੰਗ ਕਰ ਰਹੇ ਹਨ ਕਿ ਖੇਤੀ ਨੂੰ ਲਾਹੇਵੰਦਾ ਬਣਾਉਣ ਲਈ ਸਾਰੀਆਂ ਫਸਲਾਂ, ਸਬਜ਼ੀਆਂ, ਫਲਾਂ, ਦੁੱਧ ਤੇ ਲੱਕੜੀ ਤੇ ਐੱਮਐੱਸਪੀ ਦਿੱਤੀ ਜਾਵੇ ਤੇ ਇਸ ਦੀ ਕਾਨੂੰਨੀ ਗਰੰਟੀ ਹੋਵੇ, ਕੇਂਦਰ ਤੇ ਸੂਬਾਈ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਸਾਨ ਸਿਰ ਚੜ੍ਹਿਆ ਕੋਈ 19 ਲੱਖ ਕਰੋੜ ਦਾ ਕਰਜ਼ਾ ਰੱਦ ਕੀਤਾ ਜਾਵੇ ਪ੍ਰੰਤੂ ਸਿਤਮ ਦੀ ਗੱਲ ਇਹ ਹੈ ਕਿ ਇਨ੍ਹਾਂ ਬਾਰੇ ਬਜਟ ਚੁੱਪ ਹੈ ਜਦਕਿ ਕਾਰਪੋਰੇਟ ਘਰਾਣਿਆਂ ਦੇ 16.5 ਲੱਖ ਕਰੋੜ ਪਿਛਲੇ ਸਾਲਾਂ 'ਚ ਮਾਫ ਕੀਤੇ ਗਏ। ਖੇਤੀ ਕਿੱਤੇ ਸਬੰਧੀ ਇਸ ਬਜਟ ਵਿੱਚ ਸਿਰਫ ਕਿਸਾਨਾਂ-ਡੇਅਰੀ ਉਤਪਾਦਕਾਂ, ਮੱਛੀ ਪਾਲਕਾਂ ਨੂੰ ਸਿਰਫ ਫੁਲੈਣੀਆਂ ਦਿੱਤੀਆਂ ਗਈਆਂ ਹਨ ਕਿ ਤੁਹਾਡੀ ਆਮਦਨ ਵਧੇਗੀ, ਤੁਸੀਂ ਬਹੁਮੁੱਲੀ ਫਸਲਾਂ ਬੀਜੋ। ਇਸੇ ਤਰ੍ਹਾਂ ਨਾਰੀਅਲ, ਕੌਫੀ ਤੇ ਚੰਦਨ ਦੀ ਲੱਕੜੀ ਪੈਦਾ ਕਰਨ ਵਾਲਿਆਂ ਨੂੰ ਵੀ ਕਿਹਾ ਗਿਆ ਹੈ। ਪੰਜਾਬ ਜੋ ਦੇਸ਼ ਦੇ ਅੰਨ ਭੰਡਾਰ ਵਿੱਚ ਵੱਡਾ ਹਿੱਸਾ ਪਾ ਰਿਹਾ ਹੈ ਉਸ ਦਾ ਧਰਤੀ ਹੇਠਲਾ ਪਾਣੀ ਜ਼ਹਿਰੀਲਾ ਹੋ ਰਿਹਾ ਹੈ। ਇਸ ਬਾਰੇ ਬਜਟ ਵਿੱਚ ਕੋਈ ਵਿਵਸਥਾ ਨਹੀਂ ਕੀਤੀ ਗਈ। ਖੇਤੀ ਮਾਹਰ ਡਾਕਟਰ ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਅਜੇ ਵੀ ਖੇਤੀ ਸੈਕਟਰ ਦੇਸ਼ ਤੇ ਕੁੱਲ ਘਰੇਲੂ ਉਤਪਾਦਨ ਵਿੱਚ 27-28 ਫੀਸਦੀ ਹਿੱਸਾ ਪਾ ਰਿਹਾ ਹੈ ਅਤੇ ਸਭ ਤੋਂ ਅਹਿਮ ਗੱਲ ਇਹ ਹੈ ਕਿ ਤਕਰੀਬਨ ਦੇਸ਼ ਦੀ 50 ਫੀਸਦੀ ਵਸੋਂ ਨੂੰ ਸਿੱਧਾ ਜਾਂ ਅਸਿੱਧਾ ਰੁਜ਼ਗਾਰ ਮੁਹੱਈਆ ਕਰਵਾ ਰਿਹਾ ਹੈ। ਇਸ ਦੇ ਬਾਵਜੂਦ ਬਜਟ ਵਿੱਚ ਖੇਤੀ ਲਈ ਬਜਟ ਘਟਦਾ ਜਾ ਰਿਹਾ ਹੈ। ਪਿਛਲੇ ਸਾਲ 50.65 ਲੱਖ ਕਰੋੜ ਰੁਪਏ ਵਿੱਚੋਂ ਸਿਰਫ 2.7 ਫੀਸਦੀ ਹੀ ਅਲਾਟ ਕੀਤਾ ਗਿਆ। ਇਸ ਵਾਰੀ ਤਾਂ 53.5 ਲੱਖ ਕਰੋੜ ਰੁਪਏ ਦੇ ਬਜਟ ਵਿੱਚੋਂ ਕਿੰਨਾ ਹਿੱਸਾ ਸਮੁੱਚੇ ਖੇਤੀ ਸੈਕਟਰ ਨੂੰ ਅਲਾਟ ਕੀਤਾ ਗਿਆ, ਬਾਰੇ ਬਜਟ ਅਜੇ ਚੁੱਪ ਹੈ। ਅਜਿਹੀ ਅਵਸਥਾ ਵਿੱਚ ਡਾਕਟਰ ਅਜਨਾਲਾ ਨੇ ਪੁਰਜ਼ੋਰ ਮੰਗ ਕੀਤੀ ਕਿ ਦੇਸ਼ ਦੇ ਸਮੁੱਚੇ ਖੇਤੀ ਸੈਕਟਰ ਨੂੰ ਮੰਦਵਾੜੇ ਵਿੱਚੋਂ ਕੱਢਣ ਲਈ ਸਮੁੱਚੇ ਬਜਟ ਦਾ ਘੱਟੋ-ਘੱਟ 10 ਪ੍ਰਤੀਸ਼ਤ ਹਿੱਸਾ ਇਸ ਸੈਕਟਰ ਨੂੰ ਦਿੱਤਾ ਜਾਵੇ। ਖੇਤੀ ਮਾਹਰ ਨੇ ਅੱਗੇ ਕਿਹਾ ਕਿ ਦੇਸ਼ ਨੂੰ ਜ਼ਹਿਰੀਲੇ ਪਾਣੀ ਪੀਣ ਤੋਂ ਬਚਾਉਣ ਲਈ ਦਰਿਆਵਾਂ ਦਾ ਨਹਿਰੀਕਰਨ ਕਰਕੇ ਹਰੇਕ ਘਰ ਵਿੱਚ ਸਵੱਛ ਪਾਣੀ ਤੇ ਖੇਤੀ ਸਿੰਚਾਈ ਲਈ ਹਰੇਕ ਖੇਤ ਲਈ ਨਹਿਰੀ ਪਾਣੀ ਦਾ ਪ੍ਰਬੰਧ ਕੀਤਾ ਜਾਵੇ। ਇਸੇ ਤਰ੍ਹਾਂ ਖੇਤੀ ਨੂੰ ਹੋਰ ਉਤਸ਼ਾਹਤ ਕਰਨ ਤੇ ਨੌਜਵਾਨਾਂ ਦੀ ਬੇਰੁਜ਼ਗਾਰੀ ਘਟਾਉਣ ਲਈ ਹਰੇਕ ਪੰਜ ਕਿਲੋਮੀਟਰ ਦੇ ਘੇਰੇ ਵਿੱਚ ਐਗਰੋ ਇੰਡਸਟਰੀ ਲਾਈ ਜਾਵੇ।




# ਰੋਡ ਸੇਫਟੀ ਮਹੀਨੇ ਤਹਿਤ ਜਾਗਰੂਕਤਾ ਸੈਮੀਨਾਰ ਆਯੋਜਿਤ



**ਗੁਰਦਾਸਪੁਰ, (ਜਨਕ ਮਹਾਜਨ)**-ਟਰੈਫਿਕ ਪੁਲਸ ਵੱਲੋਂ ਮਨਾਏ ਜਾ ਰਹੇ ਰੋਡ ਸੇਫਟੀ ਮਹੀਨੇ ਦੇ ਸਬੰਧ ਵਿੱਚ ਵੱਖ-ਵੱਖ ਥਾਵਾਂ ਤੇ ਸੈਮੀਨਾਰ ਲਗਾ ਕੇ ਆਮ ਪਬਲਿਕ ਤੇ ਫੋਰ ਵ੍ਹੀਲਰ ਚਾਲਕਾਂ ਨੂੰ ਰੋਡ ਸੇਫਟੀ ਸਬੰਧੀ ਜਾਗਰੂਕ ਕੀਤਾ ਗਿਆ। ਏਐੱਸਆਈ ਅਮਨਦੀਪ ਸਿੰਘ ਨੇ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੱਸਿਆ ਗਿਆ ਕਿ ਹਮੇਸ਼ਾ ਸੀਟ ਬੈਲਟ ਲਗਾ ਕੇ ਗੱਡੀ ਚਲਾਈ ਜਾਵੇ। ਇੰਸ਼ੋਰੈਂਸ ਦੀ ਅਹਿਮੀਅਤ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਐਕਸੀਡੈਂਟ ਪੀੜਤ ਦੀ ਮਦਦ ਕਰਨ ਲਈ ਅੱਗੇ ਆਉਣ ਸਬੰਧੀ ਪ੍ਰੇਰਿਤ ਕੀਤਾ ਗਿਆ ਅਤੇ ਗੱਡੀਆਂ ਤੇ ਰਿਫਲੈਕਟਰ ਲਗਾਏ ਗਏ। ਇਸ ਸਮੇਂ ਏਐੱਸਆਈ ਅਮਨਦੀਪ ਸਿੰਘ, ਸੁਰਜੀਤ ਸਿੰਘ, ਪਵਨ ਕੁਮਾਰ ਸੁਭਾਸ਼ ਚੰਦਰ ਆਦਿ ਹਾਜ਼ਰ ਸਨ।

# ਗੁ. ਭਗਤ ਰਵਿਦਾਸ ਜੀ ਤੋਂ ਸਜਾਇਆ ਅਲੌਕਿਕ ਨਗਰ ਕੀਰਤਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੇ ਮੁਹੱਲਾ ਫ਼ਤਿਹ ਸਿੰਘ ਸਥਿਤ ਗੁਰਦੁਆਰਾ ਭਗਤ ਰਵਿਦਾਸ ਜੀ ਵੱਲੋਂ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਂਦਿਆਂ ਹਰ ਸਾਲ ਦੀ ਤਰ੍ਹਾਂ ਗੁਰੂ ਰਵਿਦਾਸ ਸਭਾ ਵੱਲੋਂ ਗੁਰਦੁਆਰਾ ਸਾਹਿਬ ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਤੋਂ ਆਰੰਭ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਲਈ ਕਸਬੇ ਦੇ ਲੋਕਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਮੇਨ ਬਾਜ਼ਾਰ ਵਿਖੇ ਸਵ. ਸਾਧੂ ਰਾਮ ਦੇ ਸਪੁੱਤਰ ਜੋਗਿੰਦਰ ਪਾਲ ਮੁਨਿਆਰੀ ਵਾਲੇ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਸੰਗਤਾਂ ਲਈ ਸੰਤਰਿਆਂ ਦਾ ਲੰਗਰ ਲਗਾਇਆ ਅਤੇ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਗਤ ਰਵਿਦਾਸ ਸਭਾ ਵੱਲੋਂ ਵੀ ਸੰਤਰਿਆਂ ਦਾ ਲੰਗਰ ਲਗਾਉਣ ਵਾਲੇ ਦੁਕਾਨਦਾਰ ਜੋਗਿੰਦਰ ਪਾਲ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀਐੱਸਪੀ ਰੀਡਰ ਗੁਰਪਾਲ ਸਿੰਘ, ਰਮਨ ਕੁਮਾਰ, ਅਮਨ ਕੁਮਾਰ, ਕਮਲਾ ਰਾਣੀ, ਪ੍ਰੇਮ ਰਾਣੀ, ਵਿਜੇ ਕੁਮਾਰ, ਨੀਨਾ ਕੁਮਾਰੀ, ਮਮਤਾ ਕੁਮਾਰੀ, ਨਵਜੋਤ, ਅਮਿਸ਼ਾ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਬੈਂਕਾਂ 'ਚ ਬੈਠੇ ਇੰਸ਼ੋਰੈਂਸ ਏਜੰਟਾਂ ਤੋਂ ਬਚੋ; ਕਿਤੇ ਠੱਗੇ ਨਾ ਜਾਇਓ !

**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਨੈਸ਼ਨਲ ਬੈਂਕ ਦੀਆਂ ਸ਼ਾਖਾਵਾਂ ਵਿੱਚ ਬੈਠੇ ਪੀਐੱਨਬੀ ਮੈਟ ਲਾਈਫ ਇੰਸ਼ੋਰੈਂਸ ਕੰਪਨੀ ਦੇ ਏਜੰਟ ਆਪਣੀਆਂ ਮਿੱਠੀਆਂ ਗੱਲਾਂ ਅਤੇ ਝੂਠੇ ਵਾਅਦਿਆਂ ਨਾਲ ਬੀਮਾ ਪਾਲਿਸੀਆਂ ਵੇਚ ਰਹੇ ਹਨ। ਬੈਂਕ ਵਿੱਚ ਬੈਠੇ ਹੋਣ ਕਰਕੇ ਲੋਕ ਉਨ੍ਹਾਂ ਦੀਆਂ ਗੱਲਾਂ ਵਿੱਚ ਆ ਜਾਂਦੇ ਹਨ। ਆਮ ਤੌਰ 'ਤੇ ਲੋਕ ਬੀਮਾ ਪਾਲਿਸੀ ਦੇ ਦਸਤਾਵੇਜ਼ ਨਹੀਂ ਪੜ੍ਹਦੇ ਅਤੇ ਜ਼ਿਆਦਾਤਰ ਘੱਟ ਪੜ੍ਹੇ-ਲਿਖੇ ਹੋਣ ਕਰਕੇ ਵੀ ਇਸ ਠੱਗੀ ਦਾ ਸ਼ਿਕਾਰ ਬਣ ਰਹੇ ਹਨ। ਪੀਐੱਨਬੀ ਮੈਟ ਲਾਈਫ ਦੇ ਏਜੰਟ ਗਾਹਕਾਂ ਨਾਲ ਜੋ ਝੂਠੇ ਵਾਅਦੇ ਕਰਦੇ ਹਨ, ਉਨ੍ਹਾਂ ਦੇ ਅਨੁਸਾਰ ਜਦੋਂ ਗਾਹਕ ਆਪਣੇ ਪੈਸੇ ਲੈਣ ਲਈ ਉਸੇ ਪੰਜਾਬ ਨੈਸ਼ਨਲ ਬੈਂਕ ਦੀ ਸ਼ਾਖਾ ਵਿੱਚ ਜਾਂਦੇ ਹਨ ਤਾਂ ਬੈਂਕ ਅਧਿਕਾਰੀ ਉਨ੍ਹਾਂ ਨੂੰ ਮੈਟ ਲਾਈਫ ਦੇ ਦਫ਼ਤਰ ਜਾਣ ਲਈ ਕਹਿ ਦਿੰਦੇ ਹਨ। ਕੰਪਨੀ ਦੇ ਦਫ਼ਤਰ ਵਿੱਚ ਉਪਭੋਗਤਾ ਨੂੰ ਪਾਲਿਸੀ ਵਿੱਚ ਲਿਖੀਆਂ ਸ਼ਰਤਾਂ ਪੜ੍ਹਾ ਕੇ ਵਾਪਸ ਭੇਜ ਦਿੱਤਾ ਜਾਂਦਾ ਹੈ। ਗਰੀਬ ਅਤੇ ਮੱਧ ਵਰਗ ਦੇ ਲੋਕ ਬੈਂਕ ਦੇ ਭਰੋਸੇ ਲੁੱਟੇ ਜਾ ਰਹੇ ਹਨ। ਬੁਜ਼ੁਰਗ ਨਾਗਰਿਕ ਗਾਇਤਰੀ ਦੇਵੀ ਨਾਲ ਵੀ ਐਸਾ ਹੀ ਹੋਇਆ। ਉਨ੍ਹਾਂ ਨੇ 2023 ਵਿੱਚ ਪੰਜਾਬ ਨੈਸ਼ਨਲ ਬੈਂਕ ਦੇ ਬੈਂਕ ਮੈਨੇਜਰ ਕੋਲ ਸਲਾਹ ਲਈ ਕਿ ਮੇਰੇ ਪੈਸੇ ਕੱਟ ਰਹੇ ਹਨ, ਕਿਰਪਾ ਕਰਕੇ ਚੈੱਕ ਕਰਕੇ ਦੱਸੋ। ਤਦ ਉਨ੍ਹਾਂ ਨੇ ਕਿਹਾ ਕਿ ਤੁਹਾਡਾ ਇਨਕਮ ਟੈਕਸ ਕੱਟ ਰਿਹਾ ਹੈ, ਤੁਸੀਂ ਕੋਈ ਬੀਮਾ ਪਾਲਿਸੀ ਲੈ ਲਵੋ। ਬੈਂਕ ਵਿੱਚ ਬੈਠੀ ਪੀਐੱਨਬੀ ਮੈਟ ਲਾਈਫ ਦੀ ਏਜੰਟ ਅਨੁਪਮਾ ਨੇ ਉਨ੍ਹਾਂ ਦੀ 1 ਲੱਖ ਰੁਪਏ ਸਾਲਾਨਾ ਦੀ ਪਾਲਿਸੀ ਕਰਵਾ ਦਿੱਤੀ। ਜਦੋਂ ਬੁਜ਼ੁਰਗ ਨਾਗਰਿਕ ਨੇ ਕਿਹਾ ਕਿ ਮੇਰੀ ਉਮਰ 70 ਸਾਲ ਤੋਂ ਵੱਧ ਹੈ, ਇਸ ਲਈ ਲੰਬੀ ਮਿਆਦ ਦੀ ਪਾਲਿਸੀ ਨਾ ਕਰੀਏ, ਤਾਂ ਏਜੰਟ ਨੇ ਕਿਹਾ ਕਿ ਸਿਰਫ਼ 5 ਸਾਲ ਪੈਸੇ ਦੇਣੇ ਹਨ ਅਤੇ ਛੇਵੇਂ ਸਾਲ 5,40,000 ਰੁਪਏ ਮਿਲ ਜਾਣਗੇ ਅਤੇ ਤੁਹਾਨੂੰ ਟੈਕਸ ਵਿੱਚ ਛੂਟ ਵੀ ਮਿਲੇਗੀ। ਇਕ ਦੀ ਬਜਾਏ ਬੁਜ਼ੁਰਗ ਨੇ ਆਪਣੇ ਪਤੀ ਪ੍ਰੇਮ ਸਾਗਰ ਦੀ ਵੀ 1 ਲੱਖ ਰੁਪਏ ਸਾਲਾਨਾ ਵਾਲੀ ਪਾਲਿਸੀ ਕਰਵਾ ਲਈ। ਇਸ ਤੋਂ ਇਲਾਵਾ ਵੀ ਕਈ ਲੋਕਾਂ ਨੂੰ ਇਨ੍ਹਾਂ ਨੇ ਆਪਣਾ ਸ਼ਿਕਾਰ ਬਣਾਇਆ ਹੋਇਆ ਹੈ। ਗਾਇਤਰੀ ਦੇਵੀ ਨੇ 23 ਜਨਵਰੀ ਨੂੰ ਪੀਐੱਨਬੀ ਮੈਟ ਲਾਈਫ ਦੀ ਉਸ ਏਜੰਟ ਅਨੁਪਮਾ ਨਾਲ ਗੱਲ ਕੀਤੀ ਜਿਸ ਨੇ ਦੋਵੇਂ ਪਾਲਿਸੀਆਂ ਕਰਵਾਈਆਂ ਸਨ। ਉਸ ਨੇ ਪਾਲਿਸੀ ਨੰਬਰ ਮੰਗੇ। ਜਦੋਂ ਗਾਇਤਰੀ ਦੇਵੀ ਨੇ ਦੋਵੇਂ ਪਾਲਿਸੀ ਨੰਬਰ ਭੇਜੇ ਤਾਂ ਏਜੰਟ ਅਨੁਪਮਾ ਵੱਲੋਂ ਵਟਸਐਪ ਸੁਨੇਹਾ ਆਇਆ ਕਿ ਕਾਲ ਦੀ ਉਡੀਕ ਕਰੋ, ਪਰ ਅਜੇ ਤੱਕ ਕੋਈ ਕਾਲ ਨਹੀਂ ਆਈ। 29 ਜਨਵਰੀ ਨੂੰ ਦੁਬਾਰਾ ਫੋਨ ਕਰਨ 'ਤੇ ਵੀ ਏਜੰਟ ਅਨੁਪਮਾ ਨੇ ਨਾ ਫੋਨ ਚੁੱਕਿਆ ਅਤੇ ਨਾ ਹੀ ਵਟਸਐਪ ਸੁਨੇਹੇ ਦਾ ਜਵਾਬ ਦਿੱਤਾ, ਜਿਸ ਨਾਲ ਸਾਫ਼ ਹੁੰਦਾ ਹੈ ਕਿ ਉਨ੍ਹਾਂ ਕੋਲ ਕੋਈ ਜਵਾਬ ਨਹੀਂ ਹੈ। ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ ਕਿ ਬੀਮਾ ਕੰਪਨੀਆਂ ਦੇ ਏਜੰਟਾਂ ਨੂੰ ਬੈਂਕਾਂ ਵਿੱਚ ਬੈਠਣ ਦੀ ਇਜਾਜ਼ਤ ਨਾ ਦਿੱਤੀ ਜਾਵੇ ਅਤੇ ਲੋਕਾਂ ਨੂੰ ਇਨ੍ਹਾਂ ਠੱਗਾਂ ਤੋਂ ਬਚਾਇਆ ਜਾਵੇ। ਮਜ਼ਦੂਰ ਨੇਤਾ ਕਾਮਰੇਡ ਸ਼ਿਵ ਕੁਮਾਰ ਨੇ ਕਿਹਾ ਕਿ ਨਿੱਜੀਕਰਨ ਕਾਰਨ ਆਮ ਲੋਕਾਂ ਦੀ ਹੋ ਰਹੀ ਲੁੱਟ ਲਈ ਸਰਕਾਰ ਨੂੰ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ। ਇਸ ਸੰਬੰਧ ਵਿੱਚ ਸਮਾਜ ਸੇਵਕ ਅਤੇ ਰਾਸ਼ਟਰੀ ਭਗਵਾ ਸੈਨਾ ਸੰਗਠਨ ਦੇ ਯੁਵਾ ਪ੍ਰਧਾਨ ਸੌਰਭ ਗੁਪਤਾ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨਾਲ ਪੀਐੱਨਬੀ ਮੈਟ ਲਾਈਫ ਕੰਪਨੀ ਅਤੇ ਉਸਦੇ ਏਜੰਟਾਂ ਨੇ ਠੱਗੀ ਕੀਤੀ ਹੈ, ਉਨ੍ਹਾਂ ਖਿਲਾਫ ਭਗਵਾ ਸੈਨਾ ਮੋਰਚਾ ਖੋਲ੍ਹਣ ਜਾ ਰਹੀ ਹੈ। ਗਰੀਬ ਲੋਕਾਂ ਦੀ ਪਾਈ-ਪਾਈ ਦਾ ਹਿਸਾਬ ਇਨ੍ਹਾਂ ਨੂੰ ਦੇਣਾ ਪਵੇਗਾ। ਉਨ੍ਹਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨਾਲ ਵੀ ਇਸ ਕੰਪਨੀ ਨੇ ਠੱਗੀ ਕੀਤੀ ਹੈ ਜਾਂ ਝੂਠ ਬੋਲ ਕੇ ਪਾਲਿਸੀ ਕਰਵਾਈ ਹੈ, ਉਹ ਭਗਵਾ ਸੈਨਾ ਸੰਗਠਨ ਨਾਲ ਸੰਪਰਕ ਕਰਨ। ਗੁਪਤਾ ਨੇ ਕਿਹਾ ਕਿ ਉਹ ਆਪਣੇ ਸੰਗਠਨ ਵੱਲੋਂ ਪੰਜਾਬ ਵਿਜੀਲੈਂਸ ਵਿਭਾਗ, ਮੁੱਖ ਮੰਤਰੀ ਪੰਜਾਬ, ਵਿੱਤ ਮੰਤਰੀ ਪੰਜਾਬ ਅਤੇ ਭਾਰਤ ਸਰਕਾਰ ਦੇ ਵਿੱਤ ਮੰਤਰੀ ਨੂੰ ਪੱਤਰ ਲਿਖ ਕੇ ਕਾਰਵਾਈ ਦੀ ਮੰਗ ਕਰਨਗੇ। ਜੇ ਲੋੜ ਪਈ ਤਾਂ ਧਰਨਾ-ਪ੍ਰਦਰਸ਼ਨ ਵੀ ਕੀਤਾ ਜਾਵੇਗਾ। ਇਸ ਸੰਬੰਧ ਵਿੱਚ ਜਦੋਂ ਏਜੰਟ ਅਨੁਪਮਾ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਸ ਨੇ ਤਿੰਨ ਵਾਰ ਫੋਨ ਕੱਟ ਦਿੱਤਾ ਅਤੇ ਫਿਰ ਪਾਲਿਸੀ ਦੀ ਡਿਟੇਲ ਮੰਗ ਕੇ ਕਿਹਾ ਕਿ ਮੈਂ ਚੈੱਕ ਕਰਕੇ ਦੱਸਾਂਗੀ। ਪੀਐੱਨਬੀ ਮੈਟ ਲਾਈਫ ਦੇ ਅਫ਼ਸਰ ਅਰੁਣ ਕੁਮਾਰ ਸ਼ਰਮਾ ਨਾਲ ਜਦੋਂ ਇਸ ਬਾਰੇ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਦੱਸਿਆ ਕਿ ਬੈਂਕ ਰਾਹੀਂ ਹੋਣ ਵਾਲੀਆਂ ਪਾਲਿਸੀਆਂ ਉਨ੍ਹਾਂ ਦੇ ਅਧੀਨ ਨਹੀਂ ਆਉਂਦੀਆਂ।



# ਫੋਰਟਿਸ ਹਸਪਤਾਲ ਜਲੰਧਰ ਵੱਲੋਂ ਐਡਵਾਂਸਡ ਰੋਬੋਟਿਕ ਸਰਜਰੀ ਸਿਸਟਮ ਦਾ ਉਦਘਾਟਨ

**ਜਲੰਧਰ:** ਫੋਰਟਿਸ ਹਸਪਤਾਲ ਜਲੰਧਰ ਨੇ ਅਤਿ-ਆਧੁਨਿਕ ਰੋਬੋਟਿਕ ਸਰਜਰੀ ਸਰਵਿਸ-ਐੱਸਐੱਸਆਈ ਮੰਤਰਾ 3 ਦੀ ਸ਼ੁਰੂਆਤ ਨਾਲ ਆਪਣੇ ਐਡਵਾਂਸਡ ਸਰਜੀਕਲ ਕੇਅਰ ਦੇ ਬੁਨਿਆਦੀ ਇੰਫਰਾਸਟਰਚਰ ਨੂੰ ਮਜ਼ਬੂਤ ਕੀਤਾ ਹੈ। ਰੋਬੋਟਿਕ-ਸਹਾਇਤਾ ਪ੍ਰਾਪਤ ਸਰਜਰੀ ਕਰਵਾਉਣ ਵਾਲੇ ਮਰੀਜ਼ਾਂ ਨੂੰ ਘੱਟ ਦਰਦ, ਘੱਟੋ-ਘੱਟ ਖ਼ੂਨ ਦੀ ਕਮੀ, ਘੱਟ ਸਦਮੇ, ਲਾਗ ਦੇ ਘੱਟ ਜੋਖਮ ਅਤੇ ਤੇਜ਼ੀ ਨਾਲ ਰਿਕਵਰੀ ਦਾ ਲਾਭ ਹੁੰਦਾ ਹੈ, ਜਿਸ ਨਾਲ ਉਹ ਰੋਜ਼ਾਨਾ ਦੀਆਂ ਗਤੀਵਿਧੀਆਂ ਮੁੜ ਸ਼ੁਰੂ ਕਰ ਸਕਦੇ ਹਨ। ਲਾਂਚ ਮੌਕੇ ਡਾ. ਹਰਮੀਤ ਪਾਲ ਸਿੰਘ ਡਾਇਰੈਕਟਰ-ਜਨਰਲ, ਲੈਪਰੋਸਕੋਪਿਕ ਜੀਆਈ ਅਤੇ ਬੈਰੀਐਟ੍ਰਿਕ ਸਰਜਰੀ, ਫੋਰਟਿਸ ਹਸਪਤਾਲ ਜਲੰਧਰ ਨੇ ਕਿਹਾ ਕਿ ਫੋਰਟਿਸ ਹਸਪਤਾਲ ਜਲੰਧਰ ਵਿਖੇ ਰੋਬੋਟਿਕ ਸਰਜਰੀ ਦੀ ਸ਼ੁਰੂਆਤ ਗੈਸਟਰੋਇੰਟੈਸਟਾਈਨਲ ਅਤੇ ਬੈਰੀਐਟ੍ਰਿਕ ਸਥਿਤੀਆਂ ਲਈ ਮਿਨੀਮਲੀ ਇਨਵੇਸਿਵ ਸਰਜੀਕਲ ਪ੍ਰਕਿਰਿਆਵਾਂ ਨੂੰ ਅੱਗੇ ਵਧਾਉਣ ਵਿੱਚ ਇੱਕ ਪਰਿਵਰਤਨਸ਼ੀਲ ਕਦਮ ਹੈ। ਡਾ. ਅਰੁਣ ਕੁਮਾਰ ਸ਼ਰਮਾ ਕੰਸਲਟੈਂਟ ਸਰਜੀਕਲ ਓਨਕੋਲੋਜੀ, ਫੋਰਟਿਸ ਹਸਪਤਾਲ ਜਲੰਧਰ ਨੇ ਕਿਹਾ ਕਿ ਫੋਰਟਿਸ ਹਸਪਤਾਲ ਜਲੰਧਰ ਵਿਖੇ ਰੋਬੋਟਿਕ ਸਰਜਰੀ ਦੀ ਸ਼ੁਰੂਆਤ ਇਸ ਖੇਤਰ ਵਿੱਚ ਕੈਂਸਰ ਕੇਅਰ ਪ੍ਰਦਾਨ ਕਰਨ ਵਿੱਚ ਇੱਕ ਮਹੱਤਵਪੂਰਨ ਤਰੱਕੀ ਨੂੰ ਦਰਸਾਉਂਦੀ ਹੈ।

2-Feb-PAGE-4.qxd 2/1/2026 10:19 PM Page 1

ਨਵਾਂ ਜ਼ਮਾਨਾ
ਸੋਮਵਾਰ, 2 ਫਰਵਰੀ 2026

# ਮਜ਼ਦੂਰ-ਵਿਰੋਧੀ ਟਿੱਪਣੀ

*ਜਦੋਂ ਕਿ ਕੇਂਦਰ ਸਰਕਾਰ ਨਵੇਂ-ਨਵੇਂ ਕਾਨੂੰਨ ਲਿਆ ਕੇ ਮਜ਼ਦੂਰਾਂ ਵੱਲੋਂ ਦਹਾਕਿਆਂ-ਬੱਧੀ ਸੰਘਰਸ਼ ਕਰਕੇ ਹਾਸਲ ਕੀਤੇ ਹੱਕਾਂ ਨੂੰ ਖੋਹੀ ਜਾ ਰਹੀ ਹੈ, ਸੰਵਿਧਾਨ ਦੀ ਰਾਖੀ ਕਰਨ ਵਾਲੀ ਸਭ ਤੋਂ ਉੱਚੀ ਸੰਸਥਾ ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਨੇ ਘਰੇਲੂ ਮਜ਼ਦੂਰਾਂ ਦੀ ਘੱਟੋਘੱਟ ਮਜ਼ਦੂਰੀ ਅਤੇ ਇੱਕ ਵਿਆਪਕ ਕਾਨੂੰਨ ਦੇ ਅਧਿਕਾਰ ਲਈ ਦਾਖਲ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਜਿਹੜੀ ਟਿੱਪਣੀ ਕੀਤੀ, ਉਸ ਨੇ ਮਜ਼ਦੂਰਾਂ ਪੱਲੇ ਬਹੁਤ ਵੱਡੀ ਨਿਰਾਸ਼ਾ ਪਾਈ ਹੈ। ਚੀਫ ਜਸਟਿਸ ਨੇ ਕਿਹਾ ਕਿ ਕਿੰਨੇ ਹੀ ਸਨਅਤੀ ਅਦਾਰੇ ਝੰਡੇ ਵਾਲੀਆਂ ਟਰੇਡ ਯੂਨੀਅਨਾਂ ਦੀ ਵਜ੍ਹਾ ਨਾਲ ਬੰਦ ਹੋ ਗਏ ਹਨ। ਟਰੇਡ ਯੂਨੀਅਨਾਂ ਦੇ ਆਗੂ ਦੇਸ਼ ਦੇ ਸਨਅਤੀ ਵਿਕਾਸ ਨੂੰ ਰੋਕਣ ਲਈ ਕਾਫੀ ਹੱਦ ਤੱਕ ਜ਼ਿੰਮੇਵਾਰ ਹਨ। ਹਾਲਾਂਕਿ ਘੱਟੋਘੱਟ ਉਜਰਤ ਲਾਜ਼ਮੀ ਨਾ ਹੋਣ ਨਾਲ ਘਰੇਲੂ ਮਜ਼ਦੂਰਾਂ ਦੇ ਸਮਾਨਤਾ, ਵਿਤਕਰੇ-ਰਹਿਤ ਵਿਹਾਰ ਤੇ ਨਿਰਪੱਖ ਰੁਜ਼ਗਾਰ ਦੇ ਅਧਿਕਾਰ (ਆਰਟੀਕਲ 14, 15 ਤੇ 16) ਦੀ ਉਲੰਘਣਾ ਹੁੰਦੀ ਹੈ, ਪਰ ਲੋੜੋਂ ਵੱਧ ਸਰਗਰਮ ਟਰੇਡ ਯੂਨੀਅਨਾਂ ਆਖਰ ਇਨ੍ਹਾਂ ਮਜ਼ਦੂਰਾਂ ਨੂੰ ਬੇਬਸੀ ਦੀ ਹਾਲਤ ਵਿੱਚ ਛੱਡ ਸਕਦੀਆਂ ਹਨ।*

*ਸੱਚਾਈ ਇਸ ਦੇ ਉਲਟ ਹੈ। ਦਰਅਸਲ 1991 ਤੋਂ ਸ਼ੁਰੂ ਕੀਤੀਆਂ ਗਈਆਂ ਆਰਥਕ-ਸਨਅਤੀ ਨੀਤੀਆਂ, ਜਿਨ੍ਹਾਂ ਨੂੰ ਅੱਜ ਵੀ ਪਰਵਾਨ ਚੜ੍ਹਾਇਆ ਜਾ ਰਿਹਾ ਹੈ, ਤਹਿਤ ਸਰਕਾਰ ਗਿਣ-ਮਿੱਥ ਕੇ ਸਰਕਾਰੀ ਉਦਯੋਗ ਧੰਦਿਆਂ ਨੂੰ ਖੁਦ ਬੰਦ ਕਰਨ, ਵੇਚਣ ਤੇ ਖਤਮ ਕਰਨ ਦੇ ਰਾਹ ਪਈ ਹੋਈ ਹੈ। ਟਰੇਡ ਯੂਨੀਅਨਾਂ ਤਾਂ ਇਨ੍ਹਾਂ ਨੂੰ ਬਚਾਉਣ ਲਈ ਸੰਘਰਸ਼ ਕਰ ਰਹੀਆਂ ਹਨ। ਸੰਵਿਧਾਨ ਦਾ ਆਰਟੀਕਲ 21 ਕਹਿੰਦਾ ਹੈ ਕਿ ਸਨਮਾਨਜਨਕ ਜੀਵਨ ਸਰਕਾਰ ਤੋਂ ਪ੍ਰਾਪਤ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ। ਸਨਮਾਨਜਨਕ ਜੀਵਨ ਤਦੇ ਯਕੀਨੀ ਬਣੇਗਾ ਜਦ ਕਿਸੇ ਵਿਅਕਤੀ ਨੂੰ ਸਨਮਾਨਜਨਕ ਮਜ਼ਦੂਰੀ ਤੇ ਸਮਾਜੀ ਸੁਰੱਖਿਆ ਦੀ ਵਿਵਸਥਾ ਸਰਕਾਰ ਕਰੇਗੀ। ਕੌਮਾਂਤਰੀ ਮਜ਼ਦੂਰ ਜਥੇਬੰਦੀ (ਆਈ ਐੱਲ ਓ) ਦੀ ਕਨਵੈਨਸ਼ਨ ਦੇ ਘਰੇਲੂ ਮਜ਼ਦੂਰਾਂ ਬਾਰੇ ਚੈਪਟਰ, ਜਿਸ 'ਤੇ ਭਾਰਤ ਸਰਕਾਰ ਨੇ ਵੀ ਦਸਤਖਤ ਕੀਤੇ ਹਨ, ਵਿੱਚ ਕਿਹਾ ਗਿਆ ਹੈ ਕਿ ਘਰੇਲੂ ਮਜ਼ਦੂਰਾਂ ਲਈ ਘੱਟੋਘੱਟ ਮਜ਼ਦੂਰੀ ਯਕੀਨੀ ਬਣਾਉਣ, ਉਨ੍ਹਾਂ ਦੀ ਸਮਾਜੀ ਸੁਰੱਖਿਆ ਯਕੀਨੀ ਬਣਾਉਣ ਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਕਰਨ ਲਈ ਕਾਨੂੰਨ ਬਣਾਏ ਜਾਣਗੇ। ਇਸ ਦੇ ਖਿਲਾਫ ਫੈਸਲਾ ਦੇਣਾ ਕੌਮਾਂਤਰੀ ਕਾਨੂੰਨੀ ਵਾਅਦਿਆਂ ਦੇ ਵੀ ਅਨੁਸਾਰ ਨਹੀਂ ਹੈ। ਇਹ ਵੀ ਅਹਿਮ ਹੈ ਕਿ ਮਹਾਰਾਸ਼ਟਰ ਵਰਗੇ ਰਾਜ ਵਿੱਚ ਘਰੇਲੂ ਮਜ਼ਦੂਰਾਂ ਲਈ ਪਹਿਲਾਂ ਤੋਂ ਹੀ ਕਾਨੂੰਨ ਬਣੇ ਹੋਏ ਹਨ, ਜਿਹੜੇ ਉੱਥੇ ਘਰ-ਘਰ ਵਿੱਚ ਵਿਵਾਦ ਦਾ ਕਾਰਨ ਨਹੀਂ ਬਣੇ ਹਨ, ਜਿਵੇਂ ਕਿ ਚੀਫ ਜਸਟਿਸ ਜੀ ਦੱਸ ਰਹੇ ਹਨ।*

*ਚੀਫ ਜਸਟਿਸ ਦੀ ਟਿੱਪਣੀ ਉਸ ਸਮੇਂ ਆਈ ਹੈ ਜਦੋਂ ਨਵੇਂ ਲੇਬਰ ਕੋਡਾਂ ਨੇ ਗੈਰਜਥੇਬੰਦ ਖੇਤਰ ਦੇ ਮਜ਼ਦੂਰਾਂ ਨੂੰ ਉਪਲੱਬਧ ਘੱਟੋਘੱਟ ਸਮਾਜੀ ਸੁਰੱਖਿਆ ਨੂੰ ਵੀ ਖਤਮ ਕਰ ਦਿੱਤਾ ਹੈ। ਲੇਬਰ ਕੋਡਾਂ ਨੇ ਕੰਮ ਦੇ ਘੰਟੇ 12 ਕਰ ਦਿੱਤੇ ਹਨ, ਜਿਹੜੇ 200 ਸਾਲ ਦੇ ਸੰਘਰਸ਼ ਨਾਲ ਹਾਸਲ ਕੀਤੇ 8 ਘੰਟਿਆਂ ਦੇ ਅਧਿਕਾਰ ਨੂੰ ਖਤਮ ਕਰਦੇ ਹਨ। ਅਜੇ ਤੱਕ ਪਤੀ-ਪਤਨੀ ਤੇ ਦੋ ਬੱਚਿਆਂ ਦੇ ਕਿਸੇ ਤਰ੍ਹਾਂ ਨਾਲ ਜੀਵਨ ਨਿਰਬਾਹ ਲਈ ਜਿਹੜੀ ਘੱਟੋਘੱਟ ਮਜ਼ਦੂਰੀ ਤੈਅ ਕੀਤੀ ਗਈ ਸੀ, ਉਸ ਨੂੰ ਵੀ ਲੇਬਰ ਕੋਡ ਨਾਲ ਖਤਮ ਕਰਕੇ ਨਵੀਂ ਫਲੋਰ ਲੇਵਲ ਵੇਜ ਦਾ ਫਾਰਮੂਲਾ ਲਿਆਂਦਾ ਗਿਆ ਹੈ, ਜਿਹੜਾ ਘੱਟੋਘੱਟ ਦਿਹਾੜੀ ਤੋਂ ਵੀ ਘੱਟ ਪੱਲੇ ਪਾਉਂਦਾ ਹੈ। ਪਿਛਲੇ 20 ਸਾਲਾਂ ਤੋਂ ਪੱਕੇ (ਪਰਮਾਨੈਂਟ) ਕੰਮ ਦੇ ਸਰੂਪ ਨੂੰ ਖਤਮ ਕਰਕੇ ਮਜ਼ਦੂਰਾਂ ਦੀ ਮਜਬੂਰੀ ਦਾ ਫਾਇਦਾ ਉਠਾਉਂਦਿਆਂ ਠੇਕੇਦਾਰੀ ਪ੍ਰਥਾ ਰਾਸ਼ਟਰਪਤੀ ਭਵਨ ਤੋਂ ਹੇਠਲੇ ਪੱਧਰ ਤੱਕ ਲਾਗੂ ਕੀਤੀ ਗਈ ਸੀ, ਜਿਸ ਵਿੱਚ ਪੱਕੇ ਕੰਮ ਦੀ ਤੁਲਨਾ ਵਿੱਚ ਬੇਹੱਦ ਘੱਟ ਮਜ਼ਦੂਰੀ ਦਿੱਤੀ ਜਾਂਦੀ ਸੀ, ਪਰ ਇਸ ਵਿੱਚ ਮਜ਼ਦੂਰਾਂ ਦੀ ਸਮਾਜੀ ਸੁਰੱਖਿਆ ਲਈ ਈ ਪੀ ਐੱਫ, ਈ ਐੱਸ ਆਈ ਲਾਗੂ ਸੀ ਅਤੇ ਕੰਮ ਵਾਲੀ ਥਾਂ 'ਤੇ ਕੁਝ ਸਹੂਲਤਾਂ ਮਿਲਦੀਆਂ ਸਨ। ਨਵੇਂ ਲੇਬਰ ਕੋਡ ਵਿੱਚ ਫਿਕਸ ਟਰਮ ਇੰਪਲਾਇਮੈਂਟ ਲਿਆ ਕੇ ਇਸ ਠੇਕੇਦਾਰੀ ਪ੍ਰਥਾ ਤੋਂ ਵੀ ਬੁਰੀ ਹਾਲਤ ਵਿੱਚ ਕੰਮ ਕਰਵਾਇਆ ਜਾਵੇਗਾ, ਜਿੱਥੇ ਕੋਈ ਸਮਾਜੀ ਸੁਰੱਖਿਆ ਨਹੀਂ ਹੋਵੇਗੀ।*

*ਲੋੜ ਇਸ ਗੱਲ ਦੀ ਸੀ ਕਿ ਚੀਫ ਜਸਟਿਸ ਮਜ਼ਦੂਰਾਂ ਦੀ ਪੀੜਾ ਤੇ ਆਵਾਜ਼ 'ਤੇ ਸੰਜੀਦਗੀ ਨਾਲ ਸੁਣਵਾਈ ਕਰਦੇ, ਉਨ੍ਹਾ ਨੇ ਮਜ਼ਦੂਰਾਂ ਨੂੰ ਹੋਰ ਦੁੱਖਾਂ ਵਿੱਚ ਪਾ ਦਿੱਤਾ ਹੈ। ਇਸ ਨਾਲ ਮਜ਼ਦੂਰਾਂ ਦਾ ਨਿਆਪਾਲਿਕਾ ਵਿੱਚ ਭਰੋਸਾ ਘਟੇਗਾ, ਜਿਹੜਾ ਜਮਹੂਰੀਅਤ ਲਈ ਸ਼ੁੱਭ ਨਹੀਂ। ਬਹਰਹਾਲ, 12 ਫਰਵਰੀ ਨੂੰ ਮਜ਼ਦੂਰ ਦੇਸ਼ਵਿਆਪੀ ਹੜਤਾਲ ਕਰ ਰਹੇ ਹਨ ਅਤੇ ਉਮੀਦ ਹੈ ਕਿ ਇਸ ਹੜਤਾਲ ਨੂੰ ਸਫਲ ਬਣਾ ਕੇ ਉਹ ਤਕੜਾ ਸੰਦੇਸ਼ ਦੇਣਗੇ।*

## ਸਿੱਖਿਆ ਤੰਤਰ ਵਿੱਚੋਂ ਨੈਤਿਕਤਾ ਦਾ ਮਨਫੀ ਹੋਣਾ ਗੰਭੀਰ ਚਿੰਤਾ

**ਜਸਵਿੰਦਰ ਪਾਲ ਸ਼ਰਮਾ**

ਸਿੱਖਿਆ ਦਾ ਅਸਲੀ ਮਕਸਦ ਮਨੁੱਖ ਨੂੰ ਸਿਰਫ਼ ਰੋਜ਼ੀ-ਰੋਟੀ ਯੋਗ ਬਣਾਉਣਾ ਨਹੀਂ, ਸਗੋਂ ਉਸ ਨੂੰ ਚੰਗਾ ਇਨਸਾਨ ਬਣਾਉਣਾ ਹੁੰਦਾ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਅੱਜ ਦਾ ਸਿੱਖਿਆ ਤੰਤਰ ਇਸ ਮੂਲ ਮਕਸਦ ਤੋਂ ਹਟ ਕੇ ਅੰਕਾਂ, ਰੈਂਕਾਂ ਅਤੇ ਨੌਕਰੀਆਂ ਦੀ ਦੌੜ ਬਣ ਕੇ ਰਹਿ ਗਿਆ ਹੈ। ਇਸ ਦੌੜ ਵਿੱਚ ਸਭ ਤੋਂ ਵੱਡੀ ਕੁਰਬਾਨੀ ਨੈਤਿਕਤਾ ਦੀ ਹੋ ਰਹੀ ਹੈ, ਜੋ ਕਿਸੇ ਵੀ ਸੱਭਿਆਚਾਰਕ ਅਤੇ ਸਮਾਜਿਕ ਢਾਂਚੇ ਦੀ ਰੀੜ੍ਹ ਦੀ ਹੱਡੀ ਹੁੰਦੀ ਹੈ।

ਅੱਜ ਸਕੂਲਾਂ ਅਤੇ ਕਾਲਜਾਂ ਵਿੱਚ ਪੜ੍ਹ ਰਹੇ ਵਿਦਿਆਰਥੀ ਕਿਤਾਬੀ ਗਿਆਨ ਵਿੱਚ ਤਾਂ ਅੱਗੇ ਹਨ, ਪਰ ਜੀਵਨ ਮੁੱਲਾਂ ਵਿੱਚ ਪਿੱਛੇ ਦਿਸ ਰਹੇ ਹਨ। ਨਕਲ, ਝੂਠ, ਅਨੁਸ਼ਾਸਨਹੀਣਤਾ, ਅਧਿਆਪਕਾਂ ਨਾਲ ਬਦਤਮੀਜ਼ੀ ਅਤੇ ਸਾਥੀਆਂ ਪ੍ਰਤੀ ਅਸਹਿਣਸ਼ੀਲਤਾ ਆਮ ਹੋ ਰਹੀ ਹੈ। ਇਹ ਸਭ ਸਿਰਫ਼ ਵਿਦਿਆਰਥੀ ਦੀ ਨਾਕਾਮੀ ਨਹੀਂ, ਸਗੋਂ ਉਸ ਸਿੱਖਿਆ ਤੰਤਰ ਦੀ ਨਾਕਾਮੀ ਹੈ, ਜੋ ਉਨ੍ਹਾਂ ਨੂੰ ਸਹੀ ਅਤੇ ਗਲਤ ਵਿੱਚ ਫ਼ਰਕ ਕਰਨਾ ਨਹੀਂ ਸਿਖਾ ਸਕਿਆ।

ਕਦੇ ਅਧਿਆਪਕ ਨੂੰ 'ਗੁਰੂ' ਦਾ ਦਰਜਾ ਪ੍ਰਾਪਤ ਸੀ। ਉਸ ਦਾ ਆਚਰਨ ਹੀ ਵਿਦਿਆਰਥੀਆਂ ਲਈ ਸਿੱਖਿਆ ਹੁੰਦਾ ਸੀ। ਅੱਜ ਅਧਿਆਪਕ ਵੀ ਨਤੀਜਾ-ਕੇਂਦਰਤ ਦਬਾਅ, ਪ੍ਰਸ਼ਾਸਕੀ ਬੋਝ ਅਤੇ ਅੰਕੜਿਆਂ ਦੀ ਰਿਪੋਰਟਿੰਗ ਵਿੱਚ ਉਲਝ ਕੇ ਰਹਿ ਗਏ ਹਨ। ਨੈਤਿਕ ਸਿੱਖਿਆ ਲਈ ਨਾ ਸਮਾਂ ਬਚਦਾ ਹੈ, ਨਾ ਹੀ ਪ੍ਰਣਾਲੀਕ ਸਹਿਯੋਗ ਮਿਲਦਾ ਹੈ।

ਇਸ ਸਥਿਤੀ ਲਈ ਮਾਪਿਆਂ ਦੀ ਭੂਮਿਕਾ ਵੀ ਨਜ਼ਰਅੰਦਾਜ਼ ਨਹੀਂ ਕੀਤੀ ਜਾ ਸਕਦੀ। ਅਕਸਰ ਮਾਪੇ ਬੱਚਿਆਂ ਤੋਂ ਸਿਰਫ਼ ਉੱਚ ਅੰਕਾਂ ਦੀ ਉਮੀਦ ਰੱਖਦੇ ਹਨ, ਪਰ ਉਨ੍ਹਾਂ ਦੇ ਵਿਹਾਰ, ਸੰਵੇਦਨਸ਼ੀਲਤਾ ਅਤੇ ਸਮਾਜਿਕ ਜ਼ਿੰਮੇਵਾਰੀ ਵੱਲ ਘੱਟ ਧਿਆਨ ਦਿੰਦੇ ਹਨ। ਜਦੋਂ ਬੱਚਾ ਵੇਖਦਾ ਹੈ ਕਿ ਅੰਕ ਸਭ ਕੁਝ ਹਨ, ਤਾਂ ਉਹ ਕਿਸੇ ਵੀ ਢੰਗ ਨਾਲ ਅੱਗੇ ਵਧਣ ਦੀ ਸੋਚ ਵਿਕਸਤ ਕਰ ਲੈਂਦਾ ਹੈ। ਨੈਤਿਕਤਾ ਦੇ ਅਭਾਵ ਦਾ ਨਤੀਜਾ ਸਿਰਫ਼ ਸਕੂਲਾਂ ਤੱਕ ਸੀਮਿਤ ਨਹੀਂ ਰਹਿੰਦਾ। ਇਹੀ ਵਿਦਿਆਰਥੀ ਅੱਗੇ ਚੱਲ ਕੇ ਭ੍ਰਿਸ਼ਟ ਪ੍ਰਸ਼ਾਸਕ, ਬੇਹਿਸ ਵਪਾਰੀ ਅਤੇ ਗ਼ੈਰ-ਜ਼ਿੰਮੇਵਾਰ ਨਾਗਰਿਕ ਬਣਦੇ ਹਨ। ਸਮਾਜ ਵਿੱਚ ਵਧ ਰਹੀ ਹਿੰਸਾ, ਅਨਿਆਇ, ਭ੍ਰਿਸ਼ਟਾਚਾਰ ਅਤੇ ਆਪਸੀ ਵਿਸ਼ਵਾਸ ਦੀ ਘਾਟ ਸਿੱਖਿਆ ਦੇ ਖ਼ਾਲੀਪਨ ਦੀ ਪੈਦਾਵਾਰ ਹੈ।

ਹੁਣ ਸਮਾਂ ਆ ਗਿਆ ਹੈ ਕਿ ਸਿੱਖਿਆ ਤੰਤਰ ਵਿੱਚ ਨੈਤਿਕਤਾ ਨੂੰ ਕੇਂਦਰ ਵਿੱਚ ਰੱਖਿਆ ਜਾਵੇ। ਪਾਠਕ੍ਰਮ ਵਿੱਚ ਜੀਵਨ ਮੁੱਲ, ਸਮਾਜਿਕ ਸੇਵਾ, ਸੰਵਿਧਾਨਕ ਮੁੱਲਾਂ ਅਤੇ ਸੱਭਿਆਚਾਰਕ ਵਿਰਾਸਤ ਨੂੰ ਕੇਵਲ ਅਧਿਆਇ ਨਹੀਂ, ਸਗੋਂ ਅਮਲੀ ਜੀਵਨ ਦਾ ਹਿੱਸਾ ਬਣਾਇਆ ਜਾਵੇ। ਸਕੂਲਾਂ ਵਿੱਚ ਚਰਚਾ, ਕਹਾਣੀਆਂ, ਸੇਵਾ ਕਾਰਜ, ਨਾਟਕ ਅਤੇ ਸਾਂਝੀ ਗਤੀਵਿਧੀਆਂ ਰਾਹੀਂ ਨੈਤਿਕਤਾ ਨੂੰ ਜ਼ਿੰਦਗੀ ਨਾਲ ਜੋੜਿਆ ਜਾਵੇ।

ਅਧਿਆਪਕ, ਮਾਪੇ ਅਤੇ ਪ੍ਰਸ਼ਾਸਨ — ਤਿੰਨੇ ਮਿਲ ਕੇ ਹੀ ਇਸ ਗਿਰਾਵਟ ਨੂੰ ਰੋਕ ਸਕਦੇ ਹਨ। ਨਹੀਂ ਤਾਂ ਅਸੀਂ ਇੱਕ ਐਸੀ ਪੀੜ੍ਹੀ ਤਿਆਰ ਕਰ ਰਹੇ ਹਾਂ, ਜੋ ਦਿਮਾਗੋਂ ਤਿੱਖੀ, ਪਰ ਦਿਲੋਂ ਖਾਲੀ ਹੋਵੇਗੀ।ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਨੈਤਿਕਤਾ ਤੋਂ ਖਾਲੀ ਸਿੱਖਿਆ ਸਮਾਜ ਲਈ ਵਰਦਾਨ ਨਹੀਂ, ਵਰਦਾਤੀ ਖ਼ਤਰਾ ਹੈ। ਜੇ ਅਸੀਂ ਅੱਜ ਨਹੀਂ ਸੰਭਲੇ, ਤਾਂ ਕੱਲ੍ਹ ਸਾਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪਵੇਗੀ।

**# ਸੰਪਰਕ : 79860-27454**

# ਵਿਕਾਸਸ਼ੀਲ ਦੇਸ਼ਾਂ ਨੂੰ ਉੱਭਰ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਇੱਕਮੁੱਠ ਹੋਣਾ ਚਾਹੀਦੈ

ਵਿਸ਼ਵ ਆਰਥਿਕ ਫੋਰਮ (WEF) ਦੀ 56ਵੀਂ ਸਾਲਾਨਾ ਮੀਟਿੰਗ, 19-23 ਜਨਵਰੀ 2026 ਨੂੰ ਦਾਵੋਸ ਵਿੱਚ 'ਸੰਵਾਦ ਦੀ ਭਾਵਨਾ' ਵਿਸ਼ੇ ਹੇਠ ਤਣਾਅਪੂਰਨ ਵਿਸ਼ਵ ਵਪਾਰਕ ਸਬੰਧਾਂ ਦੇ ਇੱਕ ਬਹੁਤ ਹੀ ਗਰਮਾਏ ਹੋਏ ਪਿਛੋਕੜ ਵਿੱਚ ਹੋਈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਕੀਤੀਆਂ ਗਈਆਂ ਕਾਰਵਾਈਆਂ ਨੇ ਦੇਸ਼ਾਂ ਵਿਚਕਾਰ ਸਹਿਯੋਗ ਦੇ ਸਥਾਪਤ ਢਾਂਚੇ ਨੂੰ ਬੁਨਿਆਦੀ ਤੌਰ 'ਤੇ ਬਦਲ ਦਿੱਤਾ ਹੈ।

ਦੂਜੇ ਵਿਸ਼ਵ ਯੁੱਧ ਤੋਂ ਬਾਅਦ ਇੱਕ ਵਿਆਪਕ ਅਹਿਸਾਸ ਹੋਇਆ ਸੀ ਕਿ ਆਪਸੀ ਸਹਿਯੋਗ ਅਤੇ ਵਿਸ਼ਵ ਟਕਰਾਅ ਤੋਂ ਬਚਦੇ ਹੋਏ ਸ਼ਾਂਤੀਪੂਰਨ ਸਹਿ-ਹੋਂਦ ਵਿਅਕਤੀਗਤ ਦੇਸ਼ਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਜ਼ਰੂਰੀ ਹਨ ।ਇਸ ਸੰਦਰਭ ਵਿੱਚ ਸੰਯੁਕਤ ਰਾਸ਼ਟਰ ਦੀ ਸਥਾਪਨਾ, ਸੰਵਾਦ ਅਤੇ ਅੰਤਰਰਾਸ਼ਟਰੀ ਵਿਵਾਦਾਂ ਦੇ ਹੱਲ ਲਈ ਇੱਕ ਸਾਂਝੇ ਪਲੇਟਫਾਰਮ ਵਜੋਂ ਕੀਤੀ ਗਈ ਸੀ। ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਪੰਜ ਸਥਾਈ ਮੈਂਬਰਾਂ - ਸੰਯੁਕਤ ਰਾਜ ਅਮਰੀਕਾ, ਸੋਵੀਅਤ ਯੂਨੀਅਨ (ਹੁਣ ਰੂਸ), ਫਰਾਂਸ, ਯੂਨਾਈਟਿਡ ਕਿੰਗਡਮ ਅਤੇ ਚੀਨ - ਨੂੰ ਦਿੱਤੀਆਂ ਗਈਆਂ ਅਸਧਾਰਨ ਸ਼ਕਤੀਆਂ ਦੇ ਬਾਵਜੂਦ ਸੰਯੁਕਤ ਰਾਸ਼ਟਰ ਨੇ ਸ਼ਾਂਤੀ ਅਤੇ ਹਥਿਆਰਾਂ ਦੇ ਖਾਤਮੇ ਨੂੰ ਉਤਸ਼ਾਹਤ ਕਰਨ, ਪ੍ਰਮਾਣੂ ਹਥਿਆਰਾਂ ਦੇ ਖ਼ਤਰਿਆਂ ਨੂੰ ਉਜਾਗਰ ਕਰਨ, ਬੱਚਿਆਂ ਦੀ ਭਲਾਈ ਅਤੇ ਜਨਤਕ ਸਿਹਤ ਲਈ ਸਰੋਤਾਂ ਨੂੰ ਜੁਟਾਉਣ ਅਤੇ ਮਨੁੱਖ ਦੁਆਰਾ ਬਣਾਏ ਅਤੇ ਕੁਦਰਤੀ ਸੰਕਟਾਂ ਦਾ ਜਵਾਬ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ । ਇਸ ਨੇ ਅੰਤਰ ਰਾਸ਼ਟਰੀ ਵਪਾਰ ਨੂੰ ਨਿਯੰਤਰਿਤ ਕਰਨ ਵਾਲੇ ਨਿਯਮ ਸਥਾਪਤ ਕਰਨ ਵਿੱਚ ਵੀ ਯੋਗਦਾਨ ਪਾਇਆ।

1964 ਵਿੱਚ ਬਣਾਈ ਗਈ ਸੰਯੁਕਤ ਰਾਸ਼ਟਰ ਵਪਾਰ ਅਤੇ ਵਿਕਾਸ ਕਾਨਫਰੰਸ (UNCTAD) ਵਿਕਾਸਸ਼ੀਲ ਦੇਸ਼ਾਂ ਨੂੰ ਵਿਸ਼ਵ ਵਪਾਰ, ਨਿਵੇਸ਼ ਅਤੇ ਆਰਥਿਕ ਵਿਕਾਸ ਤੋਂ ਲਾਭ ਉਠਾਉਣ ਵਿੱਚ ਮਦਦ ਕਰਨ ਅਤੇ ਉਨ੍ਹਾਂ ਨੂੰ ਬਰਾਬਰ ਸ਼ਰਤਾਂ 'ਤੇ ਵਿਸ਼ਵ ਅਰਥ ਵਿਵਸਥਾ ਵਿੱਚ ਏਕੀਕ੍ਰਿਤ ਕਰਨ ਲਈ ਬਣਾਈ ਗਈ ਸੀ। UNCTAD ਨੀਤੀ ਵਿਸ਼ਲੇਸ਼ਣ ਪ੍ਰਦਾਨ ਕਰਕੇ, ਸਹਿਮਤੀ-ਨਿਰਮਾਣ ਨੂੰ ਸੁਵਿਧਾਜਨਕ ਬਣਾ ਕੇ ਅਤੇ ਤਕਨੀਕੀ ਸਹਾਇਤਾ ਦੀ ਪੇਸ਼ਕਸ਼ ਕਰਕੇ ਖਾਸ ਕਰਕੇ ਘੱਟ ਵਿਕਸਤ ਦੇਸ਼ਾਂ (LDCs) ਲਈ ਵਪਾਰ ਅਤੇ ਵਿਕਾਸ ਲਈ ਇੱਕ ਕੇਂਦਰ ਬਿੰਦੂ ਵਜੋਂ ਕੰਮ ਕਰਦਾ ਹੈ।



ਡਾ. ਅਰੁਣ ਮਿੱਤਰਾ

ਇਸੇ ਤਰ੍ਹਾਂ ਟੈਰਿਫ ਅਤੇ ਵਪਾਰ 'ਤੇ ਜਨਰਲ ਸਮਝੌਤਾ (GATT), ਇੱਕ 1947 ਦੀ ਬਹੁਪੱਖੀ ਸੰਧੀ ਨੇ ਟੈਰਿਫ, ਕੋਟੇ ਅਤੇ ਸਬਸਿਡੀਆਂ ਵਿੱਚ ਕਮੀ ਦੁਆਰਾ ਅੰਤਰਰਾਸ਼ਟਰੀ ਵਪਾਰ ਨੂੰ ਉਦਾਰ ਬਣਾ ਕੇ ਯੁੱਧ ਤੋਂ ਬਾਅਦ ਦੀ ਆਰਥਿਕ ਰਿਕਵਰੀ ਨੂੰ ਤੇਜ਼ ਕਰਨ ਦੀ ਕੋਸ਼ਿਸ਼ ਕੀਤੀ। 1995 ਵਿੱਚ GATT ਨੂੰ ਵਿਸ਼ਵ ਵਪਾਰ ਸੰਗਠਨ (WTO) ਦੁਆਰਾ ਬਦਲ ਦਿੱਤਾ ਗਿਆ ਸੀ। ਹਾਲਾਂਕਿ ਵਿਕਸਤ ਦੇਸ਼ਾਂ ਦੇ ਪੱਖ ਵਿੱਚ ਪੱਖਪਾਤ ਲਈ ➡"® ਦੀ ਵਿਆਪਕ ਤੌਰ 'ਤੇ ਆਲੋਚਨਾ ਕੀਤੀ ਗਈ, ਪਰ ਸਮਝੌਤਿਆਂ ਦੇ ਅੰਦਰ ਕਈ ਪ੍ਰਬੰਧ, ਜਿਵੇਂ ਕਿ ਵਪਾਰ-ਸੰਬੰਧਤ ਪਹਿਲੂ ਬੌਧਿਕ ਸੰਪਤੀ ਅਧਿਕਾਰਾਂ (TRIPS) ਅਤੇ ਵਪਾਰ-ਸਬੰਧਤ ਨਿਵੇਸ਼ ਉਪਾਅ (TRIMS) ਦੀ ਵਰਤੋਂ ਵਿਕਾਸਸ਼ੀਲ ਦੇਸ਼ਾਂ ਦੁਆਰਾ ਆਪਣੇ ਫਾਇਦੇ ਲਈ ਕੀਤੀ ਜਾ ਸਕਦੀ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਇਸ ਢਾਂਚੇ ਨੇ ਘੱਟੋ-ਘੱਟ ਅੰਤਰਰਾਸ਼ਟਰੀ ਵਪਾਰ ਲਈ ਇੱਕ ਨਿਯਮ-ਅਧਾਰਤ ਪ੍ਰਣਾਲੀ ਪ੍ਰਦਾਨ ਕੀਤੀ।

'ਮੇਕ ਅਮਰੀਕਾ ਗ੍ਰੇਟ ਅਗੇਨ' (MAGA) ਦੇ ਨਾਅਰੇ ਹੇਠ ਡੋਨਾਲਡ ਟਰੰਪ ਨੇ WTO ਅਤੇ ਸੰਯੁਕਤ ਰਾਸ਼ਟਰ ਦੋਵਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਇੱਕਪਾਸੜ ਤੌਰ 'ਤੇ ਵਪਾਰ ਨਿਯਮਾਂ ਨੂੰ ਦੁਬਾਰਾ ਲਿਖਣਾ ਸ਼ੁਰੂ ਕਰ ਦਿੱਤਾ। ਸੰਯੁਕਤ ਰਾਜ ਅਮਰੀਕਾ 66 ਅੰਤਰਰਾਸ਼ਟਰੀ ਸੰਗਠਨਾਂ, ਸੰਮੇਲਨਾਂ ਅਤੇ ਸੰਧੀਆਂ ਤੋਂ ਪਿੱਛੇ ਹਟ ਗਿਆ, ਜਿਸ ਵਿੱਚ ਪੈਰਿਸ ਜਲਵਾਯੂ ਸਮਝੌਤਾ ਵੀ ਸ਼ਾਮਲ ਹੈ, ਜਿਵੇਂ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ➡56 ਵਿੱਚ ਆਪਣੇ ਸੰਬੋਧਨ ਵਿੱਚ ਟਿੱਪਣੀ ਕੀਤੀ, ਅੰਤਰਰਾਸ਼ਟਰੀ ਵਿਵਸਥਾ 'ਵਿਗੜ ਗਈ ਹੈ ।' ਉਸ ਨੇ ਮੱਧ-ਆਮਦਨ ਵਾਲੇ ਦੇਸ਼ਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ, ਜੋ ਕਿ ਟਰੰਪ ਦੀਆਂ ਨੀਤੀਆਂ ਦੀ ਇੱਕ ਅਪ੍ਰਤੱਖ ਆਲੋਚਨਾ ਅਤੇ ਵਿਰੋਧ ਹੈ।

ਟਰੰਪ ਨੇ ਦੇਸ਼ਾਂ ਨਾਲ ਵੱਖਰੇ ਤੌਰ 'ਤੇ ਗੱਲਬਾਤ ਕਰਕੇ ਆਪਣਾ ਟੈਰਿਫ ਏਜੰਡਾ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤੇ ਬਹੁਪੱਖੀਵਾਦ ਨੂੰ ਕਮਜ਼ੋਰ ਕੀਤਾ । ਜਦੋਂ ਉਸ ਨੇ ਪਨਾਮਾ ਨਹਿਰ ਅਤੇ ਮੈਕਸੀਕੋ ਦੀ ਖਾੜੀ 'ਤੇ ਨਿਯੰਤਰਣ ਅਤੇ ਇੱਥੋਂ ਤੱਕ ਕਿ ਗ੍ਰੀਨਲੈਂਡ 'ਤੇ ਕਬਜ਼ਾ ਕਰਨ ਬਾਰੇ ਗੱਲ ਕੀਤੀ ਤਾਂ ਉਸ ਦੇ ਇਰਾਦੇ ਸਪੱਸ਼ਟ ਹੋ ਗਏ । ਉਸ ਨੇ ਪੱਛਮੀ ਏਸ਼ੀਆ ਅਤੇ ਦੁਨੀਆ ਦੇ ਹੋਰ ਹਿੱਸਿਆਂ ਵਿੱਚ ਵਿਸ਼ਵ ਦੇ ਤੇਲ ਸਰੋਤਾਂ ਵਿੱਚ ਆਪਣੀ ਦਿਲਚਸਪੀ ਨੂੰ ਛੁਪਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ। ਵੈਨੇਜ਼ੂਏਲਾ ਦੇ ਚੁਣੇ ਹੋਏ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਦਾ ਅਗਵਾ ਦੁਨੀਆ ਭਰ ਵਿੱਚ ਰਾਸ਼ਟਰੀ ਪ੍ਰਭੂਸੱਤਾ ਲਈ ਇੱਕ ਸਿੱਧੀ ਚੁਣੌਤੀ ਹੈ। ਇਸ ਪ੍ਰਕਿਰਿਆ ਵਿੱਚ ਟਰੰਪ ਨੇ ਯੂਰਪ ਵਿੱਚ ਰਵਾਇਤੀ ਅਮਰੀਕੀ ਸਹਿਯੋਗੀਆਂ ਤੋਂ ਵੀ ਦੂਰੀ ਬਣਾਈ ਹੈ।

ਕਈ ਯੂਰਪੀ ਦੇਸ਼ਾਂ ਨੇ ਪਹਿਲਾਂ ਇਰਾਕ ਅਤੇ ਲੀਬੀਆ ਵਿੱਚ ਅਮਰੀਕੀ ਫੌਜੀ ਦਖਲਅੰਦਾਜ਼ੀ ਦਾ ਸਮਰਥਨ ਕੀਤਾ ਸੀ, ਸੀਰੀਆ ਵਿੱਚ ਬਾਗੀ ਤਾਕਤਾਂ ਦਾ ਸਮਰਥਨ ਕੀਤਾ ਸੀ ਅਤੇ ਈਰਾਨ ਵਿੱਚ ਅਮਰੀਕਾ ਦੀ ਅਗਵਾਈ ਵਾਲੇ ਸ਼ਾਸਨ-ਬਦਲੀ ਦੇ ਯਤਨਾਂ ਦਾ ਸਮਰਥਨ ਕੀਤਾ ਸੀ। ਸਿਰਫ਼ ਦੱਬੀ ਆਵਾਜ਼ ਵਿੱਚ ਇਤਰਾਜ਼ਾਂ ਦੇ ਨਾਲ ਉਹ ਗਾਜ਼ਾ ਵਿੱਚ ਨਸਲਕੁਸ਼ੀ ਦੌਰਾਨ ਇਜ਼ਰਾਈਲ ਦੇ ਨਾਲ ਵੀ ਖੜ੍ਹੇ ਸਨ । ਪਹਿਲਾਂ ਉਨ੍ਹਾਂ ਸਾਬਕਾ ਯੂ ਐੱਸ ਐੱਸ ਆਰ (ਸੋਵੀਅਤ ਸੰਘ) ਤੋਂ ਮਨਘੜਤ ਖ਼ਤਰੇ ਨੂੰ ਲੈ ਕੇ ਅਮਰੀਕਾ ਨਾਲ ਗਠਜੋੜ ਕੀਤਾ ਸੀ। ਹਾਲਾਂਕਿ ਜਦੋਂ ਟਰੰਪ ਨੇ ਜ਼ਬਰਦਸਤੀ ਜਾਂ ਖਰੀਦਦਾਰੀ ਦੁਆਰਾ ਗ੍ਰੀਨਲੈਂਡ 'ਤੇ ਕਬਜ਼ਾ ਕਰਨ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਤਾਂ ਯੂਰਪੀਅਨ ਯੂਨੀਅਨ ਦੇ ਦੇਸ਼ਾਂ, ਜਿਨ੍ਹਾਂ ਵਿੱਚੋਂ ਕੁਝ ਕਦੇ ਬਸਤੀਵਾਦੀ ਸ਼ਕਤੀਆਂ ਸਨ, ਨੇ ਅਮਰੀਕੀ ਚੁਣੌਤੀ ਦਾ ਸਾਹਮਣਾ ਕਰਨ ਲਈ ਵਿਕਲਪਿਕ ਰਣਨੀਤੀਆਂ ਦੀ ਖੋਜ ਕਰਨੀ ਸ਼ੁਰੂ ਕਰ ਦਿੱਤੀ। ਇਹ ਪਹਿਲ ਵਿਸ਼ਵ ਵਿਵਸਥਾ ਵਿੱਚ ਬਹੁ-ਧਰੁਵੀਤਾ ਨੂੰ ਮਜ਼ਬੂਤ ਕਰਨ ਵੱਲ ਇੱਕ ਸਵਾਗਤਯੋਗ ਕਦਮ ਹੈ।

ਇਸੇ ਸੰਦਰਭ ਵਿੱਚ, ਲੰਮੇ ਸਮੇਂ ਤੋਂ ਲੰਬਿਤ ਭਾਰਤ-ਈ ਯੂ (ਯੂਰਪੀ ਯੂਨੀਅਨ) ਵਪਾਰ ਸਮਝੌਤਾ, ਜੋ 2007 ਤੋਂ ਗੱਲਬਾਤ ਅਧੀਨ ਹੈ, 27 ਜਨਵਰੀ 2026 ਨੂੰ ਸਿਰੇ ਚੜ੍ਹਿਆ।ਇਸ ਸਮਝੌਤੇ ਨੂੰ ਸਾਵਧਾਨੀ ਨਾਲ ਦੇਖਿਆ ਜਾਣਾ ਚਾਹੀਦਾ ਹੈ ਕਿਉਂਕਿ ਯੂਰਪੀ ਸੰਘ ਦੀਆਂ ਵਿਸ਼ਾਲ ਮੰਗਾਂ, ਜੋ ਕਿ ਬੌਧਿਕ ਸੰਪਤੀ, ਸਰਕਾਰੀ ਖਰੀਦ, ਖੇਤੀਬਾੜੀ ਅਤੇ ਰੈਗੂਲੇਟਰੀ ਮਾਪਦੰਡਾਂ ਨੂੰ ਸ਼ਾਮਲ ਕਰਦੀਆਂ ਹਨ, ਵਿਕਾਸ, ਉਦਯੋਗਿਕ ਵਿਕਾਸ ਅਤੇ ਜਨਤਕ ਭਲਾਈ ਲਈ ਭਾਰਤ ਦੀ ਨੀਤੀਗਤ ਜਗ੍ਹਾ ਨੂੰ ਸਥਾਈ ਤੌਰ 'ਤੇ ਸੀਮਤ ਕਰਨ ਦੀ ਕੋਸ਼ਿਸ਼ ਕਰਦੀਆਂ ਹਨ ।ਇਹ ਭਾਰਤ ਦੀ ਆਰਥਿਕ ਪ੍ਰਭੂਸੱਤਾ, ਰਣਨੀਤਕ ਖੁਦਮੁਖਤਿਆਰੀ ਅਤੇ ਨਾਗਰਿਕਾਂ ਦੀ ਭਲਾਈ ਤੇ ਇੱਕ ਨਾ ਮੰਨਣ ਯੋਗ ਗੱਲ ਹੈ। ਇਸ ਦੇ ਨਾਲ ਹੀ ਟੈਰਿਫ ਖਤਮ ਕਰਨ ਨਾਲ ਵਿਦੇਸ਼ਾਂ ਵਿੱਚ ਨਿਰਮਿਤ ਵਸਤੂਆਂ ਨਾਲ ਭਰ ਜਾਵੇਗਾ, ਜਿਸ ਨਾਲ ਸਵਦੇਸ਼ੀ ਉਦਯੋਗੀਕਰਨ 'ਤੇ ਨਾਂਹ ਪੱਖੀ ਪ੍ਰਭਾਵ ਪਏਗਾ, ਵੱਡੇ ਪੱਧਰ 'ਤੇ ਨੌਕਰੀਆਂ ਦਾ ਨੁਕਸਾਨ ਹੋਵੇਗਾ ਅਤੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਦਾ ਵਿਨਾਸ਼ ਹੋਵੇਗਾ। ਇਸ ਤੋਂ ਇਲਾਵਾ ਯੂਰਪੀ ਸੰਘ ਦਾ ਪ੍ਰਸਤਾਵਿਤ ਬੌਧਿਕ ਸੰਪਤੀ ਪ੍ਰਬੰਧ ਭਾਰਤ ਦੇ ਜੈਨਰਿਕ ਦਵਾਈ ਖੇਤਰ ਨੂੰ ਅਪਾਹਜ ਬਣਾ ਦੇਵੇਗਾ।

ਵਿਸ਼ਵ ਦੀ ਭੂ-ਰਾਜਨੀਤੀ ਤੇਜ਼ੀ ਨਾਲ ਬਦਲ ਰਹੀ ਹੈ ਅਤੇ ਨਵੇਂ ਰੁਝਾਨ ਉਭਰ ਰਹੇ ਹਨ । ਇਸ ਨਾਜ਼ੁਕ ਮੋੜ 'ਤੇ ਵਿਸ਼ਵ ਦੇ ਦੱਖਣੀ ਹਿੱਸੇ ਦੇ ਵਿਕਾਸਸ਼ੀਲ ਅਤੇ ਘੱਟ ਵਿਕਸਤ ਦੇਸ਼ਾਂ ਲਈ ਇਹ ਜ਼ਰੂਰੀ ਹੈ ਕਿ ਉਹ ਆਪਸੀ ਸਹਿਯੋਗ, ਸ਼ਾਂਤੀਪੂਰਨ ਸਹਿ-ਹੋਂਦ, ਪ੍ਰਭੂਸੱਤਾ ਦਾ ਸਤਿਕਾਰ, ਹਥਿਆਰਾਂ ਦੀ ਦੌੜ ਦਾ ਅੰਤ ਅਤੇ ਆਪਸੀ ਲਾਭਾਂ ਦੇ ਅਧਾਰ 'ਤੇ ਆਰਥਿਕ ਵਿਕਾਸ ਦੀਆਂ ਆਪਣੀਆਂ ਪ੍ਰਣਾਲੀਆਂ ਵਿਕਸਤ ਕਰਨ। ਹਾਲ ਹੀ ਦੇ ਸਾਲਾਂ ਵਿੱਚ, ਬਹੁਤ ਸਾਰੇ ਵਿਕਾਸਸ਼ੀਲ ਦੇਸ਼ ਸਮਰਥਨ ਲਈ ਚੀਨ ਵੱਲ ਵਧ ਰਹੇ ਹਨ । ਅੰਤਰਰਾਸ਼ਟਰੀ ਅਪਰਾਧਿਕ ਅਦਾਲਤ ਅਤੇ ਅੰਤਰਰਾਸ਼ਟਰੀ ਨਿਆਂ ਅਦਾਲਤ (ICJ) ਵਿੱਚ ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਵਿਰੁੱਧ ਦੱਖਣੀ ਅਫਰੀਕਾ ਦੀ ਪਹਿਲ ਇੱਕ ਸਕਾਰਾਤਮਕ ਵਿਕਾਸ ਨੂੰ ਦਰਸਾਉਂਦੀ ਹੈ। BRICS ਅਤੇ ਸ਼ੰਘਾਈ ਸਹਿਯੋਗ ਸੰਗਠਨ (SCO) ਵਰਗੇ ਪਲੇਟਫਾਰਮਾਂ ਦਾ ਉਭਾਰ ਵੀ ਉਤਸ਼ਾਹਜਨਕ ਹੈ।

ਇਸ ਲਈ, ਗੁਟ ਨਿਰਲੇਪ ਅੰਦੋਲਨ (NAM) ਵਰਗੇ ਸੰਗਠਨਾਂ ਨੂੰ ਮੁੜ ਸੁਰਜੀਤ ਕੀਤਾ ਜਾਣਾ ਚਾਹੀਦਾ ਹੈ ਅਤੇ SAARC ਵਰਗੇ ਖੇਤਰੀ ਸਹਿਯੋਗ ਫੋਰਮਾਂ ਨੂੰ ਮੁੜ ਸਰਗਰਮ ਕੀਤਾ ਜਾਣਾ ਚਾਹੀਦਾ ਹੈ। ਅਸਲ ਵਿੱਚ ਪ੍ਰਭਾਵਸ਼ਾਲੀ ਬਣਾਇਆ ਜਾਣਾ ਚਾਹੀਦਾ ਹੈ। ਅਪਣਾਈਆਂ ਜਾਣ ਵਾਲੀਆਂ ਆਰਥਿਕ ਨੀਤੀਆਂ ਸਮਾਨਤਾ ਅਤੇ ਨਿਆਂ 'ਤੇ ਅਧਾਰਤ ਹੋਣੀਆਂ ਚਾਹੀਦੀਆਂ ਹਨ।

**# ਸੰਪਰਕ : 94170-00360**

# ਤਣਾਓ ਮੁਕਤ ਜੀਵਨ ਲਈ ਠਹਾਕੇ ਲਗਾ ਕੇ ਹੱਸੋ

ਅੱਜ ਦੇ ਵਿਗਿਆਨਕ ਯੁੱਗ ਵਿਚ ਮਨੁੱਖੀ ਜੀਵਨ ਏਨਾ ਜ਼ਿਆਦਾ ਸੰਘਰਸ਼ਸ਼ੀਲ ਹੋ ਚੁੱਕਾ ਹੈ ਕਿ ਉਹ ਹਾਸਾ ਅਤੇ ਪ੍ਰਸੰਨਤਾ ਵਰਗੀ ਅਨਮੋਲ ਸੰਪਤੀ ਤੋਂ ਬੇਮੁੱਖ ਹੋ ਚੁੱਕਾ ਹੈ। ਉਹ ਡਰ, ਚਿੰਤਾ, ਤਣਾਅ ਯੁਕਤ ਜੀਵਨ ਜਿਉਣ ਕਾਰਨ ਸਰੀਰਕ ਅਤੇ ਮਾਨਸਿਕ ਰੋਗਾਂ ਨਾਲ ਘਿਰ ਚੁੱਕਾ ਹੈ। ਮਨ ਵੀ ਉਸੇ ਤਰ੍ਹਾਂ ਬਿਮਾਰੀਆਂ ਨਾਲ ਬੁਰੀ ਤਰ੍ਹਾਂ ਪ੍ਰਭਾਵਤ ਹੋ ਚੁੱਕਾ ਹੈ, ਜਿਸ ਤਰ੍ਹਾਂ ਸਰੀਰ। ਲਗਾਤਾਰ ਵਧ ਰਹੇ ਤਣਾਅ, ਚਿੰਤਾ, ਵਿਰੋਧਭਾਵ ਅਤੇ ਨਕਾਰਾਤਮਕ ਸੋਚ ਦੇ ਕਾਰਨ ਬਿਮਾਰੀਆਂ ਦਾ ਜਾਲ ਲਗਾਤਾਰ ਫੈਲਦਾ ਜਾ ਰਿਹਾ ਹੈ।

2022 ਵਿੱਚ ਭਾਰਤ ਵਿੱਚ ਕੁਲ 1,71,000 ਤੋਂ ਵੱਧ ਆਤਮ ਹੱਤਿਆ ਦਰਜ ਕੀਤੀਆ ਗਈਆ, ਜਿਨ੍ਹਾਂ ਵਿੱਚ 13044 (7.6 ਫੀਸਦੀ) ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆ । 2017 ਤੋਂ 2022 ਤੱਕ ਪੁਰਸ਼ਾਂ ਦੀਆ ਆਤਮ ਹੱਤਿਆ 89019 ਤੋਂ 1,22,724 (37.9 ਫੀਸਦੀ) ਅਤੇ ਮਹਿਲਾਵਾਂ ਦੀਆ 40852-48172 (17.9 ਫੀਸਦੀ) ਵਾਧਾ ਹੋਇਆ ਹੈ, ਜਿਨ੍ਹਾਂ ਵਿੱਚੋ 19 ਫੀਸਦੀ ਆਤਮ ਹੱਤਿਆਵਾ ਸਰੀਰਕ ਅਤੇ ਮਾਨਸਕ ਬਿਮਾਰੀਆ ਕਾਰਨ ਹੁੰਦੀ ਹੈ । ਇਸ ਜ਼ਹਿਰੀਲੇ ਜਾਲ ਨੂੰ ਖਤਮ ਕਰਨ ਲਈ ਠਹਾਕੇ ਲਗਾ ਕੇ ਹੱਸਣਾ ਇਕ ਸੰਜੀਵਨੀ ਬੂਟੀ ਹੈ, ਜਿਸ ਨਾਲ ਸਰੀਰ ਦੇ ਭਿਆਨਕ ਰੋਗਾਂ ਅਤੇ ਦੁੱਖਾਂ ਤੋਂ ਛੁਟਕਾਰਾ ਮਿਲਦਾ ਹੈ। ਇਸ ਨਾਲ ਮਾਨਸਿਕ ਸ਼ਾਂਤੀ, ਬੁੱਧੀ 'ਚ ਸਥਿਰਤਾ, ਨਿਰਣਾ ਲੈਣ ਦੀ ਸ਼ਕਤੀ ਅਤੇ ਸਹੀ ਦਿਸ਼ਾ ਵਿਚ ਚਿੰਤਨ ਕਰਨ ਦੀ ਸ਼ਕਤੀ ਮਿਲਦੀ ਹੈ ਅਤੇ ਬੇਚੈਨੀ ਘਟਦੀ ਹੈ। ਭੇਦ-ਭਾਵ, ਨਫਰਤ, ਕ੍ਰੋਧ ਵਰਗੇ ਨਕਾਰਾਤਮਕ ਵਿਚਾਰ ਅਤੇ ਮਾਨਸਿਕ ਵਿਕਾਰ ਦੂਰ ਹੋ ਜਾਂਦੇ ਹਨ। ਸਰੀਰ ਅੰਦਰੂਨੀ ਤੌਰ 'ਤੇ ਵੀ ਸੁੰਦਰ ਬਣਦਾ ਹੈ ਅਤੇ ਮਨ ਵੀ। ਤਣਾਅ ਯੁਕਤ ਵਿਅਕਤੀ ਲਈ ਡੂੰਘੇ ਸਾਹ ਲੈ ਕੇ ਠਹਾਕੇ ਲਗਾ ਕੇ ਹਾ ਹਾ-ਹਾ-ਹਾ ਕਰਕੇ ਹੱਸਣ ਨਾਲ ਸਰੀਰ ਵਿੱਚ ਆਨੰਦ ਅਤੇ ਖੁਸ਼ੀ ਦੀ ਧਾਰਾ ਵਹਿਣ ਲਗਦੀ ਹੈ। ਸਰੀਰ ਅੰਦਰ ਅਜਿਹੀ ਕਾਇਆ-ਕਲਪ ਕਾਰਨ ਚਿਹਰਾ ਖਿਲ ਉੱਠਦਾ ਹੈ । ਬਣਾਉਟੀ ਸੁੰਦਰਤਾ ਦਾ ਸਹਾਰਾ ਲੈਣ ਦੀ ਲੋੜ ਨਹੀਂ ਰਹਿੰਦੀ। ਇਸ ਤਰ੍ਹਾਂ ਹੱਸਣਾ, ਸਾਰੇ ਯੋਗ ਆਸਣਾਂ ਅਤੇ ਕਸਰਤਾਂ ਤੋਂ ਉਤਮ ਆਸਣ ਹੈ। ਇਸ ਨਾਲ ਯੋਗ ਆਸਣਾਂ ਦਾ ਆਨੰਦ ਦੁੱਗਣਾ ਹੋ ਜਾਂਦਾ ਹੈ। ਹਾਸੀ ਦਾ ਆਨੰਦ ਲੈਣ ਦਾ ਬੇਮੁੱਲਾ ਤੋਹਫਾ ਕੇਵਲ ਮਨੁੱਖ ਨੂੰ ਹੀ ਪ੍ਰਾਪਤ ਹੈ । ਪਸ਼ੂ-ਪੰਛੀ ਸੌਂ ਤਾਂ ਸਕਦੇ ਹਨ, ਪਰ ਹੱਸ ਨਹੀਂ ਸਕਦੇ।



ਡਾ. ਕ੍ਰਿਸ਼ਨ ਲਾਲ

ਠਹਾਕੇ ਲਗਾ ਕੇ ਖੁੱਲ੍ਹ ਕੇ ਹੱਸਣਾ ਇਕ ਅਜਿਹੀ ਉਤੇਜਿਕ ਬੈਟਰੀ ਹੈ, ਜਿਸ ਨਾਲ ਕਰੋੜਾਂ ਸੈੱਲ ਪ੍ਰਭਾਵਤ ਹੁੰਦੇ ਹਨ, ਜੋ ਜੀਵਾਂ ਦੇ ਨਿਰਮਾਣ ਦੇ ਆਧਾਰ ਹਨ। ਇਸ ਨਾਲ ਸਰੀਰ ਦੀਆਂ 72 ਮਾਸਪੇਸ਼ੀਆਂ ਸੁੰਗੜਦੀਆਂ ਅਤੇ ਫੈਲਦੀਆਂ ਹਨ, ਜਿਸ ਕਾਰਨ ਪਾਚਣ ਪ੍ਰਣਾਲੀ, ਸਾਹ ਕਿਰਿਆ, ਰਕਤ ਸੰਚਾਰ ਅਤੇ ਗ੍ਰੰਥੀਆਂ ਦੇ ਉੱਪਰ ਚਮਤਕਾਰੀ ਪ੍ਰਭਾਵ ਪੈਂਦਾ ਹੈ। ਛਾਤੀ ਅਤੇ ਪੇਟ ਦੀਆਂ ਮਾਸਪੇਸ਼ੀਆਂ ਸੁੰਗੜਦੀਆਂ ਹਨ, ਜਿਸ ਕਾਰਨ ਇਸ ਸਥਾਨ ਉਪਰ ਸਥਿਤ ਸਾਰੇ ਅੰਗ ਦਿਲ, ਫੇਫੜੇ, ਪੇਟ, ਆਂਤਾਂ, ਤਿੱਲੀ ਅਤੇ ਜਿਗਰ ਆਦਿ ਸ਼ਕਤੀਸ਼ਾਲੀ ਬਣਦੇ ਹਨ ਅਤੇ ਜੀਵਨ ਪ੍ਰਦਾਨ ਕਰਨ ਵਾਲੀ ਸ਼ੁੱਧ ਆਕਸੀਜ਼ਨ ਲੋੜੀਂਦੀ ਮਾਤਰਾ 'ਚ ਸਰੀਰ ਵਿੱਚ ਪਹੁੰਚਦੀ ਹੈ।

ਹੱਸਣ ਨਾਲ ਉੱਚ ਖ਼ੂਨ ਦਾ ਦਬਾਅ, ਦਿਲ ਰੋਗਾਂ ਤੋਂ ਬਚਾਅ, ਭੁੱਖ ਨਾ ਲੱਗਣਾ, ਗੈਸ ਦੀ ਸ਼ਿਕਾਇਤ, ਕਬਜ਼, ਸ਼ੂਗਰ, ਕਮਰ ਦੇ ਰੋਗ, ਮਾਨਸਿਕ ਰੋਗ ਵਰਗੀਆਂ ਸਾਰੀਆਂ ਬਿਮਾਰੀਆਂ ਦੂਰ ਹੋ ਜਾਂਦੀਆਂ ਹਨ। ਖੁੱਲ੍ਹ ਕੇ ਹੱਸਣ ਨਾਲ ਇਨਡੋਕਰਾਈਨ ਗਲੈਂਡਸ ਉੱਪਰ ਸਾਕਾਰਾਤਮਿਕ ਪ੍ਰਭਾਵ ਪੈਂਦਾ ਹੈ । ਸਰੀਰ ਦੀਆਂ ਸਾਰੀਆਂ ਨਾੜੀਆਂ, ਗਿਆਨ ਤੰਤੂਆਂ ਅਤੇ ਚੱਕਰਾਂ ਉੱਪਰ ਉਤੇਜਨਾ ਪੈਦਾ ਕਰਦੀਆਂ ਹਨ ਅਤੇ ਚੇਤਨਾ ਦਾ ਸੰਚਾਰ ਹੁੰਦਾ ਹੈ । ਨਤੀਜੇ ਵਜੋਂ ਸਰੀਰ ਸ਼ੁੱਧ ਹੋ ਕੇ ਰੋਗ ਰਹਿਤ ਅਤੇ ਪ੍ਰਭਾਵਸ਼ਾਲੀ ਬਣਦਾ ਹੈ। ਫਿਰ ਸਾਨੂੰ ਡਾਕਟਰ ਦਾ ਦਰਵਾਜ਼ਾ ਖੜਕਾਉਣ ਦੀ ਲੋੜ ਨਹੀ ਰਹਿੰਦੀ। ਇਸ ਦਾ ਲਗਾਤਾਰ ਅਭਿਆਸ ਕਰਨ ਨਾਲ 80 ਸਾਲਾ ਦਾ ਬਜ਼ੁਰਗ ਵੀ ਬਾਲਕ ਬਣ ਜਾਂਦਾ ਹੈ । ਖੁੱਲ੍ਹਦਿਲੀ ਅਤੇ ਸਕਾਰਾਤਮਕ ਸੋਚ ਦੀ ਪ੍ਰਵਿਰਤੀ ਕਾਰਨ ਮੁਸ਼ਕਲਾਂ ਨੂੰ ਖੁਸ਼ੀ-ਖੁਸ਼ੀ ਨਾਲ ਝੱਲਣ ਦੀ ਸ਼ਕਤੀ ਪੈਦਾ ਹੁੰਦੀ ਹੈ, ਜੋ ਵਿਅਕਤੀ ਨੂੰ ਪ੍ਰਭਾਵਸ਼ਾਲੀ ਬਣਾਉਂਦੀ ਹੈ।

**# ਸੰਪਰਕ : 62831-16797**

# ਕੀ ਭਾਰਤ ਦੀ ਆਬਾਦੀ ਸੱਚਮੁੱਚ ਵਧਣੀ ਚਾਹੀਦੀ ਹੈ ?

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਜਨਵਰੀ, 2026 ਵਿਚ ਭਾਰਤ ਦੀ ਆਬਾਦੀ 147 ਕਰੋੜ ਦੇ ਅੰਕੜੇ ਤੋਂ ਪਾਰ ਹੋ ਚੁੱਕੀ ਸੀ ਤੇ ਭਾਰਤ ਸੰਨ 2022 ਤੋਂ ਆਬਾਦੀ ਪੱਖੋਂ ਲਗਾਤਾਰ ਦੁਨੀਆ ਭਰ ਵਿੱਚ 'ਨੰਬਰ ਵਨ' ਚਲਦਾ ਆ ਰਿਹਾ ਹੈ। ਦੇਸ਼ ਦੀ ਆਬਾਦੀ ਦੇ ਤੇਜ਼ੀ ਨਾਲ ਵਧਣ ਕਰਕੇ ਦੇਸ਼ ਦੇ ਕੁਦਰਤੀ ਸਰੋਤਾਂ 'ਤੇ ਦਬਾਅ ਲਗਾਤਾਰ ਵਧ ਰਿਹਾ ਹੈ। ਇਥੇ ਭੁੱਖਮਰੀ, ਗ਼ਰੀਬੀ, ਬੇਰੁਜ਼ਗਾਰੀ, ਅਪਰਾਧ, ਪ੍ਰਦੂਸ਼ਣ ਅਤੇ ਰੋਗਾਂ ਵਿੱਚ ਨਿਰੰਤਰ ਵਾਧਾ ਰਿਹਾ ਹੈ। ਇਸ ਸਭ ਕੁਝ ਦੇ ਬਾਵਜੂਦ ਸਮੁੱਚੀ ਸਥਿਤੀ ਨੂੰ ਸੁਧਾਰਨ ਵਿਚ ਯੋਗਦਾਨ ਪਾਉਣ ਦੀ ਥਾਂ ਸਾਡੇ ਸਿਆਸੀ ਅਤੇ ਧਾਰਮਿਕ ਆਗੂ ਆਪਣੇ ਮੁਫ਼ਾਦਾਂ ਦੀ ਪੂਰਤੀ ਲਈ ਦੇਸ਼ ਦੀ ਆਬਾਦੀ ਵਿੱਚ ਹੋਰ ਵਾਧਾ ਕਰਨ ਦੀ ਸਲਾਹ ਦੇ ਕੇ ਦੇਸ਼ ਦੀ ਵਰਤਮਾਨ ਆਰਥਿਕ ਅਤੇ ਸਮਾਜਿਕ ਸਥਿਤੀ ਨੂੰ ਹੋਰ ਖ਼ਰਾਬ ਕਰਨ ਵੱਲ ਤੋਰ ਰਹੇ ਹਨ।

ਦਰਅਸਲ ਕੁਝ ਸਮਾਂ ਪਹਿਲਾਂ ਰਾਸ਼ਟਰੀ ਸਵੈਮ ਸੇਵਕ ਸੰਘ ਭਾਵ ਆਰ ਐਸ ਐੱਸ ਦੇ ਮੁਖੀ ਮੋਹਨ ਭਾਗਵਤ ਨੇ ਇਕ ਤੋਂ ਵੱਧ ਬੱਚੇ ਪੈਦਾ ਕਰਨ ਦੀ ਸਲਾਹ ਦਿੱਤੀ ਸੀ ਤੇ ਫਿਰ ਕੁਝ ਮੁਸਲਿਮ ਧਰਮ ਗੁਰੂਆਂ ਨੇ ਵੀ ਵੱਧ ਸੰਸਦ ਮੈਂਬਰ ਜਾਂ ਵੱਧ ਵਿਧਾਇਕ ਬਣਵਾਉਣ ਭਾਵ ਸਿਆਸਤ ਵਿਚ ਵੱਧ ਭਾਗੀਦਾਰੀ ਬਣਾਉਣ ਲਈ ਵੱਧ ਬੱਚੇ ਪੈਦਾ ਕਰਨ ਲਈ ਆਖਿਆ ਸੀ। ਹੁਣ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਰਤਮਾਨ ਮੁਖੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਹੁਰਾਂ ਨੇ ਵੀ ਸਿੱਖਾਂ ਨੂੰ ਤਿੰਨ ਜਾ ਤਿੰਨ ਤੋਂ ਵੱਧ ਬੱਚੇ ਪੈਦਾ ਕਰਨ ਦੀ ਮੱਤ ਦਿੱਤੀ ਹੈ। ਉਨ੍ਹਾ ਜਿਸ ਸੰਦਰਭ ਵਿਚ ਇਹ ਸਲਾਹ ਦਿੱਤੀ ਹੈ, ਉਸ ਸੰਦਰਭ ਵਿਚ ਇਹ ਸਲਾਹ ਸਹੀ ਨਹੀਂ ਜਾਪਦੀ। ਉਨ੍ਹਾ ਬੀਤੇ ਦਿਨੀਂ ਚਾਈਨਾ ਡੋਰ ਦੀ ਲਪੇਟ ਵਿਚ ਆ ਕੇ ਆਪਣੀ ਜਾਨ ਗੁਆ ਬੈਠੇ ਇਕ ਪੰਦਰਾਂ ਸਾਲ ਦੇ ਅਤੇ ਮਾਪਿਆਂ ਦੇ ਇਕਲੌਤੇ ਪੁੱਤਰ ਦੀ ਮੌਤ ਦੇ ਸਬੰਧ ਵਿਚ ਉਕਤ ਸਲਾਹ ਦਿੱਤੀ ਸੀ ਜਦੋਂ ਕਿ ਇਸ ਦੁੱਖ ਦੀ ਘੜੀ ਵਿਚ ਉਨ੍ਹਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਹ ਹੁਕਮ ਜਾਰੀ ਕਰਨਾ ਚਾਹੀਦਾ ਸੀ ਕਿ ਕੋਈ ਵੀ ਸਿੱਖ, ਚਾਈਨਾ ਡੋਰ ਨਾ ਤਾਂ ਖ਼ਰੀਦੇ, ਨਾ ਹੀ ਵੇਚੇ ਤੇ ਨਾ ਹੀ ਵਰਤੇ, ਕਿਉਂਕਿ ਇਹ ਡੋਰ ਖ਼ਤਰਨਾਕ ਹੈ ਤੇ ਮਾਂਵਾਂ ਦੀ ਗੋਦ ਉਜਾੜ ਰਹੀ ਹੈ, ਬੱਚਿਆਂ ਦੇ ਸਿਰਾਂ ਤੋਂ ਮਾਪਿਆਂ ਦਾ ਸਾਇਆ ਖੋਹ ਰਹੀ ਹੈ ਤੇ ਭੈਣਾਂ ਦੇ ਵੀਰਾਂ ਨੂੰ ਮੌਤ ਦੇ ਘਾਟ ਉਤਾਰ ਰਹੀ ਹੈ। ਇਹ ਹੁਕਮ ਜਾਰੀ ਕਰਨ ਅਤੇ ਇਸ ਦੀ ਸਖ਼ਤੀ ਨਾਲ ਪਾਲਣਾ ਦੀ ਹਦਾਇਤ ਜਾਰੀ ਕਰਨ ਦੀ ਥਾਂ ਸਿੱਖਾਂ ਨੂੰ ਹੋਰ ਬੱਚੇ ਪੈਦਾ ਕਰਨ ਦੀ ਸਲਾਹ ਦੇਣਾ ਬਿਲਕੁਲ ਵੀ ਵਾਜਿਬ ਨਹੀਂ। ਇਹ ਸਲਾਹ ਵਾਜਿਬ ਕਿਉਂ ਨਹੀਂ ਹੈ, ਆਓ ਵਿਚਾਰ ਕਰੀਏ।

ਭਾਰਤ ਵਿਚ ਧਰਮ ਦੇ ਪੱਖ ਤੋਂ ਜੇਕਰ ਆਬਾਦੀ ਦੀ ਗੱਲ ਕੀਤੀ ਜਾਵੇ ਤਾਂ ਸਾਲ 2011 ਦੀ ਜਨਗਣਨਾ ਅਨੁਸਾਰ ਇਥੇ ਹਿੰਦੂ ਆਬਾਦੀ ਲਗਪਗ 79.8 ਫ਼ੀਸਦੀ, ਮੁਸਲਿਮ ਆਬਾਦੀ 14.2 ਫ਼ੀਸਦੀ, ਈਸਾਈ ਆਬਾਦੀ 2.3 ਫ਼ੀਸਦੀ ਅਤੇ ਸਿੱਖ ਆਬਾਦੀ 1.72 ਫ਼ੀਸਦੀ ਸੀ, ਜਦੋਂ ਕਿ 2025 ਦੇ ਅੰਦਾਜ਼ਨ ਅੰਕੜਿਆਂ ਅਨੁਸਾਰ ਹੁਣ ਹਿੰਦੂ ਜਨਸੰਖਿਆ 75.5 ਤੋਂ 79.4 ਫ਼ੀਸਦੀ ਦੇ ਦਰਮਿਆਨ ਹੈ ਤੇ ਮੁਸਲਿਮ ਜਨਸੰਖਿਆ 20 ਕਰੋੜ, ਈਸਾਈ ਵਸੋਂ 3 ਕਰੋੜ ਅਤੇ ਸਿੱਖ ਆਬਾਦੀ 1.7 ਫ਼ੀਸਦੀ ਦੇ ਕਰੀਬ ਹੈ। ਕਹਿਣ ਦਾ ਭਾਵ ਹੈ ਕਿ ਸਿੱਖਾਂ ਦੀ ਆਬਾਦੀ ਲਗਭਗ ਸਥਿਰ ਹੀ ਰਹੀ ਹੈ ਤੇ ਇਸ ਦਾ ਸਿੱਟਾ ਇਹ ਹੈ ਕਿ ਸਾਲ 2023-24 ਦੇ ਆਰਥਿਕ ਅੰਕੜਿਆਂ ਅਨੁਸਾਰ ਪ੍ਰਤੀ ਵਿਅਕਤੀ ਆਮਦਨੀ ਅਤੇ ਜ਼ਮੀਨ-ਜਾਇਦਾਦ ਦੇ ਪੱਖ ਤੋਂ ਸਿੱਖ ਭਾਰਤ ਦੀ ਸਭ ਤੋਂ ਅਮੀਰ ਕੌਮ ਸਨ। ਹਿੰਦੂਆਂ ਵਿੱਚ ਉੱਚੀਆਂ ਜਾਤਾਂ ਦਾ ਦੇਸ਼ ਦੀ ਕੁੱਲ ਦੌਲਤ ਦੇ 41 ਫ਼ੀਸਦੀ ਹਿੱਸੇ 'ਤੇ ਕਬਜ਼ਾ ਸੀ, ਜਦੋਂ ਕਿ ਹਿੰਦੂ ਪਰਵਾਰਾਂ ਦੀ ਔਸਤ ਮਾਸਿਕ ਆਮਦਨੀ 29,333 ਰੁਪਏ ਦੇ ਕਰੀਬ ਸੀ। ਮੁਸਲਿਮ ਪਰਵਾਰਾਂ ਦੀ ਪ੍ਰਤੀ ਵਿਅਕਤੀ ਮਾਸਿਕ ਆਮਦਨੀ 29,083 ਸੀ ਤੇ ਮੁਸਲਿਮਾਂ ਦੀ ਆਬਾਦੀ ਵਿੱਚ ਵਾਧਾ ਦਰ ਵੱਧ ਅਤੇ ਸਿੱਖਿਆ ਦੇ ਪੱਧਰ ਵਿੱਚ ਵਾਧਾ ਦਰ ਘੱਟ ਸੀ। ਈਸਾਈਆਂ ਦੀ ਪ੍ਰਤੀ ਵਿਅਕਤੀ ਆਮਦਨੀ ਮੱਧਮ ਤੋਂ ਉੱਚ ਪੱਧਰ ਦੀ ਸੀ। ਉਂਜ ਇਹ ਜ਼ਿਕਰਯੋਗ ਹੈ ਕਿ ਭਾਰਤ ਵਿਚ ਜੈਨ ਸਮਾਜ ਦੀ ਸਲਾਨਾ ਆਮਦਨੀ ਵਿਚ 53 ਫ਼ੀਸਦੀ ਦਾ ਵਾਧਾ ਦਰਜ ਕੀਤਾ ਗਿਆ ਸੀ ਤੇ ਉਨ੍ਹਾਂ ਦੀ ਸਾਲਾਨਾ ਆਮਦਨੀ 5.57 ਲੱਖ ਤੱਕ ਪੁੱਜ ਚੁੱਕੀ ਸੀ। ਸਾਲ 2016 ਤੋਂ 2023 ਦੇ ਦਰਮਿਆਨ ਸਿੱਖ ਪਰਵਾਰਾਂ ਦੀ ਸਾਲਾਨਾ ਆਮਦਨੀ 57.4 ਫ਼ੀਸਦੀ ਵਧ ਕੇ 6.93 ਲੱਖ ਤੱਕ ਪੁੱਜ ਗਈ ਸੀ। ਉਕਤ ਅਧਿਐਨ ਇਹ ਦਰਸਾਉਂਦਾ ਹੈ ਕਿ ਘੱਟ ਆਬਾਦੀ ਵਾਲੀਆਂ ਕੌਮਾਂ ਦਾ ਆਰਥਿਕ ਪੱਧਰ ਉੱਚਾ ਰਿਹਾ ਸੀ ਤੇ ਵੱਧ ਆਬਾਦੀ ਵਾਲਿਆਂ ਦੀ ਆਰਥਿਕ ਹਾਲਤ ਕੋਈ ਬਹੁਤੀ ਵਧੀਆ ਨਹੀਂ ਸੀ। ਖ਼ਰਚ ਦੇ ਪੱਖ ਤੋਂ ਵੀ ਸਿੱਖਾਂ ਦਾ ਪ੍ਰਤੀ ਦਿਨ ਪ੍ਰਤੀ ਵਿਅਕਤੀ ਔਸਤ ਖ਼ਰਚ 55.30 ਰੁਪਏ, ਈਸਾਈਆਂ ਦਾ 51.43 ਰੁਪਏ ਅਤੇ ਹਿੰਦੂਆਂ ਦਾ 37.50 ਰੁਪਏ ਸੀ।

ਵਿੱਦਿਅਕ ਪੱਖ ਦੀ ਜੇਕਰ ਗੱਲ ਕੀਤੀ ਜਾਵੇ ਤਾਂ ਸਾਲ 2011 ਦੀ ਜਨਗਣਨਾ ਅਨੁਸਾਰ ਜੈਨ ਧਰਮ ਵਾਲਿਆਂ ਦੀ ਸਾਖਰਤਾ ਦਰ 94.88 ਫ਼ੀਸਦੀ, ਈਸਾਈਆਂ ਦੀ 74.34 ਫ਼ੀਸਦੀ, ਸਿੱਖਾਂ ਦੀ 67.51 ਫ਼ੀਸਦੀ, ਮੁਸਲਮਾਨਾਂ ਦੀ 57.28 ਫ਼ੀਸਦੀ ਅਤੇ ਹਿੰਦੂਆਂ ਦੀ 63.30 ਫ਼ੀਸਦੀ ਸੀ। ਸੋ ਇਥੇ ਵੀ ਘੱਟ ਗਿਣਤੀਆਂ ਦੀ ਸਾਖਰਤਾ ਦਰ ਵੱਧ ਅਤੇ ਬਹੁਗਿਣਤੀਆਂ ਦੀ ਸਾਖਰਤਾ ਦਰ ਘੱਟ ਸੀ। ਉਕਤ ਅੰਕੜੇ ਇਹ ਸਪੱਸ਼ਟ ਕਰਦੇ ਹਨ ਕਿ ਬਹੁਗਿਣਤੀ ਹੋਣ ਦਾ ਇਹ ਅਰਥ ਨਹੀਂ ਕਿ ਜੀਵਨ ਪੱਧਰ ਜਾਂ ਆਰਥਿਕ ਪੱਧਰ ਬਹੁਤ ਉੱਚਾ ਹੋਵੇਗਾ। ਸਭ ਭਾਰਤੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਆਪਣੀ ਵਿੱਤੀ ਹਾਲਤ ਦੇ ਮੱਦੇਨਜ਼ਰ ਹੀ ਸਾਨੂੰ ਬੱਚਿਆਂ ਦੀ ਪੈਦਾਇਸ਼ ਬਾਰੇ ਸੋਚਣਾ ਚਾਹੀਦਾ ਹੈ, ਕਿਉਂਕਿ ਜੇਕਰ ਅਸੀਂ ਆਪਣੀ ਸੰਤਾਨ ਨੂੰ ਢਿੱਡ ਭਰ ਕੇ ਖਾਣ ਲਈ ਚੰਗਾ ਭੋਜਨ, ਪਹਿਨਣ ਲਈ ਚੰਗੇ ਕੱਪੜੇ, ਰਹਿਣ ਲਈ ਚੰਗਾ ਮਕਾਨ ਅਤੇ ਚੰਗੀ ਪੜ੍ਹਾਈ-ਲਿਖਾਈ ਨਹੀਂ ਦੇ ਸਕਦੇ ਹਾਂ ਤਾਂ ਸਾਨੂੰ ਹੋਰ ਸੰਤਾਨ ਪੈਦਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਭਾਰਤੀ ਪ੍ਰੰਪਰਾਵਾਂ ਅਤੇ ਕਾਨੂੰਨ ਦੇ ਅਨੁਸਾਰ ਅੱਜ ਵੀ ਮਾਤਾ-ਪਿਤਾ ਦੀ ਜਾਇਦਾਦ ਉਨ੍ਹਾਂ ਦੇ ਬੱਚਿਆਂ ਵਿੱਚ ਤਕਸੀਮ ਹੁੰਦੀ ਹੈ। ਜੇਕਰ ਬੱਚੇ ਜ਼ਿਆਦਾ ਹੋਣਗੇ ਤਾਂ ਬੱਚਿਆਂ ਦੇ ਹਿੱਸੇ ਪੈਸੇ ਅਤੇ ਜਾਇਦਾਦ ਦਾ ਓਨਾ ਹੀ ਘੱਟ ਹਿੱਸਾ ਆਵੇਗਾ ਤੇ ਬੱਚਿਆਂ ਦੇ ਪਾਲਣ-ਪੋਸ਼ਣ ਅਤੇ ਵਿਆਹ-ਸ਼ਾਦੀ ਦਾ ਖ਼ਰਚ ਵੀ ਓਨਾ ਹੀ ਵੱਧ ਹੋਵੇਗਾ। ਅੱਜ ਦੇ ਦੌਰ ਵਿੱਚ ਦੋ ਬੱਚਿਆਂ ਨੂੰ ਚੰਗੀ ਪੜ੍ਹਾਈ-ਲਿਖਾਈ ਕਰਾਉਣਾ, ਕਿਸੇ ਨੌਕਰੀ ਜਾਂ ਕਿੱਤੇ ਦੇ ਯੋਗ ਬਣਾਉਣਾ ਅਤੇ ਵਿਆਹੁਣਾ ਸਾਰੀ ਜ਼ਿੰਦਗੀ ਦੀ ਜਮ੍ਹਾਂ ਪੂੰਜੀ ਖ਼ਰਚ ਕਰਵਾ ਦਿੰਦਾ ਹੈ ਤੇ ਫਿਰ ਸੋਚੋ ਦੋ ਤੋਂ ਵੱਧ ਬੱਚਿਆਂ ਨੂੰ ਅਸੀਂ ਚੰਗਾ ਜੀਵਨ ਕਿਵੇਂ ਦੇ ਸਕਦੇ ਹਾਂ ?

ਸੋ ਅੱਜ ਲੋੜ ਹੈ ਕਿ ਸਾਡੇ ਸਿਆਸੀ ਅਤੇ ਧਾਰਮਿਕ ਆਗੂ ਆਬਾਦੀ ਵਧਾਉਣ ਬਾਰੇ ਜ਼ਰਾ ਸੋਚ-ਸਮਝ ਕੇ ਬਿਆਨ ਦੇਣ ਤੇ ਐਸਾ ਨਾ ਹੋਵੇ ਕਿ ਕਿਸੇ ਕੌਮ ਦੀ ਆਬਾਦੀ ਤਾਂ ਵਧ ਜਾਵੇ, ਪਰ ਉਸ ਕੌਮ ਦੀ ਸਮਾਜਿਕ ਅਤੇ ਆਰਥਿਕ ਹਾਲਤ ਪਹਿਲਾਂ ਨਾਲੋਂ ਵੀ ਪੇਤਲੀ ਹੋ ਜਾਵੇ।

**# ਸੰਪਰਕ : 97816-46008**

## ਪਾਠਕ-ਸੱਥ

### *ਚਾਇਨਾ ਡੋਰ ਦਾ ਕਹਿਰ ਕਦੋਂ ਰੁਕੇਗਾ*

ਅਖਬਾਰਾਂ ਦੇ ਐਤਵਾਰ ਦੇ ਅੰਕ ਵਿੱਚ ਪਹਿਲੇ ਸਫ਼ੇ ਤੇ ਖ਼ਬਰ ਨੇ ਜਾਗਰੂਕ ਮਾਪਿਆਂ ਨੂੰ ਝੰਜੋੜ ਕੇ ਰੱਖ ਦਿੱਤਾ ਕਿ ਚਾਇਨਾ ਡੋਰ ਨਾਲ ਸਮਰਾਲਾ ਨੇੜੇ ਪਿੰਡ ਰੋਹਲੇ ਦੇ ਸਰਪੰਚ ਦੇ ਦਸਵੀਂ ਜਮਾਤ ਵਿੱਚ ਪੜ੍ਹਦੇ 15 ਸਾਲ ਦੇ ਇਕਲੌਤੇ ਪੁੱਤਰ ਦੀ ਸਕੂਲੋਂ ਆਉਂਦੇ ਦੀ ਦਰਦਨਾਇਕ ਮੌਤ ਹੋ ਗਈ। ਪਰਿਵਾਰ ਦਾ ਰੋ ਰੋ ਬੁਰਾ ਹਾਲ ਹੈ। ਇਹੋ ਜਿਹੀਆਂ ਖੁਸ਼ੀਆਂ ਮਨਾਉਣ ਦੀ ਥਾਂ ਮਾਤਮੀ ਮਾਹੌਲ ਪੈਦਾ ਹੋ ਜਾਵੇ ਤਾਂ ਇਹ ਉਹੀ ਪਰਿਵਾਰ ਇਸ ਦੀ ਪੀੜਾ ਨੂੰ ਜਾਣਦਾ ਹੈ ਜੋ ਸਾਰੀ ਜ਼ਿੰਦਗੀ ਭੁੱਲ ਨਹੀਂ ਸਕਦਾ। ਪ੍ਰਸ਼ਾਸਨ ਦੀ ਚਾਇਨਾ ਡੋਰ ਨੂੰ ਵੇਚਣ, ਵਰਤੋਂ ਆਦਿ ਉੱਪਰ ਪਾਬੰਦੀ ਲਗਾਈ ਗਈ ਹੈ ਤਾਂ ਇਹ ਜਾਨਲੇਵਾ ਡੋਰ ਬੱਚਿਆਂ ਦੇ ਹੱਥਾਂ ਵਿਚ ਕਿਵੇਂ ਆ ਰਹੀ ਹੈ, ਇਹ ਪ੍ਰਸ਼ਾਸਨ ਦੀ ਲਾਪਰਵਾਹੀ ਹੀ ਹੈ। ਹਰ ਰੋਜ਼ ਇਸ ਡੋਰ ਨਾਲ ਮੌਤਾਂ ਅਤੇ ਜ਼ਖਮੀ ਹੋਣ ਦੀਆਂ ਖਬਰਾਂ ਅਕਸਰ ਹੀ ਹੁੰਦੀਆਂ ਹਨ। ਜਿਨ੍ਹਾਂ ਚਿਰ ਘਰਾਂ ਦੀਆਂ ਛੱਤਾਂ ਉੱਤੇ ਪਤੰਗ ਉਡਾਉਣ ਵਾਲਿਆਂ ਦੀਆਂ ਡੋਰਾਂ ਦੀ ਸ਼ਨਾਖਤ ਨਹੀਂ ਕੀਤੀ ਜਾਂਦੀ ਅਤੇ ਚਾਇਨਾ ਡੋਰ ਵਰਤੋਂ ਕਰਨ ਵਾਲਿਆਂ ਵਿਰੁੱਧ ਕੇਸ ਦਰਜ ਨਹੀਂ ਕੀਤੇ ਜਾਂਦੇ ਓਨਾ ਚਿਰ ਠੱਲ ਨਹੀਂ ਪਏਗੀ । ਮੈਂ ਘਰ ਦੀ ਛੱਤ ਉਪਰ ਧੁੱਪੇ ਪਿਆ ਸੀ ਤਾਂ ਕੱਟੇ ਪਤੰਗ ਦੀ ਡੋਰ ਮੇਰੇ ਉੱਤੇ ਆ ਗਿਰੀ ਤਾਂ ਮੈਂ ਇਸ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਪਰ ਇਹ ਟੁੱਟੀ ਨਹੀਂ। ਇਹ ਚਾਇਨਾ ਡੋਰ ਸੀ ਜਿਸ ਨੂੰ ਬਾਅਦ ਵਿਚ ਕਿਸੇ ਵਲੋਂ ਖਿੱਚ ਲਿਆ ਗਿਆ ਜੇ ਮੈਂ ਇਸ ਨੂੰ ਹੱਥ ਵਿੱਚ ਫੜ ਰੱਖਦਾ ਜਾਂ ਇਹ ਡੋਰ ਮੇਰੇ ਗਲ ਵਿਚ ਫਸ ਜਾਂਦੀ ਤਾਂ ਇਸਦੇ ਖਿੱਚਣ ਨਾਲ ਮੈਂ ਜ਼ਖਮੀ ਹੋ ਸਕਦਾ ਸੀ। ਸਾਰੇ ਮਾਪਿਆਂ ਨੂੰ ਇਨ੍ਹਾਂ ਮੰਦਭਾਗੀ ਘਟਨਾਵਾਂ ਤੋਂ ਸਬਕ ਲੈਣਾ ਚਾਹੀਦਾ ਹੈ । ਚਾਇਨਾ ਡੋਰ ਦੀ ਵਰਤੋਂ ਕਰਨ ਵਾਲੇ ਬੱਚਿਆਂ ਦੇ ਮਾਪਿਆਂ ਉਪਰ ਵੀ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ।

**ਮੇਜਰ ਸਿੰਘ ਨਾਭਾ**

# ਮਜ਼ਦੂਰਾਂ ਦੀ ਥਾਲੀ 'ਚੋਂ ਰੋਟੀ ਚੁੱਕਣ ਲੱਗੀ ਮੋਦੀ ਸਰਕਾਰ : ਜੋਗਾ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਦੇਸ਼ ਦੀ 65% ਅਬਾਦੀ ਪਿੰਡਾਂ ਵਿੱਚ ਵਸਦੀ ਹੈ, ਜਿਸਦਾ ਮੁੱਖ ਕਿੱਤਾ ਖੇਤੀਬਾੜੀ ਅਤੇ ਖੇਤ ਮਜ਼ਦੂਰੀ ਹੈ।ਮੋਦੀ ਸਰਕਾਰ ਵੱਲੋਂ ਪਹਿਲਾਂ ਤਿੰਨ ਕਾਲੇ ਖੇਤੀ ਕਾਨੂੰਨ ਲਿਆਕੇ ਕਿਸਾਨੀ ਨੂੰ ਨਿਗਲਣ ਦੀ ਕੋਸ਼ਿਸ਼ ਕੀਤੀ ਤੇ ਹੁਣ ਖੇਤ ਮਜ਼ਦੂਰਾਂ, ਦਲਿਤਾਂ ਤੇ ਗਰੀਬਾਂ ਦਾ ਮੁੱਖ ਰੁਜ਼ਗਾਰ ਨਰੇਗਾ ਕਾਨੂੰਨ ਖਤਮ ਕਰਕੇ ਉਹਨਾਂ ਦੀ ਥਾਲੀ ਵਿੱਚੋਂ ਰੋਟੀ ਖੋਹਣ ਦੇ ਰਸਤੇ ਪੈ ਗਈ ਹੈ। ਜਿਸ ਤਰ੍ਹਾਂ ਕਿਰਤੀ ਲੋਕਾਂ ਨੇ ਤਿੰਨ ਕਾਲੇ ਖੇਤੀ ਕਾਨੂੰਨ ਰੱਦ ਕਰਾਏ ਹਨ, ਉਸੇ ਤਰ੍ਹਾਂ ਖਤਮ ਕੀਤੇ ਨਰੇਗਾ ਕਾਨੂੰਨ ਨੂੰ ਬਹਾਲ ਕਰਾ ਕੇ ਹੀ ਦੱਮ ਲੈਣਗੇ।ਇਹ ਚਿਤਾਵਨੀ ਪਿੰਡ ਧੰਨ ਸਿੰਘ ਖਾਨਾ ਤੇ ਰਾਏ ਖਾਨਾ ਵਿਚ ਪੇਂਡੂ ਮਜ਼ਦੂਰਾਂ ਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੀਨੀਅਰ ਆਗੂ ਜਗਜੀਤ ਸਿੰਘ ਜੋਗਾ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਲੰਬੇ ਸੰਘਰਸ਼ ਲੜਕੇ ਦੇਸ਼ ਦੇ ਪੇਂਡੂ ਮਜ਼ਦੂਰਾਂ ਨੇ 2005 ਵਿੱਚ ਨਰੇਗਾ ਸਕੀਮ ਬਣਵਾਈ ਸੀ, ਜੋ 2006 ਵਿੱਚ ਲਾਗੂ ਹੋਈ, ਪਰ ਮੋਦੀ ਸਰਕਾਰ ਨੇ 2014 ਵਿਚ ਸੱਤਾ ਵਿੱਚ ਆਉਂਦਿਆਂ ਹੀ ਇਸ ਮਜ਼ਦੂਰ ਪੱਖੀ ਨਰੇਗਾ ਸਕੀਮ ਨੂੰ ਕਮਜ਼ੋਰ ਕਰਨਾ ਸ਼ੁਰੂ ਕਰ ਦਿੱਤਾ ਤੇ ਅੱਜ ਇਸ ਵਿਚ ਪਿਛਲਖੁਰੀ ਮਜ਼ਦੂਰ ਵਿਰੋਧੀ ਤਰਮੀਮਾਂ ਕਰਕੇ ਨਰੇਗਾ ਕਾਨੂੰਨ ਦਾ ਗਲ਼ ਹੀ ਘੁੱਟ ਦਿੱਤਾ ਹੈ।ਬੀ.ਜੇ.ਪੀ ਹੁਕਮਰਾਨਾਂ ਨੇ ਪਹਿਲਾ ਇਸਦਾ ਬੱਜਟ ਘਟਾ ਕੇ ਅੱਧਾ ਕਰ ਦਿੱਤਾ ਤੇ ਹੁਣ ਇਸ ਵਿਚ ਕੇਂਦਰ ਦਾ ਹਿੱਸਾ 90% ਤੋਂ ਘਟਾ ਕੇ 60% ਕਰ ਦਿੱਤਾ ਹੈ ਤੇ ਸੂਬਿਆਂ ਦਾ ਹਿੱਸਾ 10% ਤੋਂ ਵਧਾ ਕੇ 40% ਕਰ ਦਿੱਤਾ ਹੈ ਅਤੇ ਗ੍ਰਾਮ ਸਭਾਵਾਂ ਤੇ ਨਰੇਗਾ ਵਰਕਰਾਂ ਦੇ ਅਧਿਕਾਰਾਂ ਨੂੰ ਖ਼ਤਮ ਕਰਕੇ ਨਰੇਗਾ ਸਕੀਮ ਦਾ ਕੇਂਦਰੀਕਰਨ ਕਰ ਦਿੱਤਾ ਹੈ, ਜੋ ਸੂਬਿਆਂ, ਲੋਕਾਂ ਤੇ ਪੰਚਾਇਤਾਂ ਦੇ ਅਧਿਕਾਰਾਂ ਉੱਤੇ ਸਿੱਧਾ ਛਾਪਾ ਹੈ।ਇਸ ਲਈ 7 ਫਰਵਰੀ ਨੂੰ ਖੇਤ ਮਜ਼ਦੂਰ ਸਭਾ ਵੱਲੋਂ ਬਠਿੰਡਾ ਵਿਖੇ ਧਰਨਾ ਤੇ ਮੁਜ਼ਾਹਰਾ ਕਰਕੇ ਨਰੇਗਾ ਕਾਨੂੰਨ ਨੂੰ ਬਹਾਲ ਕਰਨ, ਜੀ ਰਾਮ ਜੀ ਕਾਨੂੰਨ ਰੱਦ ਕਰਨ, ਨਰੇਗਾ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕਰਨ ਅਤੇ ਸਾਲ ਵਿੱਚ 200 ਦਿਨ ਮਜ਼ਦੂਰਾਂ ਨੂੰ ਕੰਮ ਦੇਣ ਦੀ ਗਾਰੰਟੀ ਕਰਨ ਦੀ ਮੰਗ ਕੀਤੀ ਜਾਵੇਗੀ।

ਇਨ੍ਹਾਂ ਇਕੱਠਾਂ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲਾ ਬਠਿੰਡਾ ਦੇ ਮੀਤ ਪ੍ਰਧਾਨ ਗੁਰ ਸਿੰਘ ਖਰਚਵਾ ਤੇ ਮੀਤ ਸਕੱਤਰ ਠਾਕੁਰ ਸਿੰਘ ਕੋਟਸ਼ਮੀਰ ਨੇ ਸੰਬੋਧਨ ਕਰਦੇ ਹੋਏ ਮੰਗ ਕੀਤੀ ਕਿ ਪੰਜਾਬ ਸਰਕਾਰ ਚੋਣਾਂ ਸਮੇਂ ਕੀਤੇ ਵਾਅਦੇ ਪੂਰੇ ਕਰੇ, ਜਿਸ ਵਿੱਚ ਹਰ ਔਰਤ ਨੂੰ 1000/- ਰੁਪਏ ਮਹੀਨਾ ਦੇਣਾ ਅਤੇ ਪੈਨਸ਼ਨ ਵਧਾ ਕੇ 2500 ਰੁਪਏ ਕਰਨਾ ਸ਼ਾਮਲ ਹੈ।ਉਨ੍ਹਾਂ ਕਿਹਾ ਕਿ 1968 ਵਿੱਚ ਰਾਸ਼ਨ ਡਿਪੂ ਸ਼ੁਰੂ ਕਰਨ ਵੇਲੇ ਜੋ ਕੁੱਝ ਲੋਕਾਂ ਨੂੰ ਮਿਲਿਆ ਕਰਦਾ ਸੀ, ਉਹ ਸਾਰੀਆਂ ਵਸਤਾਂ ਫਿਰ ਰਿਆਇਤੀ ਦਰਾ ਉਤੇ ਦੇਣੀਆਂ ਸ਼ੁਰੂ ਕੀਤੀਆਂ ਜਾਣ।

## ਚੋਣ ਡਿਊਟੀ ਦੌਰਾਨ ਜਾਨ ਗਵਾਉਣ ਵਾਲੇ ਅਧਿਆਪਕ ਜੋੜੇ ਨੂੰ 2-2 ਕਰੋੜ ਦਾ ਮੁਆਵਜ਼ਾ ਦੇਣ 'ਤੇ ਜ਼ੋਰ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ 'ਚ ਲੰਘੀ 14 ਦਸੰਬਰ ਨੂੰ ਹੋਈਆਂ ਜ਼ਿਲ੍ਹਾ ਪਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੌਰਾਨ ਡਿਊਟੀਆਂ ਦੇਣ ਦੌਰਾਨ ਸਰਕਾਰ ਦੇ ਨਾਕਸ ਪ੍ਰਬੰਧਾਂ ਅਤੇ ਗਲਤ ਪ੍ਰਸ਼ਾਸਕੀ ਫੈਸਲਿਆਂ ਦੀ ਭੇਂਟ ਚੜ੍ਹੇ ਅਧਿਆਪਕ ਜਸਕਰਨ ਸਿੰਘ ਭੁੱਲਰ ਅਤੇ ਉਹਨਾਂ ਦੀ ਪਤਨੀ ਕਮਲਜੀਤ ਕੌਰ ਦੇ ਮਾਮਲੇ 'ਚ ਮੁਕੰਮਲ ਇਨਸਾਫ਼ ਲੈਣ ਸਮੇਤ ਚੋਣ ਡਿਊਟੀਆਂ ਨਾਲ ਜੁੜੇ ਬਾਕੀ ਮਸਲਿਆਂ ਦੇ ਹੱਲ ਲਈ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ 'ਅਧਿਆਪਕ ਇਨਸਾਫ਼ ਕਮੇਟੀ' ਦੀ ਅਗਵਾਈ 'ਚ ਸੰਘਰਸ਼ ਵਿੱਢਿਆ ਹੋਇਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅਧਿਆਪਕ ਆਗੂਆਂ ਕਰਮਜੀਤ ਤਾਮਕੋਟ, ਨਰਿੰਦਰ ਮਾਖਾ, ਅਮੋਲਕ ਸਿੰਘ, ਵਿਜੇ ਕੁਮਾਰ ਬੁਢਲਾਡਾ, ਦਰਸ਼ਨ ਅਲੀਸ਼ੇਰ ਨੇ ਦੱਸਿਆ ਇਸੇ ਕੜੀ ਤਹਿਤ ਹੁਣ ਵਿੱਤ ਮੰਤਰੀ ਨਾਲ ਮੀਟਿੰਗ 10 ਫਰਵਰੀ ਨੂੰ ਹੋਵੇਗੀ।ਅਧਿਆਪਕ ਆਗੂਆਂ ਹਰਜਿੰਦਰ ਅਨੂਪਗੜ੍ਹ, ਗੁਰਦਾਸ ਬਾਜੇਵਾਲਾ, ਹੰਸਾ ਸਿੰਘ ਅਤੇ ਰਾਜਵਿੰਦਰ ਬੈਹਣੀਵਾਲ ਨੇ ਇਸ ਮਸਲੇ ਦਾ ਜਲਦੀ ਨਿਪਟਾਰਾ ਕਰਨ ਦੀ ਮੰਗ ਕਰਦਿਆਂ ਕਿਹਾ ਜਸਕਰਨ ਸਿੰਘ ਅਤੇ ਕਮਲਜੀਤ ਕੌਰ ਦੀ ਦਰਦਨਾਕ ਹਾਦਸੇ 'ਚ ਬੇਵਕਤੀ ਮੌਤ ਕਾਰਨ ਉਨ੍ਹਾਂ ਦੇ ਬੱਚਿਆਂ ਦੇ ਨਾਂ 'ਤੇ 2-2 ਕਰੋੜ ਰੁਪਏ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਅਜਿਹੇ ਮਾਮਲਿਆਂ ਲਈ ਭਵਿੱਖ 'ਚ ਠੋਸ ਮੁਆਵਜ਼ਾ ਨੀਤੀ ਤਿਆਰ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ਦੋਵਾਂ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਸਰਕਾਰ ਵੱਲੋਂ ਉਠਾਇਆ ਜਾਵੇ ਅਤੇ ਦੋਵਾਂ ਬੱਚਿਆਂ ਲਈ ਸਰਕਾਰੀ ਨੌਕਰੀ ਰਾਖਵੀਂ ਰੱਖਣ ਸਬੰਧੀ ਸਰਕਾਰ ਲਿਖਤੀ ਹੁਕਮ ਜਾਰੀ ਕਰੇ।ਇਹਨਾਂ ਚੋਣਾਂ ਦੌਰਾਨ ਡਿਊਟੀ ਦੌਰਾਨ ਹਾਦਸਿਆਂ ਕਰਕੇ ਜਖ਼ਮੀ ਹੋਏ ਅਧਿਆਪਕਾਂ ਰਾਜਵੀਰ ਕੌਰ, ਮਨਪ੍ਰੀਤ ਸਿੰਘ, ਪਰਮਜੀਤ ਕੌਰ ਅਤੇ ਗੁਰਵਿੰਦਰ ਸਿੰਘ ਦਾ ਸਾਰਾ ਇਲਾਜ ਖਰਚਾ ਦੇਣ ਦੇ ਨਾਲ ਹਰੇਕ ਨੂੰ ਵੀ 20-20 ਲੱਖ ਰੁਪਏ ਮੁਆਵਜ਼ਾ ਰਾਸ਼ੀ ਜਾਰੀ ਕੀਤੀ ਜਾਵੇ ਅਤੇ ਇਹਨਾਂ ਅਧਿਆਪਕਾਂ ਨੂੰ ਸਰੀਰਕ ਤੌਰ 'ਤੇ ਫਿੱਟ ਹੋਣ ਤੱਕ ਦੇ ਸਮੇਂ ਨੂੰ ਡਿਊਟੀ ਸਮਾਂ ਮੰਨਿਆ ਜਾਵੇ।

# ਸੀ ਪੀ ਆਈ ਵੱਲੋਂ 12 ਫਰਵਰੀ ਦੀ ਆਮ ਹੜਤਾਲ ਦੀ ਹਮਾਇਤ



**ਬੁਢਲਾਡਾ (ਅਸ਼ੋਕ ਲਾਕੜਾ)**

ਕੇਂਦਰ ਦੀ ਮੋਦੀ ਸਰਕਾਰ ਵੱਲੋਂ ਵਪਾਰ, ਰੁਜ਼ਗਾਰ ਤੇ ਖੇਤੀਬਾੜੀ, ਸਿੱਖਿਆ ਤੇ ਸਿਹਤ ਕੇਵਲ ਕਾਰਪੋਰੇਟ ਘਰਾਣਿਆਂ ਤੇ ਸਰਮਾਏਦਾਰੀ ਦੇ ਹਵਾਲੇ ਕੀਤੇ ਜਾ ਰਹੇ ਹਨ।ਆਮ ਲੋਕਾਂ ਖਿਲਾਫ ਕਾਲੇ ਕਿਰਤ ਕਾਨੂੰਨਾਂ, ਮਨਰੇਗਾ ਨੂੰ ਖਤਮ ਕਰ ਸਰਮਾਏਦਾਰਾ ਨੂੰ ਸਸਤੀ ਲੇਬਰ ਮੁੱਹਈਆ ਕਰਵਾਉਣਾ ਮੋਦੀ ਸਰਕਾਰ ਦੀ ਗਹਿਰੀ ਸਾਜ਼ਿਸ਼ ਹੈ,ਇਸ ਤੋਂ ਇਲਾਵਾ ਪ੍ਰਚੂਨ ਖੇਤਰ ਵਿੱਚ ਨਿਵੇਸ਼,ਬਿਜਲੀ ਐਕਟ 2025 ਤੇ ਸੀਡ ਬਿੱਲ ਸਮੁੱਚੇ ਲੋਕਾਂ 'ਤੇ ਆਰਥਿਕ ਬੋਝ ਤੇ ਬੇਰੁਜ਼ਗਾਰੀ ਵੱਲ ਧੱਕਣਗੇ।ਧਰਮ ਤੇ ਜਾਤੀ ਵਿਤਕਰੇ ਭਾਈਚਾਰਕ ਸਾਂਝ ਨੂੰ ਕਮਜ਼ੋਰ ਕੀਤਾ ਹੈ, ਜਿਸ ਕਾਰਨ ਦੇਸ਼ ਦੀ ਏਕਤਾ ਅਤੇ ਅਖੰਡਤਾ ਤੇ ਸਾਂਝੀਵਾਲਤਾ ਲਈ ਲਾਲ ਝੰਡੇ ਦੀ ਮਜ਼ਬੂਤੀ ਅਤੀ ਜ਼ਰੂਰੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਹਾਇਕ ਸਕੱਤਰ ਸਾਥੀ ਵੇਦ ਪ੍ਰਕਾਸ, ਸਬ ਡਵੀਜ਼ਨ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਤੇ ਸਹਾਇਕ ਸੱਕਤਰ ਜਗਸੀਰ ਸਿੰਘ ਰਾਏਕੇ ਨੇ ਮੀਟਿੰਗ ਮੌਕੇ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਹਨਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਦੀ ਕਾਰਗੁਜ਼ਾਰੀ ਕੇਵਲ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਵਾਲੀਆਂ ਹਨ। ਕਮਿਊਨਿਸਟ ਆਗੂ ਨੇ ਪੁਰਾਣੇ ਮਨਰੇਗਾ ਕਾਨੂੰਨ ਤੇ ਕਿਰਤ ਕਾਨੂੰਨਾਂ ਦੀ ਬਹਾਲੀ, ਬਿਜਲੀ ਐਕਟ 2025, ਬੀਜ਼ ਐਕਟ ਨੂੰ ਰੱਦ ਕਰਨ ਆਦਿ ਨਵੀਂ ਭਰਤੀ, ਪੈਨਸ਼ਨ ਦੀ ਬਹਾਲੀ ਸਮੇਤ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਲੈ ਕੇ ਸੰਯੂਕਤ ਕਿਸਾਨ ਮੋਰਚੇ, ਦੇਸ਼ ਦੀਆਂ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਮਜ਼ਦੂਰ ਜਥੇਬੰਦੀਆਂ ਵੱਲੋਂ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਕਿਸਾਨ ਮਜ਼ਦੂਰ ਮੁਲਾਜ਼ਮ ਔਰਤਾਂ ਤੇ ਨੌਜਵਾਨ ਵਰਗ ਸਮੇਤ ਤੇ ਆਮ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਮੀਟਿੰਗ ਦੌਰਾਨ ਮੈਂਬਰਸ਼ਿਪ ਲਈ ਲੀਡਰਸ਼ਿਪ ਦੀਆਂ ਡਿਊਟੀਆਂ ਲਾਈਆਂ ਗਈਆਂ। ਭਵਿੱਖ ਵਿੱਚ ਸਾਂਝੇ ਘੋਲਾਂ ਦੀ ਸਫਲਤਾ ਲਈ ਵਿਉਂਤਬੰਦੀ ਕੀਤੀ ਗਈ।ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ ਮੰਦਰਾਂ, ਹਰਦਿਆਲ ਸਿੰਘ ਬੁਢਲਾਡਾ, ਗੋਰਾ ਟਾਹਲੀਆਂ, ਚਿਮਨ ਲਾਲ ਕਾਕਾ, ਕਰਨੈਲ ਸਿੰਘ ਦਾਤੇਵਾਸ, ਕਾਮਰੇਡ ਹਰਕੇਸ਼ ਮੰਡੇਰ, ਬੰਬੂ ਸਿੰਘ, ਸੁਖਦੇਵ ਸਿੰਘ ਬੋੜਾਵਾਲ, ਹਰਮੀਕ ਸਿੰਘ ਬੋੜਾਵਾਲ, ਮੱਖਣ ਸਿੰਘ ਰੰਘੜਿਆਲ ਤੇ ਗਰੀਬ ਸਿੰਘ ਨੇ ਸੰਬੋਧਨ ਕੀਤਾ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਮੋਗਾ ਇਕਾਈ ਦੀ ਮੀਟਿੰਗ ਹੋਈ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਮੋਗਾ ਇਕਾਈ ਦੀ ਮੀਟਿੰਗ ਗੁਰਦੁਆਰਾ ਸਾਹਿਬ ਬੱਧਨੀ ਕਲਾਂ ਵਿਖੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਦੀ ਅਗਵਾਈ ਹੇਠ ਹੋਈ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਜ਼ਿਲ੍ਹਾ ਸਕੱਤਰ ਗੁਰਮੀਤ ਸਿੰਘ ਨੇ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਜਾ ਰਹੇ ਲੋਕ ਵਿਰੋਧੀ ਫੈਸਲਿਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਨੇ ਬਿਜਲੀ ਐਕਟ 2025, ਸੀਡ ਐਕਟ, ਮਨਰੇਗਾ ਐਕਟ ਅਤੇ ਨਵੇਂ ਘਰੇਲੂ ਕਾਨੂੰਨਾਂ ਰਾਹੀਂ ਆਮ ਲੋਕਾਂ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਦੱਸਿਆ ਕਿ ਪ੍ਰੀ-ਪੇਡ ਮੀਟਰ ਪਹਿਲਾਂ ਸਰਕਾਰੀ ਅਦਾਰਿਆਂ, ਫਿਰ ਸਾਂਝੀਆਂ ਥਾਵਾਂ ਜਿਵੇਂ ਗੁਰਦੁਆਰੇ, ਸਕੂਲ, ਵਾਟਰ ਟੈਂਕ ਆਦਿ 'ਚ ਸ਼ੁਰੂ ਕਰਕੇ ਅਤੇ ਫਿਰ ਸਰਕਾਰੀ ਮੁਲਾਜ਼ਮਾਂ ਤੇ ਆਮ ਲੋਕਾਂ ਦੇ ਘਰਾਂ ਵਿੱਚ ਲੱਗਣਗੇ। ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਨੇ ਕਿਹਾ ਕਿ ਯੂਨੀਅਨ ਦੇ ਦੋ ਆਗੂ ਸਗਨਦੀਪ ਸਿੰਘ ਅਤੇ ਬਲਦੇਵ ਸਿੰਘ ਨੂੰ ਝੂਠੇ 307 ਦੇ ਕੇਸਾਂ ਵਿੱਚ ਫਸਾ ਕੇ ਪਿਛਲੇ 9 ਮਹੀਨਿਆਂ ਤੋਂ ਬਠਿੰਡਾ ਜੇਲ੍ਹ ਵਿੱਚ ਬੰਦ ਕੀਤਾ ਗਿਆ ਹੈ।ਉਨ੍ਹਾਂ ਦੀ ਰਿਹਾਈ ਦੀ ਮੰਗ ਨੂੰ ਲੈਕੇ 6 ਫਰਵਰੀ ਨੂੰ ਲਗਣ ਵਾਲੇ ਧਰਨੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਸਾਰੇ ਬਲਾਕਾਂ ਦੀ ਡਿਊਟੀ ਲਗਾਈ ਗਈ।ਮੀਟਿੰਗ ਵਿੱਚ ਨਿਹਾਲ ਸਿੰਘ ਵਾਲਾ ਬਲਾਕ ਦੇ ਸੈਕਟਰੀ ਬੂਟਾ ਸਿੰਘ ਭਾਗੀਕੇ ਕੇਵਲ ਕ੍ਰਿਸ਼ਨ ਬੱਧਨੀ, ਜਗਜੀਤ ਸਿੰਘ ਮਧੋਕੇ, ਮੋਗਾ ਦੋ ਦੇ ਪ੍ਰਧਾਨ ਇਕਬਾਲ ਸਿੰਘ ਸਿੰਘਾਂ ਵਾਲਾ, ਹਰਮੇਲ ਸਿੰਘ ਬਾਘਾ ਪੁਰਾਣਾ, ਜੰਗੀਰ ਸਿੰਘ ਹਿੰਮਤਪੁਰਾ, ਗੁਰਦੇਵ ਸਿੰਘ ਕਿਸ਼ਨਪੁਰਾ, ਭਜਨ ਸਿੰਘ ਮੀਤ, ਬਚਿੱਤਰ ਕੌਰ ਮੱਲੀਆਂ, ਗੁਰਮੇਲ ਕੌਰ, ਮਨਜੀਤ ਕੌਰ, ਕਰਮਜੀਤ ਕੌਰ ਮੱਲੀਆਂ, ਪ੍ਰੀਤ ਸਿੰਘ ਸਮਾਸਰ, ਤੀਰਥ ਸਿੰਘ ਕੁੱਸਾ ਸਮੇਤ ਹੋਰ ਅਹੁਦੇਦਾਰਾਂ ਅਤੇ ਕਾਰਕੁਨਾਂ ਨੇ ਸ਼ਮੂਲੀਅਤ ਕੀਤੀ।



## ਕਾਤਰਾਂ

### ਅਦਬੀ ਮੇਲਾ ਲੰਡਨ-26 ਮੁਲਤਵੀ

**ਭੀਖੀ (ਗੁਰਿੰਦਰ ਸਿੰਘ ਔਲਖ)**-'ਏਸ਼ੀਅਨ ਲਿਟਰੇਰੀ ਅਤੇ ਕਲਚਰਲ ਫੋਰਮ ਯੂ ਕੇ' ਵੱਲੋਂ ਹਰ ਸਾਲ ਜੁਲਾਈ ਵਿੱਚ ਲੰਡਨ (ਸਾਊਥਾਲ)ਵਿਖੇ ਹੋਣ ਵਾਲਾ ਵਿਸ਼ਵ ਪ੍ਰਸਿੱਧ 'ਅਦਬੀ ਮੇਲਾ-2026' ਕੁਝ ਨਾ ਟਾਲੇ ਜਾਣ ਵਾਲੇ ਕਾਰਨਾਂ ਕਰਕੇ ਮੁਲਤਵੀ ਕਰ ਦਿੱਤਾ ਗਿਆ ਹੈ।ਸ਼ਾਇਰ ਸਤਪਾਲ ਭੀਖੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਦਬੀ ਮੇਲੇ ਦੇ ਮੁੱਖ ਕਾਮੇ ਸ਼ਾਇਰ ਅਜ਼ੀਮ ਸ਼ੇਖਰ, ਸ਼ਾਇਰ ਰਾਜਿੰਦਰਜੀਤ ਤੇ ਅਬੀਰ ਬੁੱਟਰ ਨੇ ਦੱਸਿਆ ਕਿ ਜੁਲਾਈ- 26 ਦੇ ਅਦਬੀ ਮੇਲੇ ਦੇ ਪ੍ਰੋਗਰਾਮ ਉਲੀਕ ਲਏ ਗਏ ਸਨ ਪਰ ਟੀਮ ਦੇ ਪਰਿਵਾਰਾਂ 'ਚ ਅਣ-ਸੁਖਾਵੀਆਂ ਘਟਨਾਵਾਂ ਕਰਕੇ ਇਹ ਮੇਲਾ ਫ਼ਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ।

### ਦੀਪਾ ਸਰਪੰਚ ਨੂੰ ਸਦਮਾ, ਪਿਤਾ ਦਾ ਦੇਹਾਂਤ



**ਸਮਰਾਲਾ (ਸੁਰਜੀਤ ਸਿੰਘ)**-ਇਥੋਂ ਦੇ ਨਜ਼ਦੀਕੀ ਪਿੰਡ ਕੁੱਲੇਵਾਲ ਦੇ ਸਿਰ ਕੱਢ ਸਿਆਸੀ ਆਗੂ, ਸਮਾਜ ਸੇਵੀ ਅਤੇ ਲੇਖਕ ਸਾਹਿਤਕਾਰ ਗੁਰਦੀਪ ਸਿੰਘ ਉਰਫ ਦੀਪਾ ਸਰਪੰਚ ਕੁਲੇਵਾਲੀਆ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਪਿਤਾ ਸਰਦਾਰ ਸੁਰਜੀਤ ਸਿੰਘ ਬਾਠ ਦੀ ਸੰਖੇਪ ਬਿਮਾਰੀ ਕਾਰਨ ਮੌਤ ਹੋ ਗਈ। ਉਹਨਾਂ ਦੀ ਮੌਤ 'ਤੇ ਜਿੱਥੇ ਪਿੰਡ ਵਿੱਚ ਸ਼ੋਕ ਦੀ ਲਹਿਰ ਹੈ, ਉਥੇ ਇਲਾਕੇ ਦੇ ਸਿਆਸੀ ਅਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਗਹਿਰੇ ਅਫ਼ਸੋਸ ਦਾ ਇਜ਼ਹਾਰ ਕੀਤਾ ਹੈ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਸਹਿਜ ਪਾਠ ਦੇ ਭੋਗ 5 ਫਰਵਰੀ ਨੂੰ ਪਿੰਡ ਕੁਲੇਵਾਲ ਵਿਚ ਉਹਨਾਂ ਦੇ ਗ੍ਰਹਿ ਵਿਖੇ ਪਾਏ ਜਾਣਗੇ।

### ਦਮਦਮਾ ਸਾਹਿਬ ਦਾ ਚੌਥਾ ਸਾਹਿਤਕ ਮੇਲਾ 11 ਤੋਂ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਅਤੇ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ ਚੌਥਾ ਦਮਦਮਾ ਸਾਹਿਬ ਸਾਹਿਤਕ ਮੇਲਾ 11, 12 ਅਤੇ 13 ਫਰਵਰੀ ਨੂੰ ਕਰਾਇਆ ਜਾ ਰਿਹਾ ਹੈ।ਇਸ ਮੇਲੇ ਦਾ ਮਕਸਦ ਵਿਦਿਆਰਥੀਆਂ ਅਤੇ ਸਮਾਜ ਨੂੰ ਸਾਹਿਤਕ, ਸਮਾਜਿਕ ਅਤੇ ਰਾਜਨੀਤਿਕ ਲਿਖਤਾਂ ਪੜ੍ਹਨ ਅਤੇ ਖੁਦ ਗਿਆਨ ਦੀ ਸਿਰਜਨਾ ਕਰਨ ਲਈ ਪ੍ਰੇਰਿਤ ਕਰਨਾ ਹੈ।ਸਾਹਿਤਕ ਮੇਲੇ ਸੰਸਥਾਵਾਂ ਦੇ ਜ਼ਰੀਏ ਨਵਾਂ ਗਿਆਨ ਪੈਦਾ ਕਰਨ ਦੇ ਰਾਹ ਦਸੇਰੇ ਹੁੰਦੇ ਹਨ, ਜਿਸ ਦੁਆਰਾ ਪ੍ਰਗਤੀਸ਼ੀਲ ਕਦਰਾਂ-ਕੀਮਤਾਂ ਦੀ ਸਿਰਜਣਾ ਨਾਲ ਸਮਾਜ ਅਗਲੀ ਪੁਲਾਂਘ ਪੁੱਟਦਾ ਹੈ।ਇਸ ਮੇਲੇ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਵਾਨ ਅਲੱਗ-ਅਲੱਗ ਵਿਸ਼ਿਆਂ 'ਤੇ ਵਿਚਾਰ-ਚਰਚਾ ਕਰਨਗੇ।ਇਸ ਦੇ ਨਾਲ-ਨਾਲ ਪੁਸਤਕ ਪ੍ਰਦਰਸ਼ਨੀਆਂ, ਕਲਾ ਪ੍ਰਦਰਸ਼ਨੀਆਂ, ਸਾਹਿਤਕ ਸੰਵਾਦ, ਰੂ-ਬ-ਰੂ, ਨਾਟਕ, ਖੇਤੀ ਸੰਵਾਦ, ਵਿਦਿਆਰਥੀ ਵਿਚਾਰ-ਚਰਚਾ, ਫਿਲਮ ਸ਼ੋਅ, ਕਵੀ ਦਰਬਾਰ, ਕਵੀਸ਼ਰੀ, ਗੀਤ-ਸੰਗੀਤ ਹੋਵੇਗਾ ਤੇ ਵਿਰਾਸਤੀ ਖਾਣੇ ਦੀਆਂ ਸਟਾਲਾਂ ਵੀ ਲਾਈਆਂ ਜਾਣਗੀਆਂ।ਇਸ ਮੌਕੇ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ, ਵਿਭਾਗਾਂ ਦੇ ਮੁਖੀ ਸਾਹਿਬਾਨ ਅਤੇ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ ਸਮੂਹ ਬੁੱਧੀਜੀਵੀ ਵਰਗ ਅਤੇ ਸਾਹਿਤਕ ਪ੍ਰੇਮੀਆਂ ਨੂੰ ਇਸ ਮੇਲੇ ਦਾ ਹਿੱਸਾ ਬਣਨ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਕਿ ਉਹ ਵੱਧ ਤੋਂ ਵੱਧ ਸ਼ਿਰਕਤ ਕਰਕੇ ਇਸ ਸਾਹਿਤਕ ਮੇਲੇ ਨੂੰ ਸਫਲ ਬਣਾਉਣ ਅਤੇ ਦਮਦਮਾ ਸਾਹਿਬ ਦੀ ਸਾਹਿਤਕ ਪਰੰਪਰਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

# ਇੰਪਰੂਵਮੈਂਟ ਟਰੱਸਟ ਨੇ ਜੋਗੀਆਂ ਦੀਆਂ ਝੁੱਗੀਆਂ ਬੁਲਡੋਜ਼ਰ ਨਾਲ ਢਾਹੀਆਂ



**ਬਰਨਾਲਾ (ਰਾਜਿੰਦਰ ਬਰਾੜ)**-31 ਜਨਵਰੀ ਨੂੰ ਪੰਜਾਬ ਸਰਕਾਰ ਦੀ ਸ਼ਹਿ 'ਤੇ ਇੰਪਰੂਵਮੈਂਟ ਟਰੱਸਟ ਬਰਨਾਲਾ ਵੱਲੋਂ ਟਰੱਸਟ ਦੀ ਜਗ੍ਹਾ ਵਿੱਚ ਪਿਛਲੇ 50-60 ਸਾਲਾਂ ਤੋਂ ਕੁਲੀਆਂ ਪਾ ਕੇ ਗੁਜ਼ਾਰਾ ਬਸ਼ਰ ਕਰ ਰਹੇ ਬੇ ਘਰੇ ਜੋਗੀ - ਨਾਥਾਂ ਦੀਆਂ ਸੱਠ ਦੇ ਕਰੀਬ ਝੁੱਗੀਆਂ ਝੌਂਪੜੀਆਂ ਨੂੰ ਬੁਲਡੋਜ਼ਰ ਫੇਰ ਕੇ ਤਬਾਹ ਕਰ ਦਿੱਤਾ ਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਆਗੂ ਕਾਮਰੇਡ ਖੁਸ਼ੀਆਂ ਸਿੰਘ, ਮਜ਼ਦੂਰ ਅਧਿਕਾਰ ਅੰਦੋਲਨ ਪੰਜਾਬ ਦੇ ਸੂਬਾ ਸਕੱਤਰ ਕਾਮਰੇਡ ਲਾਭ ਸਿੰਘ ਅਕਲੀਆ ਅਤੇ ਨਛੱਤਰ ਸਿੰਘ ਰਾਮਨਗਰ, ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਬੁੱਟਰ) ਦੇ ਆਗੂ ਗੁਰਮੇਲ ਸਿੰਘ, ਸਮਾਜ ਸੇਵੀ ਆਗੂ ਜੱਸੀ ਪੇਧਨੀ, ਜਮਹੂਰੀ ਅਧਿਕਾਰ ਸਭਾ ਦੇ ਸੋਹਣ ਸਿੰਘ ਮਾਝੀ, ਬਿੱਕਰ ਸਿੰਘ ਔਲਖ ਅਤੇ ਹਰਚਰਨ ਸਿੰਘ ਚਹਿਲ ਨੇ ਇੱਕ ਪ੍ਰੈਸ ਬਿਆਨ ਰਾਹੀਂ ਇਸ ਘਟਨਾ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਕਿਹਾ ਕਿ ਇਹਨਾਂ ਗ਼ਰੀਬ ਲੋਕਾਂ ਦੇ ਪੱਕੇ ਵਸੇਬੇ ਲਈ ਕਈ ਵਾਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਤੇ ਹੋਰਨਾਂ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾ ਚੁੱਕੀ ਹੈ। ਖ਼ੁਦ ਚੇਅਰਮੈਨ ਤੀਰਥ ਰਾਮ ਮੰਨਾਂ ਵੱਲੋਂ ਇਹ ਵਿਸ਼ਵਾਸ ਦਵਾਇਆ ਗਿਆ ਸੀ ਕਿ, ਇਹਨਾਂ ਬੇਘਰੇ ਲੋਕਾਂ ਦਾ ਬਦਲਵਾਂ ਪ੍ਰਬੰਧ ਕੀਤਾ ਜਾਵੇਗਾ ਅਤੇ ਜ਼ਬਰਦਸਤੀ ਨਹੀਂ ਉਠਾਇਆ ਜਾਵੇਗਾ। ਆਗੂਆਂ ਨੇ ਇਹ ਵੀ ਕਿਹਾ ਕਿ ਇਥੇ ਰਹਿਣ ਵਾਲੇ ਬਾਲਗ ਲੋਕਾਂ ਦੀਆਂ ਲੰਬੇ ਸਮੇਂ ਤੋਂ ਅਧਾਰ ਕਾਰਡ ਅਤੇ ਵੋਟਾਂ ਬਣੀਆਂ ਹੋਈਆਂ ਹਨ, ਉਹਨਾਂ ਦੇ ਬੱਚੇ ਇੱਥੇ ਵੱਖ ਵੱਖ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਨ।ਆਗੂਆਂ ਨੇ ਮੰਗ ਕੀਤੀ ਹੈ ਕਿ ਜਿਨ੍ਹਾਂ ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀਆਂ ਅਤੇ ਪੁਲਿਸ ਵਾਲਿਆਂ ਵੱਲੋਂ ਇਹਨਾਂ ਗ਼ਰੀਬਾਂ ਦੀਆਂ ਝੁੱਗੀਆਂ ਉਜਾੜ ਦਿੱਤੀਆਂ ਹਨ, ਉਹਨਾਂ ਉੱਪਰ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਝੁੱਗੀ ਝੌਂਪੜੀ ਵਾਲਿਆਂ ਨੂੰ ਮੁੜ ਵਸੇਬੇ ਤਹਿਤ ਘਰ ਪਾਉਣ ਲਈ ਪਲਾਟ ਦਿੱਤੇ ਜਾਣ। ਆਗੂਆਂ ਨੇ ਇਹ ਵੀ ਕਿਹਾ ਕਿ ਆਉਂਦੇ ਦਿਨਾਂ ਵਿੱਚ ਸਾਰੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਇਕੱਠਾ ਕਰਕੇ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦਾ ਜ਼ੋਰਦਾਰ ਢੰਗ ਨਾਲ ਪਰਦਾਫ਼ਾਸ਼ ਕੀਤਾ ਜਾਵੇਗਾ ਅਤੇ ਸੰਘਰਸ਼ ਤਿੱਖਾ ਕੀਤਾ ਜਾਵੇਗਾ।

## 10 ਲੱਖ ਦੀ ਸਿਹਤ ਬੀਮਾ ਯੋਜਨਾ ਹਰ ਵਰਗ ਲਈ ਵਰਦਾਨ ਸਾਬਤ ਹੋਵੇਗੀ : ਸਰਪੰਚ ਰਾਜਾ ਮੱਲਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਸੂਬੇ ਦੇ ਹਰ ਵਰਗ ਲਈ ਵੱਡੀ ਰਹਤ ਸਾਬਤ ਹੋਵੇਗੀ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੇ ਕੀਤਾ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਲਏ ਗਏ ਫ਼ੈਸਲੇ ਸਿਰਫ਼ ਐਲਾਨਾਂ ਤੱਕ ਸੀਮਤ ਨਹੀਂ, ਸਗੋਂ ਅਮਲੀ ਤੌਰ 'ਤੇ ਲੋਕਾਂ ਨੂੰ ਵੱਡਾ ਲਾਭ ਪੁਚਾ ਰਹੇ ਹਨ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ 10 ਲੱਖ ਰੁਪਏ ਵਾਲੀ ਸਿਹਤ ਬੀਮਾ ਯੋਜਨਾ ਨਾਲ ਗਰੀਬ, ਮੱਧ ਵਰਗ ਤੇ ਮਜ਼ਦੂਰ ਵਰਗ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਆਖਿਆ ਕਿ ਪਹਿਲਾਂ ਗੰਭੀਰ ਬੀਮਾਰੀਆਂ ਦੇ ਇਲਾਜ ਲਈ ਲੋਕਾਂ ਨੂੰ ਵੱਡੇ ਕਰਜ਼ੇ ਚੁੱਕਣੇ ਪੈਂਦੇ ਸਨ ਜਾਂ ਆਪਣੀ ਜ਼ਮੀਨ ਤੱਕ ਵੇਚਣੀ ਪੈਂਦੀ ਸੀ, ਪਰ ਹੁਣ ਇਸ ਯੋਜਨਾ ਨਾਲ ਹਰ ਪਰਿਵਾਰ ਨੂੰ ਨਿਸ਼ਚਿੰਤ ਇਲਾਜ ਦੀ ਸਹੂਲਤ ਮਿਲੇਗੀ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਪੰਜਾਬ ਸਰਕਾਰ ਦੀ ਲੋਕ-ਹਿਤੈਸ਼ੀ ਸੋਚ ਦਾ ਸਪੱਸ਼ਟ ਪ੍ਰਮਾਣ ਹੈ।ਉਨ੍ਹਾਂ ਮਾਨ ਸਰਕਾਰ ਦੇ ਹੋਰ ਇਤਿਹਾਸਕ ਫੈਸਲਿਆਂ ਦੀ ਵੀ ਸ਼ਲਾਘਾ ਕੀਤੀ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ ਤੇ ਕਿਸਾਨੀ ਖੇਤਰ ਵਿਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕੀਤੇ ਹਨ।ਉਨ੍ਹਾਂ ਖਾਸ ਤੌਰ 'ਤੇ ਕਿਸਾਨਾਂ ਲਈ ਦਿੱਤੀ ਜਾ ਰਹੀ ਨਿਰਵਿਘਨ ਬਿਜਲੀ ਸਪਲਾਈ ਦੀ ਤਾਰੀਫ਼ ਕਰਦਿਆਂ ਕਿਹਾ ਕਿ ਇਸ ਨਾਲ ਕਿਸਾਨ ਬਹੁਤ ਖੁਸ਼ ਹਨ ਅਤੇ ਖੇਤੀਬਾੜੀ ਕੰਮਾਂ ਵਿਚ ਵੱਡੀ ਸਹੂਲਤ ਮਿਲੀ ਹੈ।

# 12 ਫਰਵਰੀ ਦੀ ਆਮ ਹੜਤਾਲ ਮੌਕੇ ਬੱਸ ਸਟੈਂਡ 'ਤੇ ਹੋਵੇਗੀ ਸਾਂਝੀ ਰੈਲੀ



**ਲੁਧਿਆਣਾ (ਐਮ ਐਸ ਭਾਟੀਆ)**-ਯੂਨਾਈਟਡ ਫ਼ਰੰਟ ਆਫ਼ ਟ੍ਰੇਡ ਯੂਨੀਅਨਜ ਲੁਧਿਆਣਾ , ਜਿਸ ਵਿੱਚ ਏਟਕ, ਇੰਟਕ, ਸੀਟੂ ਅਤੇ ਸੀ ਟੀ ਯੂ ਪੰਜਾਬ ਸ਼ਾਮਿਲ ਹਨ, ਨੇ ਵਰਕਰਾਂ ਦੀ ਸਾਂਝੀ ਕਨਵੈਂਸ਼ਨ, ਇਥੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕੀਤੀ। ਇਸ ਵਿੱਚ 12 ਫਰਵਰੀ ਦੀ ਦੇਸ਼ ਵਿਆਪੀ ਆਪ ਹੜਤਾਲ ਦੀ ਤਿਆਰੀ ਨੂੰ ਲੈ ਕੇ ਆਗੂਆਂ ਨੇ ਵੱਖ ਵੱਖ ਮੁੱਦਿਆਂ ਜਿਵੇਂ ਚਾਰ ਲੇਬਰ ਕੋਡ ਰੱਦ ਕਰਕੇ ਪੁਰਾਣੇ ਕਿਰਤ ਕਾਨੂੰਨ ਬਹਾਲ ਕਰਨ, ਮਨਰੇਗਾ ਕਾਨੂੰਨ ਨੂੰ ਬਹਾਲ ਕਰਨ, ਬਿਜਲੀ ਸੋਧ ਬਿੱਲ 2025 ਨੂੰ ਰੱਦ ਕਰਨ ਅਤੇ ਬੀਜ ਬਿਲ 2025 ਦੇ ਮਾਰੂ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਹ ਵੀ ਫੈਸਲਾ ਕੀਤਾ ਗਿਆ ਕਿ ਆਪਣੇ ਆਪਣੇ ਅਦਾਰਿਆਂ ਤੇ ਹੜਤਾਲ ਕਰਕੇ ਅਤੇ ਗੇਟ ਰੈਲੀਆਂ ਕਰਕੇ ਸਾਂਝੇ ਤੌਰ 'ਤੇ ਲੁਧਿਆਣੇ ਵਿੱਚ ਇੱਕੋ ਥਾਂ 'ਤੇ ਸਾਂਝੀ ਰੈਲੀ ਕੀਤੀ ਜਾਵੇਗੀ ਜੋ ਰਿਵਾਇਤ ਦੇ ਮੁਤਾਬਿਕ ਬੱਸ ਸਟੈਂਡ ਵਿਖੇ ਕੀਤੀ ਜਾਵੇਗੀ। ਮੀਟਿੰਗ ਵਿੱਚ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸ੍ਰੀ ਸੂਰਿਆਕਾਂਤ ਵੱਲੋਂ ਟ੍ਰੇਡ ਯੂਨੀਅਨਾਂ ਪ੍ਰਤੀ ਕੀਤੀਆਂ ਗਈਆਂ ਟਿੱਪਣੀਆਂ 'ਤੇ ਡੂੰਘਾ ਵਿਰੋਧ ਦਰਜ ਕਰਵਾਇਆ ਗਿਆ ਅਤੇ ਇੱਕ ਮਤਾ ਪਾਸ ਕਰਕੇ ਮੰਗ ਕੀਤੀ ਗਈ ਕਿ ਸੁਪਰੀਮ ਕੋਰਟ ਆਪਣੀਆਂ ਟ੍ਰੇਡ ਯੂਨੀਅਨਾਂ ਦੇ ਬਾਰੇ ਨਿਰਅਧਾਰ ਅਤੇ ਗਲਤ ਟਿੱਪਣੀਆਂ ਨੂੰ ਵਾਪਸ ਲਵੇ। ਆਗੂਆਂ ਨੇ ਇਸ 'ਤੇ ਅਫਸੋਸ ਜ਼ਾਹਿਰ ਕੀਤਾ ਕਿ ਚੀਫ ਜਸਟਿਸ ਨੇ ਆਜ਼ਾਦੀ ਸੰਘਰਸ਼ ਦੇ ਦੌਰਾਨ ਟਰੇਡ ਯੂਨੀਅਨਾਂ ਵੱਲੋਂ ਪਾਏ ਗਏ ਯੋਗਦਾਨ ਦੀ ਸ਼ਲਾਘਾ ਕਰਨ ਦੀ ਥਾਂ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਮਜ਼ਦੂਰ ਵਿਰੋਧੀ ਗੱਲਾਂ ਕਹੀਆਂ ਹਨ।ਪ੍ਰਧਾਨਗੀ ਮੰਡਲ ਵਿੱਚ ਵਿਜੇ ਕੁਮਾਰ, ਗੁਰਜੀਤ ਸਿੰਘ ਜਗਪਾਲ, ਜਗਦੀਸ਼ ਚੰਦ ਅਤੇ ਹਨੂਮਾਨ ਪ੍ਰਸ਼ਾਦ ਦੂਬੇ ਸ਼ਾਮਿਲ ਸਨ।ਕਨਵੈਂਸ਼ਨ ਦੇ ਸ਼ੁਰੂ ਵਿੱਚ ਅੱਜ ਦੇ ਦਿਨ 'ਤੇ ਰਵਿਦਾਸ ਗੁਰੂ ਦੇ ਜਨਮ ਦਿਹਾੜੇ ਦੀਆਂ ਸਭ ਨੂੰ ਮੁਬਾਰਕਾਂ ਦਿੱਤੀਆਂ ਗਈਆਂ।ਮੀਟਿੰਗ ਨੂੰ ਕਾਮਰੇਡ ਮਹਾਂ ਸਿੰਘ ਰੋੜੀ ,ਐਮ ਐਸ ਭਾਟੀਆ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਸੁਭਾਸ਼ ਰਾਨੀ, ਅਮਰਨਾਥ ਕੂਮਕਲਾਂ, ਜੈ ਪ੍ਰਕਾਸ਼ ਨਰਾਇਣ, ਵਿਨੋਦ ਤਿਵਾੜੀ, ਸੁਖਮਿੰਦਰ ਸਿੰਘ ਲੋਟੇ, ਪਰਮਜੀਤ ਸਿੰਘ, ਕੇਵਲ ਸਿੰਘ ਬਨਵੈਤ, ਸਮਰ ਬਹਾਦਰ, ਜਗਦੀਸ਼ ਚੌਧਰੀ, ਬਲਰਾਮ, ਤਹਿਸੀਲਦਾਰ, ਅਜੀਤ ਕੁਮਾਰ, ਹਰਬੰਸ ਸਿੰਘ, ਕਮੇਸ਼ਵਰ ਯਾਦਵ ਨੇ ਸੰਬੋਧਨ ਕੀਤਾ। ਇਹਨਾਂ ਤੋਂ ਇਲਾਵਾ ਡਾਕਟਰ ਗੁਲਜ਼ਾਰ ਪੰਧੇਰ, ਰਣਧੀਰ ਸਿੰਘ ਧੀਰਾ, ਜਤਿੰਦਰ ਪਾਲ ਸਿੰਘ , ਰਾਮ ਲਾਲ ਹਾਜ਼ਰ ਸਨ।

# ਮਾਨ ਸਰਕਾਰ ਦੇ ਸਰਬਪੱਖੀ ਵਿਕਾਸੀ ਕਦਮਾਂ ਨਾਲ ਪੰਜਾਬ ਦਾ ਹਰ ਵਰਗ ਖੁਸ਼ : ਆਪ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਲੋਕ-ਹਿਤੈਸ਼ੀ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖੁਸ਼ ਹੈ। ਇਹ ਪ੍ਰਗਟਾਵਾ ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ ਸੁਖਾਨੰਦ, ਟਰੱਕ ਯੂਨੀਅਨ ਬਾਘਾ ਪੁਰਾਣਾ ਦੇ ਪ੍ਰਧਾਨ ਅੰਤਰਜੀਤ ਸਿੰਘ ਟਿੱਕੂ ਮੱਲ ਕੇ, ਹਲਕਾ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਮਾਹਲਾ ਅਤੇ ਸੀਨੀਅਰ ਯੂਥ ਆਗੂ ਗੁਰਪ੍ਰੀਤ ਸਿੰਘ ਗੋਦਾਰਾ ਲਧਾਈਕੇ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜੋ ਫ਼ੈਸਲੇ ਲਏ ਹਨ, ਉਹ ਸਿਰਫ਼ ਇਤਿਹਾਸਕ ਹੀ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ।

ਉਨ੍ਹਾਂ ਆਖਿਆ ਕਿ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਕਿਸਾਨੀ ਖੇਤਰ ਵਿਚ ਕੀਤੇ ਗਏ ਸੁਧਾਰਾਂ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਤੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ ਸੁਖਾਨੰਦ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਗਰੀਬ ਤੇ ਮੱਧ ਵਰਗ ਲਈ ਵਰਦਾਨ ਸਾਬਤ ਹੋ ਰਹੀ ਹੈ।ਇਸ ਯੋਜਨਾ ਨਾਲ ਹੁਣ ਮਹਿੰਗੇ ਇਲਾਜ ਦੀ ਚਿੰਤਾ ਖਤਮ ਹੋ ਗਈ ਹੈ ਤੇ ਹਰ ਪਰਵਾਰ ਨੂੰ ਇਜਾਜ਼ਤ ਨਾਲ ਇਲਾਜ ਕਰਾਉਣ ਦਾ ਹੱਕ ਮਿਲਿਆ ਹੈ।ਟਰੱਕ ਯੂਨੀਅਨ ਬਾਘਾ ਪੁਰਾਣਾ ਦੇ ਪ੍ਰਧਾਨ ਅੰਤਰਜੀਤ ਸਿੰਘ ਟਿੱਕੂ ਮੱਲ ਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨ ਤੇ ਭ੍ਰਿਸ਼ਟਾਚਾਰ ਖ਼ਿਲਾਫ਼ ਚਲਾਈ ਮੁਹਿੰਮ ਨਾਲ ਵਪਾਰੀ ਵਰਗ ਤੇ ਟਰਾਂਸਪੋਰਟ ਨਾਲ ਜੁੜੇ ਲੋਕਾਂ ਵਿਚ ਭਰੋਸਾ ਪੈਦਾ ਹੋਇਆ ਹੈ। ਉਨ੍ਹਾਂ ਆਖਿਆ ਕਿ ਸਾਫ਼-ਸੁਥਰੀ ਪ੍ਰਸ਼ਾਸਨਿਕ ਪ੍ਰਣਾਲੀ ਕਾਰਨ ਅੱਜ ਆਮ ਆਦਮੀ ਨੂੰ ਸਰਕਾਰੀ ਦਫ਼ਤਰਾਂ ਵਿਚ ਭਟਕਣਾ ਨਹੀਂ ਪੈਂਦੀ।ਹਲਕਾ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਮਾਹਲਾ ਤੇ ਸੀਨੀਅਰ ਯੂਥ ਆਗੂ ਗੁਰਪ੍ਰੀਤ ਸਿੰਘ ਗੋਦਾਰਾ ਲਧਾਈਕੇ ਨੇ ਕਿਹਾ ਕਿ ਨੌਜਵਾਨ ਵਰਗ ਲਈ ਸਿੱਖਿਆ ਅਤੇ ਰੁਜ਼ਗਾਰ ਦੇ ਖੇਤਰ ਵਿਚ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਕਾਬਿਲ-ਏ-ਤਾਰੀਫ਼ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਪ ਸਰਕਾਰ ਦੇ ਇਤਿਹਾਸਕ ਫੈਸਲਿਆਂ ਕਰਕੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਮੁੜ ਆਮ ਆਦਮੀ ਪਾਰਟੀ ਦੇ ਹੱਕ ਵਿਚ ਫਤਵਾ ਦੇਣਗੇ।

## ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ 7 ਦੀ ਰੈਲੀ 'ਚ ਸ਼ਾਮਲ ਹੋਣ ਦਾ ਐਲਾਨ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ ਤੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਵਿਚਾਰ ਚਰਚਾ ਕਰਦੇ ਆਗੂਆਂ ਨੇ ਕਿਹਾ ਕਿ ਠੇਕਾ ਕਾਮੇ ਪੰਜਾਬ ਸਰਕਾਰ ਅਧੀਨ ਵੱਖ ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਇੱਕ ਆਊਟਸੋਰਸਡ, ਇਨਲਿਸਟਮੈਂਟ, ਦਿਹਾੜੀਦਾਰ ਅਤੇ ਠੇਕਾ ਮੁਲਾਜ਼ਮ ਦੇ ਤੌਰ 'ਤੇ ਤੈਨਾਤ ਹਨ। ਇਸ ਲੰਬੇ ਅਰਸੇ ਤੋਂ ਹੀ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟਫਾਰਮ ਤੋਂ ਆਪਣੇ ਪੱਕੇ ਰੋਜ਼ਗਾਰ, ਗੁਜ਼ਾਰੇ ਯੋਗ ਤਨਖਾਹ ਅਤੇ ਹੋਰ ਜ਼ਿੰਦਗੀ ਜੀਊਣ ਲਈ ਲੋੜੀਂਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਦੇ ਆ ਰਹੇ ਹਨ। ਮੌਜੂਦਾ ਸਰਕਾਰ ਜਿਹੜੀ ਬਦਲਾਅ ਦੇ ਧੋਖੇ ਹੇਠ ਸੱਤਾ ਦੀ ਕੁਰਸੀ 'ਤੇ ਵਿਰਾਜਮਾਨ ਹੋਈ ਹੈ ਉਸ ਦੇ ਅਮਲ ਨੇ ਵੀ ਇਹ ਸਾਬਤ ਕਰ ਦਿਖਾਇਆ ਹੈ ਕਿ ਕਾਰਪੋਰੇਟ ਘਰਾਣਿਆਂ ਦੀ ਸੇਵਾ ਅਤੇ ਕਾਮਿਆਂ ਨਾਲ ਧੋਖੇ ਦਾ ਲਮਕਾਊ, ਟਰਕਾਊ, ਪਾਟਕ ਪਾਉਣ ਅਤੇ ਜਬਰ ਦੇ ਜ਼ੋਰ ਹੱਕੀ ਸੰਘਰਸ਼ਾਂ ਨੂੰ ਕੁਚਲਣ ਦਾ ਅਮਲ ਪਹਿਲੀਆਂ ਸਰਕਾਰਾਂ ਨਾਲੋਂ ਵੱਖਰਾ ਨਹੀਂ ਹੈ।

ਆਗੂਆਂ ਨੇ ਕਿਹਾ ਕਿ ਕੇਂਦਰੀ ਟਰੇਡ ਜੱਥੇਬੰਦੀਆਂ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਵਾਉਣ ਲਈ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਆਗੂਆਂ ਨੇ ਹੜਤਾਲ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਹੈ।

# ਪੈਨਸ਼ਨਰਜ਼ ਜੁਆਇੰਟ ਫਰੰਟ ਇਕਾਈ ਮੋਗਾ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਲਈ ਸੰਘਰਸ਼ ਦਾ ਐਲਾਨ

**13 ਫਰਵਰੀ ਨੂੰ ਦਿੱਤੇ ਜਾਣਗੇ ਮੰਗ ਪੱਤਰ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਲੁਧਿਆਣਾ ਵਿਖੇ ਹੋਈ । ਮੀਟਿੰਗ ਦੇ ਫੈਸਲੇ ਨੂੰ ਲਾਗੂ ਕਰਨ ਹਿਤ 13 ਫਰਵਰੀ ਨੂੰ ਸਾਢੇ ਬਾਰਾਂ ਵਜੇ ਡਿਪਟੀ ਕਮਿਸ਼ਨਰ ਮੋਗਾ ਨੂੰ ਪੈਨਸ਼ਨਰਾਂ ਦੀਆਂ ਲਟਕਦੀਆਂ ਮੰਗਾਂ ਦੀ ਪੂਰਤੀ ਲਈ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਦੇ ਨਾਮ ਮੰਗ ਪੱਤਰ ਦਿੱਤੇ ਜਾਣਗੇ।ਇਸ ਸਬੰਧ ਵਿਚ ਜੁਆਇੰਟ ਫਰੰਟ ਦੇ ਜਿਲ੍ਹਾ ਆਗੂਆਂ, ਪੰਜਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਦੇ ਸ੍ਰੀ ਸੁਖਮੰਦਰ ਸਿੰਘ ਸਰਬਜੀਤ ਦੌਧਰ , ਪੀ ਐਸ ਪੀ.ਸੀ ਐਲ ਪੈਨਸ਼ਨਰਜ਼ ਐਸੋਸੀਏਸ਼ਨ ਦੇ ਬਲੌਰ ਸਿੰਘ ਘਾਲੀ ਅਤੇ ਜਗਰੂਪ ਸਿੰਘ ਪੁਰਾਣੇ ਵਾਲਾ, ਮਹਾਂਸੰਘ ਵੱਲੋਂ ਅਵਤਾਰ ਸਿੰਘ ਕੈਂਥ ਅਤੇ ਸਵਰਨ ਸਿੰਘ ਸ਼ਾਹ ਬੁੱਕਰ, ਪੰਜਾਬ ਪੁਲਸ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਰਛਪਾਲ ਸਿੰਘ ਸੰਧੂ ਪ੍ਰਧਾਨ ਅਤੇ ਸੁਖਦੇਵ ਸਿੰਘ ਘੋਸਾ ਜਨਰਲ ਸਕੱਤਰ ਨੇ ਸਾਂਝੇ ਬਿਆਨ ਵਿਚ ਕਿਹਾ ਕਿ ਪੰਜਾਬ ਸਰਕਾਰ ਦੇ ਹੱਠੀ ਰਵਈਏ ਕਰਕੇ ਪੰਜਾਬ ਦੇ ਪੈਨਸ਼ਨਰਾਂ ਨੂੰ ਕੇਂਦਰ ਨਾਲੋਂ ਡੀ ਏ 18% ਘੱਟ ਮਿਲ ਰਿਹਾ ਹੈ ਜਿਸ ਨਾਲ ਹਰ ਇੱਕ ਪੈਨਸ਼ਨਰ ਨੂੰ ਹਜ਼ਾਰਾਂ ਰੁਪਏ ਮਹੀਨੇ ਦਾ ਘਾਟਾ ਪੈ ਰਿਹਾ ਹੈ , ਇਸ ਦੇ ਨਾਲ ਹੀ ਹੋਰ ਮੰਗਾਂ, ਛੇਵੇਂ ਪੇ ਕਮਿਸ਼ਨ ਵੱਲੋਂ ਸਿਫਾਰਸ਼ ਕੀਤਾ 2.59 ਦਾ ਗੁਣਾਂਕ ਦੇਣ ਤੋਂ ਪੰਜਾਬ ਸਰਕਾਰ ਮੁੱਕਰ ਚੁੱਕੀ ਹੈ। ਜਿਸ ਕਰਕੇ ਪੰਜਾਬ ਦੇ ਪੈਨਸ਼ਨਰ ਮਾਰਚ ਦੇ ਪਹਿਲੇ ਹਫਤੇ ਬੱਜਟ ਤੋਂ ਪਹਿਲਾਂ ਸੰਗਰੂਰ ਵਿਖੇ ਇੱਕ ਵਿਸ਼ਾਲ ਰੈਲੀ ਅਤੇ ਮਾਰਚ ਕਰਨ ਲਈ ਤਿਆਰੀਆਂ ਵਿੱਢ ਚੁੱਕੇ ਹਨ । ਪੰਜਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਗਿਆਨ ਸਿੰਘ ਸੇਵਾ ਮੁਕਤ ਡੀ ਪੀ ਆਰ ਓ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਘਰਸ਼ ਵਿੱਚ ਸ਼ਮੂਲੀਅਤ ਕਰਨ ਦੇ ਪ੍ਰੋਗਰਾਮ ਉਲੀਕਣ ਲਈ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜਿਲ੍ਹਾ ਮੋਗਾ ਦੀ ਸਬ ਡਵੀਜਨ ਬਾਘਾ ਪੁਰਾਣਾ, ਧਰਮਕੋਟ ਦੀ ਮੀਟਿੰਗ 7 ਫਰਵਰੀ, ਨਿਹਾਲ ਸਿੰਘ ਵਾਲਾ ਦੀ 9 ਫਰਵਰੀ , ਮੋਗਾ ਜਿਲ੍ਹਾ ਕਮੇਟੀ ਅਤੇ ਸਬ ਡਵੀਜਨਾਂ ਦੀ ਸਾਂਝੀ ਮੀਟਿੰਗ 13 ਫਰਵਰੀ ਨੂੰ 10 ਵਜੇ ਤੋਂ 12 ਵਜੇ ਤੱਕ ਸੁਤੰਤਰਤਾ ਸੈਨਾਨੀ ਭਵਨ ਮੋਗਾ ਵਿਖੇ ਹੋਵੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਸੰਵਿਧਾਨ ਜਾਗਰੂਕਤਾ ਪ੍ਰੋਗਰਾਮ ਕਰਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ 22 ਤੋਂ 29 ਜਨਵਰੀ ਤੱਕ 77ਵੇਂ ਗਣਤੰਤਰ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਰੁਚਿਕਰ ਸਪਤਾਹਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ, ਅਧਿਆਪਕਾਂ ਤੇ ਮਾਜ ਵਿੱਚ ਦੇਸ਼-ਪ੍ਰੇਮ ਦੀ ਭਾਵਨਾ ਨੂੰ ਮਜ਼ਬੂਤ ਕਰਨਾ, ਸੰਵਿਧਾਨਕ ਸੂਝ ਨੂੰ ਗਹਿਰਾਈ ਨਾਲ ਵਧਾਉਣਾ ਤੇ ਨਾਗਰਿਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਪ੍ਰੋ. (ਡਾ.) ਅਮੀਤਾ ਕੌਸ਼ਲ, ਮੁਖੀ ਅਤੇ ਡੀਨ ਦੇ ਪ੍ਰੇਰਕ ਸੰਬੋਧਨ ਨਾਲ ਹੋਈ।ਉਨ੍ਹਾਂ ਸੰਵਿਧਾਨ ਵਿੱਚ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਅਡੋਲ ਮੁੱਲਾਂ ਬਾਰੇ ਚਰਚਾ ਕੀਤੀ ਅਤੇ ਨੌਜਵਾਨ ਪੀੜ੍ਹੀ ਨੂੰ ਦੇਸ਼ ਦੇ ਨਿਰਮਾਣ ਵਿੱਚ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਉਣ ਲਈ ਉਤਸ਼ਾਹਤ ਕੀਤਾ।ਹਫ਼ਤੇ ਭਰ ਚੱਲੇ ਇਨ੍ਹਾਂ ਪ੍ਰੋਗਰਾਮਾਂ ਵਿੱਚ ਕਈ ਰੁਚਿਕਰ ਅਤੇ ਸਿੱਖਿਆ-ਪ੍ਰਦ ਗਤੀਵਿਧੀਆਂ ਸ਼ਾਮਲ ਸਨ। 22 ਜਨਵਰੀ ਨੂੰ ਮਨਕੀਰਤ ਕੌਰ ਸਰਾਂ ਨੇ ਰਾਸ਼ਟਰਭਕਤੀ ਨਾਲ ਭਰਪੂਰ ਭਾਸ਼ਣ ਦਿੱਤਾ, ਜਿਸ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਸੂਰਮਿਆਂ ਦੇ ਬਲਿਦਾਨਾਂ ਅਤੇ ਨਾਗਰਿਕ ਫ਼ਰਜ਼ਾਂ ਬਾਰੇ ਸੋਚਣ ਲਈ ਪ੍ਰੇਰਿਤ ਕੀਤਾ।23 ਜਨਵਰੀ ਨੂੰ ਨੂਰਕਮਲ ਕੌਰ ਨੇ ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਸਮਰਪਿਤ ਵਰਚੁਅਲ ਸੈਸ਼ਨ ਦਾ ਆਯੋਜਨ ਕੀਤਾ, ਜਿਸ ਵਿੱਚ ਉਨ੍ਹਾਂ ਦੀ ਦਲੇਰੀ, ਰਣਨੀਤਕ ਕਾਬਲੀਅਤ ਤੇ ਦੇਸ਼ ਦੀ ਆਜ਼ਾਦੀ ਲਈ ਅਡੋਲ ਸਮਰਪਣ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।27 ਜਨਵਰੀ ਨੂੰ ਪਰਵੀਨ ਕੌਰ ਵੱਲੋਂ ਕਾਨੂੰਨੀ ਅਧਿਕਾਰਾਂ ਬਾਰੇ ਸਾਰਗਰਭਿਤ ਗੈਸਟ ਲੈਕਚਰ ਦਿੱਤਾ ਗਿਆ, ਜਿਸ ਵਿੱਚ ਰੋਜ਼ਾਨਾ ਜੀਵਨ ਨਾਲ ਜੁੜੇ ਕਾਨੂੰਨੀ ਅਧਿਕਾਰਾਂ ਤੇ ਸੁਰੱਖਿਆਵਾਂ ਬਾਰੇ ਪ੍ਰਯੋਗਿਕ ਜਾਣਕਾਰੀ ਪ੍ਰਦਾਨ ਕੀਤੀ ਗਈ।28 ਜਨਵਰੀ ਨੂੰ ਗੁਰਲੀਨ ਕੌਰ ਨੇ 'ਆਪਣਾ ਸੰਵਿਧਾਨ ਜਾਣੋ' ਵਿਸ਼ੇ 'ਤੇ ਇੰਟਰੈਕਟਿਵ ਗਰੁੱਪ ਚਰਚਾ ਦਾ ਆਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਸੰਵਿਧਾਨਕ ਪ੍ਰਬੰਧਾਂ ਤੇ ਆਧੁਨਿਕ ਕਾਨੂੰਨੀ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।29 ਜਨਵਰੀ ਨੂੰ ਡਾ. ਨਵਨੀਤ ਕੌਰ ਤੇ ਸ੍ਰੀਮਤੀ ਰਜਨਦੀਪ ਕੌਰ ਦੀ ਸਮਨਵਿਆਂ ਹੇਠ ਦਮਹੇੜੀ ਪਿੰਡ ਵਿੱਚ ਸਮਾਜ-ਕੇਂਦ੍ਰਿਤ ਕਾਨੂੰਨੀ ਸਹਾਇਤਾ ਕੈਂਪ ਲਾਇਆ ਗਿਆ।ਕੈਂਪ ਵਿੱਚ ਪਿੰਡ ਵਾਸੀਆਂ ਨੂੰ ਮੁਫ਼ਤ ਕਾਨੂੰਨੀ ਸਲਾਹ, ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਤੇ ਕਾਨੂੰਨੀ ਜਾਗਰੂਕਤਾ ਪ੍ਰਦਾਨ ਕੀਤੀ ਗਈ।ਇਹ ਉਪਰਾਲਾ ਪੇਂਡੂ ਖੇਤਰਾਂ ਵਿੱਚ ਕਾਨੂੰਨੀ ਸੇਵਾਵਾਂ ਦੀ ਪਹੁੰਚ ਨੂੰ ਮਜ਼ਬੂਤ ਬਣਾਉਣ ਦੇ ਯੂਨੀਵਰਸਿਟੀ ਦੇ ਵਚਨਬੱਧਤਾ ਨੂੰ ਦਰਸਾਉਂਦਾ ਹੈ।ਇਨ੍ਹਾਂ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਵਿੱਚ ਅਧਿਆਪਕਾਂ, ਉਤਸ਼ਾਹੀ ਵਿਦਿਆਰਥੀ ਵਲੰਟੀਅਰਾਂ ਅਤੇ ਸਥਾਨਕ ਨੇਤਾਵਾਂ ਸਰਦੂਲ ਸਿੰਘ ਅਤੇ ਸਰਪੰਚ ਕੁਲਵੰਤ ਸਿੰਘ ਦਾ ਮਹੱਤਵਪੂਰਨ ਯੋਗਦਾਨ ਰਿਹਾ।ਪ੍ਰੋਗਰਾਮ ਦੇ ਅੰਤ ਵਿੱਚ ਸੰਵਿਧਾਨ ਦੀ ਇੱਜ਼ਤ ਤੇ ਮਰਿਆਦਾ ਨੂੰ ਬਣਾਈ ਰੱਖਣ ਲਈ ਸਮੂਹਕ ਸ਼ਪਥ ਲਏ ਗਈ।

## ਆਰੀਅਨਜ਼ ਗਰੁੱਪ ਵੱਲੋਂ ਮੈਗਾ ਬਲੱਡ ਡੋਨੇਸ਼ਨ ਤੇ ਮੈਡੀਕਲ ਕੈਂਪ



**ਰਾਜਪੁਰਾ (ਰਮੇਸ਼ ਕਟਾਰੀਆ)**

ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਨੇ ਆਪਣੀ ਕਾਰਪੋਰੇਟ ਸੋਸ਼ਲ ਰਿਸਪਾਂਸੀਬਿਲਟੀ ਪਹਿਲਕਦਮੀ ਦੇ ਤਹਿਤ ਖ਼ੂਨਦਾਨ, ਅੱਖਾਂ ਦੀ ਜਾਂਚ ਅਤੇ ਫਿਜ਼ੀਓਥੈਰੇਪੀ ਸੇਵਾਵਾਂ ਦੀ ਵਿਸ਼ੇਸ਼ਤਾ ਵਾਲਾ ਇੱਕ ਮੈਗਾ ਹੈਲਥ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ। ਕੈਂਪ ਵਿੱਚ ਸੈਂਕੜੇ ਵਿਦਿਆਰਥੀਆਂ ਅਤੇ ਸਥਾਨਕ ਨਿਵਾਸੀਆਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨੇ ਸੰਸਥਾ ਦੀ ਕਮਿਊਨਿਟੀ ਸਿਹਤ ਅਤੇ ਸਮਾਜਿਕ ਭਲਾਈ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਉਜਾਗਰ ਕੀਤਾ।ਇਹ ਮੈਡੀਕਲ ਕੈਂਪ ਡਾ. ਹਿਮਾਂਗ ਅਗਰਵਾਲ (ਅੱਖਾਂ ਦੇ ਮਾਹਰ) ਦੀ ਉਨ੍ਹਾਂ ਦੀ ਟੀਮ, ਡਾ. ਅਨੁਭਵ (ਸੀਨੀਅਰ ਰੈਜ਼ੀਡੈਂਟ-ਬਲੱਡ ਟ੍ਰਾਂਸਫਿਊਜ਼ਨ, ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਚੰਡੀਗੜ੍ਹ) ਦੀ ਮਾਹਿਰ ਨਿਗਰਾਨੀ ਹੇਠ ਉਨ੍ਹਾਂ ਦੇ ਮੈਡੀਕਲ ਸਟਾਫ ਨਾਲ ਅਤੇ ਡਾ. ਸ੍ਰਿਸ਼ਟੀ (ਫਿਜ਼ੀਓਥੈਰੇਪਿਸਟ) ਦੀ ਆਪਣੀ ਪੇਸ਼ੇਵਰ ਟੀਮ ਨਾਲ ਆਯੋਜਿਤ ਕੀਤਾ ਗਿਆ। ਭਾਗੀਦਾਰਾਂ ਨੇ ਪੂਰੇ ਪ੍ਰੋਗਰਾਮ ਦੌਰਾਨ ਮੁਫਤ ਅੱਖਾਂ ਦੀ ਜਾਂਚ, ਖ਼ੂਨਦਾਨ ਸੇਵਾਵਾਂ ਅਤੇ ਫਿਜ਼ੀਓਥੈਰੇਪੀ ਸਲਾਹ-ਮਸ਼ਵਰਾ ਪ੍ਰਾਪਤ ਕੀਤਾ।ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ, ਡਾ. ਅੰਸ਼ੂ ਕਟਾਰੀਆ ਨੇ ਮੈਡੀਕਲ ਟੀਮਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਅਤੇ ਸਥਾਨਕ ਭਾਈਚਾਰੇ ਦੇ ਮੈਂਬਰਾਂ ਦੇ ਭਾਰੀ ਹੁੰਗਾਰੇ ਦੀ ਸ਼ਲਾਘਾ ਕੀਤੀ।ਕੈਂਪ ਦੌਰਾਨ, ਲਗਭਗ 25 ਯੂਨਿਟ ਖੂਨ ਇਕੱਠਾ ਕੀਤਾ ਗਿਆ।

# ਮਾਨਵ ਸੇਵਾ ਉੱਤਮ ਸੇਵਾ ਨਾਭਾ ਵੱਲੋਂ ਵਿਸ਼ਾਲ ਮੈਡੀਕਲ ਕੈਂਪ



**ਨਾਭਾ (ਵਰਿੰਦਰ ਵਰਮਾ)**

ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਨਾਭਾ ਵੱਲੋਂ ਲਾਇਨਜ਼ ਕਲੱਬ ਨਾਭਾ ਦੇ ਸਹਿਯੋਗ ਨਾਲ 6ਵਾਂ ਮੈਡੀਕਲ ਚੈਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਦੇ ਮੁੱਖ ਮਹਿਮਾਨ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ ਅਤੇ ਵਿਸ਼ੇਸ਼ ਮਹਿਮਾਨ ਸਮਾਜ ਰਾਜੀਵ ਬਾਂਸਲ ਨੇ ਸ਼ਿਰਕਤ ਕੀਤੀ। ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਹਰ ਸੰਸਥਾ ਨੂੰ ਜ਼ਰੂਰ ਲਗਾਉਣੇ ਚਾਹੀਦੇ ਹਨ ਤਾਂ ਕਿ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਮਾਨਵ ਸੇਵਾ ਉੱਤਮ ਸੇਵਾ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਵਧੀਆ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਸੰਸਥਾ ਦਾ ਸਹਿਯੋਗ ਜ਼ਰੂਰ ਦੇਣ। ਇਸ ਕੈਂਪ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਅਤੇ ਕਲੱਬ ਦੇ ਪ੍ਰਧਾਨ ਸੰਨੀ ਸਿੰਗਲਾ ਨੇ ਦੱਸਿਆ ਕਿ ਇਹ ਕੈਂਪ ਲਾਇਨਜ਼ ਭਵਨ ਸਿਨੇਮਾ ਰੋਡ ਮੈਹਸ ਗੇਟ ਨਾਭਾ ਵਿਖੇ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਡਾਕਟਰ ਯਸ਼ਪਾਲ ਗੋਇਲ, (ਸ਼ੂਗਰ, ਬੀ ਪੀ ਅਤੇ ਦਿਲ ਦੇ ਰੋਗਾਂ ਦੇ ਮਾਹਿਰ), ਡਾਕਟਰ ਸ਼ਾਰੰਗ ਗੁਪਤਾ (ਚਮੜੀ ਰੋਗਾਂ ਦੇ ਮਾਹਿਰ), ਡਾਕਟਰ ਰਜਿੰਦਰ ਪਾਲ ਸਿੰਘ (ਆਪਰੇਸ਼ਨ ਦੇ ਮਾਹਿਰ), ਡਾਕਟਰ ਮਨਜੋਤ ਸਿੰਘ (ਫਿਜ਼ੀਓਥੈਰੇਪੀ ਦੇ ਮਾਹਿਰ), ਡਾਕਟਰ ਰਿਤਿਕਾ ਗੋਇਲ (ਫਾਈਬਰੋ ਸਕੈਨ ਦੇ ਮਾਹਿਰ) ਵੱਲੋਂ 310 ਦੇ ਕਰੀਬ ਮਰੀਜ਼ਾਂ ਦਾ ਮੁਫਤ ਚੈਕਅਪ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਦਵਾਈਆਂ ਜੈਬਸ ਬਾਇਓਟੈਕ ਪ੍ਰਾਈਵੇਟ ਲਿਮਿਟਿਡ ਦੇ ਡਾਇਰੈਕਟਰ ਹਰਜਿੰਦਰ ਕੁਮਾਰ ਬਠੇਜਾ ਵੱਲੋਂ ਮੁਫਤ ਦਿੱਤੀਆਂ ਗਈਆਂ ਅਤੇ ਨਾਲ ਹੀ ਡਾ ਕੰਗਜ਼ ਲੈਬੋਰੇਟਰੀ ਵਲੋਂ ਲੋੜੀਂਦੇ ਟੈਸਟ ਫ੍ਰੀ ਕੀਤੇ ਗਏ। ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ, ਕਲੱਬ ਪ੍ਰਧਾਨ ਸੰਨੀ ਸਿੰਗਲਾ ਅਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਅਤੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਭਾਜਪਾ ਵਪਾਰ ਵਿੰਗ ਵਾਈਸ ਪ੍ਰਧਾਨ ਪੰਜਾਬ ਰਾਜੇਸ਼ ਬਾਂਸਲ ਬੱਬੂ, ਸੰਵਾਦ ਗਰੁੱਪ ਸੰਚਾਲਕ ਰਾਜੇਸ਼ ਢੀਂਗਰਾ, ਹਲਕਾ ਨਾਭਾ ਮੁੱਖ ਸੇਵਾਦਾਰ ਬੀਜੇਪੀ ਪਾਰਟੀ ਬਰਿੰਦਰ ਬਿੱਟੂ, ਗਿਰਧਾਰੀ ਲਾਲ ਬਾਂਸਲ, ਸੁਰਿੰਦਰ ਬੀਰ ਸਿੰਘ ਸੇਠੀ, ਹਿਮਾਂਸ਼ੂ ਸ਼ਰਮਾ, ਗੁਰਮੀਤ ਸਿੰਘ, ਇੰਡੀਅਨ ਮੈਡੀਕਲ ਐਸੋਸੀਏਸ਼ਨ ਪ੍ਰਧਾਨ ਡਾ ਜੇਪੀ ਨਰੂਲਾ, ਅਸ਼ਵਨੀ ਮਦਾਨ, ਗਗਨਦੀਪ ਸ਼ਰਮਾਂ, ਨਰੇਸ਼ ਗੁਪਤਾ, ਵਿਨੋਦ ਗੁਪਤਾ, ਸੁਰਿੰਦਰ ਸਿੰਗਲਾ, ਸੁਭਾਸ਼ ਸਹਿਗਲ, ਅਨਮੋਲ ਸਿੰਘ, ਰਾਜੀਵ ਬਾਂਸਲ, ਚਰਨ ਸਿੰਘ, ਜੀ ਐੱਸ ਸੋਢੀ, ਰਿਸ਼ਵ ਸਹਿਗਲ, ਅਰੁਣ ਧਵਨ, ਯੁੱਧਵੀਰ ਸਿੰਘ ਸੋਢੀ, ਵੀ ਕੇ ਜੈਨ, ਦੀਪਕ ਸੂਦ ਤੋਂ ਇਲਾਵਾ ਸੰਸਥਾ ਦੇ ਮੈਂਬਰ ਅੰਕੁਰ ਸਿੰਗਲਾ, ਸੁਨੀਲ ਗੁਪਤਾ, ਰਵਿੰਦਰ ਸਿੰਘ, ਵਰੁਣ ਸਿੰਗਲਾ, ਨਰਿੰਦਰ ਮੋਹਨ ਸਿੰਘ, ਦੀਪਕ ਕੁਮਾਰ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਵਿਦਾਇਗੀ ਪਾਰਟੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿਤੀ ਗਈ, ਜਿਸ ਵਿੱਚ ਬੱਚਿਆਂ ਨੇ ਗਿੱਧਾ, ਭੰਗੜਾ ਤੇ ਸਕਿੱਟਾਂ ਆਦਿ ਪੇਸ਼ ਕੀਤੀਆਂ।ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਕਲਾਸ ਦੇ ਵਿਦਿਆਰਥੀ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਹੋਣਹਾਰ ਵਿਦਿਆਰਥੀ ਜਗਦੀਪ ਸਿੰਘ ਨੂੰ ਮਿਸਟਰ ਬੀ. ਬੀ. ਐੱਸ. ਬੀ. ਸਕੂਲ ਤੇ ਵਿਦਿਆਰਥਣ ਕਰਮਜੀਤ ਕੌਰ ਨੂੰ ਮਿਸ ਬੀ. ਬੀ. ਐੱਸ. ਬੀ. ਸਕੂਲ ਨਾਲ ਸਨਮਾਨਤ ਕੀਤਾ ਗਿਆ। ਜੋਬਨਪ੍ਰੀਤ ਸਿੰਘ ਨੂੰ ਪੂਰੇ ਸਾਲ ਵਿੱਚ ਸਭ ਤੋਂ ਵੱਧ ਹਾਜ਼ਰੀਆਂ ਪ੍ਰਾਪਤ ਕਰਨ ਵਾਲਾ ਵਿਦਿਆਰਥਣਾਂ ਤੇ ਅਨੁਸ਼ਾਸਨ/ਸਾਦਗੀ ਵਿੱਚ ਰਹਿਣ ਵਾਲੇ ਵਿਦਿਆਰਥੀ ਰਮਨਪ੍ਰੀਤ ਕੌਰ, ਰਮਨਦੀਪ ਕੌਰ ਤੇ ਅੱਲ ਰਾਊਂਡਰ ਅਰਸ਼ਪ੍ਰੀਤ ਕੌਰ, ਕਿਰਨਜੋਤ ਕੌਰ ਨੂੰ ਸਪੈਸ਼ਲ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਧਾਨ ਸ. ਪਰਦਮਨ ਸਿੰਘ ਵਿਰਕ, ਸਮੂਹ ਮੈਨੇਜਮੈਂਟ ਕਮੇਟੀ, ਪ੍ਰਿੰਸੀਪਲ ਤੇ ਸਮੂਹ ਅਧਿਆਪਕ ਹਾਜ਼ਰ ਸਨ।

## ਐੱਸ.ਐੱਸ.ਪੀ. ਨੇ ਪੁਲਸ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਐੱਸ. ਐਸ. ਪੀ. ਮੋਗਾ ਅਜੇ ਗਾਂਧੀ ਵੱਲੋਂ ਅੱਜ ਸਾਰੇ ਜੀ ਓ, ਐੱਸ ਐੱਚ ਤੇ ਚੌਂਕੀ ਇੰਚਾਰਜਾਂ ਨਾਲ ਇਕ ਵਿਸਤ੍ਰਿਤ ਤੇ ਮਹੱਤਵਪੂਰਣ ਮੀਟਿੰਗ ਕੀਤੀ ਗਈ, ਜਿਸ ਦੌਰਾਨ ਥਾਣਾ ਪੱਧਰੀ ਕਾਰਗੁਜ਼ਾਰੀ, ਲੰਬਿਤ ਕੇਸਾਂ ਤੇ ਯੂ ਆਈ ਕੇਸਾਂ ਦੀ ਗਹਿਰਾਈ ਨਾਲ ਸਮੀਖਿਆ ਕੀਤੀ ਗਈ।ਮੀਟਿੰਗ ਵਿੱਚ ਨਸ਼ਾ ਤਸਕਰਾਂ ਤੇ ਉਨ੍ਹਾਂ ਦੇ ਪੂਰੇ ਨੈੱਟਵਰਕ ਵਿਰੁੱਧ ਸਖ਼ਤ, ਨਿਰੰਤਰ ਤੇ ਪ੍ਰਭਾਵਸ਼ਾਲੀ ਕਾਰਵਾਈ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਅਧਿਕਾਰੀਆਂ ਨੂੰ ਯੂ ਆਈ ਕੇਸਾਂ ਦੀ ਜਾਂਚ ਪ੍ਰਕਿਰਿਆ ਤੇਜ਼ ਕਰਨ, ਸਮੇਂ ਸਿਰ ਚਾਲਾਨ ਪੇਸ਼ ਕਰਨ ਤੇ ਕੇਸਾਂ ਦੇ ਤੁਰੰਤ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਸਪਸ਼ਟ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਐੱਸ.ਐੱਸ.ਪੀ. ਮੋਗਾ ਨੇ ਸਪਸ਼ਟ ਕੀਤਾ ਕਿ ਨਸ਼ਿਆਂ, ਕਾਨੂੰਨ-ਵਿਵਸਥਾ ਤੇ ਨਿਆਂ ਦੇ ਮਾਮਲੇ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਜਾਂ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਦੌਰਾਨ ਜਨਤਕ ਸੁਰੱਖਿਆ, ਪ੍ਰੋਐਕਟਿਵ ਪੁਲਿਸਿੰਗ ਤੇ ਮੈਦਾਨੀ ਪੱਧਰ 'ਤੇ ਨਿਗਰਾਨੀ ਮਜ਼ਬੂਤ ਕਰਨ ਬਾਰੇ ਵੀ ਹਦਾਇਤਾਂ ਦਿੱਤੀਆਂ ਗਈਆਂ।ਮੋਗਾ ਪੁਲਸ ਨਸ਼ਾ-ਮੁਕਤ, ਸੁਰੱਖਿਅਤ ਤੇ ਨਿਰਪੱਖ ਸਮਾਜ ਦੀ ਸਿਰਜਣਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਦੀ ਪ੍ਰਧਾਨਗੀ ਹੇਠ ਪਿੰਡ ਫੱਲੇਵਾਲ ਗੁਰਦੁਆਰਾ ਸਾਹਿਬ ਵਿਖੇ ਹੋਈ। ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਨੀ ਨੇ ਦੱਸਿਆ ਕਿ ਬਠਿੰਡਾ ਜੇਲ੍ਹ ਵਿੱਚ ਬੰਦ ਕਿਸਾਨਾਂ ਦੇ ਉੱਪਰ ਪਾਏ ਕੇਸ ਜਿਨ੍ਹਾਂ ਨੂੰ ਸੱਤ ਮਹੀਨੇ ਅੰਦਰ ਰੱਖਿਆ ਗਿਆ, ਉਨ੍ਹਾਂ ਕਿਸਾਨਾਂ 'ਤੇ ਪਾਏ ਕੇਸ ਰੱਦ ਕਰਾਉਣ ਲਈ ਬਠਿੰਡਾ ਵਿਖੇ ਛੇ ਫਰਵਰੀ ਨੂੰ ਡੀਸੀ ਦਫਤਰ ਦਾ ਘਿਰਾਓ ਕੀਤਾ ਜਾਵੇਗਾ, ਕਿਉਂਕਿ ਸਰਕਾਰਾਂ ਵੱਲੋਂ ਕਿਸਾਨਾਂ ਦੀ ਗੱਲ ਸੁਣਨ ਦੀ ਬਜਾਏ ਹੁਣ ਧੱਕੇਸ਼ਾਹੀ ਤੇ ਹਮਲਾਵਰ ਰੁਖ ਤਿਆਰ ਕਰਕੇ ਕਿਸਾਨਾਂ ਤੇ ਹੋਰ ਮਿਹਨਤ ਕਾ ਤਬਕਿਆਂ ਉੱਪਰ ਜ਼ੋਰ ਅਜ਼ਮਾਈ ਕਰ ਰਹੀ ਹੈ। ਇਸ ਦਾ ਵਿਰੋਧ ਕਰਨ ਲਈ ਤੇ ਕਿਸਾਨਾਂ 'ਤੇ ਪਾਏ ਕੇਸ ਰੱਦ ਕਰਾਉਣ ਲਈ 6 ਫਰਵਰੀ ਨੂੰ ਵੱਧ ਤੋਂ ਵੱਧ ਗਿਣਤੀ ਦੇ ਵਿੱਚ ਜ਼ਿਲ੍ਹਾ ਲੁਧਿਆਣਾ ਵੱਲੋਂ ਤਿਆਰੀ ਕੀਤੀ ਗਈ। ਮੀਟਿੰਗ ਵਿੱਚ ਇਕ ਹੋਰ ਮਤੇ ਰਾਹੀਂ ਮੰਗ ਕੀਤੀ ਗਈ ਕਿ ਸਰਕਾਰ ਵੱਲੋਂ ਫਿਰਕਾਪ੍ਰਸਤੀ ਨੂੰ ਹੋਰ ਵਧਾ ਰਹੀ ਹੈ, ਜਿਸ ਵਿੱਚ ਵੱਖ-ਵੱਖ ਥਾਂਵਾਂ ਉੱਪਰ ਸਰਕਾਰ ਵੱਲੋਂ ਫ਼ਿਰਕਾਪ੍ਰਸਤੀ ਨੂੰ ਵਧਾਉਣ ਖਾਤਰ ਤੇ ਲੋਕਾਂ ਨੂੰ ਆਪਸ ਵਿੱਚ ਲੜਾਉਣ ਖਾਤਰ ਕੀਤੇ ਗਏ ਬੁੱਲ੍ਹੇ ਸ਼ਾਹ ਦੀ ਮਜਾਰ ਢਾਹੁਣ ਵਰਗੇ ਕੰਮ ਕਰਾਉਣੇ ਦੀ ਸਖਤ ਨਿੰਦਾ ਕੀਤੀ ਗਈ।

## ਵਿਦਿਆਰਥੀਆਂ ਲਈ ਕਰੀਅਰ ਮਾਰਗਦਰਸ਼ਨ ਕੌਂਸਲਿੰਗ ਸੈਸ਼ਨ ਦਾ ਆਯੋਜਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐੱਸ.ਆਰ.ਐੱਸ ਵਿੱਦਿਆਪੀਠ ਵੱਲੋਂ ਅੱਠਵੀਂ ਤੋਂ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਕਰੀਅਰ ਮਾਰਗਦਰਸ਼ਨ ਕੌਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ।ਸੈਸ਼ਨ ਦੀ ਮੇਜ਼ਬਾਨੀ ਵਿਪਿਨ ਸ਼ਰਮਾ ਵੱਲੋਂ ਕੀਤੀ ਗਈ।ਸੈਸ਼ਨ ਦੌਰਾਨ ਵਿਪਿਨ ਸ਼ਰਮਾ ਨੇ ਵਿਦਿਆਰਥੀਆਂ ਨਾਲ ਕੀਮਤੀ ਜਾਣਕਾਰੀ ਤੇ ਮਾਰਗ ਦਰਸ਼ਨ ਸਾਂਝਾ ਕੀਤਾ, ਜਿਸ ਨਾਲ ਉਹਨਾਂ ਨੂੰ ਆਪਣੇ ਭਵਿੱਖੀ ਰੁਝਾਨ ਤੇ ਕਰੀਅਰ ਦੀ ਦਿਸ਼ਾ ਸਮਝਣ ਵਿੱਚ ਮਦਦ ਮਿਲੇਗੀ।ਸਕੂਲ ਚੇਅਰਮੈਨ ਅਮਿਤ ਸਿੰਗਲਾ ਅਤੇ ਸੈਕਟਰੀ ਲਲਿਤ ਸਿੰਗਲਾ ਨੇ ਵਿਦਿਆਰਥੀਆਂ ਨੂੰ ਆਪਣੇ ਰੁਝਾਨ ਅਤੇ ਜੋਸ਼ ਦੀ ਪਛਾਣ ਕਰਨ ਤੇ ਆਪਣੇ ਕਰੀਅਰ ਸੰਬੰਧੀ ਸੋਝੀ ਨਾਲ ਫੈਸਲੇ ਕਰਨ ਦੀ ਪ੍ਰੇਰਣਾ ਦਿੱਤੀ।ਸਕੂਲ ਦੀ ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ ਤੇ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਪੂਰੀ ਟੀਮ ਦਾ ਸਨਮਾਨ ਕੀਤਾ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਬਣਾਉਣ ਵਿੱਚ ਕਰੀਅਰ ਮਾਰਗਦਰਸ਼ਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖੀ ਕਰੀਅਰ ਸੰਬੰਧੀ ਸੋਚ-ਵਿਚਾਰ ਤੇ ਫੈਸਲਾ ਕਰਨ ਦੇ ਯੋਗ ਬਣਾਉਣਾ ਸੀ।ਵਿਦਿਆਰਥੀਆਂ ਨੇ ਇਸ ਕਰੀਅਰ ਕਾਊਂਸਲਿੰਗ ਸੈਸ਼ਨ ਤੋਂ ਕਾਫ਼ੀ ਲਾਭ ਪ੍ਰਾਪਤ ਕੀਤਾ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਵਿਦਾਇਗੀ ਪਾਰਟੀ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿਤੀ ਗਈ, ਜਿਸ ਵਿੱਚ ਬੱਚਿਆਂ ਨੇ ਗਿੱਧਾ, ਭੰਗੜਾ ਅਤੇ ਸਕਿੱਟਾਂ ਪੇਸ਼ ਕੀਤੀਆਂ।ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਕਲਾਸ ਦੇ ਵਿਦਿਆਰਥੀ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਹੋਣਹਾਰ ਵਿਦਿਆਰਥੀ ਜਗਦੀਪ ਸਿੰਘ ਨੂੰ ਮਿਸਟਰ ਬੀ.ਬੀ.ਐੱਸ.ਬੀ. ਸਕੂਲ ਤੇ ਵਿਦਿਆਰਥਣ ਕਰਮਜੀਤ ਕੌਰ ਨੂੰ ਮਿਸ ਬੀ.ਬੀ.ਐੱਸ.ਬੀ. ਸਕੂਲ ਨਾਲ ਸਨਮਾਨਤ ਕੀਤਾ ਗਿਆ।ਜੋਬਨਪ੍ਰੀਤ ਸਿੰਘ ਨੂੰ ਪੂਰੇ ਸਾਲ ਵਿੱਚ ਸਭ ਤੋਂ ਵੱਧ ਹਾਜ਼ਰੀਆਂ ਪ੍ਰਾਪਤ ਕਰਨ ਵਾਲਾ ਵਿਦਿਆਰਥਣਾਂ ਤੇ ਅਨੁਸ਼ਾਸਨ/ਸਾਦਗੀ ਵਿੱਚ ਰਹਿਣ ਵਾ ਵਿਦਿਆਰਥੀ ਰਮਨਪ੍ਰੀਤ ਕੌਰ, ਰਮਨਦੀਪ ਕੌਰ ਤੇ ਆਲਰਾਊਂਡਰ ਅਰਸ਼ਪ੍ਰੀਤ ਕੌਰ, ਕਿਰਨਜੋਤ ਕੌਰ ਨੂੰ ਸਪੈਸ਼ਲ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਅਹਿਮ ਇਕੱਤਰਤਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਦੀ ਗਤੀਸ਼ੀਲ ਅਗਵਾਈ ਹੇਠ ਜਥੇਬੰਦੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਰਗਰਮੀਆਂ ਨੂੰ ਤੇਜ ਕਰਦਿਆਂ ਜਥੇਬੰਦੀ ਦਾ ਹਲਕਾ ਪੱਧਰੀ ਦਫਤਰ ਬੱਸ ਸਟੈਂਡ ਵਿਖੇ ਸ਼ੁਰੂ ਕੀਤਾ ਗਿਆ।ਸੂਬਾ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਨੇ ਜਥੇਬੰਦੀ 'ਚ ਸ਼ੁਰੂ ਕੀਤੇ ਨਵੇਂ ਦਫਤਰ ਦੀ ਵਧਾਈ ਦਿੰਦਿਆਂ ਕਿਹਾ ਕਿ ਇਸ ਨਾਲ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਆਗੂਆਂ, ਵਰਕਰਾਂ ਤੇ ਸਮੂਹ ਰਾਮਗੜ੍ਹੀਆ ਭਾਈਚਾਰੇ, ਆਮ ਲੋਕਾਂ ਨੂੰ ਭਾਰੀ ਸਹੂਲਤ ਮਿਲੇਗੀ।ਸੂਬਾ ਸਹਾਇਕ ਸਕੱਤਰ ਜਰਨੈਲ ਸਿੰਘ ਮਠਾੜੂ, ਹਲਕਾ ਪ੍ਰਧਾਨ ਬੁੱਧ ਸਿੰਘ ਕਲਸੀ ਨੇ ਕਿਹਾ ਕਿ ਰਾਮਗੜ੍ਹੀਆ ਅਕਾਲ ਜਥੇਬੰਦੀ ਭਾਈ ਲਾਲੋ ਜੀ, ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਸੋਚ ਨੂੰ ਸਮਰਪਤ ਹੋ ਕੇ ਰਾਮਗੜ੍ਹੀਆ ਭਾਈਚਾਰੇ ਦੇ ਮੁੱਦਿਆਂ ਨੂੰ ਹੱਲ ਕਰਾਉਣ ਲਈ ਯਤਨਸ਼ੀਲ ਹੈ।ਭਵਿੱਖ 'ਚ ਸਰਕਾਰਾਂ ਤੋਂ ਭਾਈਚਾਰੇ ਦੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਦੀ ਰੂਪ ਰੇਖਾ ਉਲੀਕੀ ਜਾਵੇਗੀ।ਉਨ੍ਹਾਂ ਸਮੂਹ ਰਾਮਗੜ੍ਹੀਆ ਭਾਈਚਾਰੇ ਨੂੰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ।ਆਗੂਆਂ ਨੇ ਸਮੂਹ ਦੇਸ਼-ਵਿਦੇਸ਼ ਵਾਸੀਆਂ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ।

# ਬੈਂਕਾਂ ਤੇ ਫਾਈਨਾਂਸ ਕੰਪਨੀਆਂ ਕੋਲ ਮਿਲਾਵਟੀ ਸੋਨਾ ਗਿਰਵੀ ਰੱਖ ਚੁੱਕਿਆ ਜਾ ਰਿਹੈ ਲੱਖਾਂ ਰੁਪਏ ਕਰਜ਼ਾ ?

### ਸਰਾਫਾਂ ਦੀਆਂ ਦੁਕਾਨਾਂ 'ਤੇ ਵੀ ਨਕਲੀ ਪਰ ਸ਼ੁੱਧਤਾ ਵਾਲਾ ਹੋਲ ਮਾਰਕ ਵਾਲਾ ਸੋਨਾ ਵੇਚਣ ਵਾਲਾ ਗਰੋਹ ਸਰਗਰਮ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਠੱਗਾਂ ਵੱਲੋਂ ਹੁਣ ਠੱਗੀ ਦਾ ਇੱਕ ਹੋਰ ਨਵਾਂ ਢੰਗ ਲੱਭਦਿਆਂ ਬੈਂਕਾਂ ਤੇ ਫਾਈਨਾਂਸ ਕੰਪਨੀਆਂ ਕੋਲ ਮਿਲਾਵਟੀ ਸੋਨਾ ਗਿਰਵੀ ਰੱਖ ਕੇ ਲੱਖਾਂ ਰੁਪਏ ਦਾ ਕਰਜ਼ਾ ਚੁੱਕਿਆ ਗਿਆ ਹੈ, ਜਿਸ ਸਬੰਧੀ ਇੱਕ ਵੱਡੀ ਨਾਮੀ ਫਾਈਨਾਂਸ ਕੰਪਨੀ ਨੇ ਪੁਲਸ ਜ਼ਿਲਾ ਖੰਨਾ ਦੇ ਉੱਚ ਅਧਿਕਾਰੀਆਂ ਨੂੰ ਆਪਣੇ ਨਾਲ ਹੋਈ ਕਰੀਬ 20 ਲੱਖ ਰੁਪਏ ਤੋਂ ਵੱਧ ਧੋਖਾਧੜੀ ਦੀ ਸ਼ਿਕਾਇਤ ਵੀ ਦਰਜ ਕਰਵਾਈ ਹੈ। ਇੱਥੇ ਹੀ ਬੱਸ ਨਹੀਂ ਇਹ ਠੱਗ ਗਿਰੋਹ ਮਿਲਾਵਟੀ ਤੇ ਸ਼ੁੱਧਤ ਵਾਲਾ ਹੋਲਮਾਰਕ ਸੋਨਾ ਜਿੱਥੇ ਬੈਂਕਾਂ ਕੋਲ ਗਿਰਵੀ ਰੱਖਦਾ ਹੈ, ਉੱਥੇ ਸਰਾਫਾਂ ਦੀਆਂ ਦੁਕਾਨਾਂ 'ਤੇ ਵੀ ਇਸ ਨੂੰ ਵੇਚਣ ਦੀ ਕੋਸ਼ਿਸ਼ ਕਰਦਾ ਹੈ, ਪਰ ਜ਼ਿਆਦਾਤਰ ਸੁਨਿਆਰ ਇਸ ਮਿਲਾਵਟੀ ਸੋਨੇ ਨੂੰ ਪਹਿਚਾਣ ਕੇ ਖਰੀਦਣ ਤੋਂ ਜਵਾਬ ਦੇ ਦਿੰਦੇ ਹਨ। ਮਾਛੀਵਾੜਾ ਸ਼ਹਿਰ ਵਿੱਚ ਵੀ ਇੱਕ ਇਲਾਕੇ ਦਾ ਵਿਅਕਤੀ ਮਿਲਾਵਟੀ ਤੇ ਸ਼ੁੱਧਤਾ ਵਾਲਾ ਹੋਲਮਾਰਕ ਲੱਗਿਆ ਸੋਨੇ ਦੀਆਂ ਚੂੜੀਆਂ ਵੇਚਣ ਆਇਆ ਤਾਂ 2 ਸਰਾਫਾਂ ਦੀ ਅੱਖ ਨੇ ਤਾਂ ਇਸ ਨੂੰ ਪਹਿਚਾਣ ਕੇ ਜਵਾਬ ਦੇ ਦਿੱਤਾ। ਇੱਥੋਂ ਤੱਕ ਇਹ ਸੋਨਾ ਜਦੋਂ ਪ੍ਰਾਈਵੇਟ ਕੰਪਨੀ ਕੋਲ ਗਿਰਵੀ ਰੱਖਣ ਗਿਆ ਤਾਂ ਉਨ੍ਹਾਂ ਨੇ ਵੀ ਇਸ ਦੀ ਪਰਖ ਕਰ ਲਈ। ਮਾਛੀਵਾੜਾ ਦੇ ਸਰਾਫਾਂ ਵੱਲੋਂ ਆਪਣੇ ਸੋਸ਼ਲ ਮੀਡੀਆ ਗਰੁੱਪ ਵਿਚ ਸਾਰਿਆਂ ਨੂੰ ਸੁਚੇਤ ਕਰ ਦਿੱਤਾ ਕਿ ਇੱਕ ਵਿਅਕਤੀ ਨਕਲੀ ਤੇ ਮਿਲਾਵਟੀ ਸੋਨਾ ਵੇਚ ਕੇ ਠੱਗੀ ਮਾਰਨ ਦੀ ਫਿਰਾਕ ਵਿਚ ਹੈ, ਜਿਸ ਤੋਂ ਸੁਚੇਤ ਰਹਿਣ ਦੀ ਲੋੜ ਹੈ। ਇੱਥੇ ਹੀ ਬੱਸ ਨਹੀਂ ਇਹ ਵੀ ਜਾਣਕਾਰੀ ਮਿਲੀ ਹੈ ਕਿ ਇਸ ਠੱਗ ਗਿਰੋਹ ਵਲੋਂ ਖੰਨਾ ਦੀ ਨਾਮੀ ਫਾਈਨਾਂਸ ਕੰਪਨੀ ਤੋਂ ਮਿਲਾਵਟੀ ਸੋਨਾ ਗਿਰਵੀ ਰੱਖ ਕੇ 20 ਲੱਖ ਰੁਪਏ ਦੀ ਠੱਗੀ ਮਾਰ ਲਈ ਤੇ ਜਦੋਂ ਕੰਪਨੀ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੂੰ ਹੱਥਾਂ ਪੈਰਾਂ ਦੀ ਪੈ ਗਈ ਤਾਂ ਉਸਨੇ ਪੁਲਸ ਜ਼ਿਲਾ ਖੰਨਾ ਕੋਲ ਸ਼ਿਕਾਇਤ ਦਰਜ ਕਰਵਾਈ। ਮਾਛੀਵਾੜਾ ਦੇ ਸਰਾਫਾਂ ਵੱਲੋਂ ਵੀ ਪੁਲਸ ਨੂੰ ਸੂਚਿਤ ਕੀਤਾ ਗਿਆ ਕਿ ਇੱਥੇ ਇੱਕ ਵਿਅਕਤੀ ਨਕਲੀ ਸੋਨਾ ਵੇਚ ਕੇ ਠੱਗੀ ਮਾਰਨ ਦੀ ਫਿਰਾਕ ਵਿਚ ਹੈ। ਜਦੋਂ ਸੋਸ਼ਲ ਮੀਡੀਆ ਵਿੱਚ ਉਸ ਬਾਰੇ ਜਾਣਕਾਰੀ ਪਾਈ ਗਈ ਤਾਂ ਉਹ ਧਮਕੀਆਂ ਦੇਣ 'ਤੇ ਉੱਤਰ ਆਇਆ ਜਿਸ 'ਤੇ ਸਾਰੇ ਸਰਾਫਾਂ ਨੇ ਇਕੱਠੇ ਹੋ ਕੇ ਉਸ ਦਾ ਡੱਟ ਕੇ ਵਿਰੋਧ ਕੀਤਾ। ਜਦੋਂ ਇਸ ਮਾਮਲੇ ਦੀਆਂ ਪਰਤਾਂ ਖੁੱਲ੍ਹੀਆਂ ਤਾਂ ਇਹ ਵੀ ਸ਼ੰਕਾ ਕੀਤੀ ਗਈ ਕਿ ਮਾਛੀਵਾੜਾ ਦੇ ਇੱਕ ਸਰਕਾਰੀ ਬੈਂਕ ਤੋਂ ਇਹ ਮਿਲਾਵਟੀ ਸੋਨਾ ਰੱਖ ਕੇ ਕਰਜਾ ਚੁੱਕਿਆ ਗਿਆ ਹੈ ਅਤੇ ਜਦੋਂ ਬੈਂਕ ਦੇ ਅਧਿਕਾਰੀਆਂ ਨੂੰ ਪਤਾ ਲੱਗਾ ਤਾਂ ਉਨ੍ਹਾਂ ਦੇ ਬੁੱਲ੍ਹਾਂ 'ਤੇ ਸ਼ਿਕਰੀ ਆਈ ਹੋਈ ਸੀ ਕਿ ਜੇਕਰ ਇਹ ਮਾਮਲਾ ਖੁੱਲ੍ਹ ਗਿਆ ਤਾਂ ਉਨ੍ਹਾਂ ਦੀਆਂ ਨੌਕਰੀਆਂ ਜਾਂਦੀਆਂ ਲੱਗਣਗੀਆਂ। ਫਿਲਹਾਲ ਇਸ ਬੈਂਕ ਵੱਲੋਂ ਮਾਮਲਾ ਦਬਾ ਲਿਆ ਗਿਆ ਹੈ, ਪਰ ਅੰਦਰ ਖਾਤੇ ਮਿਲਾਵਟੀ ਸੋਨਾ ਰੱਖਣ ਵਾਲੇ ਤੋਂ ਕਰਜਾ ਵਸੂਲ ਕਰ ਮਾਮਲੇ ਨੂੰ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇੱਥੇ ਹੀ ਬੱਸ ਨਹੀਂ ਇਹ ਠੱਗ ਗਰੋਹ ਵੱਲੋਂ ਲੋਕਾਂ ਦੇ ਨਾਮ 'ਤੇ ਮਾਛੀਵਾੜਾ ਇਲਾਕੇ ਦੇ ਹੋਰਨਾਂ ਬੈਂਕਾਂ ਤੋਂ ਨਕਲੀ ਤੇ ਮਿਲਾਵਟੀ ਸੋਨਾ ਗਿਰਵੀ ਰੱਖ ਕੇ ਕਰਜਾ ਚੁੱਕਿਆ ਹੋ ਸਕਦਾ ਹੈ ਅਤੇ ਜੇਕਰ ਇਸ ਮਾਮਲੇ ਦੀ ਜਾਂਚ ਸ਼ੁਰੂ ਹੋਈ ਤਾਂ ਇਸ ਮਾਮਲੇ ਵਿਚ ਠੱਗ ਗਿਰੋਹ ਨਾਲ ਬੈਂਕ ਅਧਿਕਾਰੀਆਂ ਤੇ ਹੋਰਨਾਂ ਦੀ ਮਿਲੀਭੁਗਤ ਵੀ ਸਾਹਮਣੇ ਆ ਸਕਦੀ ਹੈ।

## ਪੀ ਜੀ ਆਈ ਦੇ ਡਾਕਟਰਾਂ ਵੱਲੋਂ ਸਲਫ਼ਾਸ ਦੇ ਇਲਾਜ 'ਚ ਵੱਡੀ ਉਪਲੱਬਧੀ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਡਾਕਟਰਾਂ ਨੇ ਜ਼ਹਿਰੀਲੀ ਸਲਫਾਸ ਦੇ ਇਲਾਜ ਵਿੱਚ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ।ਸਲਫਾਸ ਭਾਰਤ ਵਿੱਚ ਮਿਲਣ ਵਾਲੀ ਸਭ ਤੋਂ ਜਾਨਲੇਵਾ ਜ਼ਹਿਰਖੋਰੀਆਂ ਵਿੱਚੋਂ ਇੱਕ ਹੈ।ਪੀਜੀਆਈ ਦੇ ਅੰਦਰੂਨੀ ਚਿਕਿਤਸਾ ਵਿਭਾਗ ਵੱਲੋਂ ਕੀਤੀ ਗਈ ਇਹ ਅਧਿਐਨ ਆਪਣੀ ਕਿਸਮ ਦੀ ਪਹਿਲੀ ਕਲੀਨੀਕਲ ਸਟੱਡੀ ਹੈ, ਜਿਸ ਵਿੱਚ ਇੰਟ੍ਰਾਵੀਨਸ ਲਿਪਿਡ ਇਮਲਸ਼ਨ ਨੂੰ ਇੱਕ ਨਵੀਂ ਤੇ ਜਾਨ ਬਚਾਉਣ ਵਾਲੀ ਥੈਰੇਪੀ ਵਜੋਂ ਪ੍ਰਭਾਵਸ਼ਾਲੀ ਸਾਬਤ ਕੀਤਾ ਗਿਆ ਹੈ, ਜੋ ਇਸ ਉੱਚ ਮੌਤ ਦਰ ਵਾਲੀ ਬਿਮਾਰੀ ਵਿੱਚ ਮੀਲ ਪੱਥਰ ਸਾਬਤ ਹੋ ਸਕਦੀ ਹੈ।ਇਸ ਅਧਿਐਨ ਦੇ ਮਹੱਤਵਪੂਰਨ ਨਤੀਜੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧ ਜਰਨਲ ਵਿੱਚ ਪ੍ਰਕਾਸ਼ਿਤ ਹੋਏ ਹਨ।ਇਹ ਅਧਿਐਨ ਪ੍ਰੋ. ਸੰਜੇ ਜੈਨ, ਡੀਨ (ਅਕਾਦਮਿਕਸ), ਪ੍ਰੋਫੈਸਰ ਤੇ ਮੁਖੀ, ਅੰਦਰੂਨੀ ਚਿਕਿਤਸਾ ਵਿਭਾਗ ਪੀਜੀਆਈ ਦੀ ਰਹਿਨੁਮਾਈ ਹੇਠ ਕੀਤਾ ਗਿਆ। ਐਮਰਜੈਂਸੀ ਕੇਅਰ ਵਿੱਚ ਉਨ੍ਹਾਂ ਦੀ ਕਲੀਨਿਕਲ ਅਗਵਾਈ ਨੇ ਗੰਭੀਰ ਮਰੀਜ਼ਾਂ ਦੇ ਇਲਾਜ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਇਹ ਰੈਂਡਮਾਈਜ਼ਡ ਕਲੀਨਿਕਲ ਅਧਿਐਨ ਡਾ. ਮਨਦੀਪ ਸਿੰਘ ਭਾਟੀਆ, ਐਸੋਸੀਏਟ ਪ੍ਰੋਫੈਸਰ, ਅੰਦਰੂਨੀ ਚਿਕਿਤਸਾ ਦੀ ਅਗਵਾਈ ਹੇਠ ਕੀਤਾ ਗਿਆ, ਜੋ ਇਸ ਪ੍ਰੋਜੈਕਟ ਦੇ ਮੁੱਖ ਖੋਜਕਰਤਾ ਹਨ। ਡਾ. ਸ਼ੌਰਭ ਚੰਦਰਭਾਨ ਸ਼ਾਰਦਾ ਇਸ ਦੇ ਸਹਿ-ਖੋਜਕਰਤਾ ਸਨ।ਅਧਿਐਨ ਦੇ ਨਤੀਜੇ ਬਹੁਤ ਹੀ ਹੌਸਲਾ ਅਫ਼ਜ਼ਾਈ ਵਾਲੇ ਰਹੇ, ਜਿਨ੍ਹਾਂ ਮਰੀਜ਼ਾਂ ਨੂੰ ਮਿਆਰੀ ਇਲਾਜ ਦੇ ਨਾਲ ਨਾਲ ਇੰਟ੍ਰਾਵੀਨਸ ਲਿਪਿਡ ਇਮਲਸ਼ਨ ਦਿੱਤੀ ਗਈ, ਉਨ੍ਹਾਂ ਵਿੱਚ ਮੌਤ ਦਰ ਵਿੱਚ ਵੱਡੀ ਕਮੀ ਵੇਖੀ ਗਈ।ਇਸ ਤੋਂ ਇਲਾਵਾ ਗੰਭੀਰ ਮੈਟਾਬੋਲਿਕ ਐਸੀਡੋਸਿਸ ਵਿੱਚ ਤੇਜ਼ੀ ਨਾਲ ਸੁਧਾਰ, ਹਿਮੋਡਾਇਨਾਮਿਕ ਸਥਿਰਤਾ ਵਿੱਚ ਬਿਹਤਰੀ ਤੇ ਸ਼ਾਕ ਤੇ ਦਿਲੀ ਜਟਿਲਤਾਵਾਂ ਨਾਲ ਪੇਸ਼ ਆਉਣ ਵਾਲੇ ਗੰਭੀਰ ਮਰੀਜ਼ਾਂ ਵਿੱਚ ਕੁੱਲ ਨਤੀਜੇ ਕਾਫ਼ੀ ਬਿਹਤਰ ਰਹੇ।ਇਸ ਨਵੀਂ ਥੈਰੇਪੀ ਦਾ ਇੱਕ ਵੱਡਾ ਫਾਇਦਾ ਇਸ ਦੀ ਵਰਤੋਂ ਵਿਚ ਹੈ।ਇੰਟ੍ਰਾਵੀਨਸ ਲਿਪਿਡ ਇਮਲਸ਼ਨ ਸਸਤੀ ਹੈ, ਆਸਾਨੀ ਨਾਲ ਉਪਲਬਧ ਹੈ ਤੇ ਭਾਰਤ ਦੇ ਜ਼ਿਆਦਾਤਰ ਹਸਪਤਾਲਾਂ ਵਿੱਚ, ਜ਼ਿਲ੍ਹਾ ਹਸਪਤਾਲਾਂ ਅਤੇ ਪਿੰਡ ਪੱਧਰੀ ਸਿਹਤ ਕੇਂਦਰਾਂ ਸਮੇਤ, ਪਹਿਲਾਂ ਹੀ ਮੌਜੂਦ ਹੁੰਦੀ ਹੈ। ਇਸ ਦੀ ਘੱਟ ਲਾਗਤ ਅਤੇ ਆਸਾਨ ਉਪਲਬਧਤਾ ਕਾਰਨ, ਇਹ ਥੈਰੇਪੀ ਪਿੰਡਾਂ ਅਤੇ ਦੂਰਦਰਾਜ਼ ਖੇਤਰਾਂ ਵਿੱਚ ਵੀ ਅਨੇਕਾਂ ਜਾਨਾਂ ਬਚਾ ਸਕਦੀ ਹੈ।ਐਲੂਮਿਨੀਅਮ ਫਾਸਫਾਈਡ ਜ਼ਹਿਰਖੋਰੀ ਪੰਜਾਬ, ਹਰਿਆਣਾ ਤੇ ਉੱਤਰ ਪ੍ਰਦੇਸ਼ ਵਰਗੇ ਖੇਤੀਬਾੜੀ ਰਾਜਾਂ ਵਿੱਚ ਇੱਕ ਗੰਭੀਰ ਚੁਣੌਤੀ ਬਣੀ ਹੋਈ ਹੈ।ਇਹ ਮਹੱਤਵਪੂਰਨ ਖੋਜ ਇਕ ਵਾਰ ਫਿਰ ਸਥਾਨਕ ਬਿਮਾਰੀਆਂ ਤੇ ਸਥਾਨਕ ਆਬਾਦੀ 'ਤੇ ਕੇਂਦਰਤ ਖੋਜ ਪ੍ਰਤੀ ਪੀਜੀਆਈ ਦੀ ਮਜ਼ਬੂਤ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।ਉੱਚ ਗੁਣਵੱਤਾ ਵਾਲੇ ਵਿਗਿਆਨਕ ਸਬੂਤ ਤਿਆਰ ਕਰਕੇ, ਜੋ ਸਿੱਧੇ ਤੌਰ 'ਤੇ ਕਿਸਾਨ ਅਤੇ ਪਿੰਡਾਂ ਦੀਆਂ ਕਮਿਊਨਿਟੀਆਂ ਨੂੰ ਲਾਭ ਪਹੁੰਚਾਉਂਦੇ ਹਨ, ਪੀਜੀਆਈ ਦੀ ਸਰਗਰਮ-ਕੇਂਦਰਤ ਖੋਜ ਅਤੇ ਨਵੀਨਤਾ ਵਿੱਚ ਇੱਕ ਰਾਸ਼ਟਰੀ ਅਗਵਾਈ ਸੰਸਥਾ ਵਜੋਂ ਆਪਣੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਦਾ ਹੈ।

## ਰੰਘਰੇਟਾ ਦਲ ਪੰਜਾਬ ਦੀ ਜ਼ਿਲ੍ਹਾ ਪੱਧਰੀ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਰੰਘਰੇਟਾ ਦਲ ਪੰਜਾਬ ਜ਼ਿਲ੍ਹਾ ਮਾਨਸਾ ਦੀਂ ਨਸ਼ਨਰਜ਼ ਭਵਨ ਵਿਖੇ ਇੱਕ ਭਰਵੀਂ ਮੀਟਿੰਗ ਹੋਈ।ਮੀਟਿੰਗ 'ਚ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਟਾਈਗਰ ਤੇ ਜਨਰਲ ਸਕੱਤਰ ਫ਼ਤਿਹ ਸਿੰਘ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਟਾਈਗਰ ਤੇ ਮਾਨ ਨੇ ਮਜ਼ਬੀ ਸਿੱਖ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਲਈ ਸਮੇਂ-ਸਮੇਂ ਦੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਇਆ।ਉਨ੍ਹਾਂ ਮੌਜੂਦਾ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਸ ਸਰਕਾਰ ਨੇ ਆਪਣੇ ਚਾਰ ਸਾਲਾ ਕਾਰਜਕਾਲ ਦੌਰਾਨ ਦਲਿਤਾਂ, ਮਜ਼ਦੂਰਾਂ ਲਈ ਇੱਕ ਵੀ ਜ਼ਿਕਰਯੋਗ ਕੰਮ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਦਿੱਤੀਆਂ ਸਹੂਲਤਾਂ ਵੀ ਇੱਕ ਇੱਕ ਕਰਕੇ ਖਤਮ ਕੀਤੀਆਂ ਜਾ ਰਹੀਆਂ ਹਨ। ਕੇਂਦਰ ਦੀ ਮੋਦੀ ਸਰਕਾਰ ਨੇ ਮਨਰੇਗਾ ਖਤਮ ਕਰਕੇ ਅਤੇ ਨਵਾਂ ਵੀ ਬੀ ਜੀ ਰਾਮ ਜੀ ਕਾਨੂੰਨ ਲਿਆ ਕੇ ਗਰੀਬਾਂ ਅਤੇ ਦਲਿਤ ਮਜ਼ਦੂਰਾਂ ਦਾ ਰੁਜ਼ਗਾਰ ਖੋਹ ਕੇ ਉਨ੍ਹਾਂ ਦੇ ਢਿੱਡ 'ਤੇ ਲੱਤ ਮਾਰੀ ਹੈ।ਉਨ੍ਹਾਂ ਕਿ ਸਾਡੇ ਮਹਾਨ ਸਿੱਖ ਗੁਰੂਆਂ ਨੇ ਜਾਂਚ ਪਾਤ ਦਾ ਅਮਲੀ ਰੂਪ 'ਚ ਖੰਡਨ ਕਰਕੇ ਕਹਿਣੀ ਅਤੇ ਕਥਨੀ ਯਥਾਰਥੀ ਰੂਪ 'ਚ ਸਾਬਤ ਕਰਕੇ ਸਮਾਨਤਾ ਦੇ ਪ੍ਰਚਾਰ ਨੂੰ ਲਾਗੂ ਕੀਤਾ।ਉਨ੍ਹਾਂ ਸਪੱਸ਼ਟ ਕੀਤਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਹੀ ਇਨ੍ਹਾਂ ਦੇ ਉਥਾਨ ਦਾ ਇੱਕੋ ਇੱਕ ਗਾਡੀ ਰਾਹ ਹੈ।

# ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਬਲਾਕ ਸਿੱਧਵਾਂ ਬੇਟ ਦੀ ਚੋਣ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**

ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਵੀਰ ਕੌਰ ਗਿੱਲ, ਅਮਰਜੀਤ ਕੌਰ ਬਲਾਕ ਪ੍ਰਧਾਨ ਹਠੂਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਬਲਾਕ ਸਿੱਧਵਾਂ ਬੇਟ ਦੀਆਂ ਆਸ਼ਾ ਵਰਕਰਾਂ ਨੇ ਹਿੱਸਾ ਲਿਆ।

ਗੁਰਮੇਲ ਸਿੰਘ ਮੈਲਡੇ ਸੂਬਾ ਸਲਾਹਕਾਰ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਆਸ਼ਾ ਵਰਕਰਾਂ ਨਾਲ ਕੀਤਾ ਜਾ ਰਿਹਾ ਆਰਥਿਕ ਸ਼ੋਸ਼ਣ ਇਸ ਪੱਧਰ ਤੱਕ ਪਹੁੰਚ ਚੁੱਕਿਆ ਹੈ ਕਿ ਇਹਨਾਂ ਤੋਂ ਹੁਣ ਏਨੇ ਘੱਟ ਪੈਸਿਆਂ ਵਿੱਚ ਆਪਣੇ ਘਰ ਦਾ ਗੁਜ਼ਾਰਾ ਕਰਨਾ ਮੁਸ਼ਕਲ ਹੋ ਰਿਹਾ ਹੈ।ਉਨ੍ਹਾਂ ਆਸ਼ਾ ਵਰਕਰਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਹੱਕੀ ਮੰਗਾਂ ਲਈ ਜਿੰਨਾ ਚਿਰ ਸੰਘਰਸ਼ ਚੱਲਦਾ ਹੈ, ਓਨਾ ਸਮਾਂ ਪੰਜਾਬ ਸਰਕਾਰ ਦਾ ਹਰ ਮੋੜ ਤੇ ਪਿੱਟ ਸਿਆਪਾ ਕਰਨ ਦੇ ਵਿੱਚ ਮੋਹਰੀ ਰੋਲ ਅਦਾ ਕਰਨ।

ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਦੀਆਂ ਹੱਕੀ ਮੰਗਾਂ ਜਿਵੇਂ ਆਸ਼ਾ ਵਰਕਰਾਂ ਨੂੰ ਸਿਹਤ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ, ਘੱਟੋ-ਘੱਟ 26000 ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ ਤੇ ਕੀਤੇ ਗਏ ਕੰਮ ਦੇ ਇਵਜ਼ਾਨੇ ਦੀ ਅਦਾਇਗੀ ਹਰ ਮਹੀਨੇ ਦੀ ਇੱਕ ਤਰੀਕ ਨੂੰ ਕੀਤੀ ਜਾਵੇ, ਆਸ਼ਾ ਵਰਕਰਾਂ ਦੇ ਪਰਵਾਰ ਨੂੰ ਸਿਹਤ ਵਿਭਾਗ ਵਿੱਚ ਸਰਕਾਰੀ ਖਰਚੇ 'ਤੇ ਇਲਾਜ ਕੀਤਾ ਜਾਵੇ।

ਸੂਬਾਈ ਆਗੂ ਮੈਲਡੇ ਨੇ 12 ਫਰਵਰੀ ਨੂੰ ਹੋਣ ਜਾ ਰਹੀ ਦੇਸ਼ ਵਿਆਪੀ ਹੜਤਾਲ ਵਿੱਚ ਹਿੱਸਾ ਲੈਣ ਲਈ ਅਪੀਲ ਕੀਤੀ।ਇਸ ਸਮੇਂ ਬਲਾਕ ਸਿੱਧਵਾਂ ਬੇਟ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਜੋਗਿੰਦਰ ਕੌਰ ਮੰਡਿਆਣੀ, ਜਨਰਲ ਸਕੱਤਰ ਸੁਖਵੰਤ ਕੌਰ ਆਲੀਵਾਲ, ਸੀਨੀਅਰ ਵਾਈਸ ਪ੍ਰਧਾਨ ਕੁਲਦੀਪ ਕੌਰ ਤਲਵਾੜਾ, ਪਰਮਜੀਤ ਕੌਰ ਹੰਬੜਾ ਰਾਣਕੇ ਵਾਈਸ ਪ੍ਰਧਾਨ ਪਰਮਜੀਤ ਕੌਰ ਬਲੀਪੁਰ ਵੰਦਨਾ ਹੰਬੜਾ, ਸਹਾਇਕ ਸਕੱਤਰ ਪਰਮਜੀਤ ਕੌਰ ਭੈਣੀ ਅਰਾਈਆਂ, ਕੈਸ਼ੀਅਰ ਜੋਬਨਪ੍ਰੀਤ ਕੌਰ ਮੋਰਕਰੀਮਾ, ਸਹਾਇਕ ਕੈਸ਼ੀਅਰ ਬੇਅੰਤ ਕੌਰ ਸਿੱਧਵਾਂ ਬੇਟ, ਪ੍ਰੈੱਸ ਸਕੱਤਰ ਬਬਲ ਜੀਤ ਕੌਰ ਭੂੰਦੜੀ, ਕਮੇਟੀ ਮੈਂਬਰ ਗਗਨਦੀਪ ਕੌਰ ਸਿੱਧਵਾਂ ਬੇਟ, ਸੁਨੀਤਾ ਸਦਰਪੁਰਾ, ਜਸਵਿੰਦਰ ਕੌਰ ਢੱਟ, ਪਰਮਜੀਤ ਕੌਰ ਬੰਗਸੀਪੁਰਾ, ਮਨਜੀਤ ਕੌਰ ਮਾਨ, ਸੁਖਬੀਰ ਕੌਰ, ਮਨਜੀਤ ਕੌਰ ਘਗਨੇਵਾਲ ਸਹਾਇਕ ਸਕੱਤਰ, ਪ੍ਰਕਾਸ਼ ਕੌਰ, ਮਨਜੀਤ ਕੌਰ, ਜਥੇਬੰਦਕ ਸਕੱਤਰ ਬਲਵਿੰਦਰ ਕੌਰ ਬਾਣੀਏਵਾਲ ਸਰਬ ਸੰਮਤੀ ਨਾਲ ਚੁਣੀਆਂ ਗਈਆਂ।ਮੀਟਿੰਗ ਦੌਰਾਨ ਰਣਜੀਤ ਸਿੰਘ ਮੁੱਲਾਂਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ॥

## ਪੰਜਾਬ 'ਚ ਕਤਲੋ-ਗਾਰਤ ਚਿੰਤਾ ਦਾ ਵਿਸ਼ਾ : ਰੰਧਾਵਾ

**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਇੰਚਾਰਜ ਸਮਾਜ ਸੇਵੀ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਪੰਜਾਬ ਵਿੱਚ ਵਾਪਰ ਰਹੀਆਂ ਅਣਸੁਖਾਵੀਂਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ 'ਚ ਅਮਨ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਡਗਮਗਾ ਚੁੱਕੀ ਹੈ ਅਤੇ ਰਾਜ 'ਚ ਸ਼ਰੇਆਮ ਕਤਲਾਂ ਦੀਆਂ ਵਾਰਦਾਤਾਂ ਲਗਾਤਾਰ ਵਧ ਰਹੀਆਂ ਹਨ।ਉਨ੍ਹਾਂ ਆਖਿਆ ਕਿ ਆਮ ਲੋਕ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਤੇ ਸਰਕਾਰ ਦੀ ਨਾਕਾਮੀ ਹਰ ਪਾਸੇ ਸਾਫ਼ ਦਿਖਾਈ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਦਿਨ ਦਿਹਾੜੇ ਕਤਲ ਹੋ ਰਹੇ ਹਨ, ਪਰ ਪੁਲਸ ਪ੍ਰਸ਼ਾਸਨ ਨਾਕਾਮ ਸਾਬਤ ਹੋ ਰਿਹਾ ਹੈ।ਉਨ੍ਹਾਂ ਦਾ ਦਾਅਵਾ ਹੈ ਕਿ ਸਰਕਾਰ ਬਿਆਨਾਂ ਤੱਕ ਸੀਮਿਤ ਹੋ ਕੇ ਰਹਿ ਗਈ ਹੈ, ਜਦਕਿ ਜ਼ਮੀਨੀ ਪੱਧਰ 'ਤੇ ਹਾਲਾਤ ਹੋਰ ਵੀ ਗੰਭੀਰ ਬਣਦੇ ਜਾ ਰਹੇ ਹਨ।ਉਨ੍ਹਾਂ ਆਖਿਆ ਕਿ ਨਸ਼ਾ ਸਮੱਗਲਿੰਗ, ਗੈਂਗਵਾਰ ਤੇ ਗੈਰ ਕਾਨੂੰਨੀ ਹਥਿਆਰਾਂ ਨੇ ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਕਰ ਦਿੱਤੇ ਹਨ ਤੇ ਇਹ ਸਰਕਾਰ ਪੰਜਾਬ ਦੇ ਵਿਗੜ ਰਹੇ ਹਾਲਾਤਾ ਨੂੰ ਕੰਟਰੋਲ ਕਰਨ 'ਚ ਬੁਰੀ ਤਰ੍ਹਾਂ ਫੇਲ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ ਰਾਜਨੀਤਕ ਸਹਾਰਾ ਮਿਲਣ ਕਾਰਨ ਉਹ ਬੇਖੌਫ਼ ਹੋ ਕੇ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ, ਪਰ ਸਰਕਾਰ ਵੱਲੋਂ ਕਾਨੂੰਨ ਵਿਵਸਥਾ ਸੁਧਾਰਨ ਦੇ ਦਾਅਵੇ ਸਿਰਫ਼ ਕਾਗਜ਼ੀ ਸਾਬਤ ਹੋ ਰਹੇ ਹਨ।

# ਐੱਸ ਬੀ ਐੱਸ ਐੱਸ ਯੂ ਦੇ ਉਪ ਕੁਲਪਤੀ ਵੱਲੋਂ ਰਾਜਪਾਲ ਨਾਲ ਮੁਲਾਕਾਤ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ, ਫ਼ਿਰੋਜ਼ਪੁਰ ਦੇ ਕੁਲਪਤੀ ਪ੍ਰੋ. ਡਾ. ਸੁਰੇਸ਼ ਸ਼ਰਮਾ ਨੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਗ਼ਜ਼ਲਪ੍ਰੀਤ ਸਿੰਘ ਦੇ ਨਾਲ ਮਿਲ ਕੇ ਪੰਜਾਬ ਦੇ ਰਾਜਪਾਲ ਤੇ ਯੂਨੀਵਰਸਿਟੀ ਦੇ ਚਾਂਸਲਰ ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਰਾਜ ਭਵਨ ਵਿਖੇ ਮੁਲਾਕਾਤ ਕੀਤੀ।ਉਨ੍ਹਾਂ ਵੱਲੋਂ ਯੂਨੀਵਰਸਿਟੀ ਦੇ ਸਮੁੱਚੇ ਵਿਕਾਸ, ਪ੍ਰਮੁੱਖ ਵਿਕਾਸਾਤਮਕ ਪਹਿਲਕਦਮੀਆਂ ਤੇ ਭਵਿੱਖੀ ਵਿਕਾਸ ਸਬੰਧੀ ਵਿਸਥਾਰਪੂਰਕ ਅਤੇ ਅਰਥਪੂਰਨ ਵਿਚਾਰ-ਵਟਾਂਦਰਾ ਕੀਤਾ ਗਿਆ।ਵਿਸ਼ੇਸ਼ ਤੌਰ 'ਤੇ ਅਕਾਦਮਿਕ ਗੁਣਵੱਤਾ, ਬੁਨਿਆਦੀ ਢਾਂਚੇ, ਨਵੀਨਤਾ ਤੇ ਖੇਤਰੀ ਤੇ ਰਾਸ਼ਟਰੀ ਵਿਕਾਸ ਵਿਚ ਯੂਨੀਵਰਸਿਟੀ ਦੀ ਵੱਧ ਰਹੀ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ।ਮੁਲਾਕਾਤ ਦੌਰਾਨ ਯੂਨੀਵਰਸਿਟੀ ਪ੍ਰਬੰਧਨ ਵੱਲੋਂ ਸੰਸਥਾ ਦੇ ਸਮੁੱਚੇ ਵਿਕਾਸ ਤੇ ਜ਼ਰੂਰੀ ਬੁਨਿਆਦੀ ਅਤੇ ਵਿਕਾਸ ਸਬੰਧੀ ਲੋੜਾਂ ਬਾਰੇ ਗਵਰਨਰ ਨੂੰ ਅਗਾਹ ਕੀਤਾ ਗਿਆ।ਇਨ੍ਹਾਂ ਵਿਚ ਮੁੱਖ ਤੌਰ 'ਤੇ ਕੈਂਪਸ ਦੀ ਡਬਲ ਰੋਡ ਦੀ ਮੁਰੰਮਤ ਤੇ ਕਾਰਪੇਟਿੰਗ, ਯੂਨੀਵਰਸਿਟੀ ਦੀ ਨੁਕਸਾਨੀ ਹੋਈ ਚਾਰਦੀਵਾਰੀ ਦੀ ਮੁਰੰਮਤ ਤੇ ਦੁਬਾਰਾ ਨਿਰਮਾਣ, ਅਕਾਦਮਿਕ, ਸਾਂਸਕ੍ਰਿਤਿਕ ਤੇ ਸਰਕਾਰੀ ਸਮਾਗਮਾਂ ਲਈ ਇਕ ਵੱਖਰੇ ਆਡੀਟੋਰੀਅਮ ਦੀ ਨਿਰਮਾਣ ਅਤੇ ਮਹਾਨੁਭਾਵਾਂ, ਵਿਦਵਾਨਾਂ ਅਤੇ ਅਧਿਕਾਰੀਆਂ ਦੀ ਮੇਜ਼ਬਾਨੀ ਲਈ ਇਕ ਵੱਖਰੇ ਗੈਸਟ ਹਾਊਸ ਦੀ ਲੋੜ ਸ਼ਾਮਲ ਸੀ।ਇਸ ਦੇ ਨਾਲ ਨਾਲ ਕੈਂਪਸ ਦੀਆਂ ਮੌਜੂਦਾ ਅਕਾਦਮਿਕ, ਹੋਸਟਲਾਂ ਤੇ ਰਿਹਾਇਸ਼ੀ ਤੇ ਹੋਰ ਬਿਲਡਿੰਗਾਂ ਦੀ ਜ਼ਰੂਰੀ ਮੁਰੰਮਤ ਆਦਿ ਨੂੰ ਵੀ ਰੇਖਾਂਕਿਤ ਕੀਤਾ ਗਿਆ, ਤਾਂ ਜੁ ਇੱਕ ਸੁਰੱਖਿਅਤ, ਸਾਫ਼-ਸੁਥਰਾ ਅਤੇ ਅਨੁਕੂਲ ਅਕਾਦਮਿਕ ਤੇ ਰਿਹਾਇਸ਼ੀ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ।ਯੂਨੀਵਰਸਿਟੀ ਵੱਲੋਂ ਅਕਾਦਮਿਕ ਵਿਸਤਾਰ ਅਤੇ ਭਵਿੱਖੀ ਤਿਆਰੀ ਦੇ ਤਹਿਤ ਆਉਣ ਵਾਲੇ ਅਕਾਦਮਿਕ ਸੈਸ਼ਨ ਤੋਂ ਨਵੇਂ ਰੋਜ਼ਗਾਰ-ਕੇਂਦਰਤ ਤੇ ਪੇਸ਼ੇਵਰ ਕੋਰਸ ਸ਼ੁਰੂ ਕਰਨ ਦੀ ਯੋਜਨਾ ਵੀ ਸਾਂਝੀ ਕੀਤੀ ਗਈ।ਰਾਸ਼ਟਰੀ ਅਤੇ ਵਿਸ਼ਵ ਪੱਧਰ 'ਤੇ ਉਭਰ ਰਹੀਆਂ ਲੋੜਾਂ ਦੇ ਅਨੁਸਾਰ ਅਤੇ ਵਿਦਿਆਰਥੀਆਂ ਦੀ ਰੋਜ਼ਗਾਰ ਯੋਗਤਾ ਵਧਾਉਣ ਦੇ ਉਦੇਸ਼ ਨਾਲ ਕ੍ਰਿਤ੍ਰਿਮ ਬੁੱਧੀਮਤਾ (ਏਆਈ), ਮਸ਼ੀਨ ਲਰਨਿੰਗ, ਬਾਇਓ ਇਨਫੋਰਮੈਟਿਕਸ, ਅਰਥਸ਼ਾਸਤਰ, ਮੈਡੀਕਲ ਲੈਬੋਰੇਟਰੀ ਟੈਕਨੋਲੋਜੀ, ਸਕੂਲ ਆਫ ਪਬਲਿਕ ਹੈੱਲਥ ਅਤੇ ਯੂਨੀਵਰਸਿਟੀ ਇੰਸਟੀਚਿਊਟ ਆਫ ਲੀਗਲ ਸਟੱਡੀਜ਼ ਵਰਗੇ ਵਿਸ਼ਿਆਂ ਵਿਚ ਨਵੇਂ ਕੋਰਸ ਸ਼ੁਰੂ ਕਰਨ ਦੀ ਪੇਸ਼ਕਸ਼ ਕੀਤੀ ਗਈ।

# ਮਾਊਂਟ ਲਿਟਰਾ ਜ਼ੀ ਸਕੂਲ 'ਚ 'ਜਸ਼ਨ-ਏ-ਰੁਖ਼ਸਤ' ਸਮਾਗਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਊਂਟ ਲਿਟਰਾ ਜ਼ੀ ਸਕੂਲ ਨੇ 31 ਜਨਵਰੀ ਨੂੰ 10ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਦਾਇਗੀ ਸਮਾਰੋਹ 'ਜਸ਼ਨ-ਏ-ਰੁਖ਼ਸਤ' ਦਾ ਆਯੋਜਨ ਕੀਤਾ, ਜਿਸ ਵਿੱਚ ਉਨ੍ਹਾਂ ਦੇ ਉੱਜਵਲ ਅਤੇ ਖੁਸ਼ਹਾਲ ਭਵਿੱਖ ਦੀ ਕਾਮਨਾ ਕੀਤੀ ਗਈ।ਸਕੂਲ ਦੇ ਨੌਵੀਂ ਅਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ।

ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਪ੍ਰਧਾਨ ਗਗਨ ਬਾਂਸਲ ਦੁਆਰਾ ਰਿਬਨ ਕੱਟਣ ਦੀ ਰਸਮ ਨਾਲ ਹੋਈ।ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਗੀਤ ਨਾਲ ਹੋਈ।ਵਿਦਿਆਰਥੀਆਂ ਨੇ ਨਾਚ, ਖੇਡਾਂ, ਭੰਗੜਾ, ਗਿੱਧਾ ਤੇ ਵਿਦਾਇਗੀ ਗੀਤ ਪੇਸ਼ ਕੀਤਾ।ਇਸ ਤੋਂ ਬਾਅਦ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਖਿਤਾਬ ਭੇਟ ਕੀਤੇ ਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਖਿਤਾਬ ਭੇਟ ਕੀਤੇ।ਸਮਾਰੋਹ ਦੌਰਾਨ, ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀਆਂ ਮਿੱਠੀਆਂ ਤੇ ਕੌੜੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਕਈ ਵਿਦਿਆਰਥੀਆਂ ਨੇ ਸਟੇਜ ਤੋਂ ਆਪਣੇ ਅਨੁਭਵ ਵੀ ਸਾਂਝੇ ਕੀਤੇ।

ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖੁਸ਼ੀ ਪੂਰੇ ਜਸ਼ਨ ਦੌਰਾਨ ਸਾਫ਼ ਦਿਖਾਈ ਦੇ ਰਹੀ ਸੀ, ਪਰ ਉਹ ਸਕੂਲ ਛੱਡਣ ਦੇ ਦਰਦ ਨੂੰ ਲੁਕਾ ਨਹੀਂ ਸਕੇ।ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਨੂੰ ਸਟੇਜ +ਤੇ ਬੁਲਾਇਆ ਅਤੇ ਉਨ੍ਹਾਂ ਨੂੰ ਸਨਮਾਨਤ ਕੀਤਾ। ਇਸ ਤੋਂ ਬਾਅਦ, ਬਾਰ੍ਹਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਮਿਸ ਤੇ ਮਿਸਟਰ ਫੇਅਰਵੈੱਲ ਲਈ ਇੱਕ ਮੁਕਾਬਲਾ ਕਰਾਇਆ ਗਿਆ।ਇਸ ਮੁਕਾਬਲੇ ਵਿੱਚ ਦੋ ਦੌਰ ਸਨ ਇੱਕ ਸਵੈ-ਜਾਣਕਾਰੀ ਦੌਰ ਤੇ ਇੱਕ ਸਵਾਲ-ਜਵਾਬ ਦੌਰ। 12ਵੀਂ ਜਮਾਤ ਵਿੱਚ ਸਚਵੀਰ ਸਿੰਘ ਨੇ ਮਿਸਟਰ ਫੇਅਰਵੈੱਲ ਦਾ ਖਿਤਾਬ ਜਿੱਤਿਆ, ਜਦੋਂ ਕਿ ਗੁਰਨਾਜ਼ ਟਿਵਾਣਾ ਨੇ ਮਿਸ ਫੇਅਰਵੈੱਲ ਦਾ ਖਿਤਾਬ ਜਿੱਤਿਆ।10ਵੀਂ ਜਮਾਤ ਵਿੱਚ ਗੁਰਵੀਰ ਸਿੰਘ ਨੇ ਮਿਸਟਰ ਫੇਅਰਵੈੱਲ ਦਾ ਖਿਤਾਬ ਜਿੱਤਿਆ ਅਤੇ ਅਵਿਕਾ ਨੇ ਮਿਸ ਫੇਅਰਵੈੱਲ ਦਾ ਖਿਤਾਬ ਜਿੱਤਿਆ।ਇਸ ਦੌਰਾਨ 10ਵੀਂ ਜਮਾਤ ਦੇ ਆਰੀਅਨ ਗਰਗ ਨੇ ਮਿਸਟਰ ਸਨਸੀਅਰ, 10ਵੀਂ ਜਮਾਤ ਦੀ ਦੀਪਿੰਦਰ ਕੌਰ ਨੇ ਮਿਸ ਸਨਸੀਅਰ, 10ਵੀਂ ਜਮਾਤ ਦੇ ਗਿਰੀਸ਼ ਗੁਪਤਾ ਨੇ ਮਿਸਟਰ ਡਾਇਨਾਮਿਕ ਦਾ ਖਿਤਾਬ ਜਿੱਤਿਆ, 10ਵੀਂ ਜਮਾਤ ਦੀ ਅਭਿਜੋਤ ਕੌਰ ਨੇ ਮਿਸ ਚਾਰਮਿੰਗ ਦਾ ਖਿਤਾਬ ਜਿੱਤਿਆ, 10ਵੀਂ ਜਮਾਤ ਦੇ ਸੰਭਵ ਨੇ ਮਿਸਟਰ ਡੀਸੈਂਟ ਦਾ ਖਿਤਾਬ ਜਿੱਤਿਆ ਤੇ 10ਵੀਂ ਜਮਾਤ ਦੀ ਸੀਆ ਨੇ ਮਿਸ ਐਲੀਗੈਂਟ ਦਾ ਖਿਤਾਬ ਜਿੱਤਿਆ।

ਸਕੂਲ ਦੇ ਚੇਅਰਮੈਨ ਭੂਸ਼ਣ ਬਾਂਸਲ, ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ 12ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਪਿਤਾ ਦੀ ਬਰਸੀ 'ਤੇ ਕੈਪਟਨ ਵਰਮਾ ਨੇ ਸਕੂਲ 'ਚ ਲਗਾਇਆ ਭੰਡਾਰਾ



**ਜਗਰਾਉਂ (ਸੰਜੀਵ ਅਰੋੜਾ)**-ਹਰ ਰੋਜ਼ ਸਮਾਜ ਸੇਵਾ ਦੇ ਪ੍ਰੋਜੈਕਟਾਂ ਦੇ ਵਿੱਚ ਸਰਗਰਮ ਹਿੱਸਾ ਲੈਣ ਵਾਲੇ ਕੈਪਟਨ ਨਰੇਸ਼ ਵਰਮਾ ਤੇ ਪਰਿਵਾਰ ਵੱਲੋਂ ਆਪਣੇ ਪਿਤਾ ਸਵਰਗੀ ਸੰਸਾਰ ਚੰਦ ਵਰਮਾ ਦੀ ਮਿੱਠੀ ਯਾਦ ਵਿੱਚ ਆਰ. ਕੇ. ਹਾਈ ਸਕੂਲ 'ਚ ਬੱਚਿਆਂ ਲਈ ਕੁਲਚੇ ਛੋਲਿਆਂ ਦਾ ਭੰਡਾਰਾ ਲਗਾਇਆ ਗਿਆ। ਇਸ ਮੌਕੇ ਵਰਮਾ ਪਰੀਵਾਰ ਵੱਲੋਂ ਪ੍ਰੇਮ ਵਰਮਾ, ਕੈਪਟਨ ਨਰੇਸ਼ ਵਰਮਾ, ਅਵਿਨਾਸ਼ ਵਰਮਾ, ਮੋਹਿਤ ਵਰਮਾ ਤੇ ਕਰਨ ਵਰਮਾ ਨੇ ਅਪਣੇ ਬਜ਼ੁਰਗਾਂ ਨੂੰ ਯਾਦ ਕਰਦੇ ਹੋਏ ਭੰਡਾਰੇ ਦਾ ਆਯੋਜਨ ਕੀਤਾ। ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਨੂੰ ਪ੍ਰਿੰਸੀਪਲ ਸੀਮਾ ਸ਼ਰਮਾ ਅਤੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ ਦੀ ਅਗਵਾਈ ਹੇਠ ਸਾਰੇ ਬੱਚਿਆਂ ਨੇ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ। ਇਸ ਮੌਕੇ ਦਿਨੇਸ਼ ਮਲਹੋਤਰਾ ਕੈਨੇਡਾ ਨੇ ਸਕੂਲ ਦੇ ਕਰਮਚਾਰੀਆਂ ਨੂੰ ਸੂਟ ਵੰਡੇ। ਸਮਾਜ ਸੇਵੀ ਕੇਵਲ ਮਲਹੋਤਰਾ ਤੇ ਰਵੀ ਮਲਹੋਤਰਾ (ਦਿੱਲੀ) ਨੇ ਆਪਣੇ ਵੱਲੋਂ ਸਾਰੇ ਅਧਿਆਪਕਾਂ, ਬੱਚਿਆਂ ਤੇ ਸਕੂਲ ਦੇ ਕਰਮਚਾਰੀਆਂ ਨੂੰ ਟਿਫਨ ਅਤੇ ਡੱਬਿਆਂ ਤੇ ਸ਼ਗਨਾਂ ਨਾਲ ਸਨਮਾਨਤ ਕੀਤਾ। ਇਸ ਮੌਕੇ ਵਰਮਾ ਪਰਿਵਾਰ ਵੱਲੋਂ ਸਕੂਲ ਦੇ ਬੱਚਿਆਂ ਨੂੰ ਕਾਪੀਆਂ ਵੰਡੀਆਂ ਗਈਆਂ। ਸਭ ਨੇ ਸਵ. ਸੰਸਾਰ ਚੰਦ ਵਰਮਾ ਦੀ ਤਸਵੀਰ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਵਰਮਾ (ਬੈਂਕ ਮੈਨੇਜਰ), ਕੈਪਟਨ ਨਰੇਸ਼ ਵਰਮਾ, ਕੇਵਲ ਮਲਹੋਤਰਾ, ਰਜਿੰਦਰ ਜੈਨ ਕਾਕਾ, ਅਨਿਲ ਮਲਹੋਤਰਾ, ਦਿਨੇਸ਼ ਮਲਹੋਤਰਾ, ਪ੍ਰਿੰਸੀਪਲ ਸੀਮਾ ਸ਼ਰਮਾ, ਪ੍ਰਸ਼ੋਤਮ ਖਲੀਫਾ, ਮੋਹਿਤ ਸੇਤੀਆ (ਕੈਨੇਡਾ), ਐਡਵੋਕੇਟ ਨਵੀਨ ਗੁਪਤਾ, ਸ਼ਸ਼ੀ ਭੂਸ਼ਣ ਜੈਨ, ਅਪਾਰ ਸਿੰਘ, ਗੁਲਸ਼ਨ ਅਰੋੜਾ, ਸੁਨੀਲ ਬਜਾਜ, ਮਦਨ ਲਾਲ, ਕ੍ਰਿਸ਼ਨ ਬਜਾਜ, ਸ਼ਿਵ ਗੁਪਤਾ, ਮਨੋਹਰ ਸਿੰਘ ਟੱਕਰ, ਕੁਲਭੂਸ਼ਨ ਗੁਪਤਾ, ਰਾਜ ਕੁਮਾਰ ਭੱਲਾ, ਮੈਡਮ ਸੁਮਨ, ਮੈਡਮ ਮਨੀਸ਼ਾ, ਕੰਵਲ ਕੱਕੜ, ਮੋਹਿਤ ਗੁਪਤਾ ਤੇ ਸਮੂਹ ਸਟਾਫ ਹਾਜ਼ਰ ਸੀ।

## ਸ਼ਹਿਰ ਦੀਆਂ ਟੁੱਟੀਆਂ ਸੜਕਾਂ ਤੋਂ ਲੋਕ ਡਾਢੇ ਪ੍ਰੇਸ਼ਾਨ



**ਬਰੇਟਾ (ਰੀਤਵਾਲ)**-ਸੜਕਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ, ਜਿਨ੍ਹਾਂ ਵਿੱਚੋਂ ਦਿਆਲਪੁਰਾ ਰੋਡ, ਆੜਤ ਕਲੋਨੀ ਦੀ ਬਾਈਕ ਸਾਇਡ ਵਾਲੀ ਸੜਕਾਂ ਦੀ ਹਾਲਤ ਬਹੁਤ ਹੀ ਤਰਸਯੋਗ ਬਣੀ ਹੋਈ ਹੈ, ਪ੍ਰੰਤੂ ਫਿਰ ਵੀ ਕੋਈ ਅਧਿਕਾਰੀ ਇਨ੍ਹਾਂ ਨੂੰ ਠੀਕ ਕਰਾਉਣ ਦੀ ਕੋਸ਼ਿਸ਼ ਨਹੀ ਕਰਦਾ, ਜਿਸ ਕਾਰਨ ਇਨ੍ਹਾਂ ਸੜਕਾਂ ਤੋਂ ਉੱਡਦੀ ਧੂੜ ਲੋਕਾਂ ਦੇ ਸਿਰ ਵਿਚ ਪੈ ਰਹੀ ਹੈ ਅਤੇ ਥਾਂ-ਥਾਂ ਪਏ ਖੱਡੇ ਲੋਕਾਂ ਲਈ ਬਹੁਤ ਵੱਡੀ ਪ੍ਰੇਸ਼ਾਨੀ ਬਣੇ ਹੋਏ ਹਨ।ਸਹਿਯੋਗ ਕਲੱਬ ਦੇ ਆਗੂਆਂ ਅਤੇ ਹੋਰਨਾਂ ਸ਼ਹਿਰ ਵਾਸੀਆਂ ਨੇ ਕਿਹਾ ਕਿ ਲੋਕਾਂ ਵੱਲੋਂ ਵਾਰ-ਵਾਰ ਮੰਗ ਕਰਨ ਤੋਂ ਬਾਅਦ ਵੀ ਅਧਿਕਾਰੀਆਂ ਵੱਲੋਂ ਇਨ੍ਹਾਂ ਸੜਕਾਂ ਨੂੰ ਆਵਾਜਾਈ ਯੋਗ ਨਹੀਂ ਬਣਾਇਆ ਜਾ ਰਿਹਾ।ਉਨ੍ਹਾਂ ਦੱਸਿਆ ਕਿ ਕਈ ਥਾਂਵਾਂ 'ਤੇ ਸੀਵਰੇਜ ਵਿਭਾਗ ਵੱਲੋਂ ਪਾਈਪ ਲਾਈਨ ਦੀ ਲੀਕੇਜ ਦੂਰ ਕਰਨ ਲਈ ਸੜਕਾਂ ਪੁੱਟ ਦਿੱਤੀਆਂ ਜਾਂਦੀਆਂ ਹਨ, ਪ੍ਰੰਤੂ ਉਸ ਤੋ ਬਾਅਦ ਨਾ ਤਾਂ ਸੀਵਰੇਜ ਬੋਰਡ ਤੇ ਨਾ ਹੀ ਨਗਰ ਕੌਂਸਲ ਵੱਲੋਂ ਇਨਾਂ ਸੜਕਾਂ ਨੂੰ ਮੁੜ ਆਵਾਜਾਈ ਯੋਗ ਬਣਾਇਆ ਜਾਂਦਾ ਹੈ।ਸ਼ਹਿਰ ਵਾਸੀਆਂ ਨੇ ਕਿਹਾ ਕਿ ਸੜਕਾਂ 'ਤੇ ਉਡਦੀ ਮਿੱਟੀ ਦੀ ਧੂੜ ਹਾਦਸਿਆਂ ਦਾ ਕਾਰਨ ਬਣ ਰਹੀ ਹੈ।ਇਨ੍ਹਾਂ ਥਾਂਵਾਂ 'ਤੇ ਵਾਹਨਾਂ ਨਾਲ ਉੱਡਦੀ ਮਿੱਟੀ ਦੀ ਧੂੜ ਜਿੱਥੇ ਲੋਕਾਂ ਦੀਆਂ ਦੁਕਾਨਾਂ ਅਤੇ ਘਰਾਂ ਵਿੱਚ ਜਾਂਦੀ ਹੈ, ਉੱਥੇ ਹੀ ਦੋ ਪਹੀਆ ਵਾਹਨ ਚਾਲਕਾਂ ਦੀਆਂ ਅੱਖਾਂ ਵਿੱਚ ਮਿੱਟੀ-ਘੱਟਾ ਪੈਣ ਨਾਲ ਹਾਦਸਿਆਂ ਦੇ ਨਾਲ ਨਾਲ ਅੱਖਾਂ ਦੀਆਂ ਬਿਮਾਰੀਆਂ ਲੱਗਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ।

## ਸੈਂਕੜੇ ਪਰਵਾਰ ਰਵਾਇਤੀ ਪਾਰਟੀਆਂ ਛੱਡ 'ਆਪ' 'ਚ ਸ਼ਾਮਲ



**ਸਨੌਰ/ਭੁਨਰਹੇੜੀ (ਰਾਜਿੰਦਰ ਥਿੰਦ)**-ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਪਿੰਡ ਉਪਲੀ ਅਤੇ ਜਲਾਲਪੁਰ ਵਿਖੇ ਕਰਾਏ ਗਏ ਪ੍ਰਭਾਵਸ਼ਾਲੀ ਸਮਾਗਮਾਂ ਦੌਰਾਨ ਸੈਂਕੜੇ ਲੋਕਾਂ ਨੇ ਰਵਾਇਤੀ ਪਾਰਟੀਆਂ ਦਾ ਪੱਲਾ ਛੱਡ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ।ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ।ਇਸ ਮੌਕੇ ਹਲਕੇ ਦੀ ਸਮੁੱਚੀ ਲੀਡਰਸ਼ਿਪ, ਬਲਾਕ ਪ੍ਰਧਾਨ, ਸਰਪੰਚ ਤੇ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ ਤੇ ਵਰਕਰ ਮੌਜੂਦ ਸਨ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਪਿਛਲੇ ਕੁਝ ਸਮੇਂ ਵਿੱਚ ਜੋ ਇਤਿਹਾਸਕ ਫੈਸਲੇ ਲਏ ਹਨ, ਉਨ੍ਹਾਂ ਕਾਰਨ ਅੱਜ ਪੰਜਾਬ ਦਾ ਹਰ ਵਰਗ 'ਆਪ' ਨਾਲ ਜੁੜ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਨੇ ਲੋਕਾਂ ਦੇ ਦਿਲ ਜਿੱਤ ਲਏ ਹਨ।ਹਡਾਣਾ ਨੇ ਕਿਹਾ ਕਿ ਪਹਿਲਾਂ ਦੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਵੇਲੇ ਹੀ ਲੋਕਾਂ ਨੂੰ ਯਾਦ ਕੀਤਾ ਸੀ, ਪਰ ਆਮ ਆਦਮੀ ਪਾਰਟੀ ਹਰ ਰੋਜ਼ ਲੋਕਾਂ ਦੇ ਦਰਵਾਜ਼ੇ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਾ ਰਹੀ ਹੈ।ਉਨ੍ਹਾਂ ਕਿਹਾ ਕਿ ਜਲਾਲਪੁਰ ਤੇ ਉਪਲੀ ਵਿੱਚ ਹੋਏ ਇਸ ਵੱਡੇ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਹਲਕਾ ਸਨੌਰ ਵਿੱਚ ਵਿਰੋਧੀ ਪਾਰਟੀਆਂ ਦਾ ਆਧਾਰ ਖ਼ਤਮ ਹੋ ਚੁੱਕਾ ਹੈ।ਲੋਕ ਹੁਣ ਝੂਠੇ ਲਾਰਿਆਂ ਦੀ ਥਾਂ ਵਿਕਾਸ ਦੀ ਰਾਜਨੀਤੀ ਨੂੰ ਚੁਣ ਰਹੇ ਹਨ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸੈਂਕੜੇ ਵਰਕਰਾਂ ਨੂੰ ਭਰੋਸਾ ਦਿਵਾਉਂਦੇ ਹੋਏ ਹਡਾਣਾ ਨੇ ਕਿਹਾ ਕਿ ਪਾਰਟੀ ਵਿੱਚ ਹਰ ਮਿਹਨਤੀ ਵਰਕਰ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਸਿਆਸੀ ਜੁਆਇਨਿੰਗ ਨਹੀਂ ਹੈ, ਸਗੋਂ ਇਹ ਇੱਕ ਪਰਵਾਰ ਦਾ ਵਾਧਾ ਹੈ, ਜੋ ਪੰਜਾਬ ਦੀ ਤਰੱਕੀ ਲਈ ਮਿਲ ਕੇ ਕੰਮ ਕਰੇਗਾ।ਸਮਾਗਮ ਦੌਰਾਨ ਪਿੰਡ ਵਾਸੀਆਂ ਨੇ ਰਣਜੋਧ ਸਿੰਘ ਹਡਾਣਾ ਦਾ ਭਰਵਾਂ ਸਵਾਗਤ ਕੀਤਾ ਤੇ ਪਿੰਡ ਦੇ ਵਿਕਾਸ ਕਾਰਜਾਂ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

## ਐੱਸ ਐੱਸ ਪੀ ਵੱਲੋਂ ਅੱਧੀ ਰਾਤ ਨਾਕਿਆਂ ਦੀ ਚੈਕਿੰਗ, ਲੋਕਾਂ ਤੋਂ ਲਿਆ ਫੀਡਬੈਕ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਡੀ.ਜ਼ੀ.ਪੀ. ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੀ ਮੁਹਿੰਮ ਤਹਿਤ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਜ਼ਿਲ੍ਹੇ ਅੰਦਰ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਕਮਰ ਕੱਸ ਲਈ ਹੈ।ਸ਼ਨੀਵਾਰ ਦੇਰ ਰਾਤ ਐਸ.ਐਸ.ਪੀ. ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ 'ਨਾਈਟ ਡੋਮੀਨੇਸ਼ਨ' ਤਹਿਤ ਅਚਾਨਕ ਦੌਰਾ ਕੀਤਾ ਗਿਆ ਤੇ ਸੁਰੱਖਿਆ ਪ੍ਰਬੰਧਾਂ ਦੀ ਖੁਦ ਸਮੀਖਿਆ ਕੀਤੀ ਗਈ।ਲੋਕਾਂ ਨਾਲ ਕੀਤੀ ਸਿੱਧੀ ਗੱਲਬਾਤ ਚੈਕਿੰਗ ਦੌਰਾਨ ਡਾ. ਪ੍ਰਗਿਆ ਜੈਨ ਨੇ ਨਾ ਸਿਰਫ਼ ਪੁਲਿਸ ਮੁਲਾਜ਼ਮਾਂ ਦੀ ਕਾਰਗੁਜ਼ਾਰੀ ਦੇਖੀ, ਸਗੋਂ ਰਾਹਗੀਰਾਂ ਤੇ ਆਮ ਨਾਗਰਿਕਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਲੋਕਾਂ ਤੋਂ ਪੁਲਿਸ ਦੀ ਮੌਜੂਦਗੀ ਅਤੇ ਸੁਰੱਖਿਆ ਬਾਰੇ ਫੀਡਬੈਕ ਲਿਆ।ਲੋਕਾਂ ਨੇ ਦੱਸਿਆ ਕਿ ਰਾਤ ਸਮੇਂ ਪੁਲਿਸ ਦੀ ਵਧੇਰੇ ਮੌਜੂਦਗੀ ਕਾਰਨ ਉਹ ਆਪਣੇ ਆਪ ਨੂੰ ਜ਼ਿਆਦਾ ਸੁਰੱਖਿਅਤ ਮਹਿਸੂਸ ਕਰ ਰਹੇ ਹਨ।ਗੈਂਗਸਟਰਾਂ ਵਿਰੁੱਧ ਵਿਸ਼ੇਸ਼ ਮੁਹਿੰਮ ਐਸ.ਐਸ.ਪੀ. ਨੇ ਦੱਸਿਆ ਕਿ ਇਹ ਚੈਕਿੰਗ ਆਪਰੇਸ਼ਨ ਅਪਰਾਧਿਕ ਅਨਸਰਾਂ ਤੇ ਗੈਂਗਸਟਰਾਂ ਵਿਰੁੱਧ ਵਿੱਢੀ ਗਈ ਮੁਹਿੰਮ ਦਾ ਹਿੱਸਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਅਹਿਮ ਪੁਆਇੰਟਾਂ 'ਤੇ ਗਜ਼ਟਿਡ ਅਧਿਕਾਰੀ ਅਤੇ ਥਾਣਾ ਮੁਖੀ ਖੁਦ ਮੌਜੂਦ ਰਹਿ ਕੇ ਚੈਕਿੰਗ ਕਰ ਰਹੇ ਹਨ।ਖਾਸ ਤੌਰ 'ਤੇ ਜ਼ਿਲ੍ਹੇ ਦੀਆਂ ਸਰਹੱਦਾਂ ਤੋਂ ਅੰਦਰ ਦਾਖਲ ਹੋਣ ਵਾਲੇ ਦੋ ਪਹੀਆ ਅਤੇ ਚਾਰ ਪਹੀਆ ਵਾਹਨਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ।ਹਾਈਟੈਕ ਤਕਨੀਕ ਦੀ ਵਰਤੋਂ ਸੁਰੱਖਿਆ ਨੂੰ ਹੋਰ ਪੁਖ਼ਤਾ ਬਣਾਉਣ ਲਈ ਪੁਲਿਸ ਵੱਲੋਂ ਸੀ.ਸੀ.ਟੀ.ਵੀ. ਕੈਮਰਿਆਂ ਅਤੇ ਆਧੁਨਿਕ ਐਪਸ ਜਿਵੇਂ ਕਿ ਵਾਹਨ ਅਤੇ ਪਾਈਸ (ਪੰਜਾਬ ਏ.ਆਈ. ਸਿਸਟਮ) ਦੀ ਵਰਤੋਂ ਕੀਤੀ ਜਾ ਰਹੀ ਹੈ।ਐਸ.ਐਸ.ਪੀ. ਨੇ ਮੌਕੇ 'ਤੇ ਮੌਜੂਦ ਮੁਲਾਜ਼ਮਾਂ ਨੂੰ ਪੇਸ਼ੇਵਰਾਨਾ ਤਰੀਕੇ ਨਾਲ ਡਿਊਟੀ ਨਿਭਾਉਣ ਲਈ ਉਤਸ਼ਾਹਿਤ ਕੀਤਾ।

## ਸੰਸਥਾਵਾਂ ਵੱਲੋਂ ਭੋਗ ਸਮਾਗਮਾਂ 'ਚ ਬੇਲੋੜੇ ਖਰਚਿਆਂ ਵਿਰੁੱਧ ਲਾਮਬੰਦੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਮਾਜ ਵਿੱਚ ਮਰਗਤ ਦੇ ਮੌਕੇ 'ਤੇ ਵਧ ਰਹੀ ਦਿਖਾਵੇਬਾਜ਼ੀ ਅਤੇ ਬੇਲੋੜੇ ਖਰਚਿਆਂ ਨੂੰ ਨੱਥ ਪਾਉਣ ਲਈ ਧੂਰੀ ਦੀਆਂ ਵੱਖ-ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੇ ਇੱਕ ਸਾਂਝੀ ਮੁਹਿੰਮ ਵਿੱਢੀ ਹੈ।ਅਗਰਵਾਲ ਸਮਾਜ ਸਭਾ ਦੇ ਪ੍ਰਧਾਨ ਮਦਨ ਲਾਲ ਅਤੇ ਚੇਅਰਮੈਨ ਅਸ਼ਵਨੀ ਗੋਇਲ ਦੀ ਅਗਵਾਈ ਹੇਠ ਸੱਦੀ ਗਈ ਮੀਟਿੰਗ ਦੌਰਾਨ ਸਮੂਹ ਬੁਲਾਰਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭੋਗ ਸਮਾਗਮਾਂ ਦੌਰਾਨ ਪਕਵਾਨਾਂ ਦੀ ਬਹੁਤਾਤ ਤੇ ਬੇਲੋੜੇ ਪ੍ਰਬੰਧਾਂ ਨੂੰ ਤਿਆਗ ਕੇ ਸਾਦਗੀ ਅਪਣਾਉਣ।ਇਸ ਮੌਕੇ ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ ਤੇ ਗਊਸ਼ਾਲਾ ਕਮੇਟੀ ਦੇ ਜਨਰਲ ਸਕੱਤਰ ਨਰੇਸ਼ ਕੁਮਾਰ ਮੰਗੀ ਨੇ ਕਿਹਾ ਕਿ ਅਸਲ ਖੁਸ਼ੀ ਜਾਂ ਸ਼ਾਂਤੀ ਚਮਕ-ਧਮਕ ਵਿੱਚ ਨਹੀਂ, ਸਗੋਂ ਸਾਦਗੀ ਅਤੇ ਆਪਸੀ ਮਿਲਵਰਤਣ ਵਿੱਚ ਹੈ।ਮੀਟਿੰਗ ਵਿੱਚ ਨਰੇਸ਼ ਸਿੰਗਲਾ, ਜਨਕ ਰਾਜ ਮੀਮਸਾ, ਰਾਕੇਸ਼ ਕੁਮਾਰ ਕਾਂਝਲਾ ਅਤੇ ਰਵੀ ਗੋਇਲ ਨੇ ਵੀ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜੇਕਰ ਸਮਾਜ ਦਾ ਰੱਜਿਆ-ਪੁੱਜਿਆ ਵਰਗ ਸਾਦਗੀ ਦੀ ਪਹਿਲ ਕਰੇਗਾ, ਤਾਂ ਹੀ ਗਰੀਬ ਤੇ ਮੱਧਵਰਗੀ ਪਰਵਾਰ ਇਸ ਸਮਾਜਿਕ ਦਬਾਅ ਤੋਂ ਮੁਕਤ ਹੋ ਸਕਣਗੇ।ਮੀਟਿੰਗ ਵਿੱਚ ਹਾਜ਼ਰ ਧੂਰੀ ਵਿਕਾਸ ਮੰਚ ਦੇ ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ ਅਤੇ ਰਾਮ ਬਾਗ ਕਮੇਟੀ ਦੇ ਪ੍ਰਧਾਨ ਪਵਨ ਗਰਗ ਸਮੇਤ ਹੋਰਨਾਂ ਆਗੂਆਂ ਨੇ ਗੰਭੀਰ ਸ਼ਬਦਾਂ ਵਿੱਚ ਕਿਹਾ ਕਿ ਮੌਤ ਵਰਗੇ ਦੁਖਦਾਈ ਸਮੇਂ 'ਤੇ ਕੀਤੀ ਜਾਂਦੀ ਫ਼ਜ਼ੂਲ ਖਰਚੀ ਅਕਸਰ ਪੀੜਤ ਪਰਿਵਾਰਾਂ ਲਈ ਵੱਡੀ ਮਾਨਸਿਕ ਚਿੰਤਾ ਤੇ ਆਰਥਿਕ ਮੰਦਹਾਲੀ ਦਾ ਸਬੱਬ ਬਣਦੀ ਹੈ।ਬੁਲਾਰਿਆਂ ਅਨੁਸਾਰ, ਲੋਕਲ ਵਿਅਕਤੀਆਂ ਤੇ ਰਿਸ਼ਤੇਦਾਰਾਂ ਨੂੰ ਵੀ ਚਾਹੀਦਾ ਹੈ ਕਿ ਉਹ ਪਰਿਵਾਰਾਂ ਦੀ ਮਜਬੂਰੀ ਨੂੰ ਸਮਝਣ ਅਤੇ ਉਨ੍ਹਾਂ 'ਤੇ ਕਿਸੇ ਕਿਸਮ ਦਾ ਖਾਣ-ਪੀਣ ਦਾ ਬੋਝ ਨਾ ਬਣਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੇ ਕਰਜ਼ੇ ਅਤੇ ਦਿਖਾਵੇ ਕਈ ਵਾਰ ਪਰਵਾਰਕ ਕਲੇਸ਼ ਅਤੇ ਖ਼ੁਦਕੁਸ਼ੀਆਂ ਵਰਗੀਆਂ ਅਣਸੁਖਾਵੀਆਂ ਘਟਨਾਵਾਂ ਦਾ ਕਾਰਨ ਬਣਦੇ ਹਨ।ਇਸ ਵਿਚਾਰ-ਚਰਚਾ ਦੌਰਾਨ ਸ਼ਿਵ ਭੋਲਾ ਸੇਵਾ ਸੰਮਤੀ ਧੂਰੀ ਦੇ ਜਨਕ ਰਾਜ ਮੀਮਸਾ, ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਕੁਮਾਰ ਕਾਂਝਲਾ, ਭਾਰਤ ਵਿਕਾਸ ਪ੍ਰੀਸ਼ਦ ਦੇ ਰਵੀ ਗੋਇਲ, ਰਾਮ ਬਾਗ ਕਮੇਟੀ ਦੇ ਮੀਤ ਪ੍ਰਧਾਨ ਰਮੇਸ਼ ਕੁਮਾਰ, ਗਿਆਨ ਚੰਦ ਮਿੱਤਲ, ਖ਼ਜ਼ਾਨਚੀ ਲੋਕੇਸ਼ ਕੁਮਾਰ ਲੱਕੀ, ਸੁਭਾਸ਼ ਬਾਂਸਲ ਤੇ ਮੁਕੇਸ਼ ਗੋਇਲ ਵਿੱਕੀ ਸਮੇਤ ਕਈ ਹੋਰ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ ਅਤੇ ਇਸ ਫੈਸਲੇ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦਾ ਅਹਿਦ ਲਿਆ।

## 'ਆਪ' ਦੀ 10 ਲੱਖ ਰੁਪਏ ਦੀ ਕੈਸ਼ਲੈਸ ਸਿਹਤ ਬੀਮਾ ਯੋਜਨਾ ਤੋਂ ਪੰਜਾਬ ਦੇ ਲੋਕ ਖੁਸ਼ : ਬਰਸਟ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਹਫਤੇ ਦੀ ਤਰ੍ਹਾਂ ਪਟਿਆਲਾ ਦਫਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਹੋਰ ਲੋਕ ਵੀ ਪਹੁੰਚੇ, ਜਿਨ੍ਹਾਂ ਵੱਲੋਂ ਸ. ਬਰਸਟ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ।ਹਰਚੰਦ ਸਿੰਘ ਬਰਸਟ ਨੇ ਸਾਰਿਆਂ ਦੀਆਂ ਸਮੱਸਿਆਵਾਂ ਨੂੰ ਬੜੇ ਧਿਆਨ ਨਾਲ ਸੁਣੀਆ ਅਤੇ ਮੌਕੇ ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ।ਇਸ ਮੌਕੇ ਪਹੁੰਚੀਆਂ ਕਿਸਾਨ ਯੂਨੀਅਨਾਂ ਤੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਨੇ ਇੱਕਜੁਟ ਹੋ ਕੇ ਮਹਿਮਦਪੁਰ ਅਨਾਜ ਤੇ ਸਬਜ਼ੀ ਮੰਡੀ ਬਣਾਉਣ ਲਈ ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਤੇ ਮਹਿਮਦਪੁਰ ਮੰਡੀ ਨੂੰ ਜਲਦ ਤੋਂ ਜਲਦ ਸ਼ੁਰੂ ਕਰਾਉਣ ਦੀ ਮੰਗ ਕੀਤੀ ਗਈ।ਇਸ ਮੰਡੀ ਦੇ ਸ਼ੁਰੂ ਹੋਣ ਨਾਲ ਜਿੱਥੇ ਇਲਾਕਾ ਨਿਵਾਸੀਆਂ ਨੂੰ ਬਹੁਤ ਸਹੂਲਤ ਹੋਵੇਗੀ, ਉੱਥੇ ਹੀ ਫ਼ਸਲਾਂ ਵੇਚਨ ਵਿੱਚ ਵੀ ਆਸਾਨੀ ਹੋਵੇਗੀ ਅਤੇ ਰੋਜ਼ਗਾਰ ਦੇ ਮੌਕੇ ਵਧਣਗੇ।ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਿਤਾ ਨਾਲ ਲੋਕਾਂ ਦੀ ਸੇਵਾ ਕਰ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਅਤੇ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਅੱਗੇ ਵਧਾਉਣਾ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਚਹੁੰਪੱਖੀ ਵਿਕਾਸ ਅਤੇ ਤਰੱਕੀ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕਰ ਦਿੱਤੀ ਗਈ ਹੈ, ਜਿਸਦੇ ਤਹਿਤ ਸੂਬੇ ਦੇ 65 ਲੱਖ ਪਰਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਮਿਲੇਗਾ।ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ।ਇਹ ਯੋਜਨਾ ਬਹੁਤ ਹੀ ਅਹਿਮ ਪਹਿਲਕਦਮੀ ਹੈ ਤੇ ਹੁਣ ਕਿਸੇ ਨੂੰ ਵੀ ਇਲਾਜ ਲੈਣ ਲਈ ਵਿੱਤੀ ਤੰਗੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਇਸਦੇ ਨਾਲ ਹੀ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਾਉਣ ਲਈ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ।

## ਗੁਰੂ ਹਰਿਰਾਏ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਧਾਰਮਿਕ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਵੀ ਪੁੱਜੇ ਹੋਏ ਸਨ।ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਵੱਲੋਂ ਗੁਰਬਾਣੀ ਕੀਰਤਨ ਨਾਲ ਸਾਰਿਆਂ ਨੂੰ ਨਿਹਾਲ ਕੀਤਾ ਗਿਆ।ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਿਕ ਸਮਾਗਮ ਆਯੋਜਨ ਕੀਤਾ ਗਿਆ।ਇਸ ਦੌਰਾਨ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਤੇ ਕਿਹਾ ਕਿ ਗੁਰੂ ਸਾਹਿਬ ਵਾਤਾਵਰਣ ਪ੍ਰੇਮੀ ਸਨ, ਜਿਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਰਚਿਤ ਬਾਣੀ, ਜਿਨ੍ਹਾਂ ਪਵਨ ਗੁਰੂ, ਪਾਣੀ ਪਿਤਾ ਮਾਤਾ ਧਰਤਿ ਮਹਤੁ ਨੂੰ ਬਚਾਉਣ 'ਤੇ ਹਮੇਸ਼ਾ ਜ਼ੋਰ ਦਿੱਤਾ।ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਗੁਰਬਾਣੀ ਫ਼ਲਸਫ਼ੇ ਅਨੁਸਾਰ ਹਵਾ, ਪਾਣੀ ਤੇ ਉਪਜਾਊ ਧਰਤ ਨੂੰ ਬਚਾਈਏ।ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਵੱਧ ਤੋਂ ਵੱਧ ਅਜਿਹੇ ਬੂਟੇ, ਦਰੱਖਤ ਲਾਏ ਜਾਣ ਤਾਂ ਜੁ ਗੰਧਲੇ ਹੋ ਰਹੇ ਵਾਤਾਵਰਣ ਨੂੰ ਬਚਾਇਆ ਜਾ ਸਕੇ ਅਤੇ ਦਿਨ ਬ ਦਿਨ ਧਰਤੀ ਹੇਠਲੇ ਪਾਣੀ ਦੇ ਪੱਧਰ ਦਾ ਡਿੱਗਣਾ ਇਸ ਗੱਲ ਵੱਲ ਸੰਕੇਤ ਦਿੰਦਾ ਹੈ ਕਿ ਪਾਣੀ ਦੀ ਦੁਰਵਰਤੋਂ ਨੂੰ ਰੋਕਿਆ ਜਾਵੇ।

## ਪੰਜਾਬ ਦਾ ਪਾਣੀ ਹਰਿਆਣਾ ਨੂੰ ਦੇਣ ਲਈ ਭਗਵੰਤ ਮਾਨ ਤਰਲੋਮੱਛੀ : ਸੁਖਬੀਰ ਬਾਦਲ

### ਕਾਂਗਰਸ ਦੇ ਸਾਬਕਾ ਵਿਧਾਇਕ ਸਮੇਤ ਆਗੂ ਤੇ ਵਰਕਰ ਮੁੜ ਅਕਾਲੀ ਦਲ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ, ਲਵਲੀ ਕੁਮਾਰ)** - ਪੰਜਾਬ ਦਾ ਕੇਂਦਰ ਸਰਕਾਰ ਅੱਗੇ ਪੱਖ ਰੱਖਣ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬੁਰੀ ਤਰ੍ਹਾਂ ਅਸਫਲ ਹੋਏ ਹਨ। ਜਿਸ ਪੰਜਾਬ ਦੇ ਪਾਣੀ ਨੂੰ ਦੇਣ ਤੋਂ ਸ਼੍ਰੋਮਣੀ ਅਕਾਲੀ ਦਲ ਨੇ ਹਰਿਆਣਾ ਸਰਕਾਰ ਨੂੰ ਮਨ੍ਹਾ ਕੀਤਾ ਸੀ ਅੱਜ ਉਸ ਨੂੰ ਦੇਣ ਲਈ ਮੁੱਖ ਮੰਤਰੀ ਤਰਲੋ ਮੱਛੀ ਹੋਏ ਪਏ ਹਨ ਜਿਸ ਨੂੰ ਪੰਜਾਬੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ। ਅੱਜ ਦੇ ਮੌਜੂਦਾ ਹਾਲਾਤ ਇਹ ਹਨ ਕਿ ਰੰਗਲਾ ਪੰਜਾਬ 'ਚ ਕਤਲੋਗਾਰਤ ਰੁਕਣ ਦਾ ਨਾਮ ਨਹੀਂ ਲੈ ਰਹੀ । ਨਸ਼ਾ ਤਸਕਰ ਧੜੱਲੇ ਨਾਲ ਨਸ਼ਾ ਵੇਚ ਰਹੇ ਹਨ , ਵਪਾਰੀਆਂ ਅਤੇ ਉਦਯੋਗਪਤੀਆਂ ਤੋਂ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ ।ਪੰਜਾਬ ਵਿੱਚ ਅਮਨ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਡਗਮਗਾਈ ਹੋਈ ਹੈ । ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੱਨਣੀ ਕਲਾਂ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜੱਥੇਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਸੀਨੀਅਰ ਅਕਾਲੀ ਆਗੂ ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਉਚੇਚੇ ਤੌਰ 'ਤੇ ਮੌਜੂਦ ਸਨ। ਇਸ ਮੀਟਿੰਗ ਦੌਰਾਨ ਕਾਂਗਰਸ ਦੀ ਸਾਬਕਾ ਐਮ.ਐਲ.ਏ. ਰਾਜਵਿੰਦਰ ਕੌਰ ਭਾਗੀਕੇ ਵੱਲੋਂ ਜਿੱਥੇ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ ਉੱਥੇ ਹੀ ਮੁੜ ਸ਼੍ਰੋਮਣੀ ਅਕਾਲੀ ਦਲ ਦੇ ਹਰਭੁਪਿੰਦਰ ਸਿੰਘ ਲਾਡੀ ਸਮੇਤ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਅਕਾਲੀ ਦਲ ਵਿੱਚ ਸ਼ਾਮਲ ਹੋਏ ਜਿਨ੍ਹਾਂ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਪਾਰਟੀ ਵਿੱਚ ਆਉਣ 'ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਖੇਤਰੀ ਪਾਰਟੀ ਹੈ ਜਿਸ ਨੇ ਪੰਜਾਬ ਦੇ ਵਿਕਾਸ ਵਿੱਚ ਵੱਡਾ ਯੋਗਦਾਨ ਪਾਇਆ ਹੈ । ਉਨ੍ਹਾਂ ਕਿਹਾ ਕਿ ਪੰਜਾਬੀ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਵਿੱਚ ਸਰਕਾਰ ਸਥਾਪਤ ਕਰਨ ਲਈ ਤਿਆਰ ਬਰ ਤਿਆਰ ਹਨ ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਦੀਆਂ ਲੀਹਾਂ 'ਤੇ ਲਿਆਂਦਾ ਜਾ ਸਕੇ ।

## ਸੁਖਬੀਰ ਸਿੰਘ ਬਾਦਲ 2027 'ਚ ਮੁੱਖ ਮੰਤਰੀ ਬਣਨਗੇ : ਢਿੱਲੋਂ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਓ.ਐਸ.ਆਈ ਦੇ ਪ੍ਰਧਾਨ ਅਤੇ ਯੂਥ ਆਗੂ ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬਾਦਲ) ਖੇਤਰੀ ਪਾਰਟੀ ਦਾ ਇੱਕੋ-ਇੱਕ ਮਜ਼ਬੂਤ ਚਿਹਰਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਇਸ ਸਮੇਂ ਪੰਜਾਬੀਆਂ ਦੇ ਹਰਮਨ ਪਿਆਰੇ ਨੇਤਾ ਬਣ ਚੁੱਕੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰਾਂ ਦੀ ਨਾਕਾਮੀਆਂ ਤੋਂ ਤੰਗ ਆ ਚੁੱਕੇ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਦੇ ਰੂਪ ਵਿਚ ਦੇਖਣਾ ਚਾਹੁੰਦੇ ਹਨ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਪੰਜਾਬ ਦੇ ਵਿਕਾਸ ਲਈ ਅਨੇਕਾਂ ਲੋਕ-ਹਿਤੈਸ਼ੀ ਫੈਸਲੇ ਲਏ ਸਨ, ਜਿਨ੍ਹਾਂ ਨੂੰ ਅੱਜ ਵੀ ਲੋਕ ਯਾਦ ਕਰਦੇ ਹਨ।



ਉਨ੍ਹਾਂ ਆਖਿਆ ਕਿ ਅਕਾਲੀ ਦਲ ਹੀ ਇੱਕ ਐਸੀ ਪਾਰਟੀ ਹੈ ਜੋ ਪੰਜਾਬ, ਪੰਜਾਬੀਅਤ ਤੇ ਸਿੱਖਾਂ ਦੇ ਹੱਕਾਂ ਲਈ ਸਦਾ ਡਟ ਕੇ ਖੜੀ ਰਹੀ ਹੈ।ਅੱਜ ਜਦੋਂ ਪੰਜਾਬ ਨਸ਼ਿਆਂ, ਬੇਰੋਜ਼ਗਾਰੀ ਅਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ, ਤਾਂ ਲੋਕਾਂ ਨੂੰ ਮੁੜ ਇੱਕ ਮਜ਼ਬੂਤ ਤੇ ਤਜਰਬੇਕਾਰ ਨੇਤ੍ਰਿਤਵ ਦੀ ਲੋੜ ਹੈ, ਜੋ ਕੇਵਲ ਸੁਖਬੀਰ ਸਿੰਘ ਬਾਦਲ ਹੀ ਦੇ ਸਕਦੇ ਹਨ।ਇਸ ਮੌਕੇ ਗੁਰਦਿੱਤ ਸਿੰਘ ਢਿੱਲੋਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਅਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਖੁੱਲ੍ਹ ਕੇ ਤਾਰੀਫ਼ ਕੀਤੀ।ਉਨ੍ਹਾਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਹਲਕੇ ਅੰਦਰ ਆਪਣੀ ਪਕੜ ਪੂਰੀ ਤਰ੍ਹਾਂ ਮਜ਼ਬੂਤ ਕਰ ਲਈ ਹੈ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਰੱਖ ਕੇ ਹਮੇਸ਼ਾ ਉਨ੍ਹਾਂ ਦੀਆਂ ਸਮੱਸਿਆਵਾਂ ਲਈ ਆਵਾਜ਼ ਬੁਲੰਦ ਕੀਤੀ ਹੈ।

## ਬੀ ਕੇ ਯੂ (ਕਾਦੀਆਂ) ਵੱਲੋਂ ਕਿਸਾਨ ਪੰਚਾਇਤ 7 ਨੂੰ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਵੱਲੋਂ ਕਿਸਾਨੀ ਮਸਲਿਆਂ 'ਤੇ ਵਿਚਾਰ ਚਰਚਾ ਕਰਨ ਤੇ ਕੇਂਦਰ ਸਰਕਾਰ ਵੱਲੋਂ ਕਥਿਤ ਕਿਸਾਨ ਅਤੇ ਲੋਕ ਵਿਰੋਧੀ ਫੈਸਲਿਆਂ ਤੇ ਅਗਲੇ ਸੰਘਰਸ਼ ਲਈ ਵਿਉਂਤਬੰਦੀ ਕਰਨ ਦੇ ਮਨਸੂਬੇ ਨੂੰ ਲੈ ਕੇ ਜ਼ਿਲ੍ਹਾ ਲੁਧਿਆਣਾ ਦੀ 'ਕਿਸਾਨ ਪੰਚਾਇਤ' 7 ਨੂੰ ਸਥਾਨਕ ਭਾਰਤੀ ਪੈਲਸ ਵਿਖੇ ਕੀਤੀ ਜਾ ਰਹੀ ਹੈ।ਇਸ ਦੀ ਤਿਆਰੀਆਂ ਲਈ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਤੇ ਪ੍ਰੈਸ ਸਕੱਤਰ ਮੋਹਨ ਸਿੰਘ ਬਲੀਓਂ ਦੀ ਪ੍ਰਧਾਨਗੀ ਹੇਠ ਬਲਾਕ ਪ੍ਰਧਾਨਾਂ ਦੀ ਮੀਟਿੰਗ ਹੋਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗਿਆਸਪੁਰਾ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਸਬੰਧੀ ਜ਼ਿਲ੍ਹਾ ਵਾਈਜ਼ ਕਿਸਾਨ ਪੰਚਾਇਤਾਂ ਦਾ ਆਯੋਜਨ ਕਰ ਰਹੀ ਹੈ।ਇਸ ਪੰਚਾਇਤ ਵਿੱਚ ਪ੍ਰਮੁੱਖ ਤੌਰ 'ਤੇ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਦੇ ਵਿਰੋਧ ਲਈ ਵਿਉਂਤਬੰਦੀ ਕਰਨਾ, ਕੋਆਪ੍ਰੇਟਿਵ ਸੁਸਾਇਟੀ ਦੇ ਕਰਜ਼ਾ, ਪੰਜਾਬ ਅੰਦਰ ਨਕਲੀ ਦੁੱਧ ਖਿਲਾਫ ਸੰਘਰਸ਼ ਦੀ ਤਿਆਰੀ ਸਬੰਧੀ, ਬੀਜ ਸੋਧ ਬਿੱਲ ਤੇ ਮਗਨਰੇਗਾ ਦਾ ਨਾਂਅ ਬਦਲਣਾ, ਕੇਂਦਰ ਸਰਕਾਰ ਵੱਲੋਂ ਰਾਜ ਸਰਕਾਰਾਂ ਨੂੰ ਫੰਡ ਵਿੱਚ ਰੋਸ਼ੋ ਘੱਟ ਦੇਣ, ਦਿਹਾੜੀ ਦੇ ਦਿਨ ਘਟਾਉਣ ਤੇ ਦਿਹਾੜੀ ਦੇ ਘੰਟੇ ਵਧਾਉਣ, ਚਿੱਪ ਵਾਲੇ ਬਿਜਲੀ ਮੀਟਰ ਨਾ ਲਾਉਣ ਆਦਿ ਮਸਲਿਆਂ ਉੱਤੇ ਵਿਚਾਰ ਚਰਚਾ ਕੀਤੀ ਜਾਵੇਗੀ।ਮੋਹਣ ਸਿੰਘ ਬਾਲਿਓਂ ਨੇ ਸਮਰਾਲਾ ਹਲਕੇ ਦੇ ਸਮੂਹ ਕਿਸਾਨਾਂ ਤੇ ਮਜ਼ਦੂਰਾਂ ਨੂੰ ਇਸ ਕਿਸਾਨ ਪੰਚਾਇਤ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਮਨਪ੍ਰੀਤ ਸਿੰਘ ਘਲਾਲ ਜ਼ਿਲ੍ਹਾ ਸਕੱਤਰ, ਕੁਲਦੀਪ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਗੁਰਜੀਤ ਸਿੰਘ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਮੀਤ ਪ੍ਰਧਾਨ, ਗੁਰਮੀਤ ਸਿੰਘ ਸਹਿਜੋਮਾਜਰਾ, ਕੁਲਵਿੰਦਰ ਸਿੰਘ ਸਹਿਜੋਮਾਜਰਾ, ਜਗਜੀਤ ਸਿੰਘ ਬਲਾਕ ਮੀਤ ਪ੍ਰਧਾਨ, ਸਤਵੀਰ ਸਿੰਘ ਬਲਾਕ ਮੀਤ ਪ੍ਰਧਾਨ, ਸੋਹਣਜੀਤ ਸਿੰਘ ਸਹਿਜੋਮਾਜਰਾ, ਰਮਨਦੀਪ ਸਿੰਘ ਘੁਲਾਲ, ਤੇਜਿੰਦਰ ਸਿੰਘ ਸਹਿਜੋਮਾਜਰਾ, ਮੇਜਰ ਸਿੰਘ ਸਹਿਜੋ ਮਾਜਰਾ, ਸਵਰਨ ਸਿੰਘ ਹੇੜੀਆਂ ਇਕਾਈ ਪ੍ਰਧਾਨ, ਰਮਨਦੀਪ ਸਿੰਘ ਹੇੜੀਆਂ ਆਦਿ ਤੋਂ ਇਲਾਵਾ ਵੱਖ-ਵੱਖ ਬਲਾਕਾਂ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਮਾਨਵਤਾ ਨੂੰ ਸੇਧ ਦਿੰਦੀਆਂ ਰਹਿਣਗੀਆਂ-ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਤਵਾਰ ਨੂੰ ਸ੍ਰੀ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਦੇ ਪਾਵਨ ਮੌਕੇ ਪਟਿਆਲਾ ਦਿਹਾਤੀ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਇਲਾਕਿਆਂ ਵਿੱਚ ਕਰਵਾਏ ਸਮਾਗਮਾਂ ਵਿੱਚ ਹਾਜ਼ਰੀ ਭਰੀ।ਉਨ੍ਹਾਂ ਨੇ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਰਹਿੰਦੀ ਦੁਨੀਆਂ ਤੱਕ ਸਮੁੱਚੀ ਮਾਨਵਤਾ ਨੂੰ ਸੇਧ ਦਿੰਦੀਆਂ ਰਹਿਣਗੀਆਂ। ਇਸ ਦੌਰਾਨ ਇਲਾਕਾ ਨਿਵਾਸੀਆਂ ਨੇ ਮੰਤਰੀ ਡਾ. ਬਲਬੀਰ ਸਿੰਘ ਨੂੰ ਸਨਮਾਨਿਤ ਵੀ ਕੀਤਾ।ਗੁਰੂ ਰਵਿਦਾਸ ਮੰਦਿਰ ਪਿੰਡ ਲੌਟ, ਦੰਦਰਾਲਾ ਖਰੌੜ, ਸਿਉਨਾ, ਗੁਰੂ ਰਵਿਦਾਸ ਭਵਨ ਰਣਜੀਤ ਨਗਰ, ਪਿੰਡ ਝਿੱਲ, ਗੁਰਦੁਆਰਾ ਭਗਤ ਧੰਨਾ ਜੀ, ਨੰਦਪੁਰ ਕੇਸੋ ਵਿਖੇ ਕਰਵਾਏ ਨਗਰ ਕੀਰਤਨ, ਪਿੰਡ ਬਾਰਨ ਅਤੇ ਫੈਕਟਰੀ ਏਰੀਆ ਵਿਖੇ ਸੰਗਤ ਵੱਲੋਂ ਕਰਵਾਏ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮਾਜ ਨੂੰ ਸਮਾਨਤਾ, ਭਰਾਤਰੀਭਾਵ, ਪ੍ਰੇਮ ਅਤੇ ਮਨੁੱਖਤਾ ਦੇ ਰਾਹ 'ਤੇ ਤੁਰਨ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਸਿਰਫ਼ ਪੰਜਾਬ ਜਾਂ ਭਾਰਤ ਵਾਸੀਆਂ ਲਈ ਹੀ ਨਹੀਂ ਸਗੋਂ ਪੂਰੀ ਦੁਨੀਆਂ ਤੇ ਮਾਨਵਤਾ ਲਈ ਮਾਰਗਦਰਸ਼ਕ ਹਨ ਅਤੇ ਮਨੁੱਖਤਾ ਨੂੰ ਹਮੇਸ਼ਾਂ ਨੇਕੀ, ਇਮਾਨਦਾਰੀ ਅਤੇ ਸੇਵਾ ਦੀ ਪ੍ਰੇਰਣਾ ਦਿੰਦੀਆਂ ਰਹਿਣਗੀਆਂ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਦਿਹਾਤੀ ਹਰਪਾਲ ਸਿੰਘ ਵਿਰਕ, ਜਸਬੀਰ ਸਿੰਘ ਗਾਂਧੀ, ਸਰਪੰਚ ਬਲਕਾਰ ਸਿੰਘ, ਕੇਸਰ ਸਿੰਘ, ਨਸੀਬ ਸਿੰਘ, ਸੁਰਜੀਤ ਸਿੰਘ, ਤਰਸੇਮ ਸਿੰਘ ਸੋਨੀ, ਰਾਮ ਸਿੰਘ ਅਤੇ ਗਿਆਨ ਚੰਦ ਸਮੇਤ ਵੱਡੀ ਗਿਣਤੀ ਸੰਗਤ ਤੇ ਹੋਰ ਪਤਵੰਤੇ ਹਾਜ਼ਰ ਸਨ।

## ਕੇਂਦਰੀ ਬਜਟ ਨਾਲ ਨਿਵੇਸ਼ ਤੇ ਰੋਜ਼ਗਾਰ ਲਈ ਨਵੇਂ ਦਰਵਾਜ਼ੇ ਖੁੱਲ੍ਹਣਗੇ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੇਂਦਰੀ



ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੁਆਰਾ ਸੰਸਦ ਵਿੱਚ ਪੇਸ਼ ਕੀਤੇ ਗਏ ਕੇਂਦਰੀ ਬਜਟ 2026-27 ਦਾ ਸਵਾਗਤ ਕਰਦੇ ਹੋਏ ਇਸ ਨੂੰ ਹਰਿਆਣਾ ਦੇ ਵਿਕਾਸ ਲਈ ਬਹੁਤ ਮਹੱਤਵਪੂਰਨ ਦੱਸਿਆ। ਉਨ੍ਹਾਂ ਕਿਹਾ ਕਿ ਇਹ ਬਜਟ ਰਾਜ ਦੇ ਬੁਨਿਆਦੀ ਢਾਂਚੇ, ਖੇਤੀਬਾੜੀ, ਉਦਯੋਗ ਅਤੇ ਨੌਜਵਾਨ ਰੁਜ਼ਗਾਰ ਨੂੰ ਨਵੀਂ ਦਿਸ਼ਾ ਅਤੇ ਊਰਜਾ ਪ੍ਰਦਾਨ ਕਰੇਗਾ।ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਕੇਂਦਰੀ ਬਜਟ ਐਤਵਾਰ ਨੂੰ ਪੇਸ਼ ਕੀਤਾ ਗਿਆ ਹੈ। ਇਹ ਕੇਂਦਰੀ ਲੀਡਰਸ਼ਿਪ ਦੇ ਦੂਰਦਰਸ਼ੀ ਦ੍ਰਿਸ਼ਟੀਕੋਣ ਅਤੇ ਦੇਸ਼ ਨੂੰ ਤੇਜ਼ੀ ਨਾਲ ਅੱਗੇ ਲਿਜਾਣ ਦੇ ਉਨ੍ਹਾਂ ਦੇ ਮਜ਼ਬੂਤ ਇਰਾਦੇ ਨੂੰ ਦਰਸਾਉਂਦਾ ਹੈ।

## ਰੂਪ ਵਾਟਿਕਾ ਸਕੂਲ ਨੇ ਸ਼ਾਨਦਾਰ ਢੰਗ ਨਾਲ ਵਿਦਾਇਗੀ ਸਮਾਗਮ ਮਨਾਇਆ



**ਜਗਰਾਉਂ (ਅਮਿਤ ਖੰਨਾ)**- ਰੂਪ ਵਾਟਿਕਾ ਸਕੂਲ ਨੇ ਸਾਯੋਨਾਰਾ ਵਿਦਾਇਗੀ 2025-26 ਨੂੰ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ, ਜਿੱਥੇ 11ਵੀਂ ਜਮਾਤ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪਿਆਰ ਨਾਲ ਵਿਦਾਇਗੀ ਦਿੱਤੀ। ਇਹ ਸਮਾਗਮ ਊਰਜਾਵਾਨ ਢੋਲ ਦੀ ਧੁਨ, ਰੰਗੀਨ ਸਜਾਵਟ ਅਤੇ ਇੱਕ ਆਕਰਸ਼ਕ ਗੁਬਾਰੇ ਦੀ ਰਸਮ ਨਾਲ ਸ਼ੁਰੂ ਹੋਇਆ, ਜਿਸ ਨੇ ਪੂਰੇ ਮਾਹੌਲ ਨੂੰ ਤਿਉਹਾਰ ਬਣਾ ਦਿੱਤਾ।ਸੱਭਿਆਚਾਰਕ ਪੇਸ਼ਕਾਰੀਆਂ ਵਿੱਚ 11ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਇੱਕ ਸ਼ਾਨਦਾਰ ਡਾਂਸ ਪ੍ਰਦਰਸ਼ਨ, ਮੁੰਡਿਆਂ ਦੁਆਰਾ ਇੱਕ ਮਜ਼ੇਦਾਰ ਸਰਪ੍ਰਾਈਜ਼ ਡਾਂਸ ਅਤੇ ਅਧਿਆਪਕਾਂ ਲਈ ਦਿਲੋਂ ਸੁਨੇਹੇ ਸ਼ਾਮਲ ਸਨ। ਇਸ ਤੋਂ ਬਾਅਦ, 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਇੱਕ ਸ਼ਾਨਦਾਰ ਰੈਂਪ ਵਾਕ ਨਾਲ ਸਾਰਿਆਂ ਨੂੰ ਪ੍ਰਭਾਵਿਤ ਕੀਤਾ, ਜਿਸ ਦੇ ਨਤੀਜੇ ਵਜੋਂ ਵਿਸ਼ੇਸ਼ ਪੁਰਸਕਾਰ ਪ੍ਰਾਪਤ ਹੋਏ।

ਸਨਮਾਨਿਤ ਵਿਦਿਆਰਥੀਆਂ ਵਿੱਚ ਸ਼ਾਮਲ ਸਨ: ਮਿਸਟਰ ਫੈਸ਼ਨਿਸਟਾ: ਹਰਗੁਣ ਸਿੰਘ, ਮਿਸ ਫੈਸ਼ਨਿਸਟਾ: ਦੀਆ, ਮਿਸਟਰ ਰੈਡੀਐਂਟ ਸਮਾਈਲ: ਗੁਰਸ਼ਾਨ , ਅਤੇ ਮਿਸ ਰੈਡੀਐਂਟ ਸਮਾਈਲ:ਪਰੀਸਾ, ਮਿਸਟਰ ਗਲੈਮਰ ਗਲਾਈਡ: ਅਕਸ਼ਦ ਸਾਲੂੰਖੇ, ਮਿਸ ਗਲੈਮਰ ਗਲਾਈਡ: ਦਲੀਸ਼ਾ ਅਰੋੜਾ, ਮਿਸਟਰ ਰੂਪ ਵਾਟਿਕਾ ਕ੍ਰਿਸ਼ਨਾ ਕਪੂਰ ਅਤੇ ਮਿਸ ਰੂਪ ਵਾਟਿਕਾ ਸਿਮਰਨਪ੍ਰੀਤ ਕੌਰ , 12ਵੀਂ ਜਮਾਤ ਦੇ ਵਿਦਿਆਰਥੀ ਪ੍ਰੀਸ਼ਦ ਦੇ ਮੈਂਬਰਾਂ: ਹੈੱਡ ਬੁਆਏ: ਅਕਸ਼ਦ ਸਾਲੂੰਖੇ, ਹੈੱਡ ਗਰਲ: ਸਿਮਰਨਪ੍ਰੀਤ ਕੌਰ, ਸਪੋਰਟਸ ਕੈਪਟਨ: ਇਹਮ ਸ਼ਰਮਾ, ਅਤੇ ਸਕੂਲ ਕੈਪਟਨ: ਕ੍ਰਿਸ਼ਨਾ ਕਪੂਰ ਨੂੰ ਵੀ ਸਨਮਾਨਿਤ ਕੀਤਾ। ਕਨਿਕਾ ਨੂੰ ਉਸ ਦੇ ਅਨੁਸ਼ਾਸਨ ਅਤੇ ਇਕਸਾਰਤਾ ਲਈ ਪੂਰੀ ਹਾਜ਼ਰੀ ਅਤੇ ਅਨੁਸ਼ਾਸਿਤ ਵਿਦਿਆਰਥੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਸਮਾਰੋਹ ਦਾ ਸਭ ਤੋਂ ਵੱਕਾਰੀ ਸਨਮਾਨ, ਸਟੂਡੈਂਟ ਆਫ ਦਿ ਈਅਰ, ਖੁਸ਼ਮੀਤ ਕੁਮਾਰ ਨੂੰ ਦਿੱਤਾ ਗਿਆ। ਇਹ ਸਮਾਗਮ ਕੇਕ ਕੱਟਣ ਦੀ ਰਸਮ, ਸੁਆਦੀ ਦੁਪਹਿਰ ਦੇ ਖਾਣੇ ਅਤੇ ਇੱਕ ਜੀਵੰਤ ਡੀ.ਜੇ. ਡਾਂਸ ਨਾਲ ਸਮਾਪਤ ਹੋਇਆ। ਪ੍ਰਿੰਸੀਪਲ ਸ਼੍ਰੀਮਤੀ ਵਿੰਮੀ ਠਾਕੁਰ ਨੇ 12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

## ਗੁਰੂ ਰਵਿਦਾਸ ਦੁਆਰਾ ਵਿਖਾਏ ਰਸਤੇ 'ਤੇ ਚੱਲਣ ਦੀ ਲੋੜ : ਹਡਾਣਾ



**ਸਨੌਰ (ਰਾਜਿੰਦਰ ਥਿੰਦ)**-ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੇ ਮੌਕੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਵੱਖ ਵੱਖ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋ ਕੇ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਗੁਰੂ ਰਵਿਦਾਸ ਦੀ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ ਲਈ ਸਮਾਜਿਕ ਬਰਾਬਰੀ, ਭਾਈਚਾਰੇ ਅਤੇ ਮਨੁੱਖਤਾ ਦੀ ਸੇਵਾ ਦੇ ਸੰਦੇਸ਼ ਨੂੰ ਉਜਾਗਰ ਕੀਤਾ। ਇਸ ਮੌਕੇ ਉਹਨਾਂ ਨਾਲ ਆਪ ਆਗੂ ਗੁਰਮੀਤ ਸਿੰਘ ਸਰਪੰਚ, ਹਰਪ੍ਰੀਤ ਸਿੰਘ ਘੁੰਮਣ, ਰਮਿੰਦਰ ਜਮਨਾ, ਹੈਪੀ ਪਹਾੜੀਪੁਰ, ਅਤੇ ਹੋਰ ਕਈ ਆਪ ਆਗੂਆਂ ਤੋਂ ਇਲਾਵਾ, ਪਾਰਟੀ ਵਲੰਟੀਅਰ, ਅਤੇ ਵੱਖ ਵੱਖ ਪਿੰਡਾਂ ਦੇ ਲੋਕ ਮੌਜੂਦ ਸਨ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਗੁਰੂ ਰਵਿਦਾਸ ਨੇ ਸਾਰੀ ਮਨੁੱਖਤਾ ਨੂੰ ਬਿਨਾਂ ਕਿਸੇ ਭੇਦਭਾਵ ਦੇ ਏਕਤਾ ਅਤੇ ਪ੍ਰੇਮ ਦਾ ਰਸਤਾ ਦਿਖਾਇਆ।

## ਸ਼੍ਰੋਮਣੀ ਅਕਾਲੀ ਦਲ ਹਰ ਵਰਕਰ ਨਾਲ ਚੱਟਾਨ ਵਾਂਗ ਖੜ੍ਹਾ : ਮੱਖਣ ਸਿੰਘ ਲਾਲਕਾ



**ਨਾਭਾ (ਵਰਿੰਦਰ ਵਰਮਾ)** ਸ਼੍ਰੋਮਣੀ ਅਕਾਲੀ ਦਲ ਪੂਰੇ ਪੰਜਾਬ ਵਿੱਚ ਅੱਜ ਲੋਕਾਂ ਦੀ ਆਵਾਜ਼ ਚੁੱਕਣ ਵਾਲੀ ਇੱਕੋ ਇੱਕ ਪਾਰਟੀ ਹੈ ਤੇ ਮੁੱਖ ਭੂਮਿਕਾ ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਨਜ਼ਰ ਆ ਰਹੀ ਹੈ, ਹਾਲਾਂਕਿ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਕਾਂਗਰਸ ਪਾਰਟੀ ਹੈ, ਪਰ ਕਾਂਗਰਸ ਪਾਰਟੀ ਦੇ ਲੀਡਰਾਂ ਨੂੰ ਆਪਣਾ ਹੀ ਪਾਲਾ ਮਾਰ ਰਿਹਾ ਹੈ।ਉਹ ਹਰ ਕੋਈ ਮੁੱਦਾ ਜੋ ਪੰਜਾਬ ਦੇ ਹਿੱਤਾਂ ਵਿੱਚ ਨਹੀਂ ਹੈ, ਉਸ ਦੇ ਪ੍ਰਤੀ ਆਪਣੀ ਆਵਾਜ਼ ਬੁਲੰਦ ਕਰਨ ਵਿੱਚ ਨਾ ਕਾਮਯਾਬ ਰਹੇ ਹਨ ਤੇ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਘੁਰਕੀ ਤੋਂ ਡਰਦੇ ਹਨ ਪਰ ਸ਼੍ਰੋਮਣੀ ਅਕਾਲੀ ਦਲ ਜਿੱਥੇ ਪੰਜਾਬ ਦੇ ਮੁੱਦਿਆਂ ਦੀ ਗੱਲ ਹੁੰਦੀ ਹੈ ਡਟ ਕੇ ਅੱਗੇ ਚਟਾਨ ਦੇ ਵਾਂਗ ਖੜ ਜਾਂਦਾ ਹੈ, ਭਾਵੇਂ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਵੇ ਚਾਹੇ ਕੇਂਦਰ ਦੀ ਉੱਚੀ ਲੀਡਰਸ਼ਿਪ ਅਮਿਤ ਅਮਿਤ ਸ਼ਾਹ ਜਾਂ ਫਿਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੀ ਕਿਉਂ ਨਾ ਹੋਣ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਆਵਾਜ਼ ਬੁਲੰਦ ਕਰਦਾ ਰਿਹਾ ਹੈ ਤੇ ਕਰਦਾ ਰਹੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਇੱਕੋ ਇੱਕ ਅਜਿਹੀ ਪਾਰਟੀ ਹੈ, ਜਿਸ ਨੂੰ ਪੰਜਾਬੀ ਆਪਣੀ ਮਾਂ ਪਾਰਟੀ ਆਖ ਸਕਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਤੇ ਹਲਕਾ ਇੰਚਾਰਜ ਨਾਭਾ ਮੱਖਣ ਸਿੰਘ ਲਾਲਕਾ ਨੇ ਨਾਭਾ ਹਲਕੇ ਦੇ ਆਪਣੇ ਵਰਕਰਾਂ ਤੇ ਲੀਡਰਾਂ ਸਾਹਿਬਾਨਾ ਦੀ ਇੱਕ ਵਿਸ਼ੇਸ਼ ਇਕੱਤਰਤਾ ਦੌਰਾਨ ਸਾਂਝੇ ਕੀਤੇ।ਲਾਲਕਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਹੋਈ ਸਮੁੱਚੇ ਹਲਕਾਂ ਚਾਰਟ ਦੀ ਮੀਟਿੰਗ ਵਿੱਚ ਵਰਕਰਾਂ ਤੱਕ ਇਹ ਸੁਨੇਹਾ ਪੁਚਾਉਣ ਦੀ ਡਿਊਟੀ ਹਲਕਾ ਇੰਚਾਰਜਾਂ ਦੀ ਲਾਈ ਗਈ ਹੈ ਕਿ ਸ਼੍ਰੋਮਣੀ ਅਕਾਲੀ ਦਲ ਆਉਣ ਵਾਲੇ ਦਿਨਾਂ ਵਿੱਚ ਹਰ ਇੱਕ ਹਲਕੇ ਵਿੱਚ ਵੱਡੀਆਂ ਵਿਸ਼ਾਲ ਰੈਲੀਆਂ ਕਰਨ ਜਾ ਰਿਹਾ ਹੈ ਤੇ ਹੋਣ ਵਾਲੀਆਂ ਰੈਲੀਆਂ ਵਿੱਚ ਨਾਭਾ ਹਲਕੇ ਦੀ ਰੈਲੀ ਪਹਿਲੇ ਕਤਾਰ ਵਿੱਚ ਹੈ, ਸੋ ਵਰਕਰਾਂ ਨੂੰ ਤਕੜੇ ਹੋ ਕੇ ਰੈਲੀ ਸਬੰਧੀ ਹੁਣ ਤੋਂ ਤਿਆਰੀਆਂ ਕਰਨ ਦੀ ਜ਼ਰੂਰਤ ਹੈ।

## ਮੈਡੀਕਲ ਖੋਜਾਂ ਲਈ ਮ੍ਰਿਤਕ ਦੇਹ ਰਵਾਨਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਡੇਰਾ ਸੱਚਾ ਸੌਦਾ ਦੀਆਂ ਮਾਨਵਤਾ ਭਲਾਈ ਸਿੱਖਿਆਵਾਂ 'ਤੇ ਚਲਦਿਆਂ ਪਾਤੜਾਂ ਬਲਾਕ ਦੇ ਪਿੰਡ ਦੁਤਾਲ ਦੇ ਡੇਰਾ ਸ਼ਰਧਾਲੂ ਰਾਮੂ ਰਾਮ ਇੰਸਾਂ ਦਾ ਮ੍ਰਿਤਕ ਸਰੀਰ ਐਸ ਜੀ ਆਰ ਆਰ ਮੈਡੀਕਲ ਕਾਲਜ ਪਟੇਲ ਨਗਰ ਦੇਹਰਾਦੂਨ ਉਤਰਾਖੰਡ ਨੂੰ ਮੈਡੀਕਲ ਖੋਜਾਂ ਲਈ ਦਾਨ ਕੀਤਾ ਗਿਆ। ਅਰਥੀ ਨੂੰ ਉਹਨਾਂ ਦੀਆਂ ਧੀਆਂ ਅਤੇ ਨੂੰਹਾਂ ਨੇ ਮੋਢਾ ਦਿੱਤਾ। ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵਲੋਂ ਹਰੀ ਝੰਡੀ ਦਿਖਾ ਕੇ ਮ੍ਰਿਤਕ ਦੇਹ ਨੂੰ ਮੈਡੀਕਲ ਖੋਜਾਂ ਲਈ ਵੱਡੀ ਗਿਣਤੀ 'ਚ ਪੁੱਜੀ ਸਾਧ ਸੰਗਤ ਦੀ ਮੌਜੂਦਗੀ 'ਚ ਰਵਾਨਾ ਕੀਤਾ ਗਿਆ। ਪ੍ਰੇਮੀ ਰਾਮੂ ਰਾਮ ਇੰਸਾਂ ਅਮਰ ਰਹੇ ਤੇ ਜਬ ਤੱਕ ਸੂਰਜ ਚਾਂਦ ਰਹੇਗਾ ਤਦ ਤੱਕ ਰਾਮੂ ਰਾਮ ਇੰਸਾਂ ਤੇਰਾ ਨਾਮ ਰਹੇਗਾ ਦੇ ਆਕਾਸ਼ ਗੁੰਜਾਊ ਨਾਰਿਆਂ ਨਾਲ ਸਮੂਹ ਸਾਧ ਸੰਗਤ ਨੇ ਮ੍ਰਿਤਕ ਦੇਹ ਨੂੰ ਫੁੱਲਾਂ ਨਾਲ ਸ਼ਿੰਗਾਰੀ ਹੋਈ ਐਂਬੂਲੈਂਸ ਰਾਹੀਂ ਪਿੰਡ ਵਿੱਚ ਕਾਫਲੇ ਦੇ ਰੂਪ ਵਿੱਚ ਚੱਕਰ ਲਗਾਇਆ। ਇਸ ਮੌਕੇ ਸੇਵਾਦਾਰ ਨਿਰਭੈ ਇੰਸਾਂ, ਜਗਤਾਰ ਇੰਸਾਂ, ਸੁੱਖਾ ਇੰਸਾਂ , ਭੈਣ ਗੁਰਜੀਤ ਇੰਸਾਂ, ਭੈਣ ਕੋਮਲ ਇੰਸਾਂ ਤੋਂ ਇਲਾਵਾ ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਵਿਰਕ, ਸ਼ੈਲੀ ਮੋਟਰਜ਼ ਦੇ ਐਮ ਡੀ ਤਰਸੇਮ ਬਾਂਸਲ, ਕਰਨੈਲ ਸਿੰਘ ਸੀਨੀਅਰ ਆਗੂ ਆਪ, ਭਾਜਪਾ ਆਗੂ ਬਗੀਚਾ ਸਿੰਘ ਦੁਗਾਲ, ਪਿੰਡਾਂ ਦੇ ਪੰਚ ਸਰਪੰਚ,ਧਾਰਮਿਕ ਜਥੇਬੰਦੀਆਂ ਦੇ ਆਗੂ,ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰ ਵੀਰ ਅਤੇ ਭੈਣਾਂ ਤੇ ਵੱਡੀ ਗਿਣਤੀ ਸਾਧ ਸੰਗਤ ਹਾਜ਼ਰ ਸੀ।

## ਕੇ ਐਸ ਬੀ ਵਰਲਡ ਸਕੂਲ ਵਿਖੇ ਵਿਦਾਇਗੀ ਸਮਾਰੋਹ ਦਾ ਆਯੋਜਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਕੇ ਐਸ ਬੀ ਵਰਲਡ ਸਕੂਲ ਵਿਖੇ ਦਸਵੀਂ ਅਤੇ ਗਿਆਰਵੀਂ ਦੇ ਵਿਦਿਆਰਥੀਆਂ ਵੱਲੋਂ 12ਵੀਂ ਜਮਾਤ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀ ਅਤੇ ਅਧਿਆਪਕ ਦੇ ਪਵਿੱਤਰ ਰਿਸ਼ਤੇ ਦੀ ਖੂਬਸੂਰਤੀ ਨੂੰ ਵਿਦਿਆਰਥੀਆਂ ਨੇ ਕਵਿਤਾਵਾਂ ਰਾਹੀਂ ਦਰਸਾਇਆ। ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਦਾ ਪੂਰਾ ਆਨੰਦ ਮਾਣਿਆ ।ਦਸਵੀਂ ਅਤੇ ਗਿਆਰਵੀਂ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸੰਗੀਤਕ ਪ੍ਰਦਰਸ਼ਨ ਨੂੰ ਸਾਰਿਆਂ ਨੇ ਖ਼ੂਬ ਸਰਾਹਿਆ। ਜਪਨੂਰ ਕੌਰ ਨੂੰ ਮਿਸ ਕੇ .ਐਸ. ਬੀ. ਅਤੇ ਕਵਰਹਿਰਦੈਪ੍ਰੀਤ ਸਿੰਘ ਨੂੰ ਮਿਸਟਰ ਕੇ.ਐਸ. ਬੀ ਐਲਾਨਿਆ ਗਿਆ। ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਏਕਮਪ੍ਰੀਤ 'ਮਿਸ ਗ੍ਰੇਸਫੁੱਲ,ਮਿਸ ਚਾਰਮਿੰਗ ਨੂਰਪ੍ਰੀਤ ਕੌਰ,ਮਿਸਟਰ ਪਾਵਰ ਹਾਊਸ ਮਨੀਸ਼ , ਮਿਸਟਰ ਵੌਗਿੰਸ਼ ਵਿਸ਼ਵਜੀਤ ਸਿੰਘ,ਮਿਸ ਵੌਗਿੰਸ਼ ਮਨਸ਼ਾਤ ਕੌਰ ਮਿਸਟਰ ਐਲੀਗੈਂਟ ਹਰਮਨਜੋਤ ਸਿੰਘ ਐਲਾਨੇ ਗਏ।

ਸਕੂਲ ਦੇ ਹੈੱਡ ਬੁਆਏ ਵਿਸ਼ਵਜੀਤ ਸਿੰਘ ਅਤੇ ਹੈੱਡ ਗਰਲ ਮਨਸ਼ਾਤ ਕੌਰ ਨੇ ਅਧਿਆਪਕਾਵਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ।ਵਿਦਿਆਰਥੀਆਂ ਨੂੰ ਯਾਦਗਾਰੀ ਤੋਹਫ਼ੇ ਅਤੇ ਸਨਮਾਨ ਪੱਤਰ ਭੇਟ ਕੀਤੇ ਗਏ। ਸਕੂਲ ਦੇ ਪ੍ਰੈਜ਼ੀਡੈਂਟ ਸ.ਗੁਰਲਾਡ ਸਿੰਘ ਕਾਹਲੋਂ , ਚੇਅਰਮੈਨ ਸ੍ਰੀ ਨਰੇਸ਼ ਕੁਮਾਰ , ਚੇਅਰਪਰਸਨ ਮੈਡਮ ਗੀਨਾ ਚੀਮਾ ਨੇ ਵਿਦਿਆਰਥੀਆਂ ਨੂੰ ਜੀਵਨ ਦੇ ਨਵੇਂ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ । ਪ੍ਰਿੰਸੀਪਲ ਮੈਡਮ ਅਨੀਤਾ ਸਹੂਜਾ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਨੁਸ਼ਾਸਨ, ਮਿਹਨਤ ਅਤੇ ਇਮਾਨਦਾਰੀ ਹੀ ਜੀਵਨ ਵਿੱਚ ਸਫਲਤਾ ਦੀ ਕੁੰਜੀ ਹਨ। ਉਨ੍ਹਾਂ ਨੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

## ਵਿਧਾਇਕ ਕੁਲਵੰਤ ਸਿੰਘ ਗੁਰੂ ਘਰਾਂ 'ਚ ਹੋਏ ਨਤਮਸਤਕ



**ਮੋਹਾਲੀ (ਗੁਰਜੀਤ ਬਿੱਲਾ)**-ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ- ਵੱਖ ਗੁਰੂ ਘਰਾਂ ਵਿੱਚ ਕਰਵਾਏ ਗਏ ਧਾਰਮਿਕ ਸਮਾਗਮ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਨਤਮਸਤਕ ਹੋਏ, ਵਿਧਾਇਕ ਕੁਲਵੰਤ ਸਿੰਘ ਪਿੰਡ ਲਖਨੌਰ, ਪਿੰਡ ਕੈਲੋ ਧਰਮਸ਼ਾਲਾ ਵਿਖੇ, ਪਿੰਡ ਧੁਰਾਲੀ, ਗੁਰਦੁਆਰਾ ਸਾਹਿਬ-ਪਿੰਡ ਰਾਏਪੁਰ ਖੁਰਦ, ਗੁਰਦੁਆਰਾ ਭਗਤ ਰਵਿਦਾਸ ਜੀ ਉੱਪਰਲਾ ਮੁਹੱਲਾ ਪਿੰਡ ਮੌਲੀ, ਪਿੰਡ ਕੁੰਭੜਾ, ਗੁਰਦੁਆਰਾ ਸ੍ਰੀ ਡੇਰਾ ਸਾਹਿਬ-ਪਿੰਡ ਸੁਹਾਣਾ, ਫੇਜ਼- 7, ਮੋਹਾਲੀ ਅਤੇ ਧਰਮਸ਼ਾਲਾ ਪਿੰਡ ਮਟੌਰ ਵਿਖੇ ਹੋਏ ਧਾਰਮਿਕ ਸਮਾਗਮਾਂ ਦੇ ਦੌਰਾਨ ਸੰਗਤਾਂ ਦੇ ਸਨਮੁਖ ਬੈਠ ਕੇ ਗੁਰੂ ਵਿਚਾਰਾਂ ਸੁਣੀਆਂ, ਸਮਾਗਮਾਂ ਦੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਅੱਜ ਦੇਸ਼- ਵਿਦੇਸ਼ਾਂ ਵਿੱਚ ਸੰਗਤਾਂ ਦੇ ਵੱਲੋਂ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਦੇ ਨਾਲ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਅਗਲੇ ਸਾਲ ਤੋਂ ਸਰਕਾਰੀ ਪੱਧਰ ਤੇ ਮਨਾਇਆ ਜਾਵੇਗਾ। ਇਸ ਮੌਕੇ ਤੇ ਕੁਲਦੀਪ ਸਿੰਘ ਸਮਾਣਾ, ਡਾ. ਕੁਲਦੀਪ ਸਿੰਘ, ਅਵਤਾਰ ਸਿੰਘ ਮੌਲੀ, ਆਰ ਪੀ ਸ਼ਰਮਾ, ਸੁਰਿੰਦਰ ਸਿੰਘ ਰੋਡਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਕਵਲਜੀਤ ਕੌਰ ਸਾਬਕਾ ਕੌਂਸਲਰ, ਸੁਖਚੈਨ ਸਿੰਘ, ਗੁਰਪ੍ਰੀਤ ਸਿੰਘ ਚਾਹਲ, ਅਕਬਿੰਦਰ ਸਿੰਘ ਗੋਸਲ ਚੇਅਰਮੈਨ ਜ਼ਿਲ੍ਹਾ ਟ੍ਰੇਡ ਵਿੰਗ ਮੋਹਾਲੀ ਵੀ ਹਾਜ਼ਰ ਸਨ।

## ਫਿਰਕੂ ਇਕਸੁਰਤਾ ਤੇ ਲੋਕ ਰਾਜ ਦੇ ਖਾਤਮੇ ਦੇ ਸੰਘੀ ਗ੍ਰੋਹਾਂ ਦੇ ਕੋਝੇ ਮਨਸੂਬੇ ਫੇਲ੍ਹ ਕਰੋ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**-'ਸੰਘੀ ਗ੍ਰੋਹਾਂ ਵੱਲੋਂ ਉੱਤਰਾਖੰਡ ਵਿਖੇ ਕੀਤੀ ਗਈ ਸੂਫੀ ਫ਼ਕੀਰ ਬਾਬਾ ਬੁੱਲ੍ਹੇਸ਼ਾਹ ਦੀ ਦਰਗਾਹ ਦੀ ਵਿਉਂਤਬੱਧ ਬੇਹੁਰਮਤੀ ਤੋਂ ਇਹ ਬਾਖੂਬੀ ਸਿੱਧ ਹੁੰਦਾ ਹੈ ਕਿ ਹਿੰਦੁਤਵੀ ਖਰੂਦੀ ਸਾਂਝੀਵਾਲਤਾ ਤੇ ਫਿਰਕੂ ਇਕਸੁਰਤਾ ਦੇ ਹਰ ਨਿਸ਼ਾਨ ਤੇ ਅਤੀਤ ਦੀਆਂ ਸਾਰੀਆਂ ਨਰੋਈਆਂ ਕਦਰਾਂ-ਕੀਮਤਾਂ ਦੇ ਖਾਤਮੇ ਲਈ ਬਜ਼ਿਦ ਹਨ।'ਉਕਤ ਸ਼ਬਦ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੀ ਮੀਟਿੰਗ 'ਚ ਬੋਲਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਹੇ ਹਨ। ਪਾਸਲਾ ਨੇ ਕਿਹਾ ਕਿ ਮੁਸਲਿਮ ਵਸੋਂ ਨੂੰ ਹਿੰਦੂ ਤਿਉਹਾਰਾਂ ਤੇ ਪਵਿਤਰ ਆਯੋਜਨਾ ਤੋਂ ਦੂਰ ਰਹਿਣ ਦਾ ਫਰਮਾਨ ਜਾਰੀ ਕਰਕੇ ਸੰਘੀ ਟੋਲੇ ਭਾਰਤੀ ਸਮਾਜ ਦੀ ਫਿਰਕੂ ਆਧਾਰ 'ਤੇ ਤਿੱਖੀ, ਸਦੀਵੀਂ ਵੰਡ ਕਰਨਾ ਚਾਹੁੰਦੇ ਹਨ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਕੌਮੀ ਸੁਰਖਿਆ ਸਲਾਹਕਾਰ ਅਜੀਤ ਡੋਭਾਲ ਦਾ ਅਤੀਤ ਦੀਆਂ ਮੰਦਭਾਗੀਆਂ ਘਟਨਾਵਾਂ ਨੂੰ ਆਧਾਰ ਬਣਾ ਕੇ ਅਜੋਕੇ ਨਾਗਰਿਕਾਂ ਤੋਂ ਬਦਲਾ ਲੈਣ ਦਾ ਸੱਦਾ ਦਿੰਦਾ ਅੱਤ ਦਰਜੇ ਦਾ ਭੜਕਾਊ ਬਿਆਨ, ਘੱਟ ਗਿਣਤੀਆਂ ਦੇ ਕਤਲੇਆਮ 'ਤੇ ਘਰੋਗੀ ਜੰਗ ਛਿੜਨ ਦਾ ਜਰੀਆ ਬਣ ਸਕਦਾ ਹੈ। ਪਾਸਲਾ ਨੇ ਦੱਸਿਆ ਹੈ ਕਿ ਪਾਰਟੀ ਵਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ, 2026 ਨੂੰ ਕੌਮੀ ਰਾਜਧਾਨੀ ਦਿੱਲੀ ਵਿਖੇ ਵਿਸ਼ਾਲ ਦੇਸ਼ ਵਿਆਪੀ ਇਕੱਠ ਕੀਤਾ ਜਾਵੇਗਾ। ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਪੰਜਾਬ ਅਜੋਕੇ ਖਤਰਨਾਕ ਹਾਲਾਤ ਬਾਰੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਅਪਰਾਧੀ ਗਰੋਹਾਂ, ਨਸ਼ਾ ਤਸਕਰਾਂ ਤੇ ਮਾਫੀਆ ਤੰਤਰ ਨੂੰ ਹਾਸਲ ਹਕੂਮਤੀ ਥਾਪੜੇ ਸਦਕਾ ਨਾਜਾਇਜ਼ ਮਾਇਨਿੰਗ ਅਤੇ ਕਤਲਾਂ, ਲੁੱਟਾਂ-ਖੋਹਾਂ, ਫਿਰੌਤੀ ਵਸੂਲੀ ਆਦਿ ਵਾਰਦਾਤਾਂ ਬੇਰੋਕ ਵਧ ਰਹੀਆਂ ਹਨ। ਆਰੰਭ ਵਿਚ ਲੰਘੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਥੀ ਪਿਆਰਾ ਸਿੰਘ ਪ੍ਰਿੰਸੀਪਲ, ਜਸਪਾਲ ਸਿੰਘ ਝਬਾਲ, ਬਲਵਿੰਦਰ ਸਿੰਘ ਛੇਹਰਟਾ, ਅਵਤਾਰ ਸਿੰਘ ਗੁਰਦਾਸਪੁਰ ਤੇ ਮਾਤਾ ਹਰਬੰਸ ਕੌਰ ਨੂੰ ਮੌਨ ਖੜੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

## ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਬੂਟ ਵੰਡੇ



**ਜਗਰਾਉਂ (ਅਮਿਤ ਖੰਨਾ)** - ਜਗਰਾਓ ਦੀ ਸਮਾਜ ਸੇਵੀ ਸੰਸਥਾ ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ ਸ਼ਨਿੱਚਰਵਾਰ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਬੱਗੂ ਦੇ 150 ਵਿਦਿਆਰਥੀਆਂ ਨੂੰ ਬੂਟ ਵੰਡੇ ਗਏ।ਇਸ ਮੌਕੇ ਚੇਅਰਮੈਨ ਰੋਹਿਤ ਅਰੋੜਾ, ਸਰਪ੍ਰਸਤ ਸੁਨੀਲ ਬਜਾਜ ਤੇ ਪ੍ਰਧਾਨ ਵਿਸ਼ਾਲ ਸ਼ਰਮਾ ਨੇ ਦੱਸਿਆ ਸੁਸਾਇਟੀ ਵੱਲੋਂ ਜਗਰਾਓ ਸ਼ਹਿਰ ਦੀਆਂ ਵਿੱਦਿਅਕ ਸੰਸਥਾਵਾਂ ਤੋਂ ਇਲਾਵਾ ਨਾਲ ਲੱਗਦੇ ਪਿੰਡਾਂ 'ਚ ਪੜ੍ਹਦੇ ਗਰੀਬ ਪਰਿਵਾਰਾਂ ਦੇ ਬੱਚਿਆਂ ਦੀ ਮਦਦ ਲਈ ਵੀ ਸਮਾਜ ਸੇਵਾ ਦੇ ਪ੍ਰੋਜੈਕਟ ਲਗਾਏ ਜਾਂਦੇ ਹਨ ਜਿਨ੍ਹਾਂ ਦੀ ਲੜੀ ਤਹਿਤ ਕੋਠੇ ਬੱਗੂ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੇ 150 ਵਿਦਿਆਰਥੀਆਂ ਨੂੰ ਬੂਟ ਤਕਸੀਮ ਕੀਤੇ ਗਏ।ਇਸ ਮੌਕੇ ਕੈਸ਼ੀਅਰ ਨੀਰਜ ਕਟਾਰੀਆ, ਪੀ ਆਰ ਓ ਨਾਨੇਸ਼ ਗਾਂਧੀ, ਸੈਕਟਰੀ ਕੰਵਲ ਕੱਕੜ, ਸ਼ੁਭਮ, ਨੀਰਜ ਮਿੱਤਲ, ਰਾਜਵਿੰਦਰ ਕੌਰ ਐਚ ਟੀ, ਜਸਪ੍ਰੀਤ ਕੌਰ, ਪਰਮਿੰਦਰ ਕੌਰ ਆਦਿ ਹਾਜ਼ਰ ਸਨ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Mansimranjit Singh S/o Amarjit Singh R/o 131, Dashmesh Avenue, Amritsar have changed my name From MANSIMRANJIT SINGH to MANSIMRANJIT SINGH CHHINA. Concerned Note.

I Manisha Dhawan w/o Anil Dhawan R/o. EJ-266, Chahar Bagh, Jalandhar. have changed my name from Manisha Dhawan to Monisha Dhawan. All Concerned may note.

I, Gurparab Singh S/o Pal Singh R/o H. No. 717, Baba Budha Ji Nagar, Basti Mithu, District Jalandhar, Punjab declare that I have changed my name from Gurprabh Singh to Gurparab Singh.

I , Kamaljeet Kanda S/O Raj Kumar Kanda R/O H. No. 503/1, Mohalla Laxmi Nagar, Amritsar Road, Kapurthala. 144601., do hereby declares that I have changed my minor daughter Gaytri Kanda's name from Gaytri Kanda to Gaytri. Concerned please note.

I, Sunita Kumari Wife Sushil Sharma 57/6 Chowk Kajian Wala ward No. 6 Patti Tehsil Patti District Tarn Taran Have Changed My Name From Sunita Rani to Sunita Kumari pl note it.

I, GURPREET SINGH S/O AJIT SINGH, Residing at Ward No.9, Dharampura Mohalla, Dasuya, Distt.Hoshiarpur, Punjab - 144205, have changed my name from GURPREET SINGH to SINGH GURPREET.

I, Amanpreet Kaur D/O Tarsem Singh W/O Gurpreet Singh R/O Ward No.9, Dharampura Mohalla, Dasuya, Distt.Hoshiarpur, Punjab 144205 have Changed my name from Amanpreet Kaur to Kaur Amanpreet.

I, SASMITA KUMARI, Daughter of Late HAV Hony Nb Sub ASHOK KUMAR MAHAPATRA, resident of 114, KASTURBA NAGAR, JALANDHAR CANTT, DISTRICT - JALANDHAR, PIN - 144005, have changed my name from SASMITA KUMARI to SASMITA MAHAPATRA vide Affidavit dated 30/01/2026 before Executive Magistrate, Jalandhar-1.

### Change of Name

I, GURPREET SINGH S/O AJIT SINGH, Residing at Ward No.9, Dharampura Mohalla, Dasuya, Distt. Hoshiarpur, Punjab - 144205, have changed the name of my minor son JAPREET SINGH, aged 11 years and he shall hereafter be known as SINGH JAPREET.

I, Sandeep Kaur w/o Daljit Singh r/o VPO. Raipur Arian, Tehsil Bholath, Distt. Kapurthala have changed my name to Given name as Sandeep & Surname as Kaur. All Please Note.

I, Pehal @ Pehal Suty D/o Harish Lal R/o H.No. 483, Basti Bawa Khel, Jalandhar, Punjab have changed my name from Pehal to Pehal Suty. All Please Note.

I, Gurwinder Kaur W/o Satnam Singh R/o H.No. 1b, Guru Amardass Nagar, Kalia Farm, Jalandhar, Punjab-144008 have changed my name from Gurwinder Kaur to Gurvinder Kaur. All Please Note.

I, Kajal Chaudhary D/o Fatul Chaudhary W/o Kapil Kumar R/o H.No. W.F-72, G.T. Road, Vaishno Gali, Jalandhar have changed my name from Kajal Chaudhary to Kajal Kumari Choudhary, after marriage. All Please Note.

### PUBLIC NOTICE

Lost my PSEB 10th class certificate wide Roll No. 1021539615, Name : Vansh Thaper, Father Name : Manga. If found, contact VPO. Dhaliwal Dona, Distt. Kapurthala, Ph. 8699652605 to return.

### ਬੇਦਖਲੀ ਨੋਟਿਸ

ਅਸੀਂ ਕੁਲਵੰਤ ਕੌਰ ਪਤਨੀ ਦਲੀਪ ਸਿੰਘ ਅਤੇ ਦਲੀਪ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀਆਨ ਪਿੰਡ ਭਦਾਸ ਤਹਿਸੀਲ ਭੁਲੱਥ ਜ਼ਿਲ੍ਹਾ ਕਪੂਰਥਲਾ, ਪੰਜਾਬ, ਭਾਰਤ ਦੀ ਹਾਂ ਅਤੇ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਲਖਵਿੰਦਰ ਸਿੰਘ ਤੇ ਸਾਡੀ ਨੂੰਹ ਰਾਜਵਿੰਦਰ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ ਝਗੜਾ ਤੇ ਕੁੱਟਮਾਰ ਕਰਦੇ ਰਹਿੰਦੇ ਹਨ ਇਸ ਲਈ ਮੈਂ ਇਹਨਾਂ ਦੋਨਾਂ ਨੂੰ ਅਪਨੀ ਤਮਾਮ ਚੱਲ-ਅਚੱਲ ਜਾਇਦਾਦ ਚੋਂ ਬੇਦਖਲ ਕਰਦੇ ਹਨ। ਅਸੀ ਇਹਨਾਂ ਦੋਨਾਂ ਨਾਲ ਕੋਈ ਤਲਕ ਵਾਸਤਾ ਨਹੀ ਰੱਖਣਾ ਚਾਹੰਦੇ ਹਨ, ਆਪਣੀ ਹਰ ਚੰਗੀ ਮਾੜੀ ਕਾਰਵਾਈ ਲਈ ਉਹ ਖੁਦ ਜਿੰਮੇਦਾਰ ਹੋਣਗੇ, ਅਸੀ ਜਾਂ ਸਾਡੇ ਪਰਿਵਾਰ ਦਾ ਕੋਈ ਮੈਂਬਰ ਇਹਨਾਂ ਦੇ ਕਿਸੇ ਵੀ ਕੰਮ ਲਈ ਜਿੰਮੇਵਾਰ ਨਹੀ ਹੋਣਗੇ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### COURT NOTICE

(U/o 5 Rule 20 CPC)
In The Court of
Ms. Suman Pathak
Civil Judge (Senior Division),
Kapurthala
CNR No. PBKP02-000533-2025
Next Date: 19-02-2026
Surjit Kaur
Vs.
General Public

Petition under Section 372 of Indian Succession Act

Publication Issued To : General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 19-02-2026 at 10:00 a.m

For details logon to https://highcourtchd.gov.in/?mod=district_notice&district=Kapurthala

Civil Judge (Senior Division)
Kapurthala (D)
Dated, this day of 23-01-2026

### COURT NOTICE

In the Court of
Sh. Bikramdeep Singh
Judicial Magistrate - 1st Class-2,
Patiala
CNR No: PBPT03-016832-2022
Next Date : 25-03-2026
Harvinder Singh
VS.
Vikramjit Singh Dahri

Detail of offence :- 138 NI ACT

Notice To :
Vikramjit Singh Dahri
Father : Gurbachan Singh
Prop. Dhari Solar R/o 23, Indrapuri Colony Sirhind Road Patiala

In above titled case, the accused could not be served. It is ordered that accused should appear in person or through counsel on 25-03-2026 at 10:00 a.m.

For details logon to https://highcourtchd.gov.in/?mod=district_notice&district=patiala

Judicial Magistrate - 1st Class-2,
Patiala
Dated, this day of 30-01-2026

### COURT NOTICE

(U/o 5 Rule 20 CPC)
In The Court of Sh. Deepak Kumar Choudhary
Principal Judge (FC),
Barnala
CNR No. PBBR01-001773-2025
Next Date: 09-03-2026
Sukhpreet Kaur
Vs.
Jagsir Singh

Publication Issued To:
Jagsir Singh
Father : Joginder Singh
Bigerwal Road Sunam, Distt. Sangrur

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 09-03-2026 at 10:00 a.m.

For details logon to https://highcourtchd.gov.in/?mod=district_notice&district=barnala

Principal Judge (FC), Barnala
Dated, this day of 31-01-2026

2 Feb Page 8.qxd 2/1/2026 10:30 PM Page 1



## ਪਿੰਡ ਨੱਥਾ ਨੰਗਲ ਵਿਖੇ ਪ੍ਰਕਾਸ਼ ਉਤਸਵ ਸ਼ਰਧਾ ਨਾਲ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)** ਜਗਤ ਗੁਰੂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਉਤਸਵ ਬੜੀ ਸ਼ਰਧਾ ਨਾਲ ਪਿੰਡ ਨੱਥਾ ਨੰਗਲ ਵਿਖੇ ਮਨਾਇਆ ਗਿਆ। ਸਮਾਰੋਹ ਵਿੱਚ ਐੱਸ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਮੁੱਖ ਮਹਿਮਾਨ ਵਜੋਂ



ਸ਼ਾਮਲ ਹੋਏ ਤੇ ਉਨ੍ਹਾਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਾਂ ਵਿੱਚ ਸੀਸ ਨਿਵਾਇਆ। ਇਸ ਮੌਕੇ ਕੀਰਤਨੀ ਜੱਥਾ ਅਲੀਪੁਰ ਵਾਲੇ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦਾ ਸਿਮਰਨ ਕੀਤਾ ਗਿਆ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਪੂਰੀ ਦੁਨੀਆ ਅੰਦਰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਉਤਸਵ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਪੂਰੀ ਦੁਨੀਆ ਅੰਦਰ ਮਹਾਨ ਨਗਰ ਕੀਰਤਨ ਸਜਾਏ ਗਏ ਹਨ। ਉਨ੍ਹਾਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਉਤਸਵ ਸਬੰਧੀ ਪਿੰਡ ਨੱਥਾ ਨੰਗਲ ਵਿਖੇ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਸਤਿਗੁਰੂ ਰਵਿਦਾਸ ਮਹਾਰਾਜ ਦੇ ਚਰਨਾਂ ਵਿੱਚ ਨਤਮਸਤਕ ਹੋਈਆਂ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰੇ ਲਗਾਏ। ਉਨ੍ਹਾਂ ਕਿਹਾ ਕਿ ਪੰਜਾਬ ਇਕ ਅਜਿਹਾ ਸੂਬਾ ਹੈ, ਜਿੱਥੇ ਸਾਰੇ ਧਰਮਾਂ ਦੇ ਲੋਕ ਆਪਸੀ ਪਿਆਰ ਅਤੇ ਸਦਭਾਵਨਾ ਨਾਲ ਰਹਿੰਦੇ ਹਨ। ਸਮਾਗਮ ਉਪਰੰਤ ਸੰਗਤਾਂ ਨੂੰ ਅਟੁੱਟ ਲੰਗਰ ਵਰਤਿਆ ਗਿਆ। ਇਸ ਮੌਕੇ ਪ੍ਰਧਾਨ ਬਲਵੰਤ ਰਾਏ, ਵਾਈਸ ਪ੍ਰਧਾਨ ਰਵੀ ਕੁਮਾਰ, ਸਕੱਤਰ ਅਮਰੀਕ ਸਿੰਘ, ਮੈਂਬਰ ਮੱਖਣ, ਰਜੇਸ਼ ਕੁਮਾਰ, ਕਾਨੂੰਨੀ ਸਲਾਹਕਾਰ ਐਡਵੋਕੇਟ ਕ੍ਰਿਸ਼ਨ ਬੁੱਟਾ, ਡਾਕਟਰ ਰਮਨ ਸਰਪੰਚ, ਰੋਸ਼ਨ ਲਾਲ, ਪ੍ਰਦੀਪ ਕੁਮਾਰ, ਕੁਲਦੀਪ ਕੁਮਾਰ, ਸੋਮਨਾਥ, ਰਾਕੇਸ਼ ਕੁਮਾਰ, ਸੁਰੇਸ਼ ਕੁਮਾਰ, ਟੋਨੀ, ਮੋਹਿਤ, ਰਾਮ ਕੁਮਾਰ, ਅਮਰ ਚੰਦ, ਰਵਿੰਦਰ ਕੁਮਾਰ ਤੇ ਨਗਰ ਨਿਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

## ਦਾਖ਼ਲਾ ਮੁਹਿੰਮ ਲਈ ਰਵਾਨਾ ਕੀਤੀ ਗੱਡੀ ਦਾ ਸਵਾਗਤ

**ਨਕੋਦਰ (ਮਨਜੀਤ ਮਾਨ)**- ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈਣ ਲਈ ਬੱਚਿਆਂ ਤੇ ਉਹਨਾਂ ਦੇ ਮਾਪਿਆਂ ਨੂੰ ਪ੍ਰੋਤਸਾਹਿਤ ਕਰਨ ਲਈ ਰਵਾਨਾ ਕੀਤੀ ਗਈ ਗੱਡੀ ਮਾਣਯੋਗ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ) ਤੇ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿੱ) ਜਲੰਧਰ ਦੀ ਰਹਿਨੁਮਾਈ ਹੇਠ ਤੇ ਬਲਾਕ ਨੋਡਲ ਅਫਸਰ ਦਮਨਜੀਤ ਕੌਰ ਦੀ ਅਗਵਾਈ ਵਿੱਚ ਪਿੰਡ ਗੋਹੀਰ ਵਿਖੇ ਪਹੁੰਚੀ।ਇਥੇ ਦੇ ਸਰਕਾਰੀ ਸਕੂਲਾਂ ਵਿੱਚ ਮਾਪਿਆਂ ਅਤੇ ਬੱਚਿਆਂ ਦੀ ਸਹਾਇਤਾ ਨਾਲ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਤੇ ਸਕੂਲ ਮੁੱਖੀ ਵੱਲੋਂ ਦਾਖਲਾ ਮੁਹਿੰਮ ਦੇ ਇਸ ਪ੍ਰੋਜੈਕਟ ਨੂੰ ਹੁਲਾਰਾ ਦਿੰਦੇ ਹੋਏ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਦਿੱਤੀਆਂ ਜਾਂਦੀਆਂ ਵੱਖ-2 ਸਹੂਲਤਾਂ ਬਾਰੇ ਜਾਣੂ ਕਰਵਾਇਆ ਗਿਆ ਤੇ ਪ੍ਰੈੱਸ ਮੀਡੀਆ ਵੱਲੋਂ ਇਸ ਦੀ ਕਵਰੇਜ ਕੀਤੀ ਗਈ।ਪ੍ਰਦੀਪ ਕੁਮਾਰ, ਸੀ ਐੱਚ ਟੀ ਬਲਾਕ ਨਕੋਦਰ-2 ਵੱਲੋਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਗਿਆ ਕਿ ਇਸ ਦਾਖਲਾ ਮੁਹਿੰਮ ਵਿੱਚ ਸ਼ਾਮਿਲ ਹੋਣ ਲਈ ਨੇੜੇ ਦੇ ਕਰੀਬ 10-15 ਪਿੰਡਾਂ ਦੇ ਪ੍ਰਾਇਮਰੀ ਸਕੂਲ ਅਤੇ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਦੇ ਅਧਿਆਪਕਾਂ ਨੇ ਹਿੱਸਾ ਲਿਆ।ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਦੀ ਬਦਲਦੀ ਨੁਹਾਰ ਤੇ ਆਧੁਨਿਕ ਯੁੱਗ ਦੇ ਹਾਣੀ ਹੋਣ ਲਈ ਬੱਚਿਆਂ ਨੂੰ ਪ੍ਰਦਾਨ ਕੀਤੀ ਜਾਂਦੀ ਡਿਜੀਟਲ ਤਰੀਕਿਆਂ ਨਾਲ ਦਿੱਤੀ ਜਾਂਦੀ ਸਿੱਖਿਆ ਬਾਰੇ ਵੀ ਜਾਣਕਾਰੀ ਦਿੱਤੀ ਗਈ। ਸੀਮਾ ਰਾਣੀ (ਲੈਕਚਰਾਰ ਪੰਜਾਬੀ) ਵੱਲੋਂ ਸਰਕਾਰੀ ਸਕੂਲਾਂ ਦੇ ਵਿੱਦਿਆਰਥੀਆਂ ਨੂੰ ਅੰਤਰ-ਰਾਜੀ



ਵਿੱਦਿਅਕ ਟੂਰ ਉੱਤੇ ਭੇਜੇ ਜਾਣ ਬਾਰੇ ਵੀ ਚਾਨਣਾ ਪਾਇਆ ਗਿਆ। ਇਸ ਮੌਕੇ 'ਤੇ ਰਮੇਸ਼ ਕੁਮਾਰ (ਹੈੱਡਮਾਸਟਰ), ਪਰਮਵੀਰ ਸਿੰਘ ਸੰਘੇੜਾ,ਜਸਵੀਰ ਕੌਰ ਪੁਜਾਰਾ, ਰਵਿੰਦਰ ਸਿੰਘ, ਵਿਪਨ ਕੁਮਾਰ, ਸਵਿਤਾ, ਰਜਿੰਦਰ ਕੁਮਾਰ, ਰਿਸ਼ੀ ਭਾਖੜੀ, ਮਨਜਿੰਦਰ ਸਿੰਘ, ਸੁਮਿਤ ਚੁਟਾਨੀ, ਪ੍ਰਿੰਸ ਲਾਲੀ, ਹਰਦੀਪ ਸਿੰਘ, ਆਸ਼ਾ ਰਾਣੀ,ਹਰਜਾਪ ਕੌਰ ਤੇ ਬਹੁਤ ਸਾਰੇ ਪ੍ਰਾਇਮਰੀ ਸਕੂਲਾਂ ਦੇ ਅਧਿਆਪਕ ਮੌਜੂਦ ਸਨ।

## ਕੇਂਦਰੀ ਸੰਚਾਰ ਬਿਊਰੋ ਨੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ

**ਕਪੂਰਥਲਾ, (ਮਨਜੀਤ ਮਾਨ, ਪ੍ਰੀਤ ਸੰਗੋਜਲਾ)**- ਕੇਂਦਰੀ ਸੰਚਾਰ ਬਿਊਰੋ (ਸੀ ਬੀ ਸੀ) ਨੇ ਹਿੰਦੂ ਕੰਨਿਆ ਕਾਲਜ, ਕਪੂਰਥਲਾ ਦੇ ਸਹਿਯੋਗ ਨਾਲ, ਅੰਡਰਗ੍ਰੈਜੂਏਟ ਵਿਦਿਆਰਥੀਆਂ ਤੇ ਫੈਕਲਟੀ ਲਈ ਕੇਂਦਰ ਸਰਕਾਰ ਦੀਆਂ ਵੱਖ-ਵੱਖ ਪ੍ਰਮੁੱਖ ਯੋਜਨਾਵਾਂ ਬਾਰੇ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ, ਤਾਂ ਜੋ ਉਨ੍ਹਾਂ ਨੂੰ ਇਨ੍ਹਾਂ ਯੋਜਨਾਵਾਂ ਦੇ ਲਾਭ ਪ੍ਰਾਪਤ ਕਰਨ ਬਾਰੇ ਜਾਗਰੂਕ ਕੀਤਾ ਜਾ ਸਕੇ। ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਵਿਭਾਗ ਦੇ ਸਹਿਯੋਗ ਨਾਲ ਸਾਈਬਰ ਅਪਰਾਧ ਬਾਰੇ ਜਾਗਰੂਕਤਾ 'ਤੇ ਇੱਕ ਵਿਸ਼ੇਸ਼ ਸੈਸ਼ਨ ਵੀ ਆਯੋਜਿਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਰਚਨਾ ਗਰਗ ਵੀ ਮੌਜੂਦ ਰਹੇ।ਕੇਂਦਰੀ ਸੰਚਾਰ ਬਿਊਰੋ ਦੇ ਸਹਾਇਕ ਡਾਇਰੈਕਟਰ, ਰਾਜੇਸ਼ ਬਾਲੀ ਨੇ ਵਿਅਕਤੀਆਂ ਦਾ ਸਵਾਗਤ ਕੀਤਾ ਅਤੇ ਸਮਾਗਮ ਵਿੱਚ ਸ਼ਾਮਲ ਲੋਕਾਂ ਨੂੰ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਭਾਰਤ ਸਰਕਾਰ ਦੀ ਨੋਡਲ ਏਜੰਸੀ ਵਜੋਂ ਸੀ ਬੀ ਸੀ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ, ਜੋ ਸਰਕਾਰੀ ਪਹਿਲਕਦਮੀਆਂ, ਯੋਜਨਾਵਾਂ ਤੇ ਮੁਹਿੰਮਾਂ ਬਾਰੇ ਜਾਗਰੂਕਤਾ ਫੈਲਾਉਣ ਦਾ ਕੰਮ ਕਰਦੀ ਹੈ।ਜ਼ਿਲ੍ਹਾ ਲੀਡ ਬੈਂਕ ਦੇ ਵਿੱਤੀ ਸਾਖਰਤਾ ਸਲਾਹਕਾਰ ਰਜਨੀਸ਼ ਕਾਂਤ ਨੇ ਮੁਦਰਾ ਯੋਜਨਾ, ਸਕਿੱਲ ਇੰਡੀਆ, ਸਟਾਰਟਅੱਪ ਇੰਡੀਆ ਤੇ ਹੋਰ ਬੈਂਕਿੰਗ ਨਾਲ ਸਬੰਧਤ ਯੋਜਨਾਵਾਂ 'ਤੇ ਇੱਕ ਜਾਣਕਾਰੀ ਭਰਪੂਰ ਭਾਸ਼ਣ ਦਿੱਤਾ ਜੋ ਨੌਜਵਾਨਾਂ, ਖ਼ਾਸ ਕਰਕੇ ਔਰਤਾਂ ਨੂੰ ਆਪਣੇ ਕਾਰੋਬਾਰ ਸ਼ੁਰੂ



ਕਰਕੇ ਆਤਮ-ਨਿਰਭਰ ਬਣਨ ਵਿੱਚ ਲਾਭ ਪਹੁੰਚਾ ਸਕਦੀਆਂ ਹਨ।ਸਫ਼ਾਈ ਦੀ ਮਹੱਤਤਾ 'ਤੇ ਚਰਚਾ ਕਰਦੇ ਹੋਏ, ਜ਼ਿਲ੍ਹਾ ਪ੍ਰਸ਼ਾਸਨ ਦੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਮਾਹਰ ਤਰਨੇਂਦਰਜੀਤ ਸਿੰਘ ਨੇ ਸਫ਼ਾਈ ਅਤੇ ਠੋਸ ਰਹਿੰਦ-ਖੂੰਹਦ ਪ੍ਰਬੰਧਨ 'ਤੇ ਇੱਕ ਭਾਸ਼ਣ ਦਿੱਤਾ ਤੇ ਵਾਤਾਵਰਣ ਦੀ ਰਾਖੀ ਦੇ ਪ੍ਰਭਾਵਸ਼ਾਲੀ ਢੰਗ-ਤਰੀਕਿਆਂ 'ਤੇ ਚਾਨਣਾ ਪਾਇਆ।

## ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਸੰਬੰਧੀ ਸਜਾਇਆ ਨਗਰ ਕੀਰਤਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਸੰਬੰਧੀ ਸ਼ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਰਜਿ. ਪੰਜਾਬ ਅਤੇ ਸ੍ਰੀ ਗੁਰੂ ਰਵਿਦਾਸ ਸਭਾ ਰਜਿ. ਪੰਜਾਬ ਦੀ ਸਾਂਝੇ ਤੌਰ ਤੇ ਬਣੀ ਸ੍ਰੀ ਗੁਰੂ ਰਵਿਦਾਸ ਨਗਰ ਕੀਰਤਨ ਪ੍ਰਬੰਧਕ ਕਮੇਟੀ ਵਲੋਂ ਵੱਖ ਵੱਖ ਪਿੰਡਾਂ ਅਤੇ ਮਹੱਲਿਆਂ ਦੀਆਂ ਸ੍ਰੀ ਗੁਰੂ ਰਵਿਦਾਸ ਸਭਾਵਾਂ,ਭਗਵਾਨ ਸ੍ਰੀ ਬਾਲਮੀਕ ਸਭਾਵਾਂ, ਡਾ. ਅੰਬੇਡਕਰ ਸਭਾਵਾਂ ਅਤੇ ਹੋਰ ਸਮਾਜਿਕ, ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਰੋਸ਼ਨ ਗਰਾਊਂਡ ਹੁਸ਼ਿਆਰਪੁਰ ਤੋਂ ਆਰੰਭ ਹੋਇਆ ਜੋ ਕਿ ਸ਼ਹਿਰ ਦੇ ਵੱਖ ਵੱਖ ਸਥਾਨਾਂ ਡਾ.ਅੰਬੇਡਕਰ ਚੌਕ ਨਜ਼ਦੀਕ ਬੱਸ ਅੱਡਾ, ਫਗਵਾੜਾ ਚੌਕ,ਘੰਟਾ ਘਰ, ਸ਼ੈਸ਼ਨ ਚੌਕ, ਗੌਰਮਿੰਟ ਕਾਲਿਜ ਚੌਕ, ਪ੍ਰਭਾਤ ਚੌਕ, ਮਹੱਲਾ ਕਮਾਲਪੁਰ ਤੋਂ ਹੁੰਦਾ ਹੋਇਆ ਸੰਪੂਰਨ ਹੋਇਆ।ਨਗਰ ਕੀਰਤਨ ਦੌਰਾਨ ਬਹੁਤ ਸੁੰਦਰ, ਰੰਗ ਬਿਰੰਗੇ ਫੁੱਲਾਂ ਨਾਲ ਸਜਾਈਆਂ ਪਾਲਕੀ ਸਾਹਿਬ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸੁੰਦਰ ਮੂਰਤੀਆਂ ਸ਼ਸ਼ੋਭਤ ਕੀਤੀਆਂ ਗਈਆਂ ਸਨ। ਨਗਰ ਕੀਰਤਨ ਮੌਕੇ ਰਾਗੀ ਜਥੇ ਅਤੇ ਸੰਗਤਾਂ ਵਲੋਂ ਸਤਿਗੁਰਾਂ ਦੀ ਬਾਣੀ ਦਾ ਕੀਰਤਨ, ਹਰੀਜਸ



ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਰਸਤੇ ਵਿੱਚ ਥਾਂ ਥਾਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਤਰ੍ਹਾਂ ਤਰ੍ਹਾਂ ਦੇ ਪਕਵਾਨ, ਚਾਹ, ਪਕੌੜਿਆਂ, ਫਲ ਫਰੂਟ ਆਦਿ ਦੇ ਲੰਗਰ ਵੀ ਲਗਾਏ ਗਏ ਸਨ। ਨਗਰ ਕੀਰਤਨ ਵਿੱਚ ਧਾਰਮਿਕ,ਸਮਾਜਿਕ ਤੇ ਰਾਜਨੀਤਕ ਆਗੂਆਂ ਤੋਂ ਇਲਾਵਾ ਇੰਜੀ.ਜਗਦੀਸ਼ ਬੱਧਣ ਪ੍ਰਧਾਨ ਸ਼ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਸੱਤਪਾਲ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਰਜਿ., ਸਥਾਨਕ ਵਿਧਾਇਕ ਸ੍ਰੀ ਬ੍ਰਮ ਸ਼ੰਕਰ ਜਿੰਪਾ, ਮੇਅਰ ਸੁਰਿੰਦਰ ਸ਼ਿੰਦਾ, ਅਨਿਲ ਬਾਘਾ ਪ੍ਰਧਾਨ ਐਸੋਸੀਏਸ਼ਨ ਫੋਰਮ ਪੰਜਾਬ, ਮਾਸਟਰ ਲਖਵਿੰਦਰ ਬਾਂਸਲ, ਪਿਆਰਾ ਸਿੰਘ ਬੱਧਣ,ਗੁਰਮੇਲ ਰਾਮ ਬਿਮ ਚੇਅਰਮੈਨ, ਬੀ.ਆਰ.ਬੱਧਣ, ਤਰਸੇਮ ਦੀਵਾਨਾ ਚੇਅਰਮੈਨ ਬੇਗਮਪੁਰਾ ਟਾਇਗਰ ਫੋਰਸ, ਸੰਜੀਵ ਤਲਵਾੜ, ਪਰਿਮਲਾਨ ਮੋਹਣ ਲਾਲ ਕੌਂਸਲਰ, ਬਲਵਿੰਦਰ ਬਿੰਦੀ ਕੌਂਸਲਰ, ਸੁਰਿੰਦਰ ਸਿੱਧੂ ਕੌਂਸਲਰ, ਸਰਵਜੀਤ ਵਿਰਦੀ, ਕ੍ਰਿਸ਼ਨ ਦੜੋਚ, ਮੁੱਖੀ ਰਾਮ ਪ੍ਰਧਾਨ, ਮਲਾਵਾ ਰਾਮ, ਸਵਿੰਦਰ ਸਿੰਘ, ਮਿਲਨ ਲਾਲ, ਪਰਮਜੀਤ ਕੌਰ, ਕਾਮਰੇਡ ਗੰਗਾ ਪ੍ਰਸ਼ਾਦ, ਕਸ਼ਮੀਰੀ ਲਾਲ ਲੱਧੜ, ਡਾ.ਜਤਿੰਦਰ, ਰਾਜੂ ਬਾਬਾ ਸੇਰਗੜ੍ਹ, ਦੇਵ ਰਾਜ ਭਗਤ ਨਗਰ, ਦਰਸ਼ਨ ਲੱਧੜ ਵੀ ਹਾਜਰ ਸਨ। ਸ੍ਰੀ ਗੁਰੂ ਰਵਿਦਾਸ ਨਗਰ ਕੀਰਤਨ ਪ੍ਰਬੰਧਕ ਕਮੇਟੀ ਅਤੇ ਧਾਰਮਿਕ,ਸਮਾਜਿਕ ਤੇ ਰਾਜਨੀਤਕ ਸ਼ਖਸ਼ੀਅਤਾਂ ਦਾ ਜਗਾ ਜਗਾ ਤੇ ਸਿਰੋਪੇ ਭੇਟ ਕਰਕੇ ਸਵਾਗਤ ਕੀਤਾ ਗਿਆ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਆਗਮਨ ਪੁਰਬ 'ਤੇ ਸ਼ੋਭਾ ਯਾਤਰਾ ਸਜਾਈ



**ਅਲਾਵਲਪੁਰ, (ਮਦਨ ਬੰਗੜ)**- ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਆਗਮਨ ਪੁਰਬ ਤੇ ਰਵਿਦਾਸੀਆ ਧਰਮ ਦੇ 17 ਵੇਂ ਸਥਾਪਨਾ ਦਿਵਸ ਦੇ ਸੰਬੰਧ ਵਿੱਚ ਜ਼ਿਲ੍ਹਾ ਪੱਧਰ ਤੇ 'ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ' ਦੀ ਵਿਸ਼ਾਲ ਸ਼ੋਭਾ ਯਾਤਰਾ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਸੁੰਦਰ ਝਾਂਕੀਆਂ, ਬੈਂਡ ਬਾਜਿਆਂ ਅਤੇ ਕੀਰਤਨੀ ਜੱਥਿਆਂ ਸਮੇਤ ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਜਲੰਧਰ ਤੋਂ ਸ਼ੁਰੂ ਹੋ ਕੇ ਰੇਰੂ ਚੌਂਕ, ਲੰਬਾ ਪਿੰਡ ਚੌਂਕ, ਕਿਸ਼ਨਪੁਰਾ ਚੌਂਕ, ਟਾਂਡਾ ਰੋਡ, ਸਾਈਂ ਦਾਸ ਸਕੂਲ, ਭਗਵਾਨ ਵਾਲਮੀਕ ਜੀ ਚੌਂਕ, ਨਹਿਰੂ ਗਾਰਡਨ, ਲਵ-ਕੁਸ਼ ਚੌਂਕ, ਸ਼ਹੀਦ ਭਗਤ ਸਿੰਘ ਚੌਂਕ, ਤੋਂ ਹੁੰਦੀ ਹੋਈ ਕਿਸ਼ਨਪੁਰਾ ਚੌਂਕ, ਲੰਬਾ ਪਿੰਡ ਚੌਂਕ, ਰੇਰੂ ਚੌਂਕ ਤੋਂ ਹੁੰਦੀ ਹੋਈ ਵਾਪਿਸ ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ, ਜਲੰਧਰ ਵਿਖੇ ਪਹੁੰਚੀ। ਇਸ ਵਿੱਚ ਸੰਤ ਬੀਬੀ ਕ੍ਰਿਸ਼ਨਾ ਦੇਵੀ ਜੀ ਬੋਪਾਰਾਏ ਕਲਾਂ, ਸੰਤ ਹਰਵਿੰਦਰ ਦਾਸ ਆਦਮਪੁਰ, ਸੰਤ ਸਮਾਜ ਤੇ ਭਾਰੀ ਗਿਣਤੀ 'ਚ ਸੰਗਤਾਂ ਨੇ ਹਿੱਸਾ ਲਿਆ। ਇਸ ਮੌਕੇ ਵੱਖ ਵੱਖ ਥਾਵਾਂ ਤੇ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ । ਸਾਰਾ ਸ਼ਹਿਰ ਜੈ ਗੁਰਦੇਵ ਧੰਨ ਗੁਰਦੇਵ ਦੇ ਜੈਕਾਰਿਆਂ ਨਾਲ ਗੂੰਜ ਰਿਹਾ ਸੀ ਤੇ ਇਕ ਅਲੌਕਿਕ ਨਜ਼ਾਰਾ ਨਜ਼ਰ ਆ ਰਿਹਾ ਸੀ । ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਜੀ ਵੱਲੋਂ ਰਵਿਦਾਸੀਆ ਧਰਮ ਨਾਲ ਸੰਬੰਧਿਤ ਸਾਹਿਤ, ਕਿਤਾਬਾਂ, ਰਵਿਦਾਸੀਆ ਧਰਮ ਦੇ ਨਿਯਮ ਅਤੇ ਆਰਤੀ ਕੈਲੰਡਰ ਸੰਗਤਾਂ ਨੂੰ ਭੇਟ ਕੀਤੇ ਗਏ।

## ਸਪੀਕਰ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਬਕਾਇਆ ਫੰਡ ਜਲਦ ਜਾਰੀ ਕਰਨ ਦੀ ਕੀਤੀ ਅਪੀਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਪੰਜਾਬ ਦੇ ਪ੍ਰਮੁੱਖ ਮੁੱਦਿਆਂ ਨੂੰ ਤਰੁੰਤ ਹੱਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਕਦੇ ਭਾਰਤ ਦਾ ਸਭ ਤੋਂ ਖੁਸ਼ਹਾਲ ਸੂਬਾ ਅਤੇ ਦੇਸ਼ ਦਾ ਅੰਨਦਾਤਾ ਸੀ, ਪਰ ਅੱਜ ਕੇਂਦਰੀ ਫੰਡ ਨਾ ਮਿਲਣ ਕਰਕੇ ਵਿਆਪਕ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕੇਂਦਰੀ ਨਿਵੇਸ਼ ਅਤੇ ਨੀਤੀਗਤ ਸਹਾਇਤਾ ਦੇ ਮਾਮਲੇ ਵਿੱਚ ਅਣਗੌਲਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿੱਤੀ ਅਧਿਕਾਰਾਂ ਵਿੱਚ ਕਮੀ ਤੇ ਕੇਂਦਰੀ ਟੈਕਸਾਂ ਵਿੱਚ ਘਟਦੀ ਹਿੱਸੇਦਾਰੀ ਕਾਰਨ ਪੰਜਾਬ ਦੀ ਵਿੱਤੀ ਖੁਦਮੁਖਤਿਆਰੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਪੰਜਾਬ ਦੇ ਮੁੱਦਿਆਂ ਵਿੱਚ ਗੰਭੀਰ ਪਾਣੀ ਸੰਕਟ ਵੀ ਸ਼ਾਮਲ ਹੈ। ਸੂਬਾ ਸਤਹੀ ਪਾਣੀ ਤੇ ਧਰਤੀ ਹੇਠਲੇ ਪਾਣੀ ਦੀ ਗੰਭੀਰ ਕਮੀ ਦਾ ਸਾਹਮਣਾ ਕਰ ਰਿਹਾ ਹੈ, ਜਿਸ ਦਾ ਕਾਰਨ ਸੂਬੇ ਦੇ ਦਰਿਆਈ ਪਾਣੀ ਦੀ ਦੂਜੇ ਸੂਬਿਆਂ ਵਿੱਚ ਅਣਉਚਿਤ ਵੰਡ ਤੇ ਪੰਜਾਬ ਦੇ ਅਧਿਕਾਰ ਖੇਤਰ ਵਿੱਚ ਸਥਿਤ ਹੈੱਡਵਰਕਸ 'ਤੇ ਕੰਟਰੋਲ ਦੀ ਘਾਟ ਹੈ।

## ਲੋੜ ਅਨੁਸਾਰ ਨਵੇਂ ਹਸਪਤਾਲ ਖੋਲੇ ਜਾ ਰਹੇ ਹਨ : ਆਰਤੀ ਸਿੰਘ ਰਾਓ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਰਾਜ ਵਿੱਚ ਲੋੜ ਅਨੁਸਾਰ ਨਵੇਂ ਹੱਸਪਤਾਲ ਖੋਲੇ ਜਾ ਰਹੇ ਹਨ ਅਤੇ ਅਪਗ੍ਰੇਡ ਕੀਤੇ ਜਾ ਰਹੇ ਹਨ। ਸਰਕਾਰ ਨੇ ਹਾਲ ਹੀ ਵਿੱਚ 2 ਨਵੇਂ ਸਰਕਾਰੀ ਆਯੁਰਵੇਦਿਕ ਦਵਾਖਾਨਾ ਖੋਲਣ, ਇੱਕ ਕਮਿਉਨਿਟੀ ਹੈਲਥ ਸੇਂਟਰ ਦਾ ਨਿਰਮਾਣ ਕਰਨ ਤੇ ਦੂਜੇ ਕਮਿਉਨਿਟੀ ਹੈਲਥ ਸੇਂਟਰ ਨੂੰ 50 ਬੈਡ ਦੇ ਹੱਸਪਤਾਲ ਵਿੱਚ ਅਪਗ੍ਰੇਡ ਕਰਨ ਦੀ ਮਨਜ਼ੂਰੀ ਦਿੱਤੀ ਹੈ। ਇਨ੍ਹਾਂ ਸਾਰਿਆਂ 'ਤੇ ਕਰੀਬ 55 ਕਰੋੜ ਰੁਪਏ ਦੀ ਰਕਮ ਖਰਚ ਹੋਵੇਗੀ।ਸਿਹਤ ਮੰਤਰੀ ਨੇ ਜਾਣਕਾਰੀ ਦਿੱਤੀ ਕਿ ਰੇਵਾੜੀ ਜ਼ਿਲ੍ਹੇ ਦੇ ਪਿੰਡ ਲਿਸਾਨ ਤੇ ਪਿੰਡ ਕਰਾਵਰਾ ਮਾਨਕਪੁਰਾ ਵਿੱਚ ਇੱਕ-ਇੱਕ ਸਰਕਾਰੀ ਆਯੁਰਵੇਦਿਕ ਦਵਾਖਾਨਾ ਖੋਲਣ ਦੀ ਮਨਜ਼ੂਰੀ ਦਿੱਤੀ ਗਈ ਹੈ, ਇਨ੍ਹਾਂ ਵਿੱਚ ਹਰੇਕ 'ਤੇ 50 ਲੱਖ ਤੋਂ 60 ਲੱਖ ਰੁਪਏ ਤੱਕ ਲਾਗਤ ਆਉਣ ਦਾ ਅੰਦਾਜਾ ਹੈ।

## ਇਫ਼ਟੂ ਵਲੋਂ 12 ਦੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਮੀਟਿੰਗ

**ਜਲੰਧਰ, (ਕੇਸਰ, ਰਾਜੇਸ਼ ਥਾਪਾ)**- 12 ਫ਼ਰਵਰੀ ਦੀ ਦੇਸ਼ ਵਿਆਪੀ ਆਮ ਹੜਤਾਲ ਨੂੰ ਸਫ਼ਲ ਬਣਾਉਣ ਲਈ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ ਇਫ਼ਟੂ ਵਲੋਂ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਬੁਲਾਈ ਗਈ ਮੀਟਿੰਗ ਨੂੰ ਭਰਵਾਂ ਹੁੰਗਾਰਾ ਮਿਲਿਆ। ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇਫ਼ਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ ਦੀ ਪ੍ਰਧਾਨਗੀ ਹੇਠ ਹੋਈ ਸਾਂਝੀ ਮੀਟਿੰਗ ਵਿੱਚ ਹੜਤਾਲ ਨੂੰ ਸਫ਼ਲ ਬਣਾਉਣ ਲਈ ਹਾਜ਼ਰ ਜਥੇਬੰਦੀਆਂ ਨੇ



ਪੂਰਾ ਤਾਣ ਲਾਉਣ ਦਾ ਫੈਸਲਾ ਕੀਤਾ ਤੇ ਕਿਰਤੀ ਵਰਗ ਦੀ ਭਰਵੀਂ ਸ਼ਮੂਲੀਅਤ ਕਰਵਾਉਣ ਲਈ 4-5 ਫ਼ਰਵਰੀ ਨੂੰ ਜ਼ਿਲ੍ਹਾ ਪੱਧਰੀ ਸਾਂਝੀਆਂ ਤਿਆਰੀ ਮੀਟਿੰਗਾਂ ਕਰਨ ਦਾ ਸੱਦਾ ਦਿੱਤਾ ਗਿਆ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਇਹ ਜਾਣਕਾਰੀ ਦਿੱਤੀ। ਇਸ ਮੌਕੇ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫ਼ਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ,ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਤੇ ਜਨਰਲ ਸਕੱਤਰ ਹਰਦੀਪ ਸਿੰਘ ਟੋਡਰਪੁਰ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ,ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਨਰਲ ਸਕੱਤਰ ਗੁਰਵਿੰਦਰ ਸਿੰਘ ਬੌੜਾਂ ਤੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਰਛਪਾਲ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਕੇਂਦਰ ਸਰਕਾਰ ਨੇ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਪਾਸ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਮੀਟਿੰਗ ਵਿੱਚ ਇਫ਼ਟੂ ਦੇ ਸੂਬਾ ਜੁਆਇੰਟ ਸਕੱਤਰ ਅਵਤਾਰ ਸਿੰਘ ਤਾਰੀ, ਸੂਬਾ ਆਗੂ ਸੁਖਦੇਵ ਸਿੰਘ ਬਹਿਰਾਮਪੁਰ ਤੇ ਸ੍ਰੀ ਨਾਥ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਰਾਜ ਕੁਮਾਰ ਪੰਡੋਰੀ ਤੋਂ ਇਲਾਵਾ ਯੂਨੀਅਨ ਦੇ ਯੂਥ ਵਿੰਗ ਆਗੂ ਗੁਰਪ੍ਰੀਤ ਸਿੰਘ ਚੀਦਾ ਤੇ ਮੇਜਰ ਸਿੰਘ ਕੋਟ ਟੋਡਰਮੱਲ ਆਦਿ ਹਾਜ਼ਰ ਸਨ।

## ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਰਵਿਦਾਸ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਅਰਨੌਲੀ ਵੱਲੋਂ ਗ੍ਰਾਮ ਪੰਚਾਇਤ, ਪਿੰਡ ਵਾਸੀਆਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ 27ਵਾਂ ਵਿਸ਼ਾਲ ਨਗਰ ਕੀਰਤਨ



ਸਜਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਰਣਧੀਰ ਸਿੰਘ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਅਤੇ ਸਰਪੰਚ ਨਰਾਤਾ ਸਿੰਘ ਨੇ ਦੱਸਿਆ ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਕਰਵਾਏ ਗਏ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਪ੍ਰਸਤੀ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਲਾਨਾ ਵਿਸ਼ਾਲ ਨਗਰ ਕੀਰਤਨ ਆਰੰਭ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਦਿਲਬਰ ਸਿੰਘ ਪੋਹਲੋ ਮਾਜਰਾ ਅਤੇ ਸੰਤੋਖ ਸਿੰਘ ਧਨੌਰੀ ਦੇ ਕੀਰਤਨ ਜਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਗੱਤਕਾ ਅਖਾੜੇ ਵੱਲੋਂ ਜੌਹਰ ਵਿਖਾਏ ਗਏ। ਇਹ ਨਗਰ ਕੀਰਤਨ ਪਿੰਡ ਅਰਨੌਲੀ ਦੇ ਆਰੰਭ ਹੋ ਕੇ ਪਿੰਡ ਫਤਿਹਪੁਰ, ਕਾਈਨੌਰ, ਸਹੇੜੀ, ਮੋਰਿੰਡਾ, ਢੋਲਣ ਮਾਜਰਾ, ਕਾਂਜਲਾ, ਕਲਾਰਾਂ, ਸਰਹਾਣਾ ਅਤੇ ਪਿੰਡ ਮੁੰਡੀਆਂ ਨੂੰ ਹੁੰਦੇ ਹੋਏ ਵਾਪਸ ਪਿੰਡ ਅਰਨੌਲੀ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ। ਇਸ ਮੌਕੇ ਜਿਲਾ ਯੂਥ ਕਾਂਗਰਸ ਰੂਪਨਗਰ ਦੇ ਪ੍ਰਧਾਨ ਨਵਜੀਤ ਸਿੰਘ ਨਵੀ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ ਗਈ। ਇਸ ਮੌਕੇ ਸੰਗਤਾਂ ਲਈ ਵੱਖ ਵੱਖ ਪਿੰਡਾਂ ਵਿੱਚ ਚਾਹ, ਬ੍ਰੈਡ, ਪਕੌੜੇ, ਖੀਰ, ਦਾਲ-ਰੋਟੀ, ਗਰਮ ਦੁੱਧ ਆਦਿ ਵੱਖ-ਵੱਖ ਤਰਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਸਾਬਕਾ ਸਰਪੰਚ ਦਵਿੰਦਰ ਕੌਰ, ਬਲਵਿੰਦਰ ਸਿੰਘ ਸੰਧੂ, ਪੰਚ ਹਰਦੀਪ ਸਿੰਘ ਮਿੱਠੂ, ਰਣਧੀਰ ਕੌਰ ਪੰਚ, ਪੰਚ ਜਸਵੀਰ ਕੌਰ, ਧਰਮਿੰਦਰ ਸਿੰਘ, ਜਗਤਾਰ ਸਿੰਘ, ਜਗਰੂਪ ਸਿੰਘ ਅਰਨੌਲੀ, ਰੋਸ਼ਨ ਸਿੰਘ, ਬਚਿੱਤਰ ਸਿੰਘ, ਮਨਦੀਪ ਸਿੰਘ, ਹਰਬੰਸ ਸਿੰਘ, ਬਲਜੀਤ ਕੌਰ, ਪਰਮਜੀਤ ਸਿੰਘ ਪੰਮਾ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।

## ਅਜੇ ਮੰਗਪੁਰ ਦੀ ਅਗਵਾਈ ਹੇਠ ਕਾਂਗਰਸ ਨੂੰ ਮਿਲੀ ਮਜ਼ਬੂਤੀ



**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸ ਪਾਰਟੀ ਦੀਆਂ ਜੜਾਂ ਹੋ ਰਹੀਆਂ ਹੋਰ ਵੀ ਮਜ਼ਬੂਤ। ਇਹ ਕਹਿਣਾ ਹੈ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ। ਬੀਤੇ ਦਿਨੀ ਸ਼ਹਿਰ ਬਲਾਚੌਰ ਦੇ ਪਰਵਿੰਦਰ ਮੇਨਕਾ ਅਤੇ ਕੁਲਦੀਪ ਸਿੰਘ ਬਿੱਟੂ ਮੰਢਿਆਣੀ ਆਪਣੇ ਸਾਥੀਆਂ ਸਮੇਤ ਅਜੇ ਮੰਗੂਪੁਰ ਦੀ ਅਗਵਾਈ ਹੇਠ ਵੱਖ ਵੱਖ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ। ਇਸ ਮੌਕੇ ਤੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ,ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ ਡੀ ਸੀ ਸੀ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਕੁਲਵਿੰਦਰ ਮੰਡ ਸੋਸ਼ਲ ਮੀਡੀਆ ਇੰਚਾਰਜ, ਰਿੱਕੀ ਬਜਾਜ ਸਾਬਕਾ ਕੌਂਸਲਰ ਆਦਿ ਹਾਜ਼ਰ ਸਨ।

## ਨਗਰ ਕੀਰਤਨ ਮੌਕੇ ਲਗਾਇਆ ਕੇਲਿਆਂ ਦਾ ਲੰਗਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੱਢੇ ਗਏ ਵਿਸ਼ਾਲ ਨਗਰ ਕੀਰਤਨ ਦੌਰਾਨ ਬੇਗਮਪੁਰਾ ਟਾਈਗਰ ਫੋਰਸ ਤੇ ਬੱਧਣ ਪਰਿਵਾਰ ਵੱਲੋਂ ਸਾਂਝੇ ਤੌਰ 'ਤੇ ਕੇਲਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸੰਗਤਾਂ ਦਾ ਸਵਾਗਤ ਕਰਦਿਆਂ ਜਥੇਬੰਦੀ ਦੇ ਮੈਂਬਰਾਂ ਤੇ ਪਰਵਾਰ ਨੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਨਗਰ ਕੀਰਤਨ ਦੇ ਸਵਾਗਤ ਲਈ ਬੇਗਮਪੁਰਾ ਟਾਈਗਰ ਫੋਰਸ ਦੇ ਸੇਵਾਦਾਰਾਂ ਤੇ ਬੱਧਣ ਪਰਵਾਰ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ ਤੇ ਲੰਗਰ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੂੰ ਬੜੇ ਹੀ ਪ੍ਰੇਮ ਅਤੇ ਸਤਿਕਾਰ ਸਹਿਤ ਫਲ (ਕੇਲੇ) ਵੰਡੇ ਗਏ। ਸਾਈਂ ਗੀਤਾ ਸ਼ਾਹ ਕਾਦਰੀ, ਮਹਿੰਦਰ ਪਾਲ ਬੱਧਣ, ਗੋਲਡੀ ਦੀਵਾਨਾ, ਕੁਲਦੀਪ ਸਿੰਘ ਦੀਪਾ ਤੇ ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਦੁਨੀਆ ਨੂੰ ਬਰਾਬਰਤਾ ਅਤੇ ਬੇਗਮਪੁਰਾ (ਇੱਕ ਅਜਿਹਾ ਸ਼ਹਿਰ ਜਿੱਥੇ ਕੋਈ ਦੁੱਖ ਨਾ ਹੋਵੇ) ਦਾ ਸੰਕਲਪ ਦਿੱਤਾ ਹੈ, ਜਿਸ ਨੂੰ ਘਰ-ਘਰ ਪਹੁੰਚਾਉਣਾ ਸਾਡਾ ਸਾਰਿਆਂ ਦਾ ਫਰਜ਼ ਹੈ। ਇਸ ਮੌਕੇ ਬੱਧਣ ਪਰਿਵਾਰ ਅਤੇ ਬੇਗਮਪੁਰਾ ਟਾਈਗਰ ਫੋਰਸ ਦੇ ਨੁਮਾਇੰਦਿਆਂ ਨੇ ਗੱਲਬਾਤ ਕਰਦਿਆਂ ਕਿਹਾ, 'ਸਾਨੂੰ ਬਹੁਤ ਖੁਸ਼ੀ ਹੈ ਕਿ ਅੱਜ ਸਾਨੂੰ ਸਾਹਿਬੇ ਕਮਾਲ ਧੰਨ ਧੰਨ ਸਤਿਗੁਰੂ ਰਵਿਦਾਸ ਜੀ ਦੀਆਂ ਲਾਡਲੀਆਂ ਸੰਗਤਾ ਦੀ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।' ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਭਾਰੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ, ਜਿਨ੍ਹਾਂ ਨੇ ਨਗਰ ਕੀਰਤਨ ਦੀ ਰੌਣਕ ਵਧਾਈ ਤੇ ਗੁਰੂ ਚਰਨਾਂ ਵਿੱਚ ਸੀਸ ਨਿਵਾਇਆ।ਹੋਰਨਾਂ ਤੋ ਇਲਾਵਾ ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ, ਅਲੀਜ਼ਾ ਦੀਵਾਨਾ, ਮੀਨਾ ਬੱਧਣ, ਸੋਨੂੰ, ਮੰਨਾ, ਪੱਪੂ, ਰਾਣੀ, ਕੈਲਾ, ਆਦਿ ਹਾਜ਼ਰ ਸਨ।

## ਕੇਂਦਰੀ ਬਜਟ 2026 'ਚ ਪੰਜਾਬ ਨੂੰ ਨਜ਼ਰਅੰਦਾਜ਼ ਕੀਤਾ : ਸੰਧਵਾਂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰੀ ਬਜਟ 2026 ਨੂੰ ਲੈ ਕੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਹੈ ਕਿ ਇਸ ਬਜਟ ਵਿੱਚ ਪੰਜਾਬ ਲਈ ਖ਼ਾਸ ਤੌਰ 'ਤੇ ਕੁਝ ਵੀ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੀਆਂ ਲੋੜਾਂ ਅਤੇ ਮਸਲਿਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ, ਜਿਸ ਨਾਲ ਸੂਬੇ ਵਿੱਚ ਨਿਰਾਸ਼ਾ ਫੈਲੀ ਹੋਈ ਹੈ। ਸਪੀਕਰ ਸੰਧਵਾਂ ਨੇ ਕਿਹਾ ਕਿ ਖੇਤੀ ਪ੍ਰਧਾਨ ਸੂਬਾ ਹੋਣ ਦੇ ਬਾਵਜੂਦ ਵੀ ਬਜਟ ਵਿੱਚ ਪੰਜਾਬ ਦੇ ਕਿਸਾਨਾਂ ਨਾਲ ਨਿਆਂ ਨਹੀਂ ਹੋਇਆ। ਉਨ੍ਹਾਂ ਮੁਤਾਬਕ ਕਿਸਾਨਾਂ ਦੀ ਆਮਦਨ ਵਧਾਉਣ, ਖੇਤੀਬਾੜੀ ਨੂੰ ਮਜਬੂਤ ਕਰਨ ਤੇ ਕਿਸਾਨਾਂ ਨੂੰ ਕਰਜ਼ੇ ਦੇ ਬੋਝ ਤੋਂ ਰਾਹਤ ਦੇਣ ਲਈ ਕੋਈ ਵੀ ਠੋਸ ਕਦਮ ਨਹੀਂ ਚੁੱਕਿਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਪਹਿਲਾਂ ਹੀ ਵੱਧ ਰਹੇ ਕਰਜ਼ੇ ਦੀ ਸਮੱਸਿਆ ਨਾਲ ਜੂਝ ਰਿਹਾ ਹੈ, ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੀ ਵੱਡੀ ਵਿੱਤੀ ਮਦਦ ਦਾ ਐਲਾਨ ਨਾ ਕਰਨਾ ਬਹੁਤ ਹੀ ਨਿਰਾਸ਼ਾਜਨਕ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਨੇ ਇਕ ਵਾਰ ਫਿਰ ਪੰਜਾਬ ਦੇ ਹਿੱਤਾਂ ਨਾਲ ਬੇਇਨਸਾਫ਼ੀ ਕੀਤੀ ਹੈ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪਿੰਡ ਸੁੱਖੋ ਮਾਜਰਾ ਵਿਖੇ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨੰਬਰਦਾਰ ਧਰਮਵੀਰ ਸਿੰਘ ਮੱਲੀ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ



ਤਰ੍ਹਾਂ ਇਸ ਸਾਲ ਵੀ ਧੰਨ ਧੰਨ ਮਾਤਾ ਗੁਜਰ ਕੌਰ ਗੁਰਦੁਆਰਾ ਸਾਹਿਬ ਪਿੰਡ ਸੁੱਖੋ ਮਾਜਰਾ ਵਿਖੇ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ । ਉਹਨਾਂ ਦੱਸਿਆ ਕਿ ਉਸ ਤੋਂ ਉਪਰੰਤ ਭਾਈ ਕੁਸ਼ਦੀਪ ਸਿੰਘ ਤੇ ਲਵਦੀਪ ਸਿੰਘ ਸਨੌਰ ਵਾਲਿਆਂ ਦੇ ਜਥੇ ਵੱਲੋਂ ਕੀਰਤਨ ਦੁਆਰਾ ਆਈਆਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਿਆ ਗਿਆ। ਧੰਨ ਧੰਨ ਮਾਤਾ ਗੁਜਰ ਕੌਰ ਗੁਰਦੁਆਰਾ ਸਾਹਿਬ ਦੀ ਲੋਕਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗਿਆਨੀ ਸੁਖਮਿੰਦਰ ਸਿੰਘ ਵੱਲੋਂ ਸ੍ਰੀ ਗੁਰੂ ਰਵਿਦਾਸ ਭਗਤ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਉਨਾਂ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸਾਨੂੰ ਸਾਡੇ ਗੁਰੂਆਂ ਅਤੇ ਭਗਤਾਂ ਦੇ ਦਰਸਾਏ ਮਾਰਗ ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਰਪੰਚ ਬਲਜਿੰਦਰ ਕੌਰ, ਸਾਬਕਾ ਸਰਪੰਚ ਜਗਤਾਰ ਸਿੰਘ, ਕੇਸਰ ਸਿੰਘ ਕੰਧੋਲਾ, ਨੰਬਰਦਾਰ ਕੁਲਵੰਤ ਸਿੰਘ, ਪੰਚਾਇਤ ਮੈਂਬਰ ਹਰਦੀਪ ਕੌਰ, ਗੁਲਜਾਰ ਸਿੰਘ, ਕਰਮਜੀਤ ਸਿੰਘ ਬਲਿੰਗ, ਰੁਪਿੰਦਰ ਸਿੰਘ ਫੌਜੀ, ਹੈਡ ਗ੍ਰੰਥੀ ਗਿਆਨੀ ਰਣਧੀਰ ਸਿੰਘ, ਗਿਆਨੀ ਜਗਤਾਰ ਸਿੰਘ, ਕੇਸਰ ਸਿੰਘ ਪੂਨੀਆਂ, ਅਵਤਾਰ ਸਿੰਘ ਸੰਧੂ, ਠੇਕੇਦਾਰ ਜਸਬੀਰ ਸਿੰਘ, ਰਮਨਪ੍ਰੀਤ ਸਿੰਘ ਬਲਿੰਗ, ਲਖਵਿੰਦਰ ਸਿੰਘ, ਸਾਬਕਾ ਪੰਚਾਇਤ ਮੈਂਬਰ ਜਸਪਾਲ ਸਿੰਘ, ਗਿਆਨੀ ਜਰਨੈਲ ਸਿੰਘ, ਸਾਬਕਾ ਪੰਚਾਇਤ ਮੈਂਬਰ ਪਰਮਜੀਤ ਕੌਰ, ਸਾਬਕਾ ਪੰਚਾਇਤ ਮੈਂਬਰ ਗਿਆਨੀ ਗੁਰਦੀਪ ਸਿੰਘ, ਸਲਿੰਦਰ ਸਿੰਘ ਸਮੇਤ ਹੋਰ ਵੀ ਪਿੰਡ ਵਾਸੀ ਆਦਿ ਹਾਜ਼ਰ ਸਨ।

## ਕੰਗ ਨੇ ਫੁੱਟਬਾਲ ਟੂਰਨਾਮੈਂਟ 'ਚ ਕੀਤੀ ਸ਼ਿਰਕਤ



**ਬੰਗਾ (ਅਵਤਾਰ ਕਲੇਰ)**- ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਪਿੰਡ ਲਧਾਣਾ ਉੱਚਾ ਵਿਖੇ ਮੁਲਾਕਾਤ ਕਰਕੇ ਖਿਡਾਰੀਆਂ ਤੇ ਦਰਸ਼ਕਾਂ ਦਾ ਹੌਸਲਾ ਵਧਾਇਆ। ਉਨ੍ਹਾਂ ਦਾ ਪਿੰਡ ਵਾਸੀਆਂ, ਖੇਡ ਪ੍ਰੇਮੀਆਂ ਤੇ ਟੂਰਨਾਮੈਂਟ ਪ੍ਰਬੰਧਕ ਕਮੇਟੀ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਐਮ ਪੀ ਕੰਗ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਸ਼ਖ਼ਸੀਅਤ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪਿੰਡ ਪੱਧਰ 'ਤੇ ਇਸ ਤਰ੍ਹਾਂ ਦੇ ਖੇਡ ਟੂਰਨਾਮੈਂਟ ਕਰਵਾਉਣਾ ਸ਼ਲਾਘਾਯੋਗ ਕਦਮ ਹੈ, ਜਿਸ ਨਾਲ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਨੇ ਟੂਰਨਾਮੈਂਟ ਦੀ ਸੁਚੱਜੀ ਵਿਵਸਥਾ ਲਈ ਪ੍ਰਬੰਧਕਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਰਕਾਰ ਵੀ ਖੇਡਾਂ ਦੇ ਵਿਕਾਸ ਲਈ ਵਚਨਬੱਧ ਹੈ ਤੇ ਭਵਿੱਖ ਵਿੱਚ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਨੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਆਪਣੇ ਪਿੰਡ ਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਦੀ ਅਪੀਲ ਕੀਤੀ।ਟੂਰਨਾਮੈਂਟ ਦੌਰਾਨ ਮੈਚਾਂ ਦਾ ਰੋਮਾਂਚਕ ਦ੍ਰਿਸ਼ ਨਜ਼ਰ ਆਇਆ ਤੇ ਦਰਸ਼ਕਾਂ ਨੇ ਤਾਲੀਆਂ ਨਾਲ ਖਿਡਾਰੀਆਂ ਦਾ ਹੌਸਲਾ ਅਫ਼ਜ਼ਾਈ ਕੀਤੀ।

## ਐੱਲ ਪੀ ਯੂ ਭਾਰਤ ਦੀ ਸਿਖਰਲੀ ਰੈਂਕਿੰਗ ਵਾਲੀ 'ਵਰਸਿਟੀ ਬਣੀ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਭਾਰਤ ਦੀਆਂ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਵਿੱਚੋਂ ਵਿਸ਼ੇ ਅਨੁਸਾਰ 2026 ਟਾਈਮਜ਼ ਹਾਇਰ ਐਜੂਕੇਸ਼ਨ ਵਰਲਡ ਯੂਨੀਵਰਸਿਟੀ ਰੈਂਕਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਤਿੰਨ ਮੁੱਖ ਵਿਸ਼ਾ ਖੇਤਰਾਂ ਵਿੱਚ ਭਾਰਤ ਵਿੱਚ ਚੋਟੀ ਦੇ ਸਥਾਨ ਪ੍ਰਾਪਤ ਕੀਤੇ ਹਨ। ਯੂਨੀਵਰਸਿਟੀ ਨੇ ਸਮਾਜਿਕ ਵਿਗਿਆਨ, ਭੌਤਿਕ ਵਿਗਿਆਨ ਤੇ ਬਿਜਨੇਸ ਅਤੇ ਅਰਥ ਸ਼ਾਸਤਰ ਵਿੱਚ ਭਾਰਤ ਵਿੱਚ ਨੰਬਰ 1 ਰੈਂਕ ਪ੍ਰਾਪਤ ਕੀਤਾ, ਦੇਸ਼ ਵਿੱਚ



ਅਕਾਦਮਿਕ ਖੇਤਰ ਵਿੱਚ ਉੱਤਮਤਾ ਲਈ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ।ਐੱਲ ਪੀ ਯੂ ਸਮਾਜਿਕ ਵਿਗਿਆਨ ਵਿੱਚ ਭਾਰਤ ਵਿੱਚ ਪਹਿਲੇ ਸਥਾਨ 'ਤੇ ਅਤੇ ਵਿਸ਼ਵ ਪੱਧਰ 'ਤੇ 201-250 ਸਥਾਨ 'ਤੇ ਰਿਹਾ ਅਤੇ ਦਿੱਲੀ ਯੂਨੀਵਰਸਿਟੀ, ਅਲੀਗੜ੍ਹ ਮੁਸਲਿਮ ਯੂਨੀਵਰਸਿਟੀ, ਬਨਾਰਸ ਹਿੰਦੂ ਯੂਨੀਵਰਸਿਟੀ, ਜਾਮੀਆ ਮਿਲੀਆ ਇਸਲਾਮੀਆ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਤੇ ਪੰਜਾਬ ਯੂਨੀਵਰਸਿਟੀ ਨੂੰ ਪਛਾੜ ਦਿੱਤਾ। ਭੌਤਿਕ ਵਿਗਿਆਨ ਵਿੱਚ, ਐੱਲ ਪੀ ਯੂ ਨੇ ਭਾਰਤ ਵਿੱਚ ਪਹਿਲਾ ਸਥਾਨ ਅਤੇ ਵਿਸ਼ਵ ਪੱਧਰ 'ਤੇ 201-250 ਬੈਂਡ ਪ੍ਰਾਪਤ ਕੀਤਾ ਤੇ ਆਈ ਆਈ ਟੀ ਇੰਦੌਰ, ਆਈ ਆਈ ਟੀ ਪਟਨਾ, ਦਿੱਲੀ ਟੈਕਨੋਲੋਜੀਕਲ ਯੂਨੀਵਰਸਿਟੀ, ਆਈਆਈਆਈਟੀ ਹੈਦਰਾਬਾਦ, ਆਈਆਈਟੀ ਗਾਂਧੀਨਗਰ, ਆਈਆਈਟੀ ਮੰਡੀ, ਅਤੇ ਆਈਆਈਟੀ ਰੋਪੜ ਵਰਗੇ ਸੰਸਥਾਨਾਂ ਨੂੰ ਪਛਾੜ ਦਿੱਤਾ। ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਐੱਲ ਪੀ ਯੂ ਵਿਖੇ, ਅਸੀਂ ਸੋਚ-ਸਮਝ ਕੇ ਇੱਕ ਅਜਿਹਾ ਈਕੋਸਿਸਟਮ ਬਣਾਇਆ ਹੈ ਜਿੱਥੇ ਨਵੀਨਤਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ, ਖੋਜ ਮਹੱਤਵਪੂਰਨ ਪ੍ਰਭਾਵ ਪ੍ਰਦਾਨ ਕਰਦੀ ਹੈ, ਅਤੇ ਵਿਦਿਆਰਥੀ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਲਈ ਤਿਆਰ ਹੁੰਦੇ ਹਨ।'

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ 'ਤੇ ਨਗਰ ਕੀਰਤਨ ਸਜਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਹਿਲਪੁਰ ਤੇ ਪਿੰਡ ਘਮਿਆਲੇ ਵੱਲੋ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਮੇਨ ਚੌਂਕ ਮਾਹਿਲਪੁਰ ਵਿਖੇ ਪਹੁੰਚਣ 'ਤੇ ਅਮਰਜੀਤ ਸਿੰਘ ਸੰਧੀ (ਸੰਧੀ ਕਲਾਥ ਹਾਊਸ ਮਾਹਿਲਪੁਰ) ਉਹਨਾਂ ਦੇ ਪਰਵਾਰਕ ਮੈਂਬਰਾਂ, ਮਿੱਤਰਾਂ ਪਿਆਰਿਆਂ ਤੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਦੀ ਯੋਗ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਨਗਰ ਕੀਰਤਨ ਤੇ ਫੁੱਲਾਂ ਦੀ ਵਰਖਾ ਕੀਤੀ ਗਈ, ਗੁਰੂ ਸਾਹਿਬ ਨੂੰ ਰੁਮਾਲਾ ਸਾਹਿਬ ਭੇਟ ਕੀਤੇ ਗਏ, ਪੰਜਾਂ ਪਿਆਰਿਆਂ ਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਲੱਡੂ ਤੇ ਹੋਰ ਖਾਣ ਪੀਣ ਦੀਆਂ ਵਸਤਾਂ ਦਾ ਪ੍ਰਸ਼ਾਦ ਸੰਗਤਾਂ ਵਿੱਚ ਵੰਡਿਆ ਗਿਆ। ਇਸ ਮੌਕੇ ਸੰਤ ਬਾਬਾ ਹਰੀ ਓਮ, ਕਮੇਟੀ ਪ੍ਰਧਾਨ ਲੰਬਰਦਾਰ ਗੁਰਮੀਤ ਸਿੰਘ, ਕੁੰਦਨ ਸਿੰਘ ਸਾਬਕਾ ਸਰਪੰਚ ਝੰਜੋਵਾਲ, ਅਮਰਜੀਤ ਸਿੰਘ ਸੰਧੀ, ਮਨਮੀਤ ਸਿੰਘ ਮੰਨਾ, ਪਲਵਿੰਦਰ ਸਿੰਘ ਸੰਧੀ, ਸੁਰਜੀਤ ਸਿੰਘ, ਨਰਿੰਦਰ ਸਿੰਘ, ਅਜੇ ਕੁਮਾਰ, ਪੱਪੂ ਭਾਜੀ, ਜਸਪਾਲ ਸਿੰਘ ਜੱਸਾ, ਡਾਕਟਰ ਪਰਮਿੰਦਰ ਸਿੰਘ ਬਿੱਟੂ, ਰੇਖਾ ਰਾਣੀ, ਨਿਰਮਲ ਕੌਰ ਬੋਧ, ਸੀਮਾ ਰਾਣੀ, ਅਮਰਜੀਤ ਕੌਰ, ਸੁਮੀਤਾ, ਗਗਨਦੀਪ ਕੌਰ,



ਗੁਰਪਾਲ ਕੌਰ, ਪਰਮਜੀਤ ਕੌਰ ਮੁੱਗੋਵਾਲ, ਰਣਜੀਤ ਕੌਰ, ਸ਼ਸ਼ੀ ਬੰਗੜ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਪ੍ਰਵੀਨ, ਗੁਰਪ੍ਰੀਤ ਕੌਰ ਰਾਣਾ, ਸੰਦੀਪ ਕੌਰ, ਦੀਆ ਰਾਣੀ, ਸੁਰਜੀਤ ਕੌਰ, ਗੀਨਾ ਰਾਣੀ, ਮਾਸਟਰ ਜੈ ਰਾਮ ਬਾੜੀਆਂ, ਥਾਣੇਦਾਰ ਸੁਖਦੇਵ ਸਿੰਘ, ਡਾਕਟਰ ਪਰਮਿੰਦਰ ਸਿੰਘ, ਸੁਖਵਿੰਦਰ ਸਿੰਘ ਰਿਟਾਇਰਡ ਬੈਂਕ ਅਧਿਕਾਰੀ, ਰਾਜਿੰਦਰ ਰਾਣਾ, ਧਰਮ ਸਿੰਘ ਫੌਜੀ, ਲਵਲੀ ਭਾਜੀ ਪ੍ਰਧਾਨ ਦੁਕਾਨਦਾਰ ਯੂਨੀਅਨ ਮਾਹਿਲਪੁਰ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ ਸਮੇਤ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਦੇ ਮੈਂਬਰ, ਸਮੱਰਥਕ ਤੇ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਸਬੰਧੀ ਸ਼ੋਭਾ ਯਾਤਰਾ ਸਜਾਈ

**ਫਿਲੌਰ, (ਨਿਰਮਲ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ, ਸ੍ਰੀ ਗੁਰੂ ਰਵਿਦਾਸ ਮੰਦਿਰ ਨੂਰਮਹਿਲ ਰੋਡ ਫਿਲੌਰ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪੰਜਾਬ ਪੱਧਰ ਤੇ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਸ਼ੋਭਾ ਯਾਤਰਾ ਦੀ ਸ਼ੁਰੂਆਤ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ ਤੋਂ ਗੁਰੂ ਚਰਨਾਂ ਵਿੱਚ ਅਰਦਾਸ ਕਰਦੇ ਕੀਤੀ ਗਈ। ਇਸ ਮੌਕੇ ਸੁੰਦਰ ਪਾਲਕੀ ਸਾਹਿਬ ਸੁਸ਼ੋਭਿਤ ਸੀ ਤੇ ਸ਼ੋਭਾ ਯਾਤਰਾ ਦੀ



ਅਗਵਾਈ ਪੰਜ ਪਿਆਰੇ ਸਾਹਿਬਾਨ ਕਰ ਰਹੇ ਸਨ। ਇਸ ਮੌਕੇ 108 ਸੰਤ ਮੇਲਾ ਰਾਮ ਜੀ ਦੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਜੀ, ਦਰਬਾਰ ਮਈਆ ਭਗਵਾਨ ਜੀ ਫਿਲੌਰ ਦੇ ਗੱਦੀ ਨਸ਼ੀਨ ਮਈਆ ਨਿਮੋਂ ਮਹਾਰਾਜ ਜੀ, ਡੇਰਾ ਬਾਬਾ ਬ੍ਰਹਮ ਦਾਸ ਜੀ ਦੇ ਗੱਦੀ ਨਸ਼ੀਨ ਬਾਬਾ ਜਸਪਾਲ ਜੀ ਤੇ ਡੇਰਾ ਰਿਸ਼ੀ ਠਾਕੁਰ ਦਾਸ ਜੀ ਹਰੀਪੁਰ ਖਾਲਸਾ ਦੇ ਗੱਦੀ ਨਸ਼ੀਨ ਸੰਤ ਰਾਮ ਸੇਵਕ ਜੀ ਨੇ ਸ਼ੋਭਾ ਯਾਤਰਾ ਦਾ ਹਿੱਸਾ ਬਣਕੇ ਸੰਗਤਾਂ ਨੂੰ ਗੁਰਪੁਰਬ ਦੀਆਂ ਮੁਬਾਰਕਾਂ ਦਿੱਤੀਆਂ। ਸ਼ੋਭਾ ਯਾਤਰਾ ਉੱਪਰ ਪੈਰਾਂ ਗਲਾਇਡਰ ਰਾਹੀਂ ਫੁੱਲਾਂ ਦੀ ਵਰਖਾ ਕੀਤੀ ਜਾ ਰਹੀ ਸੀ। ਵੱਖ ਵੱਖ ਸਥਾਨਾਂ ਤੇ ਲੱਗੀਆਂ ਧਾਰਮਿਕ ਸਟੇਜਾਂ ਤੋਂ ਗਾਇਕ ਕਾਸ਼ੀ ਨਾਥ, ਅਮਰਿੰਦਰ ਬੋਬੀ, ਵੀ ਐੱਸ ਜੱਖੂ ਅਤੇ ਹੋਰਨਾਂ ਕਲਾਕਾਰਾਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਹ ਸ਼ੋਭਾ ਯਾਤਰਾ ਫਿਲੌਰ ਤੋਂ ਸ਼ੁਰੂ ਹੋ ਕੇ ਪਿੰਡ ਗੜ੍ਹਾ, ਪੁਲਸ ਕਲੋਨੀ, ਕਚਹਿਰੀ ਰੋਡ,ਪੁਰਾਣਾ ਨਵਾਂਸ਼ਹਿਰ ਰੋਡ, ਅੰਬੇਡਕਰ ਚੌਂਕ ਤੋਂ ਹੁੰਦੀ ਹੋਈ ਸ੍ਰੀ ਗੁਰੂ ਰਵਿਦਾਸ ਮੰਦਿਰ ਨੂਰਮਹਿਲ ਰੋਡ ਪਹੁਚੀ ਜਿੱਥੇ ਪ੍ਰਬੰਧਕ ਕਮੇਟੀ ਤੇ ਸੰਤਾਂ ਨੇ ਸ਼ੋਭਾ ਯਾਤਰਾ ਦਾ ਨਿਘਾ ਸਵਾਗਤ ਕੀਤਾ ਤੇ ਫੁੱਲਾਂ ਦੀ ਵਰਖਾ ਕੀਤੀ। ਉਪਰੰਤ ਪਿੰਡ ਨੰਗਲ ਦੀ ਪ੍ਰਬੰਧਕ ਕਮੇਟੀ, ਪਿੰਡ ਰਾਮਗੜ੍ਹ ਦੀ ਪ੍ਰਬੰਧਕ ਕਮੇਟੀ ਅਤੇ ਹੋਰਨਾਂ ਕਮੇਟੀਆਂ ਨੇ ਸ਼ੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ। ਉਪਰੰਤ ਮੁੱਖ ਮਾਰਗ ਤੋਂ ਹੁੰਦੀ ਹੋਈ ਸ਼ੋਭਾ ਯਾਤਰਾ ਕਿਲ੍ਹਾ ਰੋਡ ਫਿਲੌਰ, ਮੁਹੱਲਾ ਰਿਸ਼ੀ ਨਗਰ ਤੋਂ ਹੁੰਦੀ ਹੋਈ ਸ੍ਰੀ ਗੁਰੂ ਰਵਿਦਾਸ ਗੇਟ ਫਿਲੌਰ ਵਿਖੇ ਸੰਪੰਨ ਹੋਈ। ਪ੍ਰਬੰਧਕ ਕਮੇਟੀਆਂ ਨੇ ਆਇਆਂ ਸੰਗਤਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਤੇ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ 'ਚ ਸ਼ੋਭਾ ਯਾਤਰਾ ਸਜਾਈ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਪ੍ਰਕਾਸ਼ ਪੁਰਬ ਦੀ ਖੁਸ਼ੀ ਦੇ ਵਿੱਚ ਸ੍ਰੀ ਗੁਰੂ ਰਵਿਦਾਸ ਭਵਨ, ਸ੍ਰੀ ਗੁਰੂ ਰਵਿਦਾਸ ਮੰਦਰ ਨੂਰਮਹਿਲ ਰੋਡ ਫਿਲੌਰ ਤੇ ਸ਼ਰਧਾਵਾਂ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵਲੋਂ ਸ਼ੋਭਾ ਯਾਤਰਾ ਸਜਾਈ ਗਈ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ ਤੋਂ ਸ਼ੋਭਾ ਯਾਤਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ ਦੇ ਵਿੱਚ ਆਰੰਭ ਹੋਈ ਤੇ ਸ੍ਰੀ ਗੁਰੂ ਰਵਿਦਾਸ ਮੰਦਰ ਨੂਰਮਹਿਲ ਰੋਡ ਫਿਲੌਰ ਤੇ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਤੇ ਜੈਕਾਰਿਆਂ ਨਾਲ ਸ਼ਹਿਰ ਗੂੰਜਣ ਲਗਾ ਦਿੱਤਾ। ਸ਼ੋਭਾ ਯਾਤਰਾ ਗੜ੍ਹਾ, ਪੁਲਿਸ ਕਲੋਨੀ, ਰਵਿਦਾਸ ਪੁਰਾ ਤੇ ਵੱਖ ਵੱਖ ਥਾਵਾਂ ਤੋਂ ਹੁੰਦੀ ਹੋਈ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਗੇਟ ਤੇ ਸਮਾਪਤ ਹੋਈ। ਇਸ ਮੌਕੇ ਦਾਨੀ ਸੱਜਣਾ ਤੇ ਵਿਸ਼ੇਸ਼ ਸ਼ਖਸੀਅਤਾਂ ਤੇ ਮਹਾਂਪੁਰਸ਼ਾਂ ਦਾ ਯਾਦਗਾਰੀ ਚਿੰਨ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਸੰਗਤਾਂ ਵੱਲੋਂ ਸ਼ਰਧਾਲੂਆਂ ਲਈ ਗੁਰੂ ਕੇ ਅਟੁੱਟ ਲੰਗਰ,ਫਰੂਟ ਚਾਹ ਪਕੌੜੇ ਦੇ ਲੰਗਰ ਲਗਾਏ। ਇਸ ਮੌਕੇ ਕੀਰਤਨ ਜੱਥਿਆਂ ਤੇ



ਸਾਈ ਪੰਪਲ ਸਾਧ ਜੀ, ਕਾਸੀ ਨਾਥ, ਤੇ ਪੰਜਾਬ ਦੇ ਪ੍ਰਸਿੱਧ ਕਲਾਕਾਰ ਨੇ ਗੁਰੂ ਸਾਹਿਬ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ, ਸ੍ਰੀ ਗੁਰੂ ਰਵਿਦਾਸ ਮੰਦਰ ਨੂਰਮਹਿਲ ਰੋਡ ਫਿਲੌਰ ਦੇ ਪ੍ਰਧਾਨ ਤੇ ਅਹੁਦੇਦਾਰ ਮੈਂਬਰ, ਸੰਤ ਪਰਮਜੀਤ ਦਾਸ ਨਗਰ ਵਾਲੇ, ਬਾਬਾ ਸੁਖਵਿੰਦਰ ਸਿੰਘ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸ੍ਰੀਮਾਨ ਸੰਤ ਬਾਬਾ ਜਰਨੈਲ ਸਿੰਘ ਨੰਗਲ ਬੇਟ ਆਲੋਵਾਲ ਦੇ ਮੁੱਖ ਸੇਵਾਦਾਰ, ਯਸ਼ਪਾਲ ਗਿੰਢਾ ਐੱਮ ਸੀ, ਤਰਸੇਮ ਰੁਪਾਣਾ ਪ੍ਰਧਾਨ ਬੀ ਜੇ ਪੀ ਪਿਛੜਤ ਜਾਤੀਆਂ ਪੰਜਾਬ, ਰਣਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਭਾਜਪਾ ਜਲੰਧਰ ਦਿਹਾਤੀ, ਰਾਜਿੰਦਰ ਸੰਧੂ, ਰਣਜੀਤ ਸਿੰਘ ਸਿੱਧੂ ਪ੍ਰਧਾਨ ਟਰੱਕ ਯੂਨੀਅਨ ਫਿਲੌਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਮੱਖਣ ਸੰਗਰਾਮੀ, ਸਵੇਦਾਰ ਮਹਾਂ ਸਿੰਘ ਕੁਲਪੁਰ, ਜਸਬੀਰ ਸਿੰਘ ਭੁੱਲਰ, ਜਰਨੈਲ ਚੰਦ ਸਾਬਕਾ ਸਰਪੰਚ ਨੰਗਲ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਮਰਜਿੰਦਰ ਸਿੰਘ ਐਡਵੋਕੇਟ ਅਜੈ ਫਿਲੌਰ, ਐਡਵੋਕੇਟ ਅਸ਼ਵਨੀ ਬੋਪਾਰਾਏ, ਐਡਵੋਕੇਟ ਸੰਜੀਵ ਭੌਰਾ, ਐਡਵੋਕੇਟ ਨਵਜੋਤ ਸਿੰਘ ਖਹਿਰਾ, ਸੁਰਜੀਤ ਖੁੱਤਣ ਐਡਵੋਕੇਟ, ਇੰਦਰਜੀਤ ਸਿੰਘ ਸਿੱਧੂ, ਰਵਿੰਦਰ ਵੀਰ ਪਾਲ ਸਿੰਘ ਗੰਨਾ ਪਿੰਡ ਤੇ ਇਲਾਕੇ ਭਰ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਿਲ ਸਨ।

# ਪਿੰਡ ਸੁੱਜੋਂਵਾਲ ਵਿਖੇ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਦੇ ਬੇਟ ਇਲਾਕੇ ਵਿੱਚ ਪੈਂਦੇ ਪਿੰਡ ਸੁੱਜੋਂਵਾਲ ਦੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਵਿਖੇ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਾਸਟਰ ਸੋਹਨ ਸਿੰਘ ਨੇ ਦੱਸਿਆ ਕਿ ਸਵੇਰੇ 10:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਬਾਬਾ ਬੂਟਾ ਸਿੰਘ ਈਸਰਪੁਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਜਤੇ ਗੁਰੂ ਮਹਾਰਾਜ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਹਾਜ਼ਰ ਪਤਵੰਤੇ ਸੱਜਣ ਇਸ ਪਵਿੱਤਰ ਦਿਹਾੜੇ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ 'ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸੀਤਾਰਾਮ, ਸਤਪਾਲ, ਸੋਹਣ ਸਿੰਘ ਲੋਚਨ, ਬ੍ਰਹਮ ਦਾਸ 'ਹਰਭਜਨ ਸਿੰਘ ਚੌਂਤਾ, ਹੇਮਨ ਕਰਨ, ਪਵਨ ਕੁਮਾਰ, ਪੁਰਸ਼ੋਤਮ ਸਿੰਘ, ਜਸਵਿੰਦਰ ਸਿੰਘ ਜੱਸੀ, ਹਨੀ, ਪ੍ਰੀਤ ਕਰਨ ਅੰਮ੍ਰਿਤ, ਮੁਕੇਸ਼, ਪਵਿੱਤਰ, ਦੀਪਾ, ਚੰਦਨ ਸੁਰਮੀ, ਲੱਕੀ, ਟਿੰਨੀ, ਮੁਕੇਸ਼ ਮੰਨਤ, ਭਾਗਰਾਮ ਹਿਮਾਂਸ਼ੂ, ਗੋਰਾ, ਰੋਸ਼ਨ, ਲਾਡੀ, ਸੁੱਖਾ ਸਿੰਘ ਅਤੇ ਗੁਰ ਸਿਮਰ ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਅਤੇ ਇਲਾਕੇ ਦੀਆਂ ਸੰਗਤਾਂ ਮੌਜੂਦ ਸਨ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

# ਜਿੰਪਾ ਨੇ ਊਨਾ ਸੜਕ ਦੀ ਮਾੜੀ ਹਾਲਤ 'ਤੇ ਸਖ਼ਤ ਰੁਖ਼ ਅਪਨਾਉਂਦੇ ਤੁਰੰਤ ਸੁਧਾਰ ਦੇ ਦਿੱਤੇ ਨਿਰਦੇਸ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨਾਲ ਮਿਲ ਕੇ ਊਨਾ ਸੜਕ ਦਾ ਸਾਂਝਾ ਨਿਰੀਖਣ ਕੀਤਾ ਅਤੇ ਸੜਕ ਦੀ ਮਾੜੀ ਹਾਲਤ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।ਨੈਸ਼ਨਲ ਹਾਈਵੇ ਪ੍ਰੋਜੈਕਟ ਡਾਇਰੈਕਟਰ ਦੇ ਇਕ ਪ੍ਰਤੀਨਿਧੀ ਨੂੰ ਮੌਕੇ ਬੁਲਾਇਆ ਗਿਆ ਅਤੇ ਸੜਕ ਦੀ ਭਿਆਨਕ ਹਾਲਤ ਬਾਰੇ ਜਾਣੂ ਕਰਵਾਇਆ ਗਿਆ।ਉਨ੍ਹਾਂ ਨੇ ਜਨਤਕ ਸਹੂਲਤ ਅਤੇ ਸੁਰੱਖਿਆ ਨੂੰ ਤਰਜੀਹ ਦਿੰਦੇ ਹੋਏ ਤੁਰੰਤ ਜ਼ਰੂਰੀ ਕਾਰਵਾਈ ਦੇ ਨਿਰਦੇਸ਼ ਦਿੱਤੇ।ਵਿਧਾਇਕ ਜਿੰਪਾ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜਦੋਂ ਤੱਕ ਪ੍ਰੋਜੈਕਟ ਪੂਰੀ ਤਰ੍ਹਾਂ ਪੂਰਾ ਨਹੀਂ ਹੋ ਜਾਂਦਾ, ਊਨਾ ਸੜਕ ਨੂੰ ਹਰ ਕੀਮਤ 'ਤੇ ਵਾਹਨ ਚਲਾਉਣ ਯੋਗ ਰੱਖਣਾ ਚਾਹੀਦਾ ਹੈ, ਇਹ ਯਕੀਨੀ ਬਣਾਉਣ ਲਈ ਕਿ ਜਨਤਾ ਦੀ ਸੁਰੱਖਿਆ ਅਤੇ ਸਹੂਲਤ ਨੂੰ ਅਸੁਵਿਧਾ ਨਾ ਹੋਵੇ।ਉਨ੍ਹਾਂ ਕਿਹਾ ਕਿ ਇਸ ਰਸਤੇ 'ਤੇ ਰੋਜ਼ਾਨਾ ਹਜ਼ਾਰਾਂ ਵਾਹਨ ਯਾਤਰਾ ਕਰਦੇ ਹਨ ਅਤੇ ਸੜਕ ਦੀ ਮਾੜੀ ਹਾਲਤ ਹਾਦਸਿਆਂ ਦਾ ਲਗਾਤਾਰ ਖ਼ਤਰਾ ਪੈਦਾ ਕਰਦੀ ਹੈ, ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸੜਕ ਦੀ ਮਾੜੀ ਹਾਲਤ ਕਾਰਨ ਕੋਈ ਹਾਦਸਾ ਵਾਪਰਦਾ ਹੈ, ਤਾਂ ਰਾਸ਼ਟਰੀ ਹਾਈਵੇ ਅਥਾਰਟੀ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਵੇਗੀ। ਵਿਧਾਇਕ ਨੇ ਅਧਿਕਾਰੀਆਂ ਨੂੰ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਅਸਥਾਈ ਮੁਰੰਮਤ, ਟੋਏ ਭਰਨ, ਸਹੀ



ਨਿਕਾਸੀ ਅਤੇ ਸੜਕ ਪੱਧਰੀਕਰਨ ਤੁਰੰਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਹ ਊਨਾ ਸੜਕ ਦੀ ਮਾੜੀ ਹਾਲਤ ਬਾਰੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਪਹਿਲਾਂ ਹੀ ਸੂਚਿਤ ਕਰ ਚੁੱਕੇ ਹਨ ਅਤੇ ਇਸ ਦੇ ਜਲਦੀ ਹੱਲ ਲਈ ਲਗਾਤਾਰ ਯਤਨਸ਼ੀਲ ਹਨ।

# ਪਾਰਕ ਹਸਪਤਾਲ ਵਿਖੇ ਰੋਬੋ ਸੂਟ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਾਰਕ ਹਸਪਤਾਲ ਵਿਖੇ ਉੱਤਰੀ ਭਾਰਤ ਦੇ ਪਹਿਲੇ ਆਰਟੀਫਿਸ਼ਲ ਇੰਟੈਲੀਜੈਂਸ ਨਾਲ ਚੱਲਣ ਵਾਲੇ ਇੰਟੀਗ੍ਰੇਟਿਡ ਰੋਬੋ-ਸੂਟ ਦਾ ਉਦਘਾਟਨ ਕੀਤਾ।ਡਾ. ਬਲਬੀਰ ਸਿੰਘ ਨੇ



ਕਿਹਾ ਕਿ ਪੰਜਾਬ ਸਰਕਾਰ ਨੇਹਾਲ ਹੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਹੈ, ਜਿਸ ਤਹਿਤ ਪੰਜਾਬ ਦੇ 3 ਕਰੋੜ ਤੋਂ ਵੱਧ ਵਸਨੀਕਾਂ ਨੂੰ 2000 ਤੋਂ ਵੱਧ ਇਲਾਜ ਪੈਕੇਜ ਦੇ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ।ਆਰਥੋ ਅਤੇ ਰੋਬੋਟਿਕ ਜੁਆਇੰਟ ਰਿਪਲੇਸਮੈਂਟ ਸਰਜਰੀ ਦੇ ਡਾਇਰੈਕਟਰ ਡਾ. ਭਾਨੂ ਪ੍ਰਤਾਪ ਸਿੰਘ ਸਲੂਜਾ ਨੇ ਕਿਹਾ, ਇਹ ਰੋਬੋ-ਸੂਟ ਰੋਬੋ ਆਰਮ, ਅੱਖ ਅਤੇ ਹੱਥ ਨਾਲ ਲੈਸਅਗਲੀ ਪੀੜ੍ਹੀ ਦਾ ਸਰਜੀਕਲ ਪਲੈਟਫਾਰਮ ਹੈ ਜੋ ਬੇਮਿਸਾਲ ਸ਼ੁੱਧਤਾ, ਕੁਸ਼ਲਤਾ ਅਤੇ ਰੋਗੀ ਦੇ ਬਿਹਤਰ ਨਤੀਜੇ ਪ੍ਰਦਾਨ ਕਰਦਾ ਹੈ।ਡਾ. ਭਾਨੂ ਨੇ ਕਿਹਾ ਕਿ ਭਾਰਤ ਵਿੱਚ ਜੋੜਾਂ ਦੀ ਤਬਦੀਲੀ ਦੀਆਂ ਸਰਜਰੀਆਂ ਦੀ ਗਿਣਤੀ ਦਿਨੋਂ-ਦਿਨ ਵਧ ਰਹੀ ਹੈ ਹੁਣ 3ਡੀ ਔਗਮੈਂਟਿਡ ਰਿਐਲਿਟੀ ਅਤੇ ਆਰਟੀਫਿਸ਼ਲ ਇੰਟੈਲੀਜੈਂਸ ਦੁਆਰਾ ਸੰਚਾਲਿਤ, ਰੋਬੋਟਿਕ ਗੋਡੇ ਬਦਲਣ ਦੀ ਸਰਜਰੀ ਸਿਰਫ 12-15 ਮਿੰਟਾਂ ਵਿੱਚ ਪੂਰੀ ਹੋ ਜਾਂਦੀ ਹੈ।ਇਹ ਮੀਲ ਪੱਥਰ ਨਾ ਸਿਰਫ ਉੱਨਤ ਤਕਨਾਲੋਜੀ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ, ਬਲਕਿ ਪੂਰੇ ਖੇਤਰ ਵਿੱਚ ਸਰਜਰੀਆਂ ਕਰਨ ਅਤੇ ਅਨੁਭਵ ਕਰਨ ਦੇ ਤਰੀਕੇ ਵਿੱਚ ਤਬਦੀਲੀ ਨੂੰ ਵੀ ਦਰਸਾਉਂਦਾ ਹੈ।

# ਸੀਟੀ ਗਰੁੱਪ ਵਿੱਚ 'ਆਰਾ ਲਾਈਵ' 'ਚ ਵਿਦਿਆਰਥੀਆਂ ਦੀ ਸ਼ਮੂਲੀਅਤ

**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਦਾ ਕੈਂਪਸ ਉਸ ਵੇਲੇ ਸੰਗੀਤ, ਉਤਸ਼ਾਹ ਅਤੇ ਉਰਜਾ ਨਾਲ ਸਰਾਬੋਰ ਹੋ ਗਿਆ, ਜਦੋਂ ਆਰਾ ਲਾਈਵ ਕਾਰਜਕ੍ਰਮ ਵਿੱਚ 2,000 ਤੋਂ ਵੱਧ



ਵਿਦਿਆਰਥੀਆਂ ਨੇ ਜੋਸ਼ ਨਾਲ ਭਾਗ ਲਿਆ। ਇਸ ਸੱਭਿਆਚਾਰਕ ਸਮਾਗਮ ਵਿੱਚ ਪ੍ਰਸਿੱਧ ਪੰਜਾਬੀ ਕਲਾਕਾਰ ਖਾਨ, ਸੱਬਾ ਅਤੇ ਕਰ ਕੇ ਫਲਾਈ ਫੇਮ ਜੈਸਮਿਨ ਅਖ਼ਤਰ ਨੇ ਆਪਣੀ ਸੁਰੀਲੀ ਆਵਾਜ਼ ਅਤੇ ਸ਼ਾਨਦਾਰ ਸਟੇਜ ਪ੍ਰਜ਼ੈਂਸ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।ਇਹ ਸਮਾਗਮ ਸਿਰਫ਼ ਮਨੋਰੰਜਨ ਤੱਕ ਸੀਮਿਤ ਨਹੀਂ ਰਿਹਾ, ਸਗੋਂ ਕੈਂਪਸ ਜੀਵਨ ਵਿੱਚ ਕਲਾ ਅਤੇ ਸੱਭਿਆਚਾਰ ਦੀ ਮਹੱਤਤਾ ਨੂੰ ਵੀ ਉਜਾਗਰ ਕਰਦਾ ਰਿਹਾ।ਅਜਿਹੇ ਮੰਚ ਵਿਦਿਆਰਥੀਆਂ ਦੀ ਰਚਨਾਤਮਕਤਾ, ਭਾਵਨਾਤਮਕ ਅਭਿਵਿਅਕਤੀ ਅਤੇ ਸਮੂਹਕ ਖੁਸ਼ੀ ਨੂੰ ਵਧਾਵਾ ਦਿੰਦੇ ਹਨ।ਪੰਜਾਬੀ ਕਲਾਕਾਰਾਂ ਨੇ ਆਪਣੇ ਗੀਤਾਂ ਅਤੇ ਕਹਾਣੀ ਰਾਹੀਂ ਨੌਜਵਾਨ ਪੀੜ੍ਹੀ ਨੂੰ ਭਾਸ਼ਾ, ਰਿਵਾਇਤਾਂ ਅਤੇ ਜੀਵਨ ਦੇ ਅਸਲੀ ਜਜ਼ਬਾਤਾਂ ਨਾਲ ਜੋੜਿਆ। ਆਰਾ ਲਾਈਵ ਦੀਆਂ ਪੇਸ਼ਕਾਰੀਆਂ ਵਿੱਚ ਪੰਜਾਬ ਦੀ ਰੂਹ—ਪਿਆਰ, ਹੌਂਸਲਾ ਅਤੇ ਪਛਾਣ—ਆਧੁਨਿਕ ਰੂਪ ਵਿੱਚ ਦਰਸਾਈ ਗਈ, ਜੋ ਅੱਜ ਦੀ ਨੌਜਵਾਨੀ ਪੀੜ੍ਹੀ ਨਾਲ ਡੂੰਘੀ ਤਰ੍ਹਾਂ ਜੁੜੀ।ਇਸ ਮੌਕੇ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਜੋਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਕੋ-ਚੇਅਰਪਰਸਨ ਪਰਮਿੰਦਰ ਕੌਰ, ਕੈਂਪਸ ਡਾਇਰੈਕਟਰ ਡਾ. ਸ਼ਿਵ ਕੁਮਾਰ, ਵੱਖ-ਵੱਖ ਵਿਭਾਗਾਂ ਦੇ ਡੀਨ ਅਤੇ ਡਾ. ਅਰਜਨ ਸਿੰਘ, ਡੀਨ ਸਟੂਡੈਂਟ ਵੈਲਫ਼ੇਅਰ ਹਾਜ਼ਰ ਰਹੇ।ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਮਨਬੀਰ ਸਿੰਘ ਨੇ ਕਿਹਾ ਕਿ ਸੀਟੀ ਗਰੁੱਪ ਸਮੂਹਿਕ ਅਤੇ ਸੰਤੁਲਿਤ ਸਿੱਖਿਆ ਵਿੱਚ ਵਿਸ਼ਵਾਸ ਰੱਖਦਾ ਹੈ, ਜਿੱਥੇ ਸਿੱਖਣ ਦੀ ਪ੍ਰਕਿਰਿਆ ਕਲਾਸਰੂਮ ਤਕ ਸੀਮਤ ਨਹੀਂ ਰਹਿੰਦੀ ਤੇ ਅੱਗੇ ਵਧਦੀ ਹੈ।ਆਰਾ ਲਾਈਵ ਦੀ ਸਮਾਪਤੀ ਉਤਸ਼ਾਹ ਭਰੇ ਮਾਹੌਲ ਵਿੱਚ ਹੋਈ, ਜੋ ਵਿਦਿਆਰਥੀਆਂ ਲਈ ਅਮਿੱਟ ਯਾਦਾਂ ਛੱਡ ਗਈ ਅਤੇ ਸੀਟੀ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਦੀ ਜੀਵੰਤ, ਸਮਾਵੇਸ਼ੀ ਅਤੇ ਸੱਭਿਆਚਾਰਕ ਆਧਾਰ ਤੇ ਕੈਂਪਸ ਦੀ ਗਰਿਮਾ ਨੂੰ ਮਜ਼ਬੂਤ ਬਣਾਉਂਦੀ ਹੈ।

# ਮੋਰਿੰਡਾ ਫਤਿਹ ਦਿਵਸ ਦੇ ਸੰਬੰਧ 'ਚ ਮੀਟਿੰਗ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਵੱਲੋਂ ਮੋਰਿੰਡਾ ਫਤਿਹ ਦਿਵਸ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਸਰਪ੍ਰਸਤ ਕੁਲਵੀਰ ਸਿੰਘ ਸੋਨੂ ਤੇ ਸੈਕਟਰੀ ਦਲਜੀਤ ਸਿੰਘ ਬਿੱਟੂ ਨੇ ਦੱਸਿਆ ਕਿ ਇਸ ਸੰਬੰਧੀ ਮੀਟਿੰਗ ਗੁਰੂਦਵਾਰਾ ਪ੍ਰਬੰਧਕ ਕਮੇਟੀ ਮੋਰਿੰਡਾ, ਭਾਈ ਸਵਰਨ ਸਿੰਘ ਢਗਰਾਲੀ ਦੇ ਸਹਿਯੋਗ ਨਾਲ ਮਨਾਉਣ ਲਈ ਗੁਰਦੁਆਰਾ ਸ਼ਹੀਦ ਗੰਜ ਮੋਰਿੰਡਾ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਭਾਈ ਸਵਰਨ ਸਿੰਘ ਢੰਗਰਾਲੀ ਨੇ ਮੋਰਿੰਡਾ ਫਤਿਹ ਦਿਵਸ ਦੇ ਸਬੰਧ ਵਿੱਚ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੀਟਿੰਗ ਵਿੱਚ ਰਮਨਦੀਪ ਸਿੰਘ ਘੜੂਆ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੀਟਿੰਗ ਵਿੱਚ ਪ੍ਰਧਾਨ ਬਿਕਰਮਜੀਤ ਸਿੰਘ ਸੋਹਣਪਾਲ, ਸਕੱਤਰ ਦਲਜੀਤ ਸਿੰਘ ਮੁੰਡੇ, ਖਜਾਨਚੀ ਗੁਰਵਿੰਦਰ ਸਿੰਘ ਗੇਹਲ, ਭੁਪਿੰਦਰ ਸਿੰਘ ਗੇਹਲ, ਜਗਵਿੰਦਰ ਸਿੰਘ ਜੰਡੂ, ਤੇਜਿੰਦਰ ਸਿੰਘ ਕਲਸੀ , ਚਰਨਜੀਤ ਸਿੰਘ ਗੇਹਲ, ਜਸਪ੍ਰੀਤ ਸਿੰਘ ਕਲਸੀ, ਗੁਰਪ੍ਰੀਤ ਸਿੰਘ ਬਿਮਰਾ, ਮਨਜੀਤ ਸਿੰਘ ਧੀਮਾਨ, ਜਗਜੀਤ ਸਿੰਘ ਗੇਹਲ, ਅਵਤਾਰ ਸਿੰਘ ਵਿਰਦੀ, ਜਸਵਿੰਦਰ ਸਿੰਘ ਮਠਾੜੂ, ਜਗਦੀਪ ਸਿੰਘ ਘਟੌੜੇ, ਦਰਸ਼ਨ ਸਿੰਘ, ਗੁਰਮੀਤ ਸਿੰਘ, ਹਰਮੀਤ ਸਿੰਘ ਸੱਲ ਦਤਾਰਪੁਰ, ਗੁਰੂਦਵਾਰਾ ਰਾਮਗੜ੍ਹੀਆ ਸਿੰਘ ਸਭਾ ਮੋਰਿੰਡਾ ਪ੍ਰਧਾਨ ਜਸਵੰਤ ਸਿੰਘ ਗੇਹਲ ਜੀ ਹਾਜ਼ਰ ਸਨ। ਇਸ ਮੀਟਿੰਗ ਦੇ ਅੰਤ ਵਿੱਚ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਵਰਨ ਸਿੰਘ ਬਿੱਟੂ ਨੇ ਮੀਟਿੰਗ ਵਿੱਚ ਪੁੱਜੇ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ ।

# 'ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦਾ ਇਤਿਹਾਸਕ ਕਦਮ'

**ਮਹਿਤਪੁਰ (ਰਾਜਾ)** ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਹਰ ਪਰਵਾਰ ਨੂੰ 10 ਲੱਖ ਤੱਕ ਦਾ ਮੁਫ਼ਤ ਸਿਹਤ ਬੀਮਾ ਦੇਣ ਦਾ ਐਲਾਨ ਇੱਕ ਸਰਾਹਣਯੋਗ ਅਤੇ ਲੋਕ-



ਹਿਤੈਸ਼ੀ ਕਦਮ ਹੈ। ਇਸ ਯੋਜਨਾ ਦੇ ਤਹਿਤ ਲਾਭਪਾਤਰੀ ਪਰਿਵਾਰ ਪੰਜਾਬ ਅਤੇ ਦੇਸ਼ ਦੇ ਚੁਣੇ ਹੋਏ ਐਂਪੈਨਲਡ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਉੱਚ-ਮਿਆਰੀ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਣਗੇ। ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਸਵਿੰਦਰ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਘੂ ਪ੍ਰਿਆ ਦੀ ਅਗਵਾਈ ਹੇਠ ਬਲਾਕ ਮਹਿਤਪੁਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਕਾਰਡਾਂ ਦੀ ਬਣਾਉਣ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਸਫਲਤਾਪੂਰਵਕ ਚੱਲ ਰਹੀ ਹੈ। ਬਲਾਕ ਮਹਿਤਪੁਰ ਵਿੱਚ ਸਾਰੇ ਯੋਗ ਲਾਭਪਾਤਰੀਆਂ ਦਾ ਸਮੇਂ-ਸਿਰ ਐਨਰੋਲਮੈਂਟ ਕੀਤਾ ਜਾ ਰਿਹਾ ਹੈ। ਸਿਹਤ ਵਿਭਾਗ ਦਾ ਸਟਾਫ਼, ਆਸ਼ਾ ਵਰਕਰਾਂ ਅਤੇ ਏ ਐੱਨ ਐੱਮਜ਼ ਦੀ ਸਹਾਇਤਾ ਨਾਲ ਘਰ-ਘਰ ਜਾ ਕੇ ਲੋਕਾਂ ਨੂੰ ਯੋਜਨਾ ਬਾਰੇ ਜਾਗਰੂਕ ਕਰ ਰਿਹਾ ਹੈ ਤਾਂ ਜੋ ਕੋਈ ਵੀ ਯੋਗ ਪਰਵਾਰ ਇਸ ਯੋਜਨਾ ਤੋਂ ਵੰਚਿਤ ਨਾ ਰਹੇ। ਇਸ ਸਿਹਤ ਕਾਰਡ ਦੇ ਤਹਿਤ ਦਿਲ ਦੇ ਇਲਾਜ, ਗੁਰਦਿਆਂ ਦੀ ਬਿਮਾਰੀ, ਕੈਂਸਰ, ਸਰਜਰੀ, ਐਮਰਜੈਂਸੀ ਇਲਾਜ ਤੇ ਹੋਰ ਮਹਿੰਗੇ ਇਲਾਜ ਮੁਫ਼ਤ ਜਾਂ ਕੈਸ਼ਲੈੱਸ ਢੰਗ ਨਾਲ ਪ੍ਰਦਾਨ ਕੀਤੇ ਜਾਣਗੇ।

# ਸ੍ਰੀ ਗੁਰੂ ਹਰਿ ਰਾਇ ਸਾਹਿਬ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ) :** ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸੱਤਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ




ਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਉਪਰੰਤ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ । ਸ਼੍ਰੋਮਣੀ ਪ੍ਰਚਾਰਕ ਭਾਈ ਜਤਿੰਦਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਬਾਣੀ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਓਂਕਾਰ ਸਿੰਘ, ਭਾਈ ਕਮਲਜੀਤ ਸਿੰਘ, ਭਾਈ ਸਿਮਰਨਜੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਹਰਜੱਸ ਕੀਰਤਨੀ ਜਥਾ, ਅਕਾਲ ਕਵੀਸ਼ਰੀ ਜਥਾ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਸੁਖਵਿੰਦਰ ਸਿੰਘ, ਭਾਈ ਹਰਬੀਰ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਦਰਬਾਰ ਸਾਹਿਬ ਦੀ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

# ਸ੍ਰੀ ਗੁਰੂ ਰਵਿਦਾਸ ਮੰਦਿਰ ਤੋਂ ਸਜਾਈ ਸ਼ੋਭਾ ਯਾਤਰਾ ਦਾ ਬਸਪਾ ਆਗੂਆਂ ਕੀਤਾ ਸਵਾਗਤ

**ਫਗਵਾੜਾ (ਡਾ. ਰਮਨ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ ਜੀ. ਟੀ.ਰੋਡ ਚੱਕ ਹਕੀਮ ਤੋਂ ਸਜਾਈ ਗਈ ਵਿਸ਼ਾਲ ਸ਼ੋਭਾ ਯਾਤਰਾ ਦਾ ਜੀ ਟੀ ਰੋਡ ਨੇੜੇ ਗੋਲ ਚੌਂਕ ਵਿਖੇ ਬਹੁਜਨ ਸਮਾਜ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਫਗਵਾੜਾ ਦੀ ਟੀਮ ਵੱਲੋਂ ਹਲਕਾ ਇੰਚਾਰਜ ਲੇਖਰਾਜ ਜਮਾਲਪੁਰੀ ਤੇ ਹਲਕਾ ਪ੍ਰਧਾਨ ਚੁਰੰਜੀ ਲਾਲ ਕੌਂਸਲਰ ਦੀ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਪਾਣੀ ਅਤੇ



ਬਿਸਕੁਟਾਂ ਦਾ ਲੰਗਰ ਵੀ ਲਗਾਇਆ। ਇਸ ਮੌਕੇ ਮਾ. ਹਰਭਜਨ ਸਿੰਘ ਬਾਲਾਲੋਂ ਸੂਬਾ ਜਨਰਲ ਸਕੱਤਰ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਤੇ ਜੁੜੀ ਸੰਗਤ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆ ਕਿਹਾ ਕਿ ਸਾਨੂੰ ਗੁਰੂ ਜੀ ਦਾ ਸੁਪਨਾ ਬੇਗ਼ਮਪੁਰਾ ਰਾਜ ਦੀ ਸਥਾਪਨਾ ਨੂੰ ਪੂਰਾ ਕਰਨ ਲਈ ਬਹੁਜਨ ਸਮਾਜ ਪਾਰਟੀ ਦੇ ਹੱਥ ਮਜ਼ਬੂਤ ਕਰਨੇ ਚਾਹੀਦੇ ਹਨ। ਇਸ ਮੌਕੇ ਸੀਨੀਅਰ ਆਗੂ ਰਮੇਸ਼ ਕੌਲ, ਲੇਖਰਾਜ ਜਮਾਲਪੁਰ, ਚੁਰੰਜੀ ਲਾਲ ਕੌਂਸਲਰ, ਅਮਨਦੀਪ ਕੌਂਸਲਰ, ਅਮਰਜੀਤ, ਮਨੋਹਰ ਲਾਲ ਜੱਖੂ, ਪਰਮਜੀਤ ਖਲਵਾੜਾ, ਹਰਭਜਨ ਖਲਵਾੜਾ, ਗੁਰਦਿੱਤਾ ਬੰਗੜ, ਸੁਰਜੀਤ ਭੁੱਲਾਰਾਈ, ਰਾਮ ਮੂਰਤੀ ਖੇੜਾ, ਅਸ਼ੋਕ ਸੰਧੂ, ਗੁਰਮੀਤ ਸੁੰਨੜਾ, ਅਸ਼ੋਕ ਰਾਮਪੁਰਾ, ਪੁਸ਼ਪਿੰਦਰ ਕੌਰ ਅਠੋਲੀ, ਬੀ.ਕੇ.ਰੱਤੂ, ਬੰਟੀ ਮੋਰੋਵਾਲੀਆ, ਮਿਸ਼ਨਰੀ ਗਾਇਕ ਵਿੱਕੀ ਬਹਾਦਰਕੇ, ਅਮਰੀਕ ਪੰਡਵਾਂ, ਸੰਦੀਪ ਕੁਮਾਰ, ਬੀਬੀ ਗੁਰਦੇਵ ਕੌਰ, ਅਰੁਨ ਸੁਮਨ, ਸੁਰਿੰਦਰ ਭਬਿਆਣਾ, ਹਨੀ ਅਠੋਲੀ, ਮਿਸਟਰ ਬੋਬੀ, ਚਰਨਜੀਤ ਜੱਖੂ ਤੋਂ ਇਲਾਵਾ ਵੱਡੀ ਗਿਣਤੀ 'ਚ ਬਸਪਾ ਵਰਕਰ ਹਾਜ਼ਰ ਸਨ।

# ਸਰੋਂ ਦੇ ਤੇਲ ਦੇ 50 ਟੀਨ ਬਾਬਾ ਨਿਧਾਨ ਸਿੰਘ ਦੇ ਗੁਰੂਦੁਆਰਾ ਸਾਹਿਬ ਭੇਜੇ

**ਨਕੋਦਰ (ਮਨਜੀਤ ਮਾਨ)**- ਭਜਨ ਸਿੰਘ ਤਾਸ਼ਪੁਰੀਆ ਐੱਲ ਆਈ ਸੀ ਵਾਲਿਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਨਰਿੰਦਰ ਸਿੰਘ ਤੇ ਬਾਬਾ ਬਲਵਿੰਦਰ ਸਿੰਘ ਦੀ ਰਹਿਨਮਾਈ ਹੇਠ ਬਾਬਾ ਗੁਰਮੀਤ ਸਿੰਘ ਦੇ ਸਹਿਯੋਗ ਨਾਲ ਇਲਾਕੇ ਵਿੱਚੋ ਸੰਗਤਾਂ ਦੇ ਸਹਿਯੋਗ ਨਾਲ 50 ਟੀਨ ਤੇਲ ਦੇ ਬਾਬਾ ਨਿਧਾਨ ਸਿੰਘ ਦੇ ਗੁਰੂਦੁਆਰਾ ਸਾਹਿਬ ਭੇਜੇ ਗਏ । ਇਸ ਮੌਕੇ ਪਿੰਡ ਫਾਜਿਲਪੁਰ ਦੀਆਂ ਸੰਗਤਾ ਵੱਲੋ ਜਕੋਪੁਰ ਬਲਦੇਵ ਸਿੰਘ, ਮੁਰੀਦਵਾਲ ਸੁਖਵਿੰਦਰ ਸਿੰਘ ਢੱਡਾ ਕਲਾਂ ਵਾਲੇ ਜੱਸਾ



ਨੂਰਪੁਰੀਆ, ਕੁਲਦੀਪ ਢਿੱਲੋ ਤਾਸ਼ਪੁਰ ਤੋਂ ਪ੍ਰਸ਼ੋਤਮ ਸਿੰਘ ਅਸਟਰੀਆ, ਬਲਜਿੰਦਰ ਸਿੰਘ ਖੰਡ ਮਿੱਲ ਵਾਲੇ, ਸੁਖਰਾਜ ਸਿੰਘ ਤਾਰਪੁਰ, ਤੇਰਾ-ਤੇਰਾ ਦੁਕਾਨ ਵਾਲੇ ਲੋਹੀਆਂ ਤੋਂ ਤੇ ਹੋਰ ਵੀ ਸੰਗਤਾ ਵੱਲੋ ਅਥਾਹ ਸੇਵਾ ਕੀਤੀ ਗਈ ਇਸ ਮੌਕੇ ਤੇ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

# ਸ੍ਰੀ ਗੁਰੂ ਰਵਿਦਾਸ ਗੁਰਪੁਰਬ ਨੂੰ ਸਮਰਪਿਤ ਲੰਗਰ ਲਗਾਇਆ



**ਅਲਾਵਲਪੁਰ, (ਮਦਨ ਬੰਗੜ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਪਿੰਡ ਸਿਕੰਦਰਪੁਰ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਿਕੰਦਰਪੁਰ ਵਿਖੇ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਲੰਗਰ ਦੌਰਾਨ ਨੌਜਵਾਨਾਂ ਵੱਲੋਂ ਸਹਿਯੋਗ ਦਿੱਤਾ ਗਿਆ। ਇਸ ਮੌਕੇ ਭਾਰੀ ਗਿਣਤੀ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

# ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ 'ਚ ਦੋ-ਰੋਜ਼ਾ ਵਰਕਸ਼ਾਪ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ( ਡਾ.) ਕਰਮਜੀਤ ਸਿੰਘ ਦੀ ਯੋਗ ਅਗਵਾਈ ਅਧੀਨ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋਫ਼ੈਸਰ (ਡਾ.) ਸਰੋਜ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੋ ਦਿਨਾ ਵਰਕਸ਼ਾਪ ਦਾ ਸਫ਼ਲ ਆਯੋਜਨ ਕੀਤਾ ਗਿਆ।ਰਾਸ਼ਟਰੀ ਉੱਚ ਸਿੱਖਿਆ ਅਭਿਆਨ (ਰੂਸਾ) ਦੇ ਵਿੱਤੀ ਅਨੁਦਾਨ ਨਾਲ ਅਤੇ ਗੋਲਡਨ ਜੁਬਲੀ ਸੈਂਟਰ ਫ਼ਾਰ ਇੰਟਰਪ੍ਰਿਨਓਰਸ਼ਿਪ ਅਤੇ ਇਨੋਵੇਸ਼ਨ ਦੇ ਸਹਿਯੋਗ ਨਾਲ ਨੇਪਰੇ ਚਾੜ੍ਹੇ ਗਏ ਇਹਨਾਂ ਵਰਕਸ਼ਾਪ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਇੰਟਰਨੈੱਟ ਆਫ਼ ਥਿੰਗਜ਼, ਡਿਜੀਟਲ ਅਤੇ ਨਵੀਨ-ਸੰਚਾਲਕ ਵਪਾਰਕ ਮਾਹੌਲ ਵਿੱਚ ਭਵਿੱਖ ਲਈ ਤਿਆਰ ਪੇਸ਼ੇਵਰਾਂ ਦੇ ਨਿਰਮਾਣ ਵਿਸ਼ਿਆਂ ਉੱਤੇ ਗੰਭੀਰ ਵਿਚਾਰ ਵਟਾਂਦਰਾ ਹੋਇਆ। ਦੋਹਾਂ ਵਰਕਸ਼ਾਪ ਵਿੱਚ ਭਾਰੀ ਗਿਣਤੀ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਬੁੱਧੀਜੀਵੀਆਂ ਅਤੇ ਇਲਾਕੇ ਦੇ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ।ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਇੰਟਰਨੈੱਟ ਆਫ਼ ਥਿੰਗਜ਼ ਵਿਸ਼ੇ 'ਤੇ ਹੋਏ ਵਰਕਸ਼ਾਪ ਵਿੱਚ ਮੁੱਖ ਵਕਤਾ ਵਜੋਂ ਜੈਸੀ ਜੂਲੀਅਨ (ਅਸਿਸਟੈਂਟ ਪ੍ਰੋਫ਼ੈਸਰ ਕੰਪਿਊਟਰ ਵਿਭਾਗ ਦੇ ਮੁਖੀ, ਟ੍ਰਿਨਟੀ ਕਾਲਜ ਜਲੰਧਰ ) ਨੇ ਸ਼ਮੂਲੀਅਤ ਕੀਤੀ।ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਇੰਟਰਨੈਟ ਆਫ਼ ਥਿੰਗਜ਼ ਦਾ ਸੁਮੇਲ ਦੀ ਆਧੁਨਿਕ ਵਰਤੋਂ ਦੀ ਜਾਣਕਾਰੀ ਦੇਣਾ ਸੀ। ਸਵੇਰ ਦੇ ਸੈਸ਼ਨ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਕਿਵੇਂ ਸਮਾਰਟ ਡਿਵਾਈਸ ਨੂੰ ਏ.ਆਈ. ਨਾਲ ਜੋੜ ਕੇ ਰੋਜ਼ਾਨਾ ਜੀਵਨ ਵਿੱਚ ਵਧੇਰੇ ਕੁਸ਼ਲ ਬਣਾਇਆ ਜਾ ਸਕਦਾ, ਕਿਵੇਂ ਕਲਾਊਡ ਕੰਪਿਊਟਿੰਗ ਰਾਹੀਂ ਡਾਟਾ ਇਕੱਠਾ ਕੀਤਾ ਜਾਂਦਾ ਹੈ ਅਤੇ ਉਸ ਦੇ ਵਿਸ਼ਲੇਸ਼ਣ ਕਰਨ ਦੀ ਸਿਖਲਾਈ ਵੀ ਦਿੱਤੀ। ਦੂਸਰੇ ਸੈਸ਼ਨ ਦੌਰਾਨ ਖੇਤੀਬਾੜੀ ਸਿਹਤ ਸੇਵਾਵਾਂ ਅਤੇ ਸਮਾਰਟ ਸਿਟੀ ਦੇ ਵਿੱਚ ਕਿਵੇਂ ਇੰਟਰਨੈਟ ਆਫ਼ ਥਿੰਗਜ਼ ਦੀ ਵਰਤੋਂ ਕੀਤੀ ਜਾਂਦੀ ਹੈ ਇਸ ਦੇ ਨਾਲ ਹੀ ਏ.ਆਈ. ਖੇਤਰ ਨਾਲ ਸੰਬੰਧਤ ਰੁਜ਼ਗਾਰ ਦੇ ਵਧ ਰਹੇ ਮੌਕੇ ਅਤੇ ਕੋਰਸਾਂ ਬਾਰੇ ਜਾਣਕਾਰੀ ਦਿੱਤੀ।ਦੂਸਰੀ ਵਰਕਸ਼ਾਪ ਦੌਰਾਨ ਸਵੇਰ ਦੇ ਸੈਸ਼ਨ ਡਾ. ਦੀਪਕ ਦੇਵਗਨ (ਅਸਿਸਟੈਂਟ ਪ੍ਰੋਫ਼ੈਸਰ ਖਾਲਸਾ ਕਾਲਜ ਅੰਮ੍ਰਿਤਸਰ) ਨੇ ਵਪਾਰਕ ਵਾਤਾਵਰਨ ਦੀ ਜਾਗਰੂਕਤਾ ਤੇ ਇਸ ਦੇ ਪ੍ਰਭਾਵ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਵਿੱਤੀ ਵਿਵਹਾਰ ਨਾਲ ਕਿਵੇਂ ਨਵੀਨਤਮ ਸਵੈ-ਰੁਜ਼ਗਾਰ ਨੂੰ ਪ੍ਰਫੁੱਲਿਤ




ਕੀਤਾ ਜਾ ਸਕਦਾ ਹੈ ਅਤੇ ਅਕਾਊਂਟ ਸਾਫਟਵੇਅਰ ਦੀ ਜਾਣਕਾਰੀ ਦਿੱਤੀ । ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਦੱਸਿਆ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨਵੀਂ ਸੋਚ ਨੂੰ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਸਾਰੇ ਬੁਲਾਰਿਆਂ ਆਯੋਜਕ ਟੀਮ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਇਸ ਵਰਕਸ਼ਾਪ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ। ਅਖੀਰ ਪੂਜਾ ਸੁਖੇਜਾ (ਇੰਚਾਰਜ ਜੀ.ਐਨ.ਡੀ.ਯੂ. ਕਾਲਜ ਨਕੋਦਰ) ਨੇ ਸੈਸ਼ਨ ਦੀ ਸਮਾਪਤੀ ਕੀਤੀ। ਦੋ ਦਿਨ ਚੱਲੇ ਵਰਕਸ਼ਾਪ ਦੇ ਡਿਪਟੀ ਕੋ-ਆਰਡੀਨੇਟਰ ਮੈਡਮ ਪ੍ਰਦੀਪ ਕੌਰ(ਕੰਪਿਊਟਰ ਵਿਭਾਗ) ਅਤੇ ਮੈਡਮ ਮਨਪ੍ਰੀਤ (ਕਾਮਰਸ ਵਿਭਾਗ) ਨੇ ਵਰਕਸ਼ਾਪ ਦੇ ਸਫ਼ਲ ਆਯੋਜਨ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ। ਮੰਚ ਦਾ ਸੰਚਾਲਨ ਡਾ. ਤਰਨਪ੍ਰੀਤ ਕੌਰ (ਪੰਜਾਬੀ ਵਿਭਾਗ ) ਨੇ ਕੀਤਾ।

# ਰਿਆਤ ਬਾਹਰਾ ਪ੍ਰੋਫੈਸ਼ਨਲ 'ਵਰਸਿਟੀ ਦੇ ਵਿਦਿਆਰਥੀਆਂ ਨੇ ਟ੍ਰੈਫਿਕ ਨਿਯਮਾਂ ਪ੍ਰਤੀ ਕੀਤਾ ਜਾਗਰੂਕ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਇੰਜੀਨੀਅਰਿੰਗ ਐਂਡ ਕੰਪਿਊਟਿੰਗ ਦੇ ਵਿਦਿਆਰਥੀਆਂ ਨੇ ਸਥਾਨਕ ਚੱਬੇਵਾਲ ਖੇਤਰ ਵਿੱਚ ਸੜਕ ਸੁਰੱਖਿਆ ਜਾਗਰੂਕਤਾ ਮੁਹਿੰਮ ਚਲਾਈ।ਇਸ ਮੁਹਿੰਮ ਰਾਹੀਂ ਵਿਦਿਆਰਥੀਆਂ ਨੇ ਲੋਕਾਂ ਵਿੱਚ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਪੈਦਾ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਡਾਇਰੈਕਟਰ-ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਅਤੇ ਡੀਨ ਡਾ. ਜਯੋਤਸਨਾ ਨੇ ਕੀਤੀ। ਡੀਨ ਡਾ. ਜਯੋਤਸਨਾ ਨੇ ਦੱਸਿਆ ਕਿ ਮੁਹਿੰਮ ਦੌਰਾਨ ਵਿਦਿਆਰਥੀਆਂ ਨੇ ਦੋਪਹੀਆ ਵਾਹਨ ਸਵਾਰਾਂ ਨੂੰ ਹੈਲਮੇਟ ਪਹਿਨਣ, ਕਾਰ ਚਾਲਕਾਂ ਨੂੰ ਸੀਟ ਬੈਲਟ ਲਗਾਉਣ, ਤੇਜ਼ ਰਫ਼ਤਾਰ ਤੋਂ ਬਚਣ ਅਤੇ ਗੱਡੀ ਚਲਾਉਂਦੇ ਸਮੇਂ ਮੋਬਾਈਲ ਫੋਨ ਦੀ ਵਰਤੋਂ ਕਰਨ ਤੋਂ ਬਚਣ ਦੀ ਅਪੀਲ ਕੀਤੀ।ਵਿਦਿਆਰਥੀਆਂ ਨੇ ਚੌਰਾਹਿਆਂ 'ਤੇ ਰੁਕ ਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਨੌਜਵਾਨਾਂ ਵੱਲੋਂ ਚਲਾਈਆਂ ਜਾ ਰਹੀਆਂ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਸਮਾਜ ਨੂੰ ਸਕਾਰਾਤਮਕ ਸੁਨੇਹਾ ਦਿੰਦੀਆਂ ਹਨ ਅਤੇ ਸੁਰੱਖਿਅਤ ਟ੍ਰੈਫਿਕ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਸੜਕ ਹਾਦਸਿਆਂ ਵਿੱਚ ਕਮੀ ਉਦੋਂ ਹੀ ਸੰਭਵ ਹੈ ਜਦੋਂ ਹਰ ਨਾਗਰਿਕ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰੇ ਅਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰੇ। ਇਸ ਮੌਕੇ ਵਿਭਾਗ ਮੁਖੀ ਡਾ. ਗੌਰਵ ਪਰਾਸ਼ਰ, ਪ੍ਰੋ. ਗੁਰਸ਼ਰਨ ਸੈਣੀ, ਪ੍ਰੋ. ਦਲਜੀਤ, ਪ੍ਰੋ. ਧਨਪ੍ਰੀਤ ਕੌਰ, ਪ੍ਰੋ. ਰਮਨ ਸਮੇਤ ਹੋਰ ਸਟਾਫ਼ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

# ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਲਈ ਆਰਥਿਕ ਮਦਦ ਕੀਤੀ

**ਫਗਵਾੜਾ (ਜਸਵਿੰਦਰ ਢੱਡਾ)** ਗੁਰੂ ਕਿਰਪਾ ਇੰਟਰਨੈਸ਼ਨਲ ਕੰਨਿਆਦਾਨ ਸੰਸਥਾ ਵਲੋਂ ਜੋ ਸਮੂਹਿਕ ਵਿਆਹ 15 ਫਰਵਰੀ ਨੂੰ ਕੋਹੇਨੂਰ ਫਾਰਮ, ਪਿੰਡ ਤਲਣ, ਜਲੰਧਰ ਵਿਖੇ ਹੋਣੇ ਹਨ, ਉਸ ਦੇ ਸਬੰਧ ਵਿੱਚ ਚੌਕੜੀਆ ਪਰਵਾਰ ਵਲੋਂ ਪਿਛਲੇ ਸਾਲਾਂ ਦੀ ਤਰਾਂ ਇਸ ਬਾਰ ਵੀ ਸੂਟਾਂ ਦੇ ਨਾਲ-ਨਾਲ ਆਰਥਿਕ ਮਦਦ ਵੀ ਕੀਤੀ ਗਈ। ਇਸ ਮੌਕੇ 'ਤੇ ਸੰਸਥਾ ਪ੍ਰਧਾਨ ਬੀਰ ਚੰਦ ਸੁਰੀਲਾ ਤੇ ਉਪ ਪ੍ਰਧਾਨ ਸਰਵਣ ਸਿੰਘ



ਸੁੰਮਨ ਨੇ ਜੋ ਲੋੜਵੰਦ ਲੜਕੀਆਂ ਨੂੰ ਵਰਤਣਯੋਗ ਘਰੇਲੂ ਸਾਮਾਨ ਦੇਣਾ ਹੈ,ਉਸ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਇਸ ਸਮੇਂ ਸੰਸਥਾ ਦੇ ਅਹੁਦੇਦਾਰ ਸਰਵ ਸੁਰੇਸ਼ ਕੁਮਾਰ ਕਲੇਰ, ਅਸ਼ਵਨੀ ਵਿਰਦੀ ਕੈਸ਼ੀਅਰ ਯੂ ਏ ਈ, ਸੁਰਿੰਦਰ ਪਾਲ ਜਨਾਗਲ ਖਜ਼ਾਨਚੀ, ਪਰਮਜੀਤ ਮੱਲ ਪ੍ਰਧਾਨ ਗੁਰੂਘਰ, ਗੁਰਕ੍ਰਿਪਾਲ ਸਿੰਘ, ਸੁਰਜੀਤ ਸਿੰਘ, ਰਾਮ ਲਾਲ ਚੌਕੜੀਆ, ਦਵਿੰਦਰ ਸੁਰੀਲਾ, ਬਲਜੀਤ ਸਿੰਘ ਭੱਟੀ, ਮਿਸਿਜ ਭੱਟੀ, ਮਨਜੀਤ ਕੌਰ ਤੇ ਰਾਜ ਕੁਮਾਰੀ ਆਦਿ ਹਾਜ਼ਰ ਸਨ।

# ਕੈਂਟ ਹਲਕੇ 'ਚ ਸ਼ੁਰੂ ਹੋਈ 10 ਲੱਖ ਸਿਹਤ ਬੀਮਾ ਯੋਜਨਾ

**ਜਲੰਧਰ (ਇਕਬਾਲ ਸਿੰਘ ਉਭੀ)** ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਦੀ ਦਿਸ਼ਾ-ਨਿਰਦੇਸ਼ ਹੇਠ ਹਲਕੇ ਵਿੱਚ 10 ਲੱਖ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ।ਇਸ ਕੜੀ ਤਹਿਤ ਜਲੰਧਰ ਕੈਂਟ ਵਿੱਚ ਮਾਨ ਸਰਕਾਰ ਦੀ ਸਿਹਤ ਯੋਜਨਾ ਅਧੀਨ ਵਿਸ਼ੇਸ਼ ਕੈਂਪ ਲਗਾ ਕੇ ਵੱਡੀ ਗਿਣਤੀ ਵਿੱਚ ਲੋਕਾਂ ਦੇ ਸਿਹਤ ਕਾਰਡ ਬਣਾਏ ਗਏ।ਇਸ ਮੌਕੇ ਜਲੰਧਰ ਕੈਂਟ ਦੇ ਸੰਗਠਨ ਇੰਚਾਰਜ ਸੁਭਾਸ਼ ਭਗਤ, ਵਾਰਡ ਦੇ ਕੌਂਸਲਰ, ਬਲਾਕ ਪ੍ਰਧਾਨ, ਪਿੰਡਾਂ ਦੇ ਸਰਪੰਚ, ਜ਼ਿਲ੍ਹਾ ਪਰਿਸ਼ਦ ਮੈਂਬਰ, ਵਿੰਗਾਂ ਦੇ ਇੰਚਾਰਜਾਂ ਸਮੇਤ ਕੈਂਟ ਦੀ ਸਾਰੀ ਟੀਮ ਮੌਜੂਦ ਸੀ।

# ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ



ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਲਾਇਨਜ਼ ਕਲੱਬ ਆਦਮਪੁਰ, ਲਾਇਨਜ਼ ਆਈ ਹਸਪਤਾਲ ਸੋਸਾਇਟੀ ਵੱਲੋਂ ਜਤਿੰਦਰ ਸਿੰਘ ਜੇ ਮਿਨਹਾਸ ਦੀ ਮਦਦ ਨਾਲ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਅਜਨੋਹਾ ਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਚੌਥਾ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਮੁਖਲਿਆਣਾ ਵਿਖੇ ਲਗਾਇਆ ਗਿਆ, ਜਿਸ ਵਿੱਚ ਲਾਇਨਜ਼ ਆਈ ਹਸਪਤਾਲ ਆਦਮਪੁਰ ਦੇ ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਸਕੂਲੀ 70 ਬੱਚਿਆਂ ਦੀਆਂ ਅੱਖਾਂ ਦਾ ਵੀ ਚੈੱਕਅੱਪ ਕਰਕੇ ਦਵਾਈਆਂ ਫ੍ਰੀ ਵਿੱਚ ਦਿੱਤੀਆਂ ਗਈਆਂ। ਸੰਸਥਾ ਦੀ ਟੀਮ ਵੱਲੋਂ ਹਸਪਤਾਲ ਦੇ ਡਾਕਟਰਾਂ ਦੀ ਟੀਮ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਭਾਈ ਮਨਦੀਪ ਸਿੰਘ ਜੀ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਹਰਵਿੰਦਰ ਸਿੰਘ ਪਰਹਾਰ, ਡਾ. ਰਘਬੀਰ ਸਿੰਘ ਵਿਰਦੀ, ਡਾ. ਸਰਬਜੀਤ ਸਿੰਘ, ਮਹਿੰਦਰ ਸਿੰਘ ਪਰਹਾਰ ਕਾਲਰਾ, ਕਾਜਲ, ਨਰਿੰਦਰ, ਜਤਿੰਦਰ ਸਿੰਘ ਰਾਣਾ ਖਾਲਸਾ ਮੁਖਲਿਆਣਾ ਡਿਸਪੈਂਸਰੀ ਅਤੇ ਲੈਬੋਰਟਰੀ ਇਨਚਾਰਜ, ਬਲਜੀਤ ਸਿੰਘ ਬਿੱਲਾ ਅਜਨੋਹਾ, ਓਕਾਰ ਸਿੰਘ ਨਰੂੜ, ਹਰਦੀਪ ਸਿੰਘ, ਪ੍ਰਿੰਸੀਪਲ ਕੁਲਵੰਤ ਕੌਰ ਪ੍ਰੋਫੈਸਰ ਗੁਰਪ੍ਰੀਤ ਸਿੰਘ,ਪਰਮਿੰਦਰ ਸਿੰਘ, ਮਨਦੀਪ ਕੌਰ, ਰਾਜਵਿੰਦਰ ਕੌਰ, ਬੱਚੇ, ਗਗਨਜੀਤ ਸਿੰਘ, ਗੁਰਕੀਰਤ ਸਿੰਘ,ਸਿਮਰਤ ਸਿੰਘ, ਅਕਾਸ਼ਦੀਪ ਸਿੰਘ ਬਿੱਟੂ, ਪ੍ਰਭਜੋਤ ਕੌਰ ਹਰਸਿਮਰਨ ਕੌਰ, ਅਰਮਾਨ, ਮੰਨਤ,ਹਰਮਨ, ਗੁਰਜੋਤ ਸਿੰਘ, ਬਲਜੀਤ ਸਿੰਘ, ਹਰਲੀਨ ਕੌਰ, ਸਿਮਰਨ ਕੌਰ, ਗੁਰਜਸ ਸਿੰਘ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਵਲੋਂ ਜਾਗਰੂਕਤਾ ਰੈਲੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਹਰ ਸਾਲ ਕੌਮੀ ਸੜਕ ਸੁਰੱਖਿਆ ਜਾਗਰੂਕਤਾ ਮਹੀਨੇ ਦੀ ਲੜ੍ਹੀ ਵਿੱਚ ਸਥਾਨਕ ਦੁਆਬਾ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵਲੋਂ ਰੋਡ ਸੇਫਟੀ ਅਵੇਰਨੈੱਸ ਸੋਸਾਇਟੀ ਤੇ ਜ਼ਿਲ੍ਹਾ ਟ੍ਰੈਫਿਕ ਪੁਲਿਸ ਦੀ



ਅਗਵਾਈ ਵਿੱਚ ਜਾਗਰੁਕਤਾ ਰੈਲੀ ਦਾ ਆਯੋਜਨ ਕੀਤਾ। ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ ਵਲੋਂ ਝੰਡੀ ਵਿਖਾ ਕੇ ਰੈਲੀ ਨੂੰ ਸਕੂਲ ਕੰਪਲੈਕਸ ਤੋਂ ਰਵਾਨਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਜੇ ਐਸ ਗਿੱਦਾ, ਪ੍ਰਵੀਨ ਕੁਮਾਰ ਏ ਐੱਸ ਆਈ, ਦਿਲਬਾਗ ਸਿੰਘ ਰਿਟਾ ਡੀ ਈ ਓ, ਸੁਭਾਸ਼ ਚੰਦਰ ਏ ਐੱਸ ਆਈ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਰ ਤਰ੍ਹਾਂ ਦੇ ਵਾਹਨਾਂ ਨੂੰ ਡਰਾਈਵਰਾਂ ਨੂੰ , ਰੇਹੜੀ-ਰਿਕਸ਼ਿਆਂ ਵਾਲ੍ਹਿਆਂ ਤੇ ਪੈਦਲ ਚੱਲਣ ਵਾਲਿਆਂ ਨੂੰ ਸਬਰ ਸੰਤੋਖ ਨਾਲ੍ਹ ਨਿਯਮਾਂ ਦਾ ਵਧੇਰੇ ਧਿਆਨ ਰੱਖਣਾ ਚਾਹੀਦਾ ।ਬੁਲਾਰਿਆਂ ਨੇ ਦੁੱਖ ਪ੍ਰਗਟ ਕੀਤਾ ਕਿ ਸੜਕਾਂ ਤੇ ਸੜਕੀ ਨਿਯਮਾਂ ਪ੍ਰਤੀ ਲਾਪ੍ਰਵਾਹੀ, ਅਗਿਆਨਤਾ ਤੇ ਸਬਰ ਸੰਤੋਖ ਦੀ ਕਮੀ ਕਾਰਨ ਅਣਗਣਿਤ ਕੀਮਤੀ ਜਾਨਾਂ ਅਜਾਈਂ ਜਾ ਰਹੀਆਂ ਹਨ।ਰੈਲੀ ਵਿੱਚ ਵਿਦਿਆਰਥੀਆਂ ਵਲੋਂ ਸੜਕਾਂ ਤੇ ਆਪ ਬਚੋ-ਦੂਜਿਆਂ ਨੂੰ ਬਚਾਓ , ਤੇਜ਼ ਰਫਤਾਰੀ-ਮੌਤ ਦੀ ਤਿਆਰੀ , ਕਾਹਲ੍ਹੀ ਹੋਵੇ ਜਾ ਮਜਬੂਰੀ-ਹੈਲਮੱਟ ਹੈ ਜਰੂਰੀ ਆਦਿ ਨਾਹਰੇ ਲਗਾਏ ਜਾ ਰਹੇ ਸਨ। ਇਸ ਤੋਂ ਬਿਨਾਂ ਰਿਕਾਰਡਿਡ ਜਾਗਰੂਕਤਾ ਸੰਦੇਸ਼ ਵੀ ਸੰਦੇਸ਼ ਚੱਲ ਰਿਹਾ ਸੀ, ਸਟਰਿੱਕਰ ਤੇ ਲਿਟਰੇਚਰ ਵੰਡਿਆ ਜਾ ਰਿਹਾ ਸੀ। ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ, ਜੇ.ਐਸ.ਗਿੱਦਾ, ਸੁਭਾਸ਼ ਚੰਦਰ ਏ ਐੱਸ ਆਈ, ਪ੍ਰਵੀਨ ਕੁਮਾਰ ਏ ਐੱਸ ਆਈ, ਸੁਨੀਲ ਦੱਤ ਏ ਐੱਸ ਆਈ, ਮੈਡਮ ਰਵਿੰਦਰ ਕੌਰ ਟ੍ਰੈਫਿਕ ਪੁਲਸ, ਸਕੂਲ ਵਲੋਂ ਗੁਰਜੀਤ ਸਿੰਘ, ਜਸਕਰਨ ਸਿੰਘ, ਮਹਿੰਦਰਪਾਲ, ਹਰਜਿੰਦਰ ਸਿੰਘ,ਪ੍ਰਭਾਤ ਤੇ ਸਟਾਫ ਹਾਜ਼ਰ ਸੀ।

# ਪਿੰਡ ਸੜੋਆ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਗੁਰਪੂਰਬ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਨਗਰ ਦੀ ਸਬ ਡਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਸੜੋਆ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਗੁਰਪੂਰਬ ਮਨਾਇਆ ਗਿਆ।30 ਜਨਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। 31 ਜਨਵਰੀ ਨੂੰ ਪਿੰਡ ਸੜੋਆ ਦੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਗੁਰੂਦੁਆਰਾ ਦੀ ਪ੍ਰਬੰਧਕ ਕਮੇਟੀ ਤੇ ਸੰਗਤਾਂ ਵਲੋਂ ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਪੰਜ ਪਿਆਰਿਆਂ ਦੀ ਅਗਵਾਈ ਵਿੱਚ ਗੁਰੂਦੁਆਰਾ ਅਸਥਾਨ ਤੋਂ ਆਰੰਭ ਹੋਏ ਇਸ ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੁਸੋਭਿਤ ਪਾਲਕੀ ਵੱਖ ਵੱਖ ਕਿਸਮਾਂ ਦੇ ਫੁੱਲਾਂ ਦੀਆਂ ਮਾਲਾਵਾ



ਨਾਲ ਸਜਾਈ ਹੋਈ ਸੀ। ਇਸ ਨਗਰ ਕੀਰਤਨ ਵਿੱਚ ਵੱਖ ਵੱਖ ਧਰਮਾਂ ਨਾਲ ਜੁੜੀ ਸੰਗਤਾਂ ਨੇ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ। ਨਗਰ ਕੀਰਤਨ ਦੇ ਨਾਲ ਸੰਗਤਾਂ ਪੈਦਲ ਚੱਲ ਰਹੀਆਂ ਸਨ,ਉਥੇ ਹੀ ਟਰੈਕਟਰਾਂ,ਕਾਰਾਂ ਵਿੱਚ ਸੰਗਤਾਂ ਸਮੇਤ ਵੱਡੀ ਗਿਣਤੀ ਵਿਚ ਬੀਬੀਆਂ ਸ਼ਾਮਲ ਹੋ ਕੇ ਆਪਣੀ ਹਾਜ਼ਰੀ ਲਗਵਾਈ ਤੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਦਾ ਜਾਪ ਕੀਤਾ। ਇਸ ਨਗਰ ਕੀਰਤਨ ਵਿੱਚ ਰਾਗੀ ਸਿੰਘਾਂ ਵੱਲੋਂ ਕੀਤਾ ਜਾ ਰਿਹਾ ਰਸਭਿੰਨਾ ਕੀਰਤਨ ਜਿੱਥੇ ਸੰਗਤਾਂ ਨੂੰ ਬਾਣੀ ਨਾਲ ਜੋੜ ਰਿਹਾ ਸੀ, ਉੱਥੇ ਹੀ ਵਾਤਾਵਰਣ ਨੂੰ ਹੋਰ ਵੀ ਰੂਹਾਨੀਅਤ ਬਣਾ ਰਿਹਾ ਸੀ।ਇਹ ਨਗਰ ਕੀਰਤਨ ਪਿੰਡ ਦੇ ਵੱਖ ਵੱਖ ਥਾਵਾਂ ਦੀ ਪਰਿਕਰਮਾ ਕਰਦਾ ਹੋਇਆ ਗੁਰੂਦੁਆਰਾ ਅਸਥਾਨ ਤੇ ਨਿਰਵਿਘਨ ਸਮਾਪਤ ਹੋਇਆ।ਵੱਖ ਵੱਖ ਸਥਾਨਾਂ ਤੇ ਸ਼ਰਧਾਲੂਆਂ ਵੱਲੋ ਸੰਗਤਾਂ ਲਈ ਕਈ ਪ੍ਰਕਾਰ ਦੇ ਲੰਗਰ ਪ੍ਰਸਾਦ ਵਜੋਂ ਵੀ ਵਰਤਾਏ ਗਏ।1 ਫਰਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਸਮੇਂ ਪਿੰਡ ਦੀ ਸਮੂਹ ਸੰਗਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਈ। ਨਵਾਂ ਸ਼ਹਿਰ ਦੇ ਕੀਰਤਨ ਜੱਥੇ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਸਬੰਧੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਹੋਈਆਂ ਮੁੱਖ ਸ਼ਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੰਗਰ ਅਟੁੱਟ ਵਰਤਾਇਆ ਗਿਆ। ਪ੍ਰਧਾਨ ਰਾਜ ਕੁਮਾਰ ਕੈਸ਼ੀਅਰ ਸੰਦੀਪ ਕੁਮਾਰ ਡਾਕਟਰ ਵਾਈਸ ਪ੍ਰਧਾਨ ਰਾਮ ਲਾਲ ਵਾਈਸ ਕੈਸ਼ੀਅਰ ਸੰਦੀਪ ਕੁਮਾਰ ਸੇਠੀ ਹੈੱਡ ਗ੍ਰੰਥੀ ਗੁਰਦੀਪ ਸਿੰਘ ਸੁਰਿੰਦਰ ਪਾਲ ਪੰਚ ਮੈਂਬਰ ਰਾਜ ਕੁਮਾਰ, ਵੇਦ ਪ੍ਰਕਾਸ਼, ਨਿਰਮਲਜੀਤ ਸਿੰਘ, ਚਮਨ ਲਾਲ, ਅਮਰਜੀਤ ਸਿੰਘ, ਕਰਤਾਰਾ ਰਾਮ, ਸੁਰਿੰਦਰ ਛਿੰਦਾਂ, ਸੁਰੇਸ਼ ਕੁਮਾਰ, ਗੁਰਦਿਆਲ, ਮਾਸਟਰ ਹਰਭਜਨ ਸਿੰਘ, ਨਿਰਮਲ, ਅਮਰਜੀਤ (ਸੁੱਖਾ) ਜਗਤਾਰ ਸਿੰਘ ਆਦਿ ਹਾਜ਼ਰ ਸਨ।

## ਯੂਨੀਵਰਸਿਟੀ ਕੈਂਪਸ ਵਿਖੇ ਬਾਬਾ ਦੀਪ ਸਿੰਘ ਜੀ ਨੂੰ ਸਮਰਪਤ ਧਾਰਮਿਕ ਸਮਾਗਮ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਬਾਬਾ ਦੀਪ ਸਿੰਘ ਹੋਸਟਲ (ਲੜਕੇ) ਤਲਵੰਡੀ ਸਾਬੋ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਸਮੇਤ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੇ ਇਕਾਗਰ ਹੋ ਕੇ ਪਾਵਨ-ਬਾਣੀ ਦੇ ਪਾਠ ਦਾ ਸਰਵਣ ਕੀਤਾ।ਅਰਦਾਸ ਉਪਰੰਤ ਪਾਠ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਅਤੇ ਸੰਗਤ ਨੂੰ ਚਾਹ ਦਾ ਲੰਗਰ ਵਰਤਾਇਆ ਗਿਆ।ਹੋਸਟਲ ਵਾਰਡਨ ਇੰਜੀ. ਲਖਵੀਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸਾਡੇ ਗੁਰੂ ਸਾਹਿਬਾਨਾਂ ਦੇ ਦੱਸੇ ਸੱਚੇ ਮਾਰਗ 'ਤੇ ਚੱਲਣ ਲਈ ਪ੍ਰੇਰਤ ਕੀਤਾ ਗਿਆ।ਅੰਤ ਵਿੱਚ ਉਨ੍ਹਾਂ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦਾ ਇਸ ਉੱਦਮ ਲਈ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਅਜਿਹੇ ਹੋਰ ਵਧੀਆ ਪ੍ਰੋਗਰਾਮ ਉਲੀਕਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਨਵਦੀਪ ਗੋਇਲ ਮੁਖੀ ਯਾਦਵਿੰਦਰਾ ਇੰਜੀ. ਵਿਭਾਗ, ਡਾ. ਬਲਰਾਜ ਸਿੰਘ ਬਰਾੜ ਪ੍ਰੋਫ਼ੈਸਰ, ਡਾ. ਜਗਤਾਰ ਸਿੰਘ ਪ੍ਰੋਫ਼ੈਸਰ, ਸ੍ਰੀਮਤੀ ਮਨਜੀਤ ਕੌਰ ਵਾਰਡਨ (ਲੜਕੀਆਂ), ਗੁਰਪਾਲ ਸਿੰਘ, ਗੁਰਬਖਸ਼ੀਸ਼ ਸਿੰਘ, ਸ੍ਰੀਮਤੀ ਏਕਪ੍ਰੀਤ ਕੌਰ, ਪਿੰਟੂ ਰਾਮ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਨਸ਼ਾ ਤਸਕਰਾਂ ਖਿਲਾਫ਼ ਵੱਡੀ ਕਾਰਵਾਈ, 183 ਗ੍ਰਾਮ ਹੈਰੋਇਨ ਸਣੇ 4 ਕਾਬੂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)** ਫਰੀਦਕੋਟ ਪੁਲਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਗਈ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵੱਡੀ ਕਾਰਵਾਈ ਕਰਦਿਆਂ ਵੱਖ-ਵੱਖ ਮਾਮਲਿਆਂ ਵਿੱਚ 183 ਗ੍ਰਾਮ ਹੈਰੋਇਨ ਸਣੇ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤੇ ਐੱਸ. ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਫਰੀਦਕੋਟ ਤੇ ਜੈਤੋ ਦੀਆਂ ਟੀਮਾਂ ਨੇ ਇਹ ਸਫਲਤਾ ਹਾਸਲ ਕੀਤੀ ਹੈ।ਪਹਿਲੇ ਮਾਮਲੇ 'ਚ ਇੰਸਪੈਕਟਰ ਅਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਫਰੀਦਕੋਟ ਦੀ ਨਿਗਰਾਨੀ ਹੇਠ ਪੁਲਸ ਪਾਰਟੀ ਵੱਲੋਂ ਪਿੰਡ ਢਿੱਲਵਾਂ ਕਲਾਂ ਨੇੜੇ ਚੈਕਿੰਗ ਕੀਤੀ ਜਾ ਰਹੀ ਸੀ।ਇਸ ਦੌਰਾਨ ਇੱਕ ਸ਼ੱਕੀ ਸਵਿਫਟ ਕਾਰ ਦੀ ਤਲਾਸ਼ੀ ਲੈਣ 'ਤੇ 132 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁਲਸ ਨੇ ਮੌਕੇ ਤੋਂ ਲਵਪ੍ਰੀਤ ਸਿੰਘ ਉਰਫ ਬਿੰਦਰ ਵਾਸੀ ਮੋਗਾ, ਹਾਲ ਵਾਸੀ ਜੈਤੋ ਨੂੰ ਗ੍ਰਿਫ਼ਤਾਰ ਕੀਤਾ।ਪੁਲਸ ਮੁਤਾਬਕ ਲਵਪ੍ਰੀਤ 'ਤੇ ਪਹਿਲਾਂ ਵੀ ਨਸ਼ਾ ਤਸਕਰੀ ਤੇ ਜਬਰ-ਜ਼ਨਾਹ ਵਰਗੇ 4 ਗੰਭੀਰ ਮੁਕੱਦਮੇ ਦਰਜ ਹਨ।

ਦੂਜੀ ਕਾਰਵਾਈ ਵਿੱਚ ਸੀ.ਆਈ.ਏ. ਸਟਾਫ਼ ਜੈਤੋ ਦੇ ਇੰਚਾਰਜ ਚਰਨਜੀਤ ਸਿੰਘ ਦੀ ਟੀਮ ਨੇ ਪਿੰਡ ਰੋੜੀ ਕਪੂਰਾ ਨੇੜੇ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਬਲਜਿੰਦਰ ਸਿੰਘ ਉਰਫ਼ ਬੱਬਾ ਤੇ ਸਨੀ (ਵਾਸੀ ਕਾਸਮ ਭੱਟੀ) ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 51 ਗ੍ਰਾਮ ਹੈਰੋਇਨ ਬਰਾਮਦ ਕੀਤੀ।ਪੁੱਛਗਿੱਛ ਦੌਰਾਨ ਉਨ੍ਹਾਂ ਦੇ ਇੱਕ ਹੋਰ ਸਾਥੀ ਮਨਪ੍ਰੀਤ ਸਿੰਘ ਉਰਫ ਮੋਨੂੰ ਨੂੰ ਵੀ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਬਲਜਿੰਦਰ ਬੱਬਾ 'ਤੇ ਪਹਿਲਾਂ ਵੀ ਦੋ ਮਾਮਲੇ ਦਰਜ ਹਨ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਇਹ ਪਤਾ ਲਗਾਇਆ ਜਾਵੇਗਾ ਕਿ ਉਹ ਇਹ ਨਸ਼ਾ ਕਿੱਥੋਂ ਲਿਆਉਂਦੇ ਸਨ ਤੇ ਅੱਗੇ ਕਿੰਨਾਂ ਨੂੰ ਸਪਲਾਈ ਕਰਦੇ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਸਵਨਾ ਵੱਲੋਂ ਬੱਸ ਰਵਾਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਕਾਫੀ ਲਾਹੇਵੰਦ ਸਾਬਿਤ ਹੋ ਰਹੀ ਹੈ।ਇਸੇ ਲੜੀ ਤਹਿਤ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਾਵਾਂ ਵਾਲੀ ਤੋਂ ਅੰਮ੍ਰਿਤਸਰ ਲਈ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 15 ਵੀਂ ਬੱਸ ਰਵਾਨਾ ਕੀਤੀ। ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਦੁਰਗਿਆਣਾ ਮੰਦਰ ਦੇ ਦਰਸ਼ਨਾਂ ਤੋਂ ਇਲਾਵਾ ਵਾਘਗਾ ਬਾਰਡਰ ਵਿਚ ਜਾਣਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ-ਪੀਣ ਦਾ ਵਧੀਆ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ। ਵਿਧਾਇਕ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਅੰਦਰ ਪੂਰੀ ਖੁਸ਼ੀ ਤੇ ਉਤਸ਼ਾਹ ਨਜ਼ਰ ਆਉਂਦਾ ਹੈ ਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।

## ਡੀ ਐੱਸ ਪੀ ਵੱਲੋਂ ਪਿੰਡ ਸੁਰੱਖਿਆ ਕਮੇਟੀ ਨਾਲ ਵਿਚਾਰ-ਵਟਾਂਦਰਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਅਮਨ-ਕਾਨੂੰਨ ਦੀ ਸਥਿਤੀ ਦੇ ਮੱਦੇਨਜ਼ਰ ਪਿੰਡ ਪੱਧਰ 'ਤੇ ਸੁਰੱਖਿਆ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਦੇ ਉਦੇਸ਼ ਨਾਲ ਮਹਿਲ ਕਲਾਂ 'ਚ ਪਿੰਡ ਸੁਰੱਖਿਆ ਕਮੇਟੀ ਦੀ ਮੀਟਿੰਗ ਕੀਤੀ ਗਈ।ਇਸ ਮੌਕੇ ਡੀ ਐੱਸ ਪੀ ਮਹਿਲ ਕਲਾਂ ਜਸਪਾਲ ਸਿੰਘ ਧਾਲੀਵਾਲ ਨੇ ਚੋਰੀਆਂ ਦੀਆਂ ਘਟਨਾਵਾਂ, ਨਸ਼ਿਆਂ ਦੀ ਤਸਕਰੀ, ਨੌਜਵਾਨਾਂ ਵਿੱਚ ਨਸ਼ਿਆਂ ਦੀ ਲਾਹਨਤ, ਰਾਤ ਸਮੇਂ ਗਸ਼ਤ, ਪਿੰਡਾਂ ਦੇ ਦਾਖ਼ਲੀ ਤੇ ਨਿਕਾਸੀ ਰਸਤੇ ਤੇ ਸ਼ੱਕੀ ਵਿਅਕਤੀਆਂ 'ਤੇ ਨਿਗਰਾਨੀ ਵਰਗੇ ਅਹਿਮ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਮੇਟੀ ਦੇ ਮੈਂਬਰਾਂ ਨੂੰ ਅਪੀਲ ਕੀਤੀ ਗਈ ਕਿ ਪਿੰਡ ਅੰਦਰ ਆਪਸੀ ਸਹਿਯੋਗ ਨਾਲ ਨਿਗਰਾਨੀ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾਵੇ ਤੇ ਕਿਸੇ ਵੀ ਸ਼ੱਕੀ ਸਰਗਰਮੀ ਜਾਂ ਅਪਰਾਧਕ ਘਟਨਾ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਜਾਵੇ।ਧਾਲੀਵਾਲ ਨੇ ਕਿਹਾ ਕਿ ਪਿੰਡ ਸੁਰੱਖਿਆ ਕਮੇਟੀਆਂ ਪੁਲਸ ਤੇ ਆਮ ਲੋਕਾਂ ਦਰਮਿਆਨ ਇੱਕ ਮਜ਼ਬੂਤ ਕੜੀ ਹਨ, ਜੋ ਅਪਰਾਧ ਰੋਕਥਾਮ 'ਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਲੋਕ ਭਲਾਈ ਦੇ ਕਾਰਜਾਂ 'ਚ ਅਹਿਮ ਯੋਗਦਾਨ ਪਾਉਣ ਦੀ ਅਪੀਲ ਕੀਤੀ।ਥਾਣਾ ਮੁੱਖ ਅਫਸਰ ਸਰਬਜੀਤ ਸਿੰਘ ਨੇ ਕਿਹਾ ਕਿ ਪੁਲਸ ਵੱਲੋਂ ਪਿੰਡਾਂ 'ਚ ਗਸ਼ਤ, ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਪੜਤਾਲ ਕੀਤੀ ਜਾ ਰਹੀ ਹੈ।ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲਤ ਵਿੱਚ ਕਾਇਮ ਰੱਖਦਿਆ ਉਲੰਘਣਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।ਕਮੇਟੀ ਮੈਂਬਰਾਂ ਵੱਲੋਂ ਵੀ ਪਿੰਡਾਂ 'ਚ ਆ ਰਹੀਆਂ ਸਮੱਸਿਆਵਾਂ ਸਬੰਧੀ ਪੁਲਸ ਅਧਿਕਾਰੀਆਂ ਨੂੰ ਜਾਣੂ ਕਰਵਾਇਆ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਸਥਾਨਕ ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਸੱਭਿਆਚਾਰਕ ਗਤੀਵਿਧੀਆਂ ਵਿਭਾਗ ਦੁਆਰਾ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ ਗਿਆ।ਪ੍ਰੋਗਰਾਮ ਦਾ ਆਰੰਭ ਮਾਤਾ ਸਰਸਵਤੀ ਦੀ ਵੰਦਨਾ ਨਾਲ ਹੋਇਆ।ਇਸ ਮੌਕੇ ਕਾਲਜ ਵਿਦਿਆਰਥੀਆਂ ਕਨਨ ਮਿਸ਼ਰਾ ਤੇ ਅਮਨਪ੍ਰੀਤ ਸਿੰਘ ਨੇ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਰਾਮ ਪਾਲ ਬੰਗਾ ਦੀ ਅਗਵਾਈ ਹੇਠ ਕੋਰੀਓਗ੍ਰਾਫ਼ੀ ਤੇ ਸੱਭਿਆਚਾਰਕ ਗੀਤਾਂ ਦੀ ਪੇਸ਼ਕਾਰੀ ਕੀਤੀ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬਸੰਤ ਦੀਆਂ ਮੁਬਾਰਕਾਂ ਦਿੱਤੀਆਂ ਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੀਨੀ ਡੋਰ ਦੇ ਜਾਨਲੇਵਾ ਨੁਕਸਾਨਾਂ ਬਾਰੇ ਦੱਸਦਿਆਂ ਇਸ ਦੀ ਰੋਕਥਾਮ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਵਿਦਿਆਰਥਣਾਂ ਧੜਕਨ ਸ਼ਰਮਾ ਤੇ ਅਨਵੇਸ਼ਾ ਵੱਲੋਂ ਨਿਭਾਈ ਗਈ।ਇਸ ਸੱਭਿਆਚਾਰਕ ਗਤੀਵਿਧੀ ਦੇ ਆਯੋਜਨ ਵਿੱਚ ਡੀਨ ਸੱਭਿਆਚਾਰ ਗਤੀਵਿਧੀਆਂ ਡਾ. ਨਿਧੀ ਸਰੂਪ ਤੇ ਕੋ-ਡੀਨ ਪ੍ਰੋ. ਰਾਮਪਾਲ ਬੰਗਾ ਨੇ ਯੋਗਦਾਨ ਪਾਇਆ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਨੌਜਵਾਨ ਦੇ ਖ਼ੁਦਕੁਸ਼ੀ ਮਾਮਲੇ 'ਚ ਸਿਰਫ਼ ਪਤਨੀ ਖ਼ਿਲਾਫ਼ ਹੀ ਮਾਮਲਾ ਦਰਜ : ਥਾਣਾ ਮੁਖੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਆਸਟ੍ਰੇਲੀਆ ਵਿੱਚ ਪੰਜਾਬੀ ਨੌਜਵਾਨ ਸਰਬਜੀਤ ਸਿੰਘ ਸੋਢਾ ਵੱਲੋਂ 27 ਸਤੰਬਰ 2025 ਨੂੰ ਕੀਤੀ ਗਈ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਸਰਬਜੀਤ ਸਿੰਘ ਨੇ ਸਥਿਤੀ ਸਪੱਸ਼ਟ ਕਰਦਿਆਂ ਦੱਸਿਆ ਕਿ ਮ੍ਰਿਤਕ ਦੇ ਪਿਤਾ ਰਣਜੀਤ ਸਿੰਘ ਪੁੱਤਰ ਕਾਕਾ ਸਿੰਘ ਵਾਸੀ ਮਹਿਲ ਕਲਾਂ ਵੱਲੋਂ 15 ਅਕਤੂਬਰ 2025 ਨੂੰ ਦਿੱਤੀ ਗਈ ਦਰਖਾਸਤ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਮੁਕੱਦਮਾ ਦਰਜ ਕਰ ਲਿਆ ਹੈ।ਐੱਸ.ਐੱਚ.ਓ. ਨੇ ਸਪੱਸ਼ਟ ਕੀਤਾ ਕਿ ਇਸ ਮਾਮਲੇ ਵਿੱਚ ਪੁਲਸ ਪੜਤਾਲ ਤੇ ਕਾਨੂੰਨੀ ਮਸ਼ਵਰੇ ਤੋਂ ਬਾਅਦ ਸਿਰਫ਼ ਮ੍ਰਿਤਕ ਦੀ ਪਤਨੀ ਸੁਖਜੀਤ ਕੌਰ ਪੁੱਤਰੀ ਰੂਪ ਸਿੰਘ ਵਾਸੀ ਧੂਰਕੋਟ ਰਣਸੀਹ (ਮੋਗਾ) ਵਿਰੁੱਧ ਹੀ ਮੁਕੱਦਮਾ ਦਰਜ ਕੀਤਾ ਗਿਆ ਹੈ।ਉਨ੍ਹਾਂ ਮੀਡੀਆ ਵਿੱਚ ਚੱਲ ਰਹੀਆਂ ਖ਼ਬਰਾਂ ਨੂੰ ਬੇਬੁਨਿਆਦ ਦੱਸਦੇ ਕਿਹਾ ਕਿ ਸ਼ਿਕਾਇਤਕਰਤਾ ਵੱਲੋਂ ਦਿੱਤੀ ਸ਼ਿਕਾਇਤ 'ਚ ਬੇਸ਼ੱਕ ਸਰਬਜੀਤ ਸਿੰਘ ਦੇ ਸਹੁਰੇ ਪਰਿਵਾਰ ਦੇ ਹੋਰ ਮੈਂਬਰਾਂ (ਸੱਸ, ਸਾਲੀ, ਸਾਲਾ ਤੇ ਤਾਇਆ ਸਹੁਰਾ) ਦੇ ਨਾਂਅ ਵੀ ਲਏ ਗਏ ਸਨ, ਪਰ ਮੌਜੂਦਾ ਜਾਂਚ ਦੇ ਆਧਾਰ 'ਤੇ ਸਿਰਫ਼ ਪਤਨੀ ਨੂੰ ਹੀ ਦੋਸ਼ੀ ਨਾਮਜ਼ਦ ਕੀਤਾ ਗਿਆ ਹੈ।ਬਾਕੀ ਪਰਿਵਾਰਕ ਮੈਂਬਰਾਂ ਖਿਲਾਫ਼ ਕੋਈ ਪਰਚਾ ਦਰਜ ਨਹੀਂ ਹੈ।ਪੁਲਸ ਵੱਲੋਂ ਇਸ ਮਾਮਲੇ ਦੀ ਅਗਲੇਰੀ ਤਫ਼ਤੀਸ਼ ਜਾਰੀ ਹੈ।

## ਵਿਧਾਇਕਾ ਮਾਣੂੰਕੇ ਨੇ ਅਠਾਰਾਂ ਫੁੱਟੀ ਸੜਕ ਦਾ ਨੀਂਹ ਪੱਥਰ ਰੱਖਿਆ



**ਹਠੂਰ (ਲਵਲੀ ਕੁਮਾਰ)**-ਪਿੰਡ ਮਾਣੂੰਕੇ ਤੋਂ ਪਿੰਡ ਮੱਲ੍ਹਾ ਤੱਕ ਲਿੰਕ ਸੜਕ ਨੂੰ ਅਠਾਰਾਂ ਫੁੱਟ ਚੌੜਾ ਕਰਨ ਦਾ ਨੀਂਹ ਪੱਥਰ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਰੱਖਿਆ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਇਸ ਇਲਾਕੇ ਦੀ ਪਿਛਲੇ ਲੰਮੇ ਸਮੇਂ ਤੋਂ ਮੰਗ ਸੀ ਕਿ ਗੁਰਦੁਆਰਾ ਮੈਹਦੇਆਣਾ ਸਾਹਿਬ ਨੂੰ ਆਉਣ ਵਾਲੀਆਂ ਲਿੰਕ ਸੜਕਾਂ ਨੂੰ ਅਠਾਰਾਂ ਫੁੱਟ ਚੌੜਾ ਕਰਕੇ ਬਣਾਇਆ ਜਾਵੇ।ਉਨ੍ਹਾ ਕਿਹਾ ਕਿ ਇਸ ਛੇ ਕਿਲੋਮੀਟਰ ਸੜਕ 'ਤੇ ਤਿੰਨ ਕਰੋੜ ਰੁਪਏ ਖਰਚ ਕੀਤੇ ਜਾਣਗੇ।ਉਨ੍ਹਾ ਕਿਹਾ ਕਿ ਪਿੰਡ ਲੱਖਾ ਤੋਂ ਗੁਰਦੁਆਰਾ ਮੈਹਦੇਆਣਾ ਸਾਹਿਬ ਤੱਕ ਤੀਜੀ ਸੜਕ ਨੂੰ ਜਲਦੀ ਮਨਜ਼ੂਰੀ ਮਿਲ ਜਾਵੇਗੀ।ਇਸ ਮੌਕੇ ਗ੍ਰਾਮ ਪੰਚਾਇਤ ਮੱਲ੍ਹਾ ਤੇ ਗ੍ਰਾਮ ਪੰਚਾਇਤ ਮਾਣੂੰਕੇ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਗੁਰਦੁਆਨਾ ਸ੍ਰੀ ਮੈਹਦੇਆਣਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਲੱਖਾ ਨੇ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੂੰ ਵਿਸ਼ੇਸ ਤੌਰ 'ਤੇ ਸਨਮਾਨਤ ਕੀਤਾ।ਇਸ ਮੌਕੇ ਉਨ੍ਹਾ ਨਾਲ ਮਾਰਕੀਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ, ਥਾਣਾ ਹਠੂਰ ਦੇ ਐੱਸ ਐੱਚ ਓ ਕੁਲਦੀਪ ਕੁਮਾਰ, ਸਰਪੰਚ ਗੁਰਮੇਲ ਸਿੰਘ ਮੱਲ੍ਹਾ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸਰਪੰਚ ਗੁਰਪ੍ਰੀਤ ਸਿੰਘ ਗੋਪੀ ਭੰਮੀਪੁਰਾ, ਸਰਪੰਚ ਪਾਲੀ ਡੱਲਾ, ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਹਿਰੀਨ ਕੌਰ ਖਾਲਸਾ, ਬਲਾਕ ਸੰਮਤੀ ਮੈਂਬਰ ਦਲਜੀਤ ਸਿੰਘ ਮੰਦਰ ਆਦਿ ਹਾਜ਼ਰ ਸਨ।

## ਜਗਜੀਤ ਕਲਸੀ ਬਣੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮਿਹਨਤ, ਦ੍ਰਿੜ੍ਹ ਇਰਾਦਾ ਤੇ ਪਰਿਵਾਰਕ ਸਹਿਯੋਗ ਜੇਕਰ ਇੱਕਜੁੱਟ ਹੋ ਜਾਣ ਤਾਂ ਕੋਈ ਵੀ ਮੁਕਾਮ ਹਾਸਲ ਕਰਨਾ ਅਸੰਭਵ ਨਹੀਂ ਰਹਿੰਦਾ।ਇਸ ਗੱਲ ਨੂੰ ਸੱਚ ਕਰ ਵਿਖਾਇਆ ਹੈ ਧੂਰੀ ਦੇ ਜੰਮਪਲ ਜਗਜੀਤ ਸਿੰਘ ਕਲਸੀ ਨੇ, ਜਿਨ੍ਹਾਂ ਨੇ ਪੰਜਾਬ ਦੀ ਵੱਕਾਰੀ ਜੁਡੀਸ਼ਰੀ ਪ੍ਰੀਖਿਆ ਪਾਸ ਕਰਕੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਵਜੋਂ ਨਿਯੁਕਤ ਹੋ ਕੇ ਸ਼ਹਿਰ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਵਰਤਮਾਨ ਵਿੱਚ ਮਾਲੇਰਕੋਟਲਾ ਵਿਖੇ ਬਤੌਰ ਡਿਪਟੀ ਜ਼ਿਲ੍ਹਾ ਅਟਾਰਨੀ ਸੇਵਾਵਾਂ ਨਿਭਾਅ ਰਹੇ ਸ੍ਰੀ ਕਲਸੀ ਦੀ ਇਸ ਉਪਲਬਧੀ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।ਉਨ੍ਹਾਂ ਆਪਣੀ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਪਰਿਵਾਰ ਤੇ ਦੋਸਤਾਂ-ਮਿੱਤਰਾਂ ਸਿਰ ਬੰਨ੍ਹਦਿਆਂ ਕਿਹਾ ਕਿ ਇਸ ਮੁਕਾਮ 'ਤੇ ਪਹੁੰਚਣ ਲਈ ਮੈਨੂੰ ਵਾਹਿਗੁਰੂ ਦੀ ਅਪਾਰ ਬਖਸ਼ਿਸ਼ ਤੇ ਆਪਣੇ ਪਰਿਵਾਰ ਦਾ ਅਥਾਹ ਸਹਿਯੋਗ ਮਿਲਿਆ ਹੈ।ਮੇਰੇ ਮਾਤਾ-ਪਿਤਾ, ਭੈਣ-ਭਰਾ ਤੇ ਖਾਸ ਕਰਕੇ ਮੇਰੀ ਪਤਨੀ ਨੇ ਹਰ ਮੋੜ 'ਤੇ ਮੇਰਾ ਹੌਸਲਾ ਵਧਾਇਆ।ਉਨ੍ਹਾਂ ਦੀ ਪ੍ਰੇਰਣਾ ਸਦਕਾ ਹੀ ਮੈਂ ਅੱਜ ਇਸ ਵੱਕਾਰੀ ਅਹੁਦੇ 'ਤੇ ਪਹੁੰਚ ਸਕਿਆ ਹਾਂ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਵੀ ਸੰਦੇਸ਼ ਦਿੱਤਾ ਕਿ ਜੇਕਰ ਨਿਸ਼ਾਨਾ ਸਪੱਸ਼ਟ ਹੋਵੇ ਤੇ ਇਰਾਦੇ ਨੇਕ ਹੋਣ ਤਾਂ ਸਫਲਤਾ ਤੁਹਾਡੇ ਕਦਮ ਚੁੰਮਦੀ ਹੈ।ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਨੇ ਕਲਸੀ ਪਰਿਵਾਰ ਨੂੰ ਇਸ ਇਤਿਹਾਸਕ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ।

## ਪ੍ਰਮਾਤਮਾ ਦੇ ਡਰ ਨਾਲ ਆਪਣੀ ਜ਼ਿੰਦਗੀ ਜੀਓ : ਡਾ. ਨਰੂਲਾ
### ਮੀਟਿੰਗ ਦੌਰਾਨ ਪਾਸਟਰਾਂ ਤੇ ਸੇਵਕਾਂ ਨੂੰ ਦਿੱਤੀਆਂ ਸਖ਼ਤ ਹਦਾਇਤਾਂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪਿਛਲੇ ਚਾਰ ਹਫ਼ਤਿਆਂ ਤੋਂ ਚੱਲ ਰਹੇ ਵਿਸ਼ੇਸ਼ ਸੰਦੇਸ਼ਾਂ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਖਾਂਬਰਾ ਚਰਚ ਦੇ ਮੁੱਖ ਰਸੂਲ ਡਾ. ਅੰਕੁਰ ਯੂਸਫ਼ ਨਰੂਲਾ ਨੇ ਪਾਸਟਰਾਂ ਤੇ ਚਰਚ ਦੇ ਸੇਵਕਾਂ ਨੂੰ ਸਖ਼ਤ ਚੇਤਾਵਨੀ ਜਾਰੀ ਕੀਤੀ।ਉਨ੍ਹਾਂ ਵਿਸ਼ਵਾਸ ਨਾਲ ਧੋਖਾ ਕਰਨ ਵਾਲਿਆਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪ੍ਰਮਾਤਮਾ ਦੇ ਕੰਮ ਵਿੱਚ ਇਮਾਨਦਾਰੀ ਹੀ ਅਧਿਆਤਮਿਕ ਤਰੱਕੀ ਦਾ ਇੱਕੋ ਇੱਕ ਰਸਤਾ ਹੈ।ਰਸੂਲ ਜੀ ਨੇ ਕਿਹਾ ਕਿ ਅੱਜ ਵੀ ਬਹੁਤ ਸਾਰੇ ਲੋਕ ਅਗਿਆਨਤਾ ਜਾਂ ਦੁਨਿਆਵੀ ਲਾਲਚ ਕਾਰਨ ਅਧਿਆਤਮਿਕ ਮਾਰਗ ਤੋਂ ਭਟਕ ਰਹੇ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਚਰਚ ਤੇ ਪ੍ਰਭੂ ਦੇ ਘਰ ਨਾਲ ਜੁੜੇ ਸੇਵਕਾਂ ਨੂੰ ਆਪਣੀ ਆਤਮਾ ਨੂੰ ਪਛਾਣਨਾ ਚਾਹੀਦਾ ਹੈ ਤੇ ਦੁਸ਼ਟ ਚੀਜ਼ਾਂ ਦੀ ਬਜਾਏ ਪ੍ਰਮਾਤਮਾ ਦੇ ਡਰ ਵਿੱਚ ਰਹਿਣਾ ਚਾਹੀਦਾ ਹੈ।

## ਟਹਿਣਾ-ਸੰਧਵਾਂ ਸੜਕ ਅਪਗ੍ਰੇਡੇਸ਼ਨ ਦਾ ਕੰਮ ਜਲਦ ਸ਼ੁਰੂ ਹੋਵੇਗਾ : ਵਿਧਾਇਕ ਸੇਖੋਂ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਹਲਕਾ ਫ਼ਰੀਦਕੋਟ ਦੇ ਲੋਕਾਂ ਲਈ ਇੱਕ ਵੱਡੇ ਵਿਕਾਸ ਪ੍ਰਾਜੈਕਟ ਦੀ ਜਾਣਕਾਰੀ ਸਾਂਝੀ ਕਰਦਿਆਂ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਨੈਸ਼ਨਲ ਹਾਈਵੇ ਡਵੀਜ਼ਨ ਫ਼ਿਰੋਜ਼ਪੁਰ ਰਾਹੀਂ ਟਹਿਣਾ-ਫ਼ਰੀਦਕੋਟ-ਸੰਧਵਾਂ-ਕੋਟਕਪੂਰਾ-ਢਿੱਲਵਾਂ ਕਲਾਂ ਰੋਡ ਦੀ ਅਪਗ੍ਰੇਡੇਸ਼ਨ ਦਾ ਕੰਮ ਲਗਭਗ 9 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਲਾਂ ਤੋਂ ਲੋਕਾਂ ਵੱਲੋਂ ਮੰਗੀ ਜਾ ਰਹੀ ਇਸ ਮਹੱਤਵਪੂਰਨ ਸੜਕ ਨੂੰ ਹੁਣ ਆਮ ਆਦਮੀ ਪਾਰਟੀ ਦੀ ਇਮਾਨਦਾਰ ਸਰਕਾਰ ਨੇ ਹਕੀਕਤ ਵਿੱਚ ਬਦਲ ਦਿੱਤਾ ਹੈ। ਇਸ ਪ੍ਰੋਜੈਕਟ ਤਹਿਤ ਫ਼ਰੀਦਕੋਟ ਹਲਕੇ ਅੰਦਰ ਲਗਭਗ 10.50 ਕਿਲੋਮੀਟਰ ਲੰਬੀ ਸੜਕ ਨੂੰ ਉੱਚ ਮਿਆਰੀ ਬਣਾਇਆ ਜਾਵੇਗਾ, ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ।ਵਿਧਾਇਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੰਮ ਲਈ ਟੈਂਡਰ ਪ੍ਰਕਿਰਿਆ ਪਹਿਲਾਂ ਹੀ ਪੂਰੀ ਹੋ ਚੁੱਕੀ ਹੈ ਤੇ ਨਿਰਧਾਰਤ ਸਮੇਂ ਅਨੁਸਾਰ ਲਗਭਗ 9 ਮਹੀਨਿਆਂ ਦੇ ਅੰਦਰ ਕੰਮ ਮੁਕੰਮਲ ਕਰ ਲਿਆ ਜਾਵੇਗਾ।

## ਚੇਅਰਮੈਨ ਘੁੱਲੀ ਨੇ ਨੈਸ਼ਨਲ ਮਾਸਟਰ ਐਥਲੈਟਿਕਸ 'ਚ ਗੱਡੇ ਝੰਡੇ

### ਹੈਮਰ ਤੇ ਡਿਸਕਸ ਥਰੋਅ 'ਚ ਜਿੱਤੇ ਚਾਂਦੀ ਦੇ ਤਮਗੇ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਖੇਡ ਮੈਦਾਨਾਂ ਵਿੱਚ ਪੰਜਾਬੀਆਂ ਦੀ ਸਰਦਾਰੀ ਹਮੇਸ਼ਾ ਕਾਇਮ ਰਹੀ ਹੈ ਤੇ ਇਸੇ ਰਵਾਇਤ ਨੂੰ ਬਰਕਰਾਰ ਰੱਖਦਿਆਂ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕੌਮੀ ਪੱਧਰ 'ਤੇ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।ਮਾਸਟਰ ਐਥਲੇਟਿਕ ਫੈਡਰੇਸ਼ਨ ਆਫ ਇੰਡੀਆ ਵੱਲੋਂ ਕੇਰਲਾ ਦੇ ਤ੍ਰਿਵੇਂਦਰਮ ਵਿਖੇ ਕਰਵਾਈਆਂ ਗਈਆਂ 46ਵੀਆਂ ਨੈਸ਼ਨਲ ਮਾਸਟਰ ਐਥਲੈਟਿਕ ਖੇਡਾਂ ਦੌਰਾਨ ਆਪਣੀ ਖੇਡ ਦਾ ਲੋਹਾ ਮਨਵਾਉਂਦਿਆਂ 'ਹੈਮਰ ਥਰੋਅ' ਤੇ 'ਡਿਸਕਸ ਥਰੋਅ' ਮੁਕਾਬਲਿਆਂ ਵਿੱਚ ਦੋ ਚਾਂਦੀ ਦੇ ਤਮਗੇ ਜਿੱਤ ਕੇ ਪੂਰੇ ਪੰਜਾਬ ਤੇ ਖਾਸ ਕਰਕੇ ਧੂਰੀ ਹਲਕੇ ਦਾ ਨਾਮ ਸੁਨਹਿਰੀ ਅੱਖਰਾਂ ਵਿੱਚ ਦਰਜ ਕਰਵਾਇਆ ਹੈ।ਇਸ ਮਾਣਮੱਤੀ ਸਫ਼ਲਤਾ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਖੇਡਾਂ ਉਨ੍ਹਾਂ ਦੀ ਰੂਹ ਵਿੱਚ ਵਸੀਆਂ ਹੋਈਆਂ ਹਨ।ਮੈਨੂੰ ਬਚਪਨ ਤੋਂ ਹੀ ਖੇਡ ਮੈਦਾਨਾਂ ਦੀ ਮਿੱਟੀ ਨਾਲ ਇਸ਼ਕ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਸਾਡੀ ਨੌਜਵਾਨੀ ਨਸ਼ਿਆਂ ਵਰਗੀ ਭਿਆਨਕ ਅਲਾਮਤ ਵੱਲ ਖਿੱਚੀ ਜਾ ਰਹੀ ਹੈ, ਅਜਿਹੇ ਸਮੇਂ ਵਿੱਚ ਖੇਡਾਂ ਹੀ ਇੱਕ ਅਜਿਹਾ ਮਾਧਿਅਮ ਹਨ ਜੋ ਉਨ੍ਹਾਂ ਨੂੰ ਸਹੀ ਮਾਰਗ ਦਿਖਾ ਸਕਦੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦਾ ਮੁਕੰਮਲ ਤਿਆਗ ਕਰਕੇ ਖੇਡ ਮੈਦਾਨਾਂ ਦੀ ਰੌਣਕ ਬਣਨ ਤਾਂ ਜੋ ਇੱਕ 'ਰੰਗਲੇ ਤੇ ਤੰਦਰੁਸਤ ਪੰਜਾਬ' ਦਾ ਸੁਪਨਾ ਸਾਕਾਰ ਹੋ ਸਕੇ।ਇਸ ਮੌਕੇ ਉਨ੍ਹਾਂ ਨਾਲ ਏਸ਼ੀਅਨ ਚੈਂਪੀਅਨ ਸੁਰਜੀਤ ਸਿੰਘ ਜਲੰਧਰ ਤੇ ਰਜਿੰਦਰ ਸਿੰਘ ਸਿੱਧਵਾਂ ਬੇਟ ਵਰਗੀਆਂ ਉੱਘੀਆਂ ਖੇਡ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਟਰੱਕ ਡਰਾਈਵਰ ਤੋਂ ਕਾਰ ਸਵਾਰ ਨਕਦੀ ਤੇ ਮੋਬਾਈਲ ਖੋਹ ਕੇ ਫਰਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਾਮਲੂਮ ਕਾਰ ਸਵਾਰ ਵਿਅਕਤੀਆਂ ਵੱਲੋਂ ਮੰਡੀ ਗੋਬਿੰਦਗੜ੍ਹ ਵਿਖੇ ਇੱਕ ਟਰੱਕ ਡਰਾਈਵਰ ਤੋਂ ਨਗਦੀ ਤੇ ਮੋਬਾਈਲ ਫੋਨ ਖੋਹ ਕੇ ਫਰਾਰ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਟਰੱਕ ਦੇ ਮਾਲਕ ਦਵਿੰਦਰ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦਾ ਡਰਾਈਵਰ ਆਸਿਫ਼ ਖਾਨ ਲੁਧਿਆਣਾ ਤੋਂ ਟਰੱਕ ਲੈ ਕੇ ਮੰਡੀ ਗੋਬਿੰਦਗੜ੍ਹ ਆਇਆ ਸੀ।ਜਦੋਂ ਆਸਿਫ਼ ਖਾਨ ਮੰਡੀ ਗੋਬਿੰਦਗੜ੍ਹ ਦੇ ਨਿਰੰਕਾਰੀ ਭਵਨ ਨਜ਼ਦੀਕ ਟਰੱਕ ਰੋਕ ਕੇ ਪਿਸ਼ਾਬ ਕਰਨ ਲਈ ਗਿਆ ਤਾਂ ਸਵਿਫਟ ਕਾਰ ਨੰਬਰੀ ਪੀ.ਬੀ.01. ਐਫ-7058 'ਚ ਆਏ ਤਿੰਨ ਨਾਮਾਲੂਮ ਵਿਅਕਤੀ ਉਸ ਦਾ ਮੋਬਾਈਲ ਤੇ 7 ਹਜ਼ਾਰ ਰੁਪਏ ਦੀ ਨਗਦੀ ਖੋਹ ਕੇ ਫਰਾਰ ਹੋ ਗਏ।ਦਵਿੰਦਰ ਸਿੰਘ ਦੇ ਬਿਆਨਾਂ 'ਤੇ ਨਾਮਾਲੂਮ ਕਾਰ ਸਵਾਰਾਂ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਹਮੀਦੀ 'ਚ 11 ਖੇਤੀ ਮੋਟਰਾਂ ਤੋਂ ਕੇਬਲ ਚੋਰੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਹਮੀਦੀ ਵਿਖੇ ਚੋਰ ਗ੍ਰੋਹ ਵੱਲੋਂ 11 ਖੇਤੀ ਮੋਟਰਾਂ ਤੋਂ ਸੈਂਕੜੇ ਫੁੱਟ ਕੇਬਲ ਤਾਰ ਚੋਰੀ ਕਰਕੇ ਲੈ ਜਾਣ ਦੀ ਖਬਰ ਮਿਲੀ ਹੈ।ਮਿਲੀ ਜਾਣਕਾਰੀ ਅਨੁਸਾਰ ਪਿੰਡ ਹਮੀਦੀ ਕੱਚੇ ਰਸਤੇ ਦੇ ਵਿਚਕਾਰੋਂ ਲੰਘਦੀ ਡਰੇਨ ਦੀ ਪੱਟੜੀ ਦੇ ਨੇੜੇ ਕਿਸਾਨਾਂ ਦੇ ਖੇਤਾਂ 'ਚ ਲੱਗੀਆਂ ਖੇਤੀ ਮੋਟਰਾਂ ਦੀਆਂ ਕੇਬਲ ਤਾਰਾਂ ਵੱਢ ਕੇ ਚੋਰੀ ਕਰਕੇ ਫਰਾਰ ਹੋ ਗਏ।ਪੀੜਤ ਕਿਸਾਨਾਂ ਮੁਤਾਬਕ ਹਰਵਿੰਦਰ ਸਿੰਘ, ਤਰਸੇਮ ਸਿੰਘ, ਹਾਕਮ ਸਿੰਘ ਰਾਣੂ, ਮਾ: ਭਜਨ ਸਿੰਘ, ਜਰਨੈਲ ਸਿੰਘ, ਮਲਕੀਤ ਸਿੰਘ, ਹਰਨਾਮ ਸਿੰਘ, ਮੇਜਰ ਸਿੰਘ ਦੀਆਂ ਖੇਤੀ ਮੋਟਰਾਂ ਤੋਂ ਕਈ ਸੈਂਕੜੇ ਫੁੱਟ ਦੇ ਕਰੀਬ ਕੇਬਲ ਤਾਰਾਂ ਚੋਰੀ ਕੀਤੀਆਂ ਗਈਆਂ ਹਨ।ਕਿਸਾਨਾਂ ਨੇ ਦੱਸਿਆ ਕਿ ਲਗਾਤਾਰ ਚੋਰੀਆਂ ਕਾਰਨ ਕਿਸਾਨਾਂ 'ਚ ਰੋਹ ਵਧ ਰਿਹਾ ਹੈ।ਕਿਸਾਨ ਹੁਣ ਰਾਤ ਸਮੇਂ ਆਪਣੇ ਹੀ ਖੇਤਾਂ 'ਚ ਜਾਣ ਤੋਂ ਘਬਰਾਉਣ ਲੱਗੇ ਹਨ।ਚੋਰੀ ਸਬੰਧੀ ਥਾਣਾ ਠੁੱਲੀਵਾਲ ਵਿਖੇ ਲਿਖਤੀ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ।ਪੀੜਤ ਕਿਸਾਨਾਂ ਨੇ ਐੱਸ ਐੱਸ ਪੀ ਬਰਨਾਲਾ ਪਾਸੋਂ ਮੰਗ ਕੀਤੀ ਕਿ ਚੋਰ ਗ੍ਰੋਹ ਨੂੰ ਕਾਬੂ ਕਰਕੇ ਕਿਸਾਨਾਂ ਨੂੰ ਇਨਸਾਫ ਦਿੱਤਾ ਜਾਵੇ।

## ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਅਮਿੱਟ ਯਾਦ ਛੱਡਦਾ ਸਮਾਪਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਵਿਖੇ ਡਾਇਰੈਕਟਰ ਯੁਵਕ ਸੇਵਾਵਾਂ ਪੰਜਾਬ ਦੀ ਸਰਪ੍ਰਸਤੀ ਹੇਠ ਡਿਪਟੀ ਡਾਇਰੈਕਟਰ ਮਲਕੀਤ ਸਿੰਘ ਮਾਨ ਦੇ ਸਹਿਯੋਗ ਨਾਲ ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਦੀ ਦੇਖ-ਰੇਖ ਹੇਠ ਐੱਨ ਐੱਸ ਐੱਸ ਦਾ ਸੱਤ ਰੋਜ਼ਾ ਕੈਂਪ ਅਮਿੱਟ ਯਾਦਾਂ ਛੱਡਦਾ ਸਮਾਪਤ ਹੋ ਗਿਆ। ਕੈਂਪ ਦੌਰਾਨ ਵੱਖ-ਵੱਖ ਸ਼ਖ਼ਸੀਅਤਾਂ ਨੇ ਵਲੰਟੀਅਰਜ਼ ਨਾਲ ਬਹੁਮੁੱਲੇ ਵਿਚਾਰ ਸਾਂਝੇ ਕੀਤੇ।ਐੱਨ ਐੱਸ ਐੱਸ ਵਲੰਟੀਅਰਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਸਪੋਰਟਸ ਸਾਇੰਸ ਵਿਭਾਗ ਦਾ ਦੌਰਾ ਕੀਤਾ। ਸਪੋਰਟਸ ਸਾਇੰਸ ਵਿਭਾਗ ਦੇ ਮੁਖੀ ਡਾ. ਅਨੁਰਾਧਾ, ਪ੍ਰੋ. ਪਰਮਵੀਰ ਸਿੰਘ ਤੇ ਡਾ. ਹਰੀਸ਼ ਕੁਮਾਰ ਤੋਂ ਜਾਣਕਾਰੀ ਹਾਸਲ ਕੀਤੀ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਜੀਵ ਵਿਗਿਆਨ ਵਿਭਾਗ ਦੇ ਮੁਖੀ ਡਾ. ਓਂਕਾਰ ਸਿੰਘ ਤੇ ਪ੍ਰੋ. ਗੁਰਿੰਦਰ ਵਾਲੀਆ ਨਾਲ ਮਿਲਣੀ ਉਪਰੰਤ ਬਹਾਦਰਗੜ੍ਹ ਗੁਰਦੁਆਰਾ ਸਾਹਿਬ ਦੇ ਦਰਸ਼ਨ ਤੇ ਸ਼ਬਦ ਕੀਰਤਨ ਸਰਵਣ ਕੀਤਾ।ਸਮਾਰੋਹ ਦੌਰਾਨ ਪ੍ਰੋਗਰਾਮ ਅਫ਼ਸਰ ਅਭਿਨਵ ਸ਼ਰਮਾ ਨੇ ਰਿਪੋਰਟ ਪੇਸ਼ ਕੀਤੀ।ਵਲੰਟੀਅਰ ਪੁਸ਼ਪਿੰਦਰ ਮਿਸ਼ਾਲ ਨੇ ਸਕੂਲ ਪ੍ਰਿੰਸੀਪਲ, ਅਧਿਆਪਕਾਂ, ਮਹਿਮਾਨਾਂ ਤੇ ਸਹਿਯੋਗੀਆਂ ਦਾ ਮਾਰਗ ਦਰਸ਼ਨ ਤੇ ਹੌਸਲਾ ਅਫ਼ਜ਼ਾਈ ਲਈ ਧੰਨਵਾਦ ਕੀਤਾ।ਵਲੰਟੀਅਰ ਦਿਕਸ਼ੀ ਨੇ ਦੱਸਿਆ ਕਿ ਕੈਂਪ ਦੀਆਂ ਗਤੀਵਿਧੀਆਂ ਨੇ ਉਸ ਦੇ ਵਿਅਕਤੀਤਵ ਵਿਕਾਸ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਕੀਤੀ ਹੈ।ਸਕੂਲ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਸਰਵੋਤਮ ਐੱਨ ਐੱਸ ਐੱਸ ਵਲੰਟੀਅਰਾਂ ਨੂੰ ਸਨਮਾਨਤ ਕਰਦਿਆਂ ਸਮਾਜ ਸੇਵਾ ਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਨੂੰ ਜੀਵਨ ਵਿੱਚ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ।ਐੱਨ ਐੱਸ ਐੱਸ ਦੇ ਮੰਤਵ ਨਾ ਮੈਂ, ਸਗੋਂ ਤੁਸੀਂ ਦੀ ਆਤਮਾ ਨੂੰ ਦੁਹਰਾਇਆ ਗਿਆ।

## ਆਰੀਆ ਸਕੂਲ 'ਚ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ)**-ਸਥਾਨਕ ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ, ਜਿਸ ਵਿੱਚ ਮੈਨੇਜਮੈਂਟ ਕਮੇਟੀ ਤੇ ਸਟਾਫ ਨੇ ਬੱਚਿਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਉਪਦੇਸ਼ਾਂ ਬਾਰੇ ਜਾਣਕਾਰੀ ਦਿੱਤੀ।ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਧਾਨ ਵਿੱਕੀ ਪਰੋਚਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਅੰਦਰ ਜਾਤ-ਪਾਤ ਦਾ ਖੰਡਨ ਕੀਤਾ।ਸਾਰੇ ਇਨਸਾਨ ਬਰਾਬਰ ਹਨ ਤੇ ਸਾਰੇ ਹੀ ਇਨਸਾਨਾਂ ਵਿੱਚ ਇੱਕ ਪ੍ਰਮਾਤਮਾ ਵਸਦਾ ਹੈ, ਦਾ ਉਪਦੇਸ਼ ਦਿੱਤਾ।ਆਰੀਆ ਸਮਾਜ ਦੇ ਮਹਾਂਰਿਸ਼ੀ ਦਿਆਨੰਦ ਨੇ ਵੀ ਜਾਤ-ਪਾਤ ਦਾ ਖੰਡਨ ਕੀਤਾ ਤੇ ਸਮਾਜਿਕ ਕੁਰੀਤੀਆਂ ਦਾ ਵਿਰੋਧ ਕੀਤਾ। ਇਸ ਮੌਕੇ ਮੈਨੇਜਰ ਵਰਿੰਦਰ ਕੁਮਾਰ, ਪਵਨ ਕੁਮਾਰ ਮੀਤ ਪ੍ਰਧਾਨ, ਲੈਫਟੀਨੈਂਟ ਦਰਸ਼ਨ ਸਿੰਘ, ਦੀਵਾਨ ਚੰਦ ਬਾਂਸਲ ਪ੍ਰਧਾਨ ਆਰੀਆ ਕਾਲਜ, ਪ੍ਰਿੰਸੀਪਲ ਮੈਡਮ ਨੀਨਾ ਗੋਇਲ, ਸਕੂਲ ਸਟਾਫ ਤੇ ਬੱਚੇ ਹਾਜ਼ਰ ਸਨ।

## ਭਰੂਣ ਹੱਤਿਆ ਖ਼ਿਲਾਫ਼ ਮਜ਼ਬੂਤ ਆਵਾਜ਼ ਬਣਿਆ ਨਾਟਕ 'ਇੱਕ ਸੀ ਜਲਪਰੀ'
### ਰਾਜਵਿੰਦਰ ਸਮਰਾਲਾ ਤੇ ਕਮਲਜੀਤ ਕੌਰ ਦੀ ਅਦਾਕਾਰੀ ਨੇ ਦਰਸ਼ਕ ਕੀਲੇ



**ਦੋਰਾਹਾ (ਹਰਮਿੰਦਰ ਸੇਠ)**-ਪ੍ਰਸਿੱਧ ਨਾਟਕਕਾਰ, ਅਦਾਕਾਰ ਤੇ ਨਿਰਦੇਸ਼ਕ ਰਾਜਵਿੰਦਰ ਸਮਰਾਲਾ ਵੱਲੋਂ ਲਿਖੇ ਤੇ ਨਿਰਦੇਸ਼ਤ ਕੀਤੇ ਗਏ ਪੰਜਾਬੀ ਨਾਟਕ 'ਇੱਕ ਸੀ ਜਲਪਰੀ' ਦੀ ਮੰਚਨਾਟੀ ਪੇਸ਼ਕਸ਼ ਬੀਤੀ ਸ਼ਾਮ ਰਾਮਗੜ੍ਹੀਆ ਭਵਨ ਦੋਰਾਹਾ ਵਿੱਚ ਕੀਤੀ ਗਈ, ਜੋ ਦਰਸ਼ਕਾਂ ਲਈ ਇੱਕ ਭਾਵੁਕ ਅਨੁਭਵ ਸਾਬਿਤ ਹੋਈ।ਨਾਟਕ ਨੇ ਆਪਣੇ ਗੰਭੀਰ ਤੇ ਸੰਵੇਦਨਸ਼ੀਲ ਵਿਸ਼ੇ ਰਾਹੀਂ ਦਰਸ਼ਕਾਂ ਨੂੰ ਨਾ ਸਿਰਫ਼ ਮਨੋਰੰਜਿਤ ਕੀਤਾ, ਸਗੋਂ ਸਮਾਜਕ ਸੋਚ ਉੱਤੇ ਵੀ ਗਹਿਰਾ ਪ੍ਰਭਾਵ ਛੱਡਿਆ।ਨਾਟਕ ਮੁੱਖ ਤੌਰ 'ਤੇ ਭਰੂਣ ਹੱਤਿਆ ਵਰਗੀ ਗੰਭੀਰ ਸਮਾਜਕ ਬੁਰਾਈ 'ਤੇ ਅਧਾਰਤ ਸੀ, ਜਿਸ ਰਾਹੀਂ ਧੀ ਦੇ ਜਨਮ ਤੋਂ ਪਹਿਲਾਂ ਹੀ ਉਸ ਦੀ ਹੱਤਿਆ ਕਰਨ ਵਾਲੀ ਮਨੋਵਿਰਤੀ 'ਤੇ ਤਿੱਖਾ ਤੇ ਮਜ਼ਬੂਤ ਪ੍ਰਹਾਰ ਕੀਤਾ ਗਿਆ।ਕਹਾਣੀ ਦੇ ਹਰ ਦ੍ਰਿਸ਼ ਨੇ ਸਮਾਜ ਦੇ ਕਠੋਰ ਸੱਚ, ਮਾਂ ਦੀ ਅਣਕਹੀ ਪੀੜਾ ਤੇ ਲਿੰਗ ਭੇਦਭਾਵ ਦੇ ਦਰਦਨਾਕ ਪੱਖਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ।ਨਾਟਕ ਦੇ ਲੇਖਕ ਤੇ ਨਿਰਦੇਸ਼ਕ ਰਾਜਵਿੰਦਰ ਸਮਰਾਲਾ ਨੇ ਕਲਪਨਾਤਮਕ ਕਥਾ ਨੂੰ ਹਕੀਕਤ ਨਾਲ ਜੋੜਦਿਆਂ ਇਸ ਸੰਵੇਦਨਸ਼ੀਲ ਵਿਸ਼ੇ ਨੂੰ ਕਲਾਤਮਕਤਾ ਤੇ ਸੰਵੇਦਨਸ਼ੀਲਤਾ ਨਾਲ ਮੰਚ 'ਤੇ ਪੇਸ਼ ਕੀਤਾ।ਉਨ੍ਹਾਂ ਦੀ ਮਜ਼ਬੂਤ ਦਿਸ਼ਾ-ਨਿਰਦੇਸ਼ਨਾ, ਤਿੱਖੇ ਸੰਵਾਦ ਤੇ ਸੰਕੇਤਕ ਮੰਚ ਸਜਾਵਟ ਨੇ ਨਾਟਕ ਦੀ ਪ੍ਰਭਾਵਸ਼ੀਲਤਾ ਨੂੰ ਹੋਰ ਵੀ ਉਚਾਈਆਂ 'ਤੇ ਲੈ ਗਿਆ।ਨਾਟਕ ਵਿੱਚ ਰਾਜਵਿੰਦਰ ਸਮਰਾਲਾ ਤੇ ਕਮਲਜੀਤ ਕੌਰ ਦੀ ਅਦਾਕਾਰੀ ਵਿਸ਼ੇਸ਼ ਤੌਰ 'ਤੇ ਸਰਾਹਣਯੋਗ ਰਹੀ।ਦੋਵਾਂ ਕਲਾਕਾਰਾਂ ਨੇ ਆਪਣੇ ਕਿਰਦਾਰਾਂ ਨੂੰ ਗਹਿਰਾਈ ਸੱਚਾਈ ਨਾਲ ਨਿਭਾਇਆ ਕਿ ਦਰਸ਼ਕ ਭਾਵੁਕ ਹੋ ਗਏ।ਅਕਸ ਰੰਗਮੰਚ ਸਮਰਾਲਾ ਦੀ ਪੂਰੀ ਟੀਮ ਵੱਲੋਂ ਕੀਤੀ ਗਈ ਮੰਚਨਾਟੀ ਪੇਸ਼ਕਸ਼ ਦੌਰਾਨ ਹਰ ਕਲਾਕਾਰ ਨੇ ਆਪਣੀ ਭੂਮਿਕਾ ਨੂੰ ਨਿਸ਼ਠਾ ਤੇ ਜ਼ਿੰਮੇਵਾਰੀ ਨਾਲ ਨਿਭਾਇਆ।ਸ਼ਾਮ 6 ਵਜੇ ਸ਼ੁਰੂ ਹੋਏ ਇਸ ਨਾਟਕ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਕਲਾ ਪ੍ਰੇਮੀ ਤੇ ਸ਼ਹਿਰ ਦੀਆਂ ਪ੍ਰਮੁੱਖ ਹਸਤੀਆਂ ਹਾਜ਼ਰ ਰਹੀਆਂ।ਨਾਟਕ ਦੇ ਅੰਤ 'ਤੇ ਦਰਸ਼ਕਾਂ ਵੱਲੋਂ ਤਾਲੀਆਂ ਦੀ ਗੂੰਜ ਨਾਲ ਕਲਾਕਾਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਨਾਟਕ ਦੀ ਭਰਪੂਰ ਪ੍ਰਸੰਸਾ ਹੋਈ।ਨਾਟਕ ਦੀ ਪੇਸ਼ਕਾਰੀ ਤੋਂ ਪਹਿਲਾਂ ਪ੍ਰਬੰਧਕ ਕਮਲ ਮਹਿੰਦਰਾ, ਚੇਅਰਮੈਨ ਬੰਤ ਸਿੰਘ ਦੋਬੁਰਜੀ, ਉੱਘੇ ਨਾਟਕਕਾਰ ਡਾ. ਸੋਮਪਾਲ ਹੀਰਾ, ਉੱਘੀ ਰੰਗਕਰਮੀ ਸਪਨਦੀਪ ਬਲਰਾਮ ਸ਼ਰਮਾ, ਲੋਕ ਨਾਥ ਸ਼ਰਮਾ ਤੇ ਜੋਗਿੰਦਰ ਓਬਰਾਏ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਨਾਟਕ ਦੀ ਮਹੱਤਤਾ 'ਤੇ ਰੋਸ਼ਨੀ ਪਾਈ।ਇਸ ਮੌਕੇ ਮਨਦੀਪ ਮਾਂਗਟ, ਰਾਜਿੰਦਰ ਗਹੀਰ, ਵਿਨੀਤ ਅਸ਼ਟ, ਕੋਚ ਅਨੀਸ਼ ਭਨੋਟ, ਗੁਰਜੋਤ ਕੌਰ ਮਾਂਗਟ, ਲਾਲੀ ਆਰੇ ਵਾਲੇ, ਜਨਦੀਪ ਕੌਸ਼ਲ, ਹਨੀ ਸੇਠੀ, ਨਿਰਦੋਸ਼ ਕੁਮਾਰ, ਨੰਦਾ, ਰਮੇਸ਼ ਮੇਸ਼ੀ, ਦਲਜੀਤ ਝੱਜ, ਇੰਦਰਪਾਲ, ਮੋਹਿਤ ਸ਼ਰਮਾ, ਚੀਨੂੰ ਸ਼ਰਮਾ, ਵਿਨੇ ਸੂਦ, ਰੋਸਟਾਂ ਹੈਵਨ ਦੋਰਾਹਾ ਸਮੇਤ ਸ਼ਹਿਰ ਦੀਆਂ ਕਈ ਮਾਣਯੋਗ ਹਸਤੀਆਂ ਹਾਜ਼ਰ ਰਹੀਆਂ।

## ਸ਼ਹਿਰ ਦੇ ਸੁੰਦਰੀਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ : ਰਾਏ
### ਵਿਸ਼ਵਕਰਮਾ ਚੌਕ ਤੋਂ ਨਵੇਂ ਬੱਸ ਸਟੈਂਡ ਤੱਕ ਲਾਈਟਾਂ ਦਾ ਕੰਮ ਸ਼ੁਰੂ ਕਰਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਨਗਰ ਕੌਂਸਲ ਸਰਹਿੰਦ ਦੇ ਅਧੀਨ ਆਉਂਦੇ ਵਿਸ਼ਵਕਰਮਾ ਚੌਕ ਤੋਂ ਸਰਹਿੰਦ ਦੇ ਨਵੇਂ ਬੱਸ ਸਟੈਂਡ ਤੱਕ ਦੋਨੇ ਸਾਈਡਾਂ 'ਤੇ ਲੱਗਣ ਵਾਲੀਆਂ ਨਵੀਆਂ ਲਾਈਟਾਂ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਨਵੇਂ ਬੱਸ ਸਟੈਂਡ ਤੋਂ ਵਿਸ਼ਵਕਰਮਾ ਚੌਕ ਤੱਕ ਸੜਕ ਉੱਤੇ ਲਾਈਟਾਂ ਦੀ ਕਮੀ ਹੈ, ਜਿਸ ਕਾਰਨ ਹਨੇਰਾ ਰਹਿੰਦਾ ਹੈ ਤੇ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ।ਇਸ ਲਈ ਉਨ੍ਹਾਂ ਦੀ ਮੰਗ ਨੂੰ ਮੁੱਖ ਰੱਖਦਿਆਂ ਸੜਕ ਦੇ ਦੋਨੋਂ ਪਾਸੇ ਕਰੀਬ 18 ਲੱਖ 43 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀਆਂ ਲਾਈਟਾਂ ਲਗਾਈਆਂ ਜਾ ਰਹੀਆਂ ਹਨ।ਇਸ ਮੌਕੇ ਸ਼ਹਿਰ ਵਾਸੀਆਂ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਉਕਤ ਕਾਰਜ ਦੇ ਲਈ ਧੰਨਵਾਦ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਬਾੜਾ, ਮੋਹਿਤ ਸੂਦ, ਬਲਜਿੰਦਰ ਗੋਲਾ, ਪਵੇਲ ਹਾਂਡਾ, ਸਤਿੰਦਰ ਟਿਵਾਣਾ, ਹਰਜੀਤ ਸਿੰਘ, ਬਲਵੀਰ ਸੋਢੀ, ਮਾਸਟਰ ਸੰਤੋਖ ਸਿੰਘ, ਜਸਪਾਲ ਸਿੰਘ ਰਾਮਦਾਸ ਨਗਰ, ਬਲਵਿੰਦਰ ਸਿੰਘ, ਪ੍ਰੀਤਮ ਸਿੰਘ ਸੋਹਣ ਸਿੰਘ, ਬਹਾਦਰ ਸਿੰਘ, ਵਿੱਕੀ ਮਣਕੂ, ਅਮਰ ਨਾਥ, ਕਿਰਪਾਲ ਸਿੰਘ, ਆਨੰਦ ਸ਼ੁਕਲਾ, ਸਰਬਜੀਤ ਸਿੰਘ, ਅਸੀਸ ਅੱਤਰੀ, ਦਿਲਪ੍ਰੀਤ ਸਿੰਘ ਭੱਟੀ, ਪ੍ਰਿਤਪਾਲ ਸਿੰਘ ਜੱਸੀ, ਗੁਰਵਿੰਦਰ ਬੀੜਮਾਨ, ਕੁਲਵਿੰਦਰ ਡੇਰਾ, ਪਲਵਿੰਦਰ ਭੱਟੀ ਆਦਿ ਹਾਜ਼ਰ ਸਨ।

## ਨਗਰ ਕੀਰਤਨ ਦੌਰਾਨ ਜੈਕਾਰਿਆਂ ਨਾਲ ਗੂੰਜਿਆ ਸਾਹਨੇਵਾਲ



**ਦੋਰਾਹਾ (ਹਰਮਿੰਦਰ ਸੇਠ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਕੁਹਾੜਾ ਰੋਡ ਸਾਹਨੇਵਾਲ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਅਤੇ ਸੰਗਤਾਂ ਵੱਲੋਂ ਥਾਂ-ਥਾਂ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਮੇਨ ਚੌਕ 'ਚ ਥਾਣਾ ਸਾਹਨੇਵਾਲ ਦੀ ਪੁਲਸ ਟੀਮ ਵੱਲੋਂ ਵਿਸ਼ਾਲ ਨਗਰ ਕੀਰਤਨ ਨੂੰ ਸਲਾਮੀ ਦਿੱਤੀ ਗਈ।ਕਈ ਥਾਵਾਂ 'ਤੇ ਸ਼ਰਧਾਲੂਆਂ ਵੱਲੋਂ ਨਗਰ ਕੀਰਤਨ ਨਾਲ ਚੱਲ ਰਹੀਆਂ ਸੰਗਤਾਂ ਲਈ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾ ਕੇ ਵੀ ਸੇਵਾ ਕੀਤੀ ਗਈ ਅਤੇ ਨਗਰ ਕੀਰਤਨ ਦੇ ਸਵਾਗਤ ਲਈ ਨੌਜਵਾਨਾਂ ਵੱਲੋਂ ਪਾਣੀ ਦਾ ਛਿੜਕਾਓ ਤੇ ਬੀਬੀਆਂ ਵੱਲੋਂ ਝਾੜੂ ਲਗਾ ਕੇ ਸੇਵਾ ਨਿਭਾਈ ਗਈ।ਸਕੂਲੀ ਬੱਚਿਆਂ ਤੇ ਬੈਂਡ ਵਾਜਿਆਂ ਦੁਆਰਾ ਵੀ ਵਿਸ਼ਾਲ ਨਗਰ ਕੀਰਤਨ ਵਿੱਚ ਹਿੱਸਾ ਲਿਆ ਗਿਆ। ਇਸ ਦੌਰਾਨ ਸੰਗਤਾਂ ਵੱਲੋਂ ਉੱਚੀ-ਉੱਚੀ ਆਵਾਜ਼ 'ਚ 'ਜੋ ਬੋਲੇ ਸੋ ਨਿਰਭੈ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਜੈ' ਦੇ ਜੈਕਾਰੇ ਲਗਾਏ ਗਏ ਤੇ ਸੰਗਤਾਂ ਵੱਲੋਂ 'ਸਤਿਨਾਮ ਸ਼੍ਰੀ ਵਾਹਿਗੁਰੂ' ਜੀ ਦਾ ਜਾਪ ਕਰਕੇ ਹਾਜ਼ਰੀ ਭਰੀ ਗਈ।ਨਗਰ ਕੀਰਤਨ ਦੌਰਾਨ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਦੀਪ ਸਿੰਘ ਕੌਲ ਸੇਵਾਮੁਕਤ ਈਟੀਓ ਤੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਕੌਲ ਵੱਲੋਂ ਨਗਰ ਕੀਰਤਨ ਦੌਰਾਨ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

ਨਗਰ ਕੀਰਤਨ ਦੌਰਾਨ ਰਿਟਾ. ਥਾਣੇਦਾਰ ਲਾਭ ਸਿੰਘ ਸਿੱਧੂ, ਕੌਂਸਲਰ ਕੁਲਜੀਤ ਸਿੰਘ ਸੰਧੂ, ਕੌਂਸਲਰ ਕੁਲਵਿੰਦਰ ਕੌਰ ਧਾਲੀਵਾਲ, ਭਿੰਦਰ ਸਿੰਘ ਕਾਲਾ, ਕੇਸਰ ਸਿੰਘ, ਮੰਗਤ ਸਿੰਘ ਮੰਗਾ, ਦਲਜੀਤ ਸਿੰਘ ਚੌਹਾਨ, ਬਲਜਿੰਦਰ ਸਿੰਘ ਚੌਹਾਨ, ਮਾਸਟਰ ਗੁਰਸੇਵਕ ਸਿੰਘ, ਚਮਕੌਰ ਸਿੰਘ, ਨਾਜਰ ਸਿੰਘ, ਅਮਨਿੰਦਰ ਸਿੰਘ ਨਿੰਦੀ, ਪ੍ਰਧਾਨ ਹਰਜਿੰਦਰ ਸਿੰਘ ਕਨੇਚ, ਏਐੱਸਆਈ ਦਰਸ਼ਨ ਸਿੰਘ, ਪ੍ਰਧਾਨ ਜੱਗਾ, ਕੌਂਸਲਰ ਅਮਨ ਪਨੇਸਰ, ਕੌਂਸਲਰ ਅਵਤਾਰ ਸਿੰਘ ਚਾਹਲ, ਕੌਂਸਲਰ ਜਸਵਿੰਦਰ ਕੌਰ ਤਲਵਾੜਾ, ਕੌਂਸਲਰ ਕੁਲਵਿੰਦਰ ਸਿੰਘ ਕਾਲਾ ਬਿਮਰੋ, ਕੌਂਸਲਰ ਕੁਲਦੀਪ ਕੌਰ, ਆਕਾਸ਼ਦੀਪ ਸਿੰਘ ਕੌਲ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਚਿੰਤਪੁਰਨੀ ਧਾਮ ਦੀ ਯਾਤਰਾ 7 ਤੋਂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਂ ਚਿੰਤਪੂਰਨੀ ਬੱਸ ਯਾਤਰਾ ਮੰਡਲ ਵੱਲੋਂ ਮਾਤਾ ਜੀ ਦੇ ਆਸ਼ੀਰਵਾਦ ਤੇ ਭਗਤਾਂ ਦੇ ਸਹਿਯੋਗ ਨਾਲ ਹਰ ਮਹੀਨੇ ਦੇ ਦੂਜੇ ਸ਼ਨੀਵਾਰ ਮਾਂ ਚਿੰਤਪੂਰਨੀ ਧਾਮ (ਹਿਮਾਚਲ ਪ੍ਰਦੇਸ਼) ਲਈ ਬੱਸ ਯਾਤਰਾ ਚੱਲ ਰਹੀ ਹੈ।ਇਸ ਮੰਡਲ ਦੇ ਮੁੱਖ ਪ੍ਰਬੰਧਕ ਡਾ.ਐਸ ਪੀ ਸਿੰਗਲਾ, ਸਤਵਿੰਦਰ ਸ਼ਰਮਾ ਬਾਲਿਆਂਵਾਲੀ, ਪ੍ਰਿਤਪਾਲ (ਪਿੰਦਰ), ਟੋਨੀ ਗਰਗ ਤੇ ਬਲਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਯਾਤਰਾ ਬੱਸ 7 ਫਰਵਰੀ ਨੂੰ ਸਵੇਰੇ 7 ਵਜੇ ਪੰਚਾਇਤੀ ਧਰਮਸ਼ਾਲਾ ਮੰਦਰ ਪਟਿਆਲਾ ਮੰਡੀ, ਰਾਮਪੁਰਾ ਫੂਲ ਤੋਂ ਚੱਲ ਕੇ ਸ਼ਿਵ ਧਾਮ ਲਾਡੋਵਾਲ ਤੇ ਬਗਲਾ ਮੁਖੀ ਮੰਦਰ ਦੇ ਦਰਸ਼ਨ ਕਰਕੇ ਚਿੰਤਪੂਰਨੀ ਧਾਮ ਪਹੁੰਚੇਗੀ।ਅਗਲੀ ਸਵੇਰ 8 ਫਰਵਰੀ ਵਾਪਸੀ ਵੇਲੇ ਮਾਂ ਨੈਣਾ ਦੇਵੀ ਜੀ ਦੇ ਦਰਸ਼ਨ ਕਰਕੇ ਰਾਮਪੁਰਾ ਫੂਲ ਵਾਪਸ ਆਵੇਗੀ।

ਯਾਤਰਾ ਦੌਰਾਨ ਭਜਨ ਗਾਇਕਾ ਨਿੱਕੀ ਗੋਇਲ (ਗੋਇਲ ਸੰਗੀਤ ਪਰਿਵਾਰ) ਵੱਲੋਂ ਮਾਤਾ ਜੀ ਗੁਣਗਾਨ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਭਗਤਾਂ ਦੇ ਰਹਿਣ ਦਾ ਪ੍ਰਬੰਧ ਭੁੱਚੋ ਵਾਲਿਆ ਦੀ ਧਰਮਸ਼ਾਲਾ ਵਿੱਚ ਕੀਤਾ ਗਿਆ ਹੈ ਤੇ ਰਾਮਪੁਰਾ ਫੂਲ ਤੋਂ ਚੱਲ ਕੇ ਵਾਪਸ ਆਉਣ ਤੱਕ ਦਾ ਖਾਣ-ਪੀਣ ਦਾ ਪ੍ਰਬੰਧ ਮੰਡਲ ਵੱਲੋਂ ਕੀਤਾ ਜਾਵੇਗਾ।

## ਸਵਾਮੀ ਰੂਪ ਚੰਦ ਜੈਨ ਸਕੂਲ 'ਚ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵੱਲੋਂ ਬਾਰਵੀਂ ਜਮਾਤ ਲਈ ਕ੍ਰਿਸਟਲ ਗ੍ਰੈਂਡ ਪੈਲੇਸ ਵਿੱਚ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਰਾਜਪਾਲ ਕੌਰ ਦੀ ਅਗਵਾਈ ਤੇ ਸਕੂਲ ਮੈਨੇਜਮੈਂਟ ਦੇ ਸਹਿਯੋਗ ਸਦਕਾ ਕਲਾਸ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਸ਼ਾਨਦਾਰ ਫੇਅਰਵੈੱਲ ਪਾਰਟੀ ਦਾ ਆਯੋਜਨ ਕੀਤਾ। ਇਸ ਸਮਾਰੋਹ ਦੀ ਸ਼ੁਰੂਆਤ ਪ੍ਰਿੰਸੀਪਲ ਰਾਜਪਾਲ ਕੌਰ, ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਦੁਆਰਾ ਮਿਲ ਕੇ ਕੱਟਣ ਉਪਰੰਤ ਹੋਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਖ਼ੂਬਸੂਰਤ ਤੇ ਸੁਚੱਜੇ ਢੰਗ ਨਾਲ ਨਾਟਕ, ਗੀਤ ਹੋਰ ਰੰਗਾਰੰਗ ਪ੍ਰੋਗਰਾਮ ਨੂੰ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਪੇਸ਼ ਕੀਤੇ ਗਏ। ਇਸ ਦੇ ਨਾਲ ਹੀ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸਾਰਿਆਂ ਦੇ ਸਾਹਮਣੇ ਸਕੂਲ ਵਿੱਚ ਬਿਤਾਏ ਪਲਾਂ ਨੂੰ ਬੜੀ ਖ਼ੂਬਸੂਰਤੀ ਨਾਲ ਸਾਰਿਆਂ ਦੇ ਨਾਲ ਸਾਂਝੇ ਕੀਤੇ ਗਏ। ਸਮਾਰੋਹ ਦੌਰਾਨ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਸੱਭਿਆਚਾਰ ਅੰਦਾਜ਼ ਵਿੱਚ ਫੈਂਸੀ ਡਰੈੱਸ ਮੁਕਾਬਲੇ ਵੀ ਕਰਵਾਏ ਗਏ, ਇਸ ਫੈਸ਼ਨ ਸ਼ੋਅ ਵਿੱਚ ਵਿਦਿਆਰਥੀਆਂ ਤੋਂ ਜੱਜਾਂ ਦੁਆਰਾ ਪੁੱਛੇ ਗਏ ਸਵਾਲਾਂ ਦੇ ਆਧਾਰ 'ਤੇ ਮਿਸ ਫੇਅਰਵੈੱਲ ਤੇ ਮਿਸਟਰ ਫੇਅਰਵੈੱਲ ਚੁਣੇ ਗਏ, ਜਿਸ ਵਿੱਚ ਕਲਾਸ ਬਾਰਵੀਂ ਸਾਇੰਸ ਗਰੁੱਪ ਦੀ ਵਿਦਿਆਰਥਣ ਨਿਸ਼ਠਾ ਨੂੰ ਮਿਸ ਫੇਅਰਵੈੱਲ ਤੇ ਵਿਦਿਆਰਥੀ ਮਨਹਰ ਨੂੰ ਮਿਸਟਰ ਫੇਅਰਵੈੱਲ ਦੇ ਖ਼ਿਤਾਬ ਨਾਲ ਸਨਮਾਨਤ ਕੀਤਾ ਗਿਆ। ਕਲਾਸ ਗਿਆਰਵੀਂ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਾਂ ਜਮਾਤ ਬਾਰਵੀਂ ਲਈ ਸਮਰਪਤ ਥੀਮ ਅਧਾਰਤ ਨ੍ਰਿਤਪ ਪ੍ਰਸਤੁਤੀ ਦਿੱਤੀ ਗਈ, ਜਿਸ ਨੇ ਸਮਾਰੋਹ ਵਿੱਚ ਖਾਸ ਰੰਗ ਭਰ ਦਿੱਤਾ। ਸਕੂਲ ਦੇ ਪ੍ਰਿੰਸੀਪਲ ਰਾਜਪਾਲ ਕੌਰ ਨੇ ਵਿਦਿਆਰਥੀਆਂ ਨੂੰ ਮਿਹਨਤ ਤੇ ਲਗਨ ਨਾਲ ਪੜ੍ਹਨ ਦੀ ਪ੍ਰੇਰਨਾ ਦਿੱਤੀ ਅਤੇ ਪੇਪਰਾਂ 'ਚੋਂ ਚੰਗੇ ਨੰਬਰ ਲੈ ਕੇ ਪਾਸ ਹੋਣ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਵੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਤੇ ਆਸ਼ੀਰਵਾਦ ਦਿੱਤਾ ਗਿਆ। ਅੰਤ ਵਿੱਚ ਸਾਰੇ ਵਿਦਿਆਰਥੀਆਂ ਵੱਲੋਂ ਸਮੂਹਕ ਰੂਪ ਵਿੱਚ ਆਪਣੇ ਦੋਸਤਾਂ ਨਾਲ ਲੰਚ ਕੀਤਾ ਗਿਆ। ਇਹ ਸਮਾਰੋਹ ਜਮਾਤ ਬਾਰਵੀਂ ਦੇ ਵਿਦਿਆਰਥੀਆਂ ਲਈ ਸਦਾ ਯਾਦਗਾਰ ਰਹੇਗਾ।

## 12 ਦੀ ਹੜਤਾਲ 'ਚ ਹਿੱਸਾ ਲੈਣਗੇ ਪੈਨਸ਼ਨਰ : ਸੁੱਚਾ ਸਿੰਘ ਅਜਨਾਲਾ

**ਛੇਹਰਟਾ, (ਮਨੋਜ ਕੁਮਾਰ)**-ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਪੰਜਾਬ ਦੀ ਅੰਮ੍ਰਿਤਸਰ ਇਕਾਈ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਕੰਪਨੀ ਬਾਗ ਅੰਮ੍ਰਿਤਸਰ ਵਿਖੇ ਹੋਈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸਾਥੀ ਸਵਿੰਦਰ ਸਿੰਘ ਅਦਲੀਵਾਲ ਜ਼ਿਲ੍ਹਾ ਜਨਰਲ ਸਕੱਤਰ ਨੇ ਏਜੰਡਾ ਪੇਸ਼ ਕੀਤਾ ਅਤੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ। ਡੀ. ਏ. ਦੀਆਂ ਕਿਸ਼ਤਾਂ ਦਾ ਬਕਾਇਆ 2.59 ਦੇ ਗੁਣਾਂਕ ਨਾਲ ਪੇ ਫਿਕਸ ਨਾ ਕਰਨਾ ਆਦਿ ਨਾਲ ਸਰਕਾਰ ਪੈਨਸ਼ਨਰਾਂ ਦੇ ਲੱਖਾਂ ਰੁਪਏ ਮਾਰ ਕੇ ਬੈਠੀ ਹੈ। ਸੁਬਾਈ ਆਗੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਤੇ ਨਾ ਹੀ ਕੇਂਦਰ ਸਰਕਾਰ ਵੱਲੋਂ ਅੱਜ ਤੱਕ ਪੁਰਾਣੀ ਪੈਨਸ਼ਨ ਬਹਾਲ ਕੀਤੀ ਗਈ ਹੈ। ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ।



ਗੌਰਮਿੰਟ ਪੈਨਸ਼ਨਰ ਯੂਨੀਅਨ ਇਸ ਵਿਚ ਵੱਧ ਚੜ੍ਹ ਕੇ ਹਿੱਸਾ ਲਵੇਗੀ ਤੇ ਭੰਡਾਰੀ ਪੁਲ 'ਤੇ ਹੋ ਰਹੇ ਇਕੱਠ ਵਿਚ ਹਿੱਸਾ ਲਵੇਗੀ। ਇਸ ਹੜਤਾਲ ਵਿਚ 10 ਟਰੇਡ ਯੂਨੀਅਨਾਂ, 50 ਤੋਂ ਵੱਧ ਕੇਂਦਰ ਤੇ ਸਟੇਟ ਫੈਡਰੇਸ਼ਨਾਂ ਤੇ ਮੁਲਾਜ਼ਮ ਜਥੇਬੰਦੀਆਂ ਹਿੱਸਾ ਲੈ ਰਹੀਆਂ ਹਨ। ਜੇਕਰ ਕੇਂਦਰ ਸਰਕਾਰ ਵੱਲੋਂ ਮਜ਼ਦੂਰਾਂ, ਕਿਸਾਨਾਂ ਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਹੜਤਾਲ ਅਣਮਿੱਥੇ ਸਮੇਂ ਲਈ ਹੋ ਸਕਦੀ ਹੈ।

ਇਸ ਮੌਕੇ ਸਵਿੰਦਰ ਸਿੰਘ ਮੀਰਾਂਕੋਟ ਪ੍ਰਿੰਸੀਪਲ ਹਰਪਾਲ ਸਿੰਘ, ਪ੍ਰਿੰਸੀਪਲ ਕੇਵਲ ਸਿੰਘ, ਸੰਤੋਖ ਸਿੰਘ, ਸੁਲੱਖਣ ਸਿੰਘ, ਕੁਲਵੰਤ ਸਿੰਘ, ਤਰਸੇਮ ਟਪਿਆਲਾ, ਚਰਨਜੀਤ ਮਜੀਠਾ, ਬਲਜਿੰਦਰ ਸਿੰਘ, ਸੰਤੋਖ ਸਿੰਘ, ਪਿਆਰਾ ਚੰਦ, ਸਰਬਜੀਤ, ਭੁਪਿੰਦਰ ਜੀਤ, ਬਲਦੇਵ ਸਿੰਘ ਮੁਨਸ਼ੀ, ਹਰਦੇਵ ਸਿੰਘ, ਬਲਦੇਵ ਸਿੰਘ, ਪਰਮਜੀਤ, ਦਿਲਜੀਤ ਭੋਮਾ ਆਦਿ ਹਾਜ਼ਰ ਸਨ। ਸਾਥੀ ਜਰਨੈਲ ਸਿੰਘ ਢਿੱਲੋਂ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

## ਜਸਕਰਨ ਸਿੰਘ ਦਾ ਬਿਆਸ ਸਟੇਸ਼ਨ ਪੁੱਜਣ 'ਤੇ ਨਿੱਘਾ ਸਵਾਗਤ

**ਬਿਆਸ (ਪਰਮਜੀਤ ਸਿੰਘ ਰੱਖੜਾ) :** ਪੰਜਾਬ ਦੇ ਨੌਜਵਾਨ ਜਿੱਥੇ ਦੇਸ਼ਾਂ-ਵਿਦੇਸ਼ਾਂ ਵਿੱਚ ਆਪਣੀ ਉਚ ਪੱਧਰੀ ਸਿੱਖਿਆ, ਸਖ਼ਤ ਮਿਹਨਤ ਅਤੇ ਉਸਾਰੂ ਸੋਚ ਨਾਲ ਆਪਣੀ ਅਮਿੱਟ ਜਗ੍ਹਾ ਬਣਾ ਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਨਾਂਅ ਰੌਸ਼ਨ ਕਰ ਰਹੇ ਹਨ ਉਥੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਵਜ਼ੀਰ ਭੁੱਲਰ ਦੇ ਨੌਜਵਾਨ ਨੇ ਗਣਤੰਤਰ ਦਿਵਸ ਮੌਕੇ ਦਿੱਲੀ ਵਿਖੇ ਪੰਜਾਬ ਦੀ ਝਾਕੀ ਨੂੰ ਰਿਪ੍ਰੇਜ਼ੈਂਟ ਕਰਦੇ ਹੋਏ ਪੰਜਾਬੀਆਂ ਦਾ ਮਾਣ ਮੌਹ ਲਿਆ।ਜਸਕਰਨ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਵਜ਼ੀਰ ਭੁੱਲਰ ਜੋ ਕਿ ਖਾਲਸਾ ਕਾਲਜ ਜਲੰਧਰ ਤੋਂ ਐੱਮਏ ਪੋਲੀਟੀਕਲ ਸਾਇੰਸ ਕਰ ਰਿਹਾ ਹੈ, ਵੱਲੋਂ 26 ਜਨਵਰੀ ਮੌਕੇ ਗਣਤੰਤਰ ਦਿਵਸ ਵਿੱਚ ਪਰੇਡ ਦਾ ਹਿੱਸਾ ਬਣਦਿਆਂ, ਲਾਲ ਕਿਲੇ ਅੰਦਰ ਦਿਖਾਈ ਜਾਣ ਵਾਲੀ ਪੰਜਾਬ ਦੀ ਝਾਕੀ ਵਿੱਚ ਮੁੱਖ ਤੌਰ ਦੇ ਉੱਤੇ ਦਿਖਾਈ ਦਿੱਤਾ ਜਿਸ ਉੱਤੇ ਪਰਿਵਾਰ, ਪਿੰਡ ਵਾਸੀਆਂ ਅਤੇ ਹਲਕੇ ਨੂੰ ਬੇਹੱਦ ਮਾਣ ਹੈ। ਜਸਕਰਨ ਸਿੰਘ ਜਦੋਂ ਦਿੱਲੀ ਤੋਂ ਵਾਪਿਸ ਆਪਣੇ ਘਰ ਪਿੰਡ ਵਜ਼ੀਰ ਭੁੱਲਰ ਆਉਣ ਲਈ ਸ਼ਤਾਬਦੀ ਟ੍ਰੇਨ ਰਾਹੀਂ ਰੇਲਵੇ ਸਟੇਸ਼ਨ ਬਿਆਸ ਪੁੱਜਾ ਤਾਂ ਉਥੇ ਉਸਦਾ ਵਜ਼ੀਰ ਭੁੱਲਰ ਦੇ ਸਰਪੰਚ, ਪਰਵਾਰਿਕ ਮੈਂਬਰਾਂ ਅਤੇ ਪਿੰਡ ਦੇ ਮੋਹਤਬਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਰਪੰਚ ਬਲਦੇਵ ਸਿੰਘ, ਰੇਸ਼ਮ ਸਿੰਘ, ਸਤਨਾਮ ਸਿੰਘ, ਮੈਂਬਰ ਕੁਲਵੰਤ ਸਿੰਘ, ਸੇਵਾ ਸਿੰਘ, ਮਿਸਤਰੀ ਮਨਜੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।



## ਟੀ ਐੱਸ ਯੂ ਵੱਲੋਂ ਹੜਤਾਲ ਕਰਨ ਦਾ ਐਲਾਨ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਦਿਹਾਤੀ ਸਰਕਲ ਅੰਮ੍ਰਿਤਸਰ ਦੀ ਮੀਟਿੰਗ ਪ੍ਰਧਾਨ ਮਲਕੀਅਤ ਸਿੰਘ ਸੰਸਰਾ ਦੀ ਪ੍ਰਧਾਨਗੀ ਹੇਠ ਬਿਜਲੀ ਘਰ ਮਜੀਠਾ ਵਿਖੇ ਹੋਈ।ਮੀਟਿੰਗ ਵਿੱਚ ਸੂਬਾ ਕਮੇਟੀ ਦੇ ਫੈਸਲਿਆਂ ਨੂੰ ਲਾਗੂ ਕਰਨ ਲਈ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਵਾਉਣ, ਬਿਜਲੀ ਸੋਧ ਬਿੱਲ 2025 ਨੂੰ ਵਾਪਸ ਕਰਾਉਣ, ਚਾਰ ਲੇਬਰ ਕੋਡ ਰੱਦ ਕਰਾਉਣ ਅਤੇ ਮਨਰੇਗਾ ਨੂੰ ਬਹਾਲ ਕਰਾਉਣ ਲਈ ਕੇਂਦਰੀ ਟਰੇਡ ਜਥੇਬੰਦੀਆਂ ਵੱਲੋਂ 12 ਫਰਵਰੀ ਨੂੰ ਇਕ ਰੋਜ਼ਾ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੋਇਆ ਹੈ।ਟੈਕਨੀਕਲ ਸਰਵਿਸਜ਼ ਯੂਨੀਅਨ ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਨੇ ਵੀ ਸਮੁੱਚੇ ਦੇਸ਼ ਦੇ ਕਾਮਿਆਂ ਨਾਲ ਇੱਕਮੁੱਠਤਾ ਪ੍ਰਗਟ ਕਰਦਿਆਂ 12 ਫਰਵਰੀ ਨੂੰ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ।ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਤੋਂ ਬਣੇ ਲੋਕ ਪੱਖੀ ਕਾਨੂੰਨਾਂ ਨੂੰ ਵੱਡੀ ਪੱਧਰ ਤੇ ਤਬਦੀਲ ਕੀਤਾ ਜਾ ਰਿਹਾ ਹੈ ਅਤੇ ਬਹੁਤ ਸਾਰੇ ਕਾਨੂੰਨਾਂ ਨੂੰ ਮੁੱਢੋਂ ਹੀ ਖਤਮ ਕੀਤਾ ਜਾ ਰਿਹਾ ਹੈ।ਕੇਂਦਰ ਸਰਕਾਰ ਵੱਲੋਂ ਵੱਡੀ ਪੱਧਰ ਤੇ ਕਾਰਪੋਰੇਟ ਪੱਖੀ ਨਵੇਂ ਨਵੇਂ ਕਾਨੂੰਨ ਲਿਆ ਕੇ ਕਿਰਤੀ ਲੋਕਾਂ ਦੀ ਰੱਤ ਨਿਚੋੜ ਕੇ ਲੁੱਟ ਕਰਨ ਦਾ ਹੱਲਾ ਵਿੱਢਿਆ ਹੋਇਆ ਹੈ।12 ਫਰਵਰੀ ਨੂੰ ਮੁਕੰਮਲ ਹੜਤਾਲ ਕਰਕੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਜਾਵੇਗੀ ਕਿ ਨਿੱਜੀਕਰਨ ਦਾ ਹੱਲਾ ਬੰਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਵਾਪਸ ਲਿਆ ਜਾਵੇ, ਨਵੇਂ ਬਣਾਏ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਕੰਮ ਦਿਹਾੜੀ ਅੱਠ ਘੰਟੇ ਤੋਂ 12 ਘੰਟੇ ਕਰਨ ਦਾ ਕਾਨੂੰਨ ਰੱਦ ਕੀਤਾ ਜਾਵੇ, ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ ਰੱਦ ਕਰਕੇ ਪਹਿਲਾਂ ਵਾਲਾ ਮਗਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ, ਬੀਜ ਬਿੱਲ 2025 ਵਾਪਸ ਲਿਆ ਜਾਵੇ।



ਆਗੂਆਂ ਨੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਾਂ ਤੇ ਹੋਰ ਕਿਰਤੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹੜਤਾਲ ਪ੍ਰਦਰਸ਼ਨ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ।ਮੀਟਿੰਗ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ, ਦਿਹਾਤੀ ਮੰਡਲ ਪ੍ਰਧਾਨ ਰਘਬੀਰ ਸਿੰਘ ਮਜੀਠਾ, ਅਜਨਾਲਾ ਮੰਡਲ ਪ੍ਰਧਾਨ ਬਲਜੀਤ ਸਿੰਘ ਚਿਤੌੜਗੜ੍ਹ, ਬਲਜਿੰਦਰ ਸਿੰਘ ਥੋਬਾ ਆਦਿ ਆਗੂ ਹਾਜ਼ਰ ਸਨ।

## ਡਾ. ਅਦਰਸ਼ ਪਾਲ ਦੇ ਗ੍ਰਹਿ ਵਿਖੇ ਹੋਇਆ ਧਰਮ ਸੰਮੇਲਨ

**ਛੇਹਰਟਾ, (ਮਨੋਜ ਕੁਮਾਰ)**-ਪ੍ਰੀਤ ਵਿਹਾਰ ਵਿਚ ਪੰਜਾਬ ਪ੍ਰਦੂਸ਼ਣ ਬੋਰਡ ਦੇ ਸਾਬਕਾ ਚੇਅਰਮੈਨ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਡਾ. ਅਦਰਸ਼ ਪਾਲ ਵਿਗ ਦੇ ਗ੍ਰਹਿ ਵਿਖੇ ਆਰਐੱਸਐੱਸ ਦੇ ਸ਼ਤਾਬਦੀ ਵਰ੍ਹੇ ਦੇ ਸਬੰਧ ਵਿਚ ਪੰਜ ਪਰਿਵਰਤਨ ਪ੍ਰੋਗਰਾਮ ਤਹਿਤ ਧਰਮ ਸੰਮੇਲਨ ਕਰਵਾਇਆ ਗਿਆ। ਸਭ ਤੋਂ ਪਹਿਲਾਂ ਸੁੰਦਰਕਾਂਡ ਦਾ ਪਾਠ ਕਰਵਾਇਆ ਗਿਆ। ਉਪਰੰਤ ਸਤਿਸੰਗ ਹੋਇਆ। ਇਸ ਮੌਕੇ ਸੇਵਾ ਭਾਰਤੀ ਦੇ ਸੂਬਾ ਜਥੇਬੰਦਕ ਸਕੱਤਰ ਸੰਜੀਵ ਕੁਮਾਰ ਨੇ ਸੰਬੋਧਨ ਕਰਦੇ ਹੋਏ ਸਭ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਧਰਤੀ ਤੋਂ ਵੱਡੀ ਗਿਣਤੀ ਵਿਚ ਰੋਜ਼ਾਨਾ ਰੁੱਖ ਕੱਟੇ ਜਾ ਰਹੇ ਹਨ, ਜੋ ਕਿ ਵਾਤਾਵਰਣ ਤੇ ਮਨੁੱਖ ਜਾਤੀ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬਜ਼ੁਰਗਾਂ ਦੀ ਯਾਦ ਵਿਚ ਦਰੱਖਤ ਲਗਾਉਣ ਤੋਂ ਇਲਾਵਾ ਤੇ ਬੱਚਿਆਂ ਦੇ ਜਨਮ ਦਿਨ ਵੀ ਰੁੱਖ ਲਗਾ ਕੇ ਮਨਾਉਣੇ ਚਾਹੀਦੇ ਹਨ। ਹਰ ਮਨੁੱਖ ਨੂੰ ਆਪਣੇ ਜੀਵਣ ਵਿਚ ਘੱਟੋ-ਘੱਟ ਇਕ ਦਰੱਖਤ ਜ਼ਰੂਰ ਲਗਾਉਣਾ ਚਾਹੀਦਾ ਹੈ। ਅੰਤ ਵਿਚ ਡਾ. ਅਦਰਸ਼ ਪਾਲ ਵਿਗ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਆਰਐੱਸਐੱਸ ਦੇ ਸੂਬਾ ਸਕੱਤਰ ਵਿਨੈ ਸ਼ਰਮਾ, ਸੰਪਰਕ ਵਿਭਾਗ ਦੇ ਸੂਬਾ ਪ੍ਰਮੁੱਖ ਡਾ. ਰਜਨੀਸ਼ ਅਰੋੜਾ, ਵਿਭਾਗ ਸਕੱਤਰ ਕਮਲ ਕਪੂਰ, ਆਰਐੱਸਐੱਸ ਦੇ ਸੀਨੀਅਰ ਆਗੂ



ਕ੍ਰਿਸ਼ਨ ਅਰੋੜਾ, ਅੰਮ੍ਰਿਤਸਰ ਮਹਾਨਗਰ ਸਕੱਤਰ ਯੁੱਧਵੀਰ ਤੇ ਜੁਆਇੰਟ ਸਕੱਤਰ ਦੀਪਕ, ਕਬੀਰ ਨਗਰ ਦੇ ਪ੍ਰਧਾਨ ਨੀਰਜ ਨਈਅਰ ਤੇ ਸਕੱਤਰ ਅਮਨ ਸ਼ਰਮਾ, ਛੇਹਰਟਾ ਨਗਰ ਪ੍ਰਧਾਨ ਡਾ. ਹਰਜੀਤ ਸਿੰਘ ਤੇ ਸੱਕਤਰ ਅਮਨ ਦਵੇਸਰ, ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ, ਹਲਕਾ ਪੱਛਮੀ ਤੋਂ ਸੀਨੀਅਰ ਭਾਜਪਾ ਆਗੂ ਐਡਵੋਕਟ ਡਾ. ਸੁਸ਼ੀਲ ਦੇਵਗਨ, ਭਾਜਪਾ ਮਹਿਲਾ ਮੋਰਚਾ ਦੇ ਸੂਬਾ ਸਕੱਤਰ ਬਲਵਿੰਦਰ ਕੌਰ, ਸੁਰੇਸ਼ ਗੋਇਲ, ਸਾਬਕਾ ਵੀਸੀ ਡਾ. ਵਿਨੈ ਕਪੂਰ, ਅਰੁਣ ਮਹਿਰਾ ਆਦਿ ਮੌਜੂਦ ਸਨ।

## ਸਾਨੂੰ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ 'ਤੇ ਅਮਲ ਕਰਨ ਦੀ ਲੋੜ: ਸ਼ਮਸ਼ੇਰ ਸਿੰਘ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 649ਵੇਂ ਪ੍ਰਕਾਸ਼ ਦਿਹਾੜੇ ਦੇ ਮੌਕੇ ਤੇ ਦੀਨਾਨਗਰ ਦੇ ਪਿੰਡਾਂ ਸਾਹੋਵਾਲ, ਤਾਲਿਬਪੁਰ ਪੰਡੋਰੀ, ਧਾਰੀਵਾਲ ਖਿੱਚੀਆਂ, ਰਸੂਲਪੁਰ, ਸਿੱਧਪੁਰ ਅਤੇ ਕਲੀਚਪੁਰ ਸਣੇ ਹੋਰਨਾਂ ਪਿੰਡਾਂ ਦੀਆਂ ਸੰਗਤਾਂ ਅਤੇ ਕਮੇਟੀਆਂ ਵੱਲੋਂ ਕਰਵਾਏ ਗਏ ਸੋਭਾ ਯਾਤਰਾ ਅਤੇ ਸਮਾਗਮਾਂ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸ਼ਮੂਲੀਅਤ ਕਰਦਿਆਂ ਸੰਗਤਾਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਤੇ ਅਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



ਉਨ੍ਹਾਂ ਨੇ ਕਿਹਾ ਕਿ ਗੁਰੂ ਰਵਿਦਾਸ ਮਹਾਨ ਮਾਨਵਵਾਦੀ ਸਨ ਜਿਨ੍ਹਾਂ ਨੇ ਅੱਜ ਤੋਂ ਲਗਭਗ 600 ਸਾਲ ਪਹਿਲਾਂ ਜਿੱਥੇ ਤਤਕਾਲੀਨ ਸਮੇਂ ਵਿੱਚ ਸਥਾਪਿਤ ਮਾਨਵ ਵਿਰੋਧੀ ਕਦਰਾਂ-ਕੀਮਤਾਂ, ਕਰਮ-ਕਾਂਡ, ਅੰਧ-ਵਿਸ਼ਵਾਸ, ਪਾਖੰਡਵਾਦ ਅਤੇ ਦਿਖਾਵੇ ਦੀਆਂ ਪ੍ਰੰਪਰਾਵਾਂ ਦਾ ਵਿਰੋਧ ਕੀਤਾ, ਉਥੇ ਸਮੁਚੇ ਸਮਾਜ ਨੂੰ ਏਕਤਾ ਦੀ ਲੜੀ ਵਿੱਚ ਪਰੋਣ ਲਈ ਕ੍ਰਾਂਤੀਕਾਰੀ ਅੰਦੋਲਨ ਅਰੰਭਿਆ।ਉਨ੍ਹਾਂ ਨੇ ਹਾਸ਼ੀਏ ਤੇ ਸੁੱਟੇ ਹੋਏ ਨਿਮਨ ਵਰਗ ਵਿੱਚ ਸਵੈ-ਵਿਸ਼ਵਾਸ, ਸਵੈ-ਮਾਣ ਅਤੇ ਸਵੈ-ਸ਼ਕਤੀ ਪੈਦਾ ਕਰਨ ਦਾ ਚਮਤਕਾਰੀ ਕਾਰਜ ਕੀਤਾ ਸੀ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਆਪਣੇ ਜੀਵਨ ਅਤੇ ਗੁਰਬਾਣੀ ਰਾਹੀਂ ਜਾਤ ਪਾਤ ਅਤੇ ਊਚ-ਨੀਚ ਖਿਲਾਫ਼ ਜੋ ਇਨਕਲਾਬੀ ਆਵਾਜ਼ ਬੁਲੰਦ ਕਰਦਿਆਂ ਮਨੁੱਖਤਾ, ਬਰਾਬਰੀ ਅਤੇ ਨਿਆਂ ਦਾ ਸੰਦੇਸ਼ ਦਿੱਤਾ ਸਾਨੂੰ ਸਾਰਿਆਂ ਨੂੰ ਅੱਜ ਉਸ ਉੱਪਰ ਅਮਲ ਕਰਨ ਦੀ ਲੋੜ ਹੈ।

## ਕੀਰਤਨ ਦਰਬਾਰ ਸੋਸਾਇਟੀ ਨੇ ਧੰਨ-ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

**ਪੱਟੀ, (ਬਲਦੇਵ ਸਿੰਘ ਸੰਧੂ)**-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸੰਗਤ ਦੇ ਸਹਿਯੋਗ ਦੇ ਨਾਲ ਅਨੋਖੇ ਅਮਰ ਸ਼ਹੀਦ ਧੰਨ-ਧੰਨ ਬਾਬਾ ਦੀਪ ਸਿੰਘ ਜੀ ਦਾ ਆਗਮਨ ਪੁਰਬ 31 ਜਨਵਰੀ ਨੂੰ ਪੱਟੀ ਸ਼ਹਿਰ ਦੇ ਇਤਿਹਾਸਿਕ ਗੁਰਦੁਆਰਾ ਬੀਬੀ ਰਜਨੀ ਜੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਬੀਬੀ ਰਜਨੀ ਜੀ ਦੀਆਂ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਸੰਗਤ ਰੂਪੀ ਕੀਤੇ ਗਏ।ਇਸ ਤੋਂ ਉਪਰੰਤ ਭਾਈ ਗੁਰਚਰਨ ਸਿੰਘ ਰਸੀਆ, ਭਾਈ ਅਮਨਦੀਪ ਸਿੰਘ ਪੱਟੀ ਵਾਲੇ, ਗਿਆਨੀ ਸੰਤੋਖ ਸਿੰਘ ਕਥਾਵਾਚਕ ਸੁਰ ਸਿੰਘ ਨੇ ਗੁਰੂ ਜੱਸ ਸੁਣਾ ਕੇ ਨਿਹਾਲ ਕੀਤਾ।ਸਮਾਗਮ ਵਿੱਚ ਬਲਬੀਰ ਸਿੰਘ ਲੋਹਾਰੀਆ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਦਾ ਵਿਸ਼ੇਸ਼ ਸਹਿਯੋਗ ਰਿਹਾ ।ਇਸ ਮੌਕੇ ਪ੍ਰੇਮ ਪ੍ਰਕਾਸ਼ ਸਿੰਘ ਜੌਲੀ, ਨਿਰਮਲ ਸਿੰਘ ਕੈਸ਼ੀਅਰ, ਸਰਬਜੀਤ ਸਿੰਘ, ਭੁਪਿੰਦਰ ਸਿੰਘ ਮਿੰਟੂ ਮਾਹੀ, ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ, ਕੁਲਵਿੰਦਰ ਸਿੰਘ ਕਾਕਾ, ਜਗਪ੍ਰੀਤ ਸਿੰਘ, ਅਸ਼ਮੀਤ ਸਿੰਘ, ਸੁਖਮੀਤ ਸਿੰਘ, ਜਗਜੀਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਹਰਪ੍ਰੀਤ ਸਿੰਘ, ਲਖਬੀਰ ਸਿੰਘ ਸ਼ਹੀਦ ਜਸਬੀਰ ਸਿੰਘ, ਕੈਪਟਨ ਮਹਿਲ ਸਿੰਘ, ਮਾਸਟਰ ਸਤਨਾਮ ਸਿੰਘ ਸਿੱਧੂ, ਅਵਤਾਰ ਸਿੰਘ ਖਹਿਰਾ



ਪੱਤਰਕਾਰ, ਅਜੀਤ ਸਿੰਘ ਘਰਿਆਲਾ ਪੱਤਰਕਾਰ, ਬੱਲੂ ਮਹਿਤਾ ਪੱਤਰਕਾਰ, ਅਸ਼ਵਨੀ ਕੁਮਾਰ ਮਹਿਤਾ, ਕੁਲਵਿੰਦਰ ਸਿੰਘ ਮਿੰਠੂ, ਇੰਸਪੈਕਟਰ ਦਰਸ਼ਨ ਸਿੰਘ, ਅਵਤਾਰ ਸਿੰਘ ਢਿੱਲੋਂ, ਦੀਪਕ ਸਿੰਘ, ਐਡਵੋਕੇਟ ਸਮਿੰਦਰ ਸਿੰਘ ਅਮਿੰਤ ਸਿੰਘ ਇਕਬਾਲ ਸਿੰਘ ਜੌਲੀ, ਅਜੇਪਾਲ ਸਿੰਘ, ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਪੱਟੀ ਦੇ ਪ੍ਰਧਾਨ ਗੁਰਮੀਤ ਸਿੰਘ ਹੈਪੀ, ਸੁਖਪਾਲ ਸਿੰਘ ਡਿਪਟੀ, ਸੁਖਮੀਤ ਸਿੰਘ, ਵਰਿੰਦਰ ਪਾਲ ਸਿੰਘ ਬਿੱਲੂ ਹਾਜ਼ਰ ਸਨ। ਸਮਾਪਤੀ ਉਪਰੰਤ ਗੁਰੂ ਕੇ ਲੰਗਰ ਵਰਤਾਏ ਗਏ। ਸ਼ਹਿਰ ਦੀਆਂ ਸ਼ਖਸੀਅਤਾਂ ਨੂੰ ਸੁਸਾਇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

## ਪਿੰਡ ਬਿਕਰਾਊਰ ਵਿਖੇ ਰੱਖਿਆ ਸਰਕਾਰੀ ਕਾਲਜ ਦਾ ਨੀਂਹ ਪੱਥਰ

### * ਵੱਖ-ਵੱਖ ਧਾਰਮਿਕ ਆਗੂਆਂ ਸਮੇਤ ਵਿਧਾਇਕ ਧਾਲੀਵਾਲ ਨੇ ਕੀਤੀ ਖਾਸ ਤੌਰ 'ਤੇ ਸ਼ਮੂਲੀਅਤ

ਅਜਨਾਲਾ/ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੁਖਤਿੰਦਰ ਸਿੰਘ ਰਾਜੂ)-ਮੁੱਖ ਮੰਤਰੀ ਪੰਜਾਬ ਨੇ 19 ਜਨਵਰੀ ਨੂੰ ਭਾਰਤ ਪਾਕਿਸਤਾਨ ਸਰਹੱਦ ਨਾਲ ਲੱਗਦੇ ਇਸ ਸਰਹੱਦੀ ਖੇਤਰ ਦੇ ਪਿੰਡ ਬਿਕਰਾਊਰ ਵਿਖੇ 15 ਕਰੋੜ ਰੁਪਏ ਦੀ ਲਾਗਤ ਨਾਲ ਬ੍ਰਹਮ ਗਿਆਨੀ ਬਾਬਾ ਗਮ ਚੁੱਕ ਜੀ ਦੀ ਯਾਦ ਵਿੱਚ ਸਰਕਾਰੀ ਡਿਗਰੀ/ਵੋਕੇਸ਼ਨਲ ਟ੍ਰੇਨਿੰਗ ਕਾਲਜ ਬਿਕਰਾਊਰ ਦਾ ਨੀਂਹ ਪੱਥਰ ਵਰਚੁਲੀ ਤੌਰ ਤੇ ਰੱਖਿਆ ਸੀ। ਅੱਜ ਉਸੇ ਹੀ ਕਾਲਜ ਦਾ ਨੀਂਹ ਪੱਥਰ ਜ਼ਿਲੇ ਦੇ ਵੱਖ-ਵੱਖ ਧਾਰਮਿਕ ਆਗੂਆਂ ਵੱਲੋਂ ਜ਼ਮੀਨੀ ਤੌਰ ਤੇ ਰੱਖਿਆ ਗਿਆ। ਇਸ ਮੌਕੇ ਵੱਖ-ਵੱਖ ਧਰਮਾਂ ਦੇ ਆਗੂ ਸਹਿਬਾਨ ਮੌਲਾਨਾ ਹਾਮਿਦ ਹੁਸੈਨ, ਇਮਾਮ ਜਾਮਾ ਮਸਜਿਦ ਅੰਮ੍ਰਿਤਸਰ, ਗੁਰਦੁਆਰਾ ਸਾਹਿਬ ਬਿਕਰਾਊਰ ਦੇ ਗ੍ਰੰਥੀ ਭਾਈ ਸੁਖਵੰਤ ਸਿੰਘ ਅਤੇ ਭਾਈ ਹਰਭਜਨ ਸਿੰਘ, ਪੰਡਿਤ ਸੱਤਿਆ ਪ੍ਰਕਾਸ਼ ਅਜਨਾਲਾ ਅਤੇ ਫਾਦਰ ਅਨੀਸ਼ ਦੀ ਹਾਜ਼ਰੀ ਵਿੱਚ ਇਹ ਨੀਂਹ ਪੱਥਰ ਰੱਖਿਆ ਗਿਆ ਅਤੇ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਗਿਆ। ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ ਕਿਹਾ ਕਿ ਅਜਨਾਲਾ ਅਤੇ ਅੰਮ੍ਰਿਤਸਰ ਤੋਂ ਦੂਰ ਇਸ ਇਲਾਕੇ ਦੇ ਵਿੱਚ ਰਹਿੰਦੀ ਰਾਅ ਸਿੱਖ ਬਰਾਦਰੀ ਜੋ ਕਿ ਬੜੇ ਕਿਰਤੀ ਲੋਕ ਹਨ ਦੇ ਬੱਚੇ ਇਸ ਕਾਲਜ ਦੇ ਬਣਨ ਨਾਲ ਪੜ ਕੇ ਦੁਨੀਆ ਦੇ ਨਾਲ ਰਲਣਗੇ। ਉਨ੍ਹਾਂ ਦੱਸਿਆ ਕਿ 15 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਸ ਕਾਲਜ ਦਾ ਨਿਰਮਾਣ ਅੱਜ ਤੋਂ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਬਿਕਰਾਊਰ ਪੰਚਾਇਤ ਦਾ



ਖਾਸ ਤੌਰ ਤੇ ਧੰਨਵਾਦੀ ਹਾਂ ਜਿਨ੍ਹਾਂ ਨੇ ਇਹ ਕਾਲਜ ਬਣਾਉਣ ਲਈ 15 ਏਕੜ ਜਮੀਨ ਬਿਲਕੁਲ ਮੁਫਤ ਸਰਕਾਰ ਨੂੰ ਦਿੱਤੀ। ਉਨ੍ਹਾਂ ਕਿਹਾ ਕਿ ਇਹ ਕਾਲਜ ਖੁੱਲਣ ਦੇ ਨਾਲ ਇਸ ਇਲਾਕੇ ਦੇ ਬੱਚਿਆਂ ਦੀ ਤਕਦੀਰ ਬਦਲੇਗੀ ਅਤੇ ਚੰਗੇ ਭਵਿੱਖ ਦੇ ਰਾਹ ਸਾਡੇ ਬੱਚੇ ਪੈਣਗੇ। ਇਸ ਮੌਕੇ ਪਿੰਡ ਬਿਕਰਾਊਰ ਦੇ ਸਰਪੰਚ ਲਖਬੀਰ ਸਿੰਘ ਲੱਖਾ ਸਮੁੱਚੀ ਪੰਚਾਇਤ ਮੈਂਬਰ, ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਪੰਚ ਸਾਹਿਬਾਨ ਅਤੇ ਆਮ ਆਦਮੀ ਪਾਰਟੀ ਦੇ ਆਗੂ ਸਹਿਬਾਨ ਵੀ ਹਾਜ਼ਿਰ ਸਨ।

## ਜੇ ਈ ਕ੍ਰਿਪਾ ਸਿੰਘ ਦੀ ਸੇਵਾਮੁਕਤੀ 'ਤੇ ਸਟਾਫ ਨੇ ਦਿੱਤੀ ਨਿੱਘੀ ਵਿਦਾਇਗੀ ਪਾਰਟੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਪਾਵਰਕਾਮ ਦਫ਼ਤਰ ਵਿਖੇ ਤਾਇਨਾਤ ਜੇ ਈ ਕ੍ਰਿਪਾ ਸਿੰਘ ਜੋ ਮਹਿਕਮੇ ਵਿੱਚ 1996 ਵਿੱਚ ਬਤੌਰ ਲਾਈਨਮੈਨ ਭਰਤੀ ਹੋਏ ਸਨ, ਵੱਲੋਂ ਮਹਿਕਮੇ ਵਿੱਚ ਵੱਖ-ਵੱਖ ਪੋਸਟਾਂ 'ਤੇ ਕਰੀਬ 30 ਸਾਲ ਦੀ ਸੇਵਾ ਨਿਭਾਈ ਗਈ।

ਉਨ੍ਹਾਂ ਦੀ ਸੇਵਾਮੁਕਤੀ ਮੌਕੇ ਐੱਸਡੀਓ ਜਗਦੀਸ਼ ਸਿੰਘ ਦੀ ਅਗਵਾਈ ਵਿੱਚ ਪਾਵਰਕਾਮ ਡੇਰਾ ਬਾਬਾ ਨਾਨਕ ਦੇ ਸਮੂਹ ਸਟਾਫ਼ ਵੱਲੋਂ ਗ੍ਰੈਂਡ ਕੋਰੀਡੋਰ ਰੈਸਟੋਰੈਂਟ ਵਿਖੇ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਕਰਵਾਏ ਗਏ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਜੇ ਈ ਕ੍ਰਿਪਾ ਸਿੰਘ ਨੇ ਪਾਵਰਕਾਮ ਮਹਿਕਮੇ ਵਿੱਚ ਆਪਣੀ ਡਿਊਟੀ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਈ ਹੈ।ਉਨ੍ਹਾਂ ਕਿਹਾ ਕਿ ਜੇ ਈ ਕ੍ਰਿਪਾ ਸਿੰਘ ਵੱਲੋਂ ਪਾਵਰਕਾਮ ਮਹਿਕਮੇ ਨੂੰ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜਦੋਂ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਿਆ ਗਿਆ ਸੀ, ਉਸ ਸਮੇਂ ਡੇਰਾ ਬਾਬਾ ਨਾਨਕ ਵਿਖੇ ਬਿਜਲੀ ਵਿੱਚ ਨਵੀਨੀਕਰਨ ਕਰਨ ਵਿੱਚ ਜੇ ਈ ਕ੍ਰਿਪਾ ਸਿੰਘ ਵੱਲੋਂ ਬਹੁਤ ਹੀ ਵਡਮੁੱਲਾ ਯੋਗਦਾਨ ਪਾ ਕੇ ਸੇਵਾਵਾਂ ਦਿੱਤੀਆਂ ਗਈਆਂ ਸਨ।ਕ੍ਰਿਪਾ ਸਿੰਘ ਨੇ ਜੋ ਕਿਹਾ ਉਹ ਕੀਤਾ, ਭਾਵੇਂ ਉਨ੍ਹਾਂ ਨੂੰ ਕਈ ਮੁਸ਼ਕਿਲਾਂ ਦਾ ਸਾਹਮਣਾ ਵੀ ਕਰਨਾ ਪਿਆ। ਉਨ੍ਹਾਂ ਕਦੇ ਮੁੜ ਕੇ ਪਿੱਛੇ ਨਹੀ ਦੇਖਿਆ ਜੋ ਕਿ ਸਾਡੇ





ਸਾਥੀਆਂ ਲਈ ਇੱਕ ਮਿਸਾਲ ਵਾਲੀ ਗੱਲ ਹੈ।ਇਸ ਮੌਕੇ ਕ੍ਰਿਪਾ ਸਿੰਘ ਨੇ ਸੇਵਾਮੁਕਤੀ 'ਤੇ ਆਏ ਹੋਏ ਸਮੂਹ ਹਾਜ਼ਰੀਨ ਤੇ ਵਿਸ਼ੇਸ਼ ਤੌਰ 'ਤੇ ਪਾਵਰਕਾਮ ਸਟਾਫ਼ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮੈਨੂੰ ਆਪਣੀ ਡਿਊਟੀ ਦੌਰਾਨ ਸਟਾਫ਼ ਵੱਲੋਂ ਪੂਰਨ ਸਹਿਯੋਗ ਮਿਲਿਆ ਹੈ।ਉਨ੍ਹਾਂ ਕਿਹਾ ਕਿ ਉਹ ਅੱਜ ਭਾਵੇਂ 58 ਸਾਲ ਦੀ ਸੇਵਾ ਕਰਨ ਤੋਂ ਬਾਅਦ ਰਿਟਾਇਰਡ ਹੋ ਗਏ ਹਨ ਪਰ ਉਹ ਆਪਣੀਆਂ ਸੇਵਾਵਾਂ ਮਹਿਕਮੇ ਦੀ ਭਲਾਈ ਲਈ ਨਿਰੰਤਰ ਜਾਰੀ ਰੱਖਣਗੇ ।ਇਸ ਮੌਕੇ ਸਟਾਫ ਵੱਲੋ ਕ੍ਰਿਪਾ ਸਿੰਘ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਤੋਹਫੇ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐੱਸਡੀਓ ਜਗਦੀਸ਼ ਸਿੰਘ, ਜੇ ਈ 1 ਬਲਵਿੰਦਰ ਸਿੰਘ, ਜੇਈ ਪਰਉਪਕਾਰ ਸਿੰਘ ਅਲੀਵਾਲ, ਮੈਡਮ ਦਲਜੀਤ ਕੌਰ, ਸਤਬੀਰ ਸਿੰਘ ਕੈਨੇਡਾ, ਗੁਰਵਿੰਦਰ ਸਿੰਘ ਸੋਨੋ ਬਲਾਕ ਸੰਮਤੀ ਮੈਂਬਰ ਜ਼ੋਨ ਵੀਲਾ ਤੇਜਾ, ਭਾਈ ਹਿੰਮਤ ਬੀਰ ਸਿੰਘ ਪ੍ਰਚਾਰਕ ਐੱਸਜੀਪੀਸੀ, ਜੇਈ ਕੌਂਸਲ ਪ੍ਰਧਾਨ ਚੰਦਰ ਮੋਹਨ ਮਹਾਜਨ ਯੂਨਿਟ ਬਟਾਲਾ, ਜੇਈ ਬਲਦੇਵ ਰਾਜ, ਜੇਈ ਹੀਰਾ ਲਾਲ, ਜੇਈ ਰਜਿੰਦਰ ਸਿੰਘ, ਸੀਸੀ ਜਰਨੈਲ ਸਿੰਘ, ਜੇਈ ਰੁਪਿੰਦਰ ਕੁਮਾਰ, ਜੇਈ ਸਤਪਾਲ, ਐੱਸਡੀਸੀ ਮਹਾਵੀਰ ਸਿੰਘ, ਆਰਏ ਜਤਿੰਦਰ ਸਿੰਘ, ਐੱਲਡੀਸੀ ਕਰਨ ਸਿੰਘ, ਰਾਜੇਸ਼ ਕੁਮਾਰ ਪ੍ਰਧਾਨ ਇੰਪਲਾਈਜ਼ ਫੈਡਰੇਸ਼ਨ ਬਟਾਲਾ, ਗੁਰਵਿੰਦਰ ਸਿੰਘ ਪ੍ਰਧਾਨ ਸਬ ਡਵੀਜ਼ਨ ਇੰਪਲਾਈਜ਼ ਫੈਡਰੇਸ਼ਨ, ਸਾਬਕਾ ਜੇਈ ਪ੍ਰੀਤਮ ਸਿੰਘ, ਨਿਸ਼ਾਨ ਸਿੰਘ ਠੇਠਰਕੇ, ਲਾਈਨਮੈਨ ਜਸਪਾਲ, ਲਾਈਨਮੈਨ ਰੋਹਿਤ ਸਰਨਾ, ਸੁਨੀਤਾ ਦੇਵੀ, ਸਰਬਜੀਤ ਕੌਰ ਆਦਿ ਤੋਂ ਇਲਾਵਾ ਉਨ੍ਹਾਂ ਦੇ ਰਿਸ਼ਤੇਦਾਰ, ਪਰਿਵਾਰਕ ਮੈਂਬਰਾਂ ਤੋਂ ਇਲਾਵਾ ਪਾਵਰਕਾਮ ਦਾ ਸਮੁੱਚਾ ਸਟਾਫ ਹਾਜ਼ਰ ਸੀ ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਮੇਨ ਬਾਜ਼ਾਰ ਬਿਆਸ ਵਿੱਚ ਲਵ ਕੁਸ਼ ਸ਼ਾਪ ਕੀਪਰ ਵੈੱਲਫ਼ੇਅਰ ਸੁਸਾਇਟੀ ਬਿਆਸ (ਸਵਰਗੀ ਬਲਬੀਰ ਚੰਦ) ਵੱਲੋਂ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਮਾਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ ਗਿਆ।ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਸਾਬਕਾ ਵਿਧਾਇਕ ਡਾਕਟਰ ਵੀਰ ਪਵਨ ਕੁਮਾਰ ਭਾਰਦਵਾਜ ਵੈੱਲਫ਼ੇਅਰ ਸੁਸਾਇਟੀ ਦੇ ਪ੍ਰਧਾਨ ਲਕਸ਼ਮਣ, ਵਾਈਸ ਪ੍ਰਧਾਨ ਰਾਜ ਕੁਮਾਰ, ਬਲਾਕ ਸੰਮਤੀ ਮੈਂਬਰ ਅਮਿਤ ਪਾਲ ਸਿੰਘ ਪ੍ਰਿੰਸ, ਜਨਰਲ ਸੈਕਟਰੀ ਸੂਰਜ ਅਹੂਜਾ, ਸੈਕਟਰੀ ਰਮੇਸ਼ ਗੁਪਤਾ, ਕੋਆਰਡੀਨੇਟਰ ਕੁਲਵੰਤ ਸਿੰਘ ਅਤੇ ਬਲਦੇਵ ਸਿੰਘ, ਕੈਸ਼ੀਅਰ ਪਵਨ ਕਪੂਰ, ਮੈਂਬਰ ਪੰਚਾਇਤ ਰਾਮ ਸਰੂਪ ਗਾਰਡ, ਸਾਬਕਾ ਮੈਂਬਰ ਪੰਚਾਇਤ ਸਰਬਜੀਤ ਸਿੰਘ, ਐਡਵਾਈਜ਼ਰ ਵਿਜੇ ਕੁਮਾਰ ਅਤੇ ਰਾਮ ਲੁਭਾਇਆ, ਜੇਠਾ ਨੰਦ, ਪਰਮਜੀਤ ਸਿੰਘ, ਸ਼ੇਰ ਸਿੰਘ, ਗੁਰਪ੍ਰੀਤ ਸਿੰਘ, ਸੋਨੂੰ ਯਾਦਵ, ਪਵਨ ਕੁਮਾਰ, ਸਾਜਨ, (ਸਾਰੇ ਮੈਂਬਰ), ਥਾਣੇਦਾਰ ਕੁਲਵਿੰਦਰ ਸਿੰਘ, ਹਵਾਲਦਾਰ ਬਿਕਰਮਜੀਤ ਸਿੰਘ, ਰਜੇਸ਼ ਕੁਮਾਰ ਭਾਰਤੀ ਅਤੇ ਬਿਆਸ ਬਜ਼ਾਰ ਦੇ ਦੁਕਾਨਦਾਰ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਵੇਰਕਾ (ਰਾਣਾ)-ਸਮੂਹ ਲੋਕਾਈ ਨੂੰ ਸਮਾਜਿਕ ਚੇਤਨਾ ਅਤੇ ਸਮਾਨਤਾ ਦਾ ਮਾਰਗ ਦਿਖਾਉਣ ਵਾਲੇ ਸ੍ਰੀ ਗੁਰੂ ਰਵਿਦਾਸ ਜੀ ਦਾ ਪਵਿੱਤਰ ਪ੍ਰਕਾਸ਼ ਦਿਹਾੜਾ ਡਾ.ਜਸਬੀਰ ਸਿੰਘ ਸੰਧੂ ਐੱਮ. ਐੱਲ. ਏ. ਹਲਕਾ ਅੰਮ੍ਰਿਤਸਰ ਪੱਛਮੀ ਵੱਲੋਂ ਆਪਣੇ ਪਾਰਟੀ ਦੇ ਮੁੱਖ ਦਫ਼ਤਰ ਪੁਰਾਣੀ ਚੂੰਗੀ ਬਾਈਪਾਸ ਨੇੜੇ ਖੰਡਵਾਲਾ ਅੰਮ੍ਰਿਤਸਰ ਵਿਖੇ ਬੜੀ ਹੀ ਧੂਮਧਾਮ ਨਾਲ ਅਤੇ ਸ਼ਰਧਾਪੂਰਵਕ ਮਨਾਇਆ ਗਿਆ।

ਇਸ ਮੌਕੇ ਵਿਧਾਇਕ ਡਾ. ਸੰਧੂ ਨੇ ਸ੍ਰੀ ਗੁਰੂ ਰਵਿਦਾਸ ਜੀ ਨੂੰ ਸ਼ਰਧਾ ਦੇ ਸੁਮਨ ਭੇਟ ਕਰਦੇ ਹੋਏ ਸਮੂਹ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀ ਲੱਖ-ਲੱਖ ਵਧਾਈ ਦਿੱਤੀ।ਉਪਰੰਤ ਸੰਗਤਾਂ ਨੂੰ ਖੁਸ਼ੀ 'ਚ ਲੱਡੂ ਵੀ ਵੰਡੇ।

ਇਸ ਮੌਕੇ ਉਨ੍ਹਾਂ ਆਈਆਂ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਪਾਵਨ ਤੇ ਪਵਿੱਤਰ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹੈ ਅਤੇ ਮਨੁੱਖਤਾ ਨੂੰ ਸਹੀ ਮਾਰਗ ਦਰਸ਼ਨ ਕਰਦੀ ਹੋਈ ਭੇਦਭਾਵ ਦਾ ਤਿਆਗ ਕਰਕੇ ਆਪਸੀ ਭਾਈਚਾਰਕ ਸਾਂਝ, ਨਿਮਰਤਾ, ਪ੍ਰੇਮ, ਨਾਮ ਜਪਣ ਅਤੇ ਮਿਲਵਰਤਣ ਦੀ ਸਿੱਖਿਆ ਦਿੰਦੀ ਹੈ।

## ਸਿਰਫ਼ ਹੈਲਥ ਕਾਰਡ ਲੈ ਕੇ ਜਾਓ, ਇਲਾਜ ਸਾਰਾ ਮੁਫ਼ਤ ਹੋਵੇਗਾ: ਵਿਧਾਇਕ ਸ਼ੈਰੀ ਕਲਸੀ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਬੀਮਾ ਦੇਣ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 22 ਜਨਵਰੀ ਨੂੰ ਮੋਹਾਲੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਅਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ।ਪਿਛਲੇ 75 ਸਾਲਾਂ ਵਿੱਚ, ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ, ਅਤੇ ਹੋਰ 500 ਨਿਰਮਾਣ ਅਧੀਨ ਹਨ।ਅਗਲੇ ਚਾਰ ਤੋਂ ਪੰਜ ਮਹੀਨਿਆਂ ਵਿੱਚ 2,500 ਪਿੰਡ ਕਲੀਨਿਕ ਖੋਲ੍ਹੇ ਜਾਣਗੇ।ਉਨ੍ਹਾਂ ਕਿਹਾ ਕਿ ਪਹਿਲਾਂ, ਪੰਜਾਬ ਦੇ ਸਰਕਾਰੀ ਹਸਪਤਾਲਾਂ ਨੂੰ ਡਾਕਟਰਾਂ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪਿਆ ਸੀ।ਪਿਛਲੇ ਚਾਰ ਸਾਲਾਂ ਵਿੱਚ, 1100 ਮਾਹਰ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ ਅਤੇ ਹੁਣ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਕੋਈ ਕਮੀ ਨਹੀਂ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ, ਜਿਨ੍ਹਾਂ ਵਿੱਚ ਅਮੀਰ ਅਤੇ ਗਰੀਬ, ਹਿੰਦੂ, ਮੁਸਲਮਾਨ, ਸਿੱਖ, ਈਸਾਈ ਅਤੇ ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਸ਼ਾਮਲ ਹਨ।ਇਸ ਯੋਜਨਾ ਤਹਿਤ 850 ਸਰਕਾਰੀ ਅਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਸ ਸਕੀਮ ਵਿੱਚ 2356 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ, ਜਦੋਂ ਕਿ ਪਹਿਲਾਂ ਇਹ ਪੈਕੇਜ ਸਿਰਫ਼ 1600 ਸਨ।



ਇਸ ਸਿਹਤ ਯੋਜਨਾ ਅਧੀਨ ਆਰਥੋਪੀਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਸਮੇਤ ਹੋਰ ਵਿਸ਼ੇਸ਼ ਇਲਾਜ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ ਦਿਲ ਨਾਲ ਸਬੰਧਤ ਅਤੇ ਕੈਂਸਰ ਦੇ ਇਲਾਜ, ਕਿਡਨੀ ਡਾਇਲਸਿਸ ਅਤੇ ਟ੍ਰਾਂਸਪਲਾਂਟ, ਦਿਮਾਗ ਅਤੇ ਰੀੜ੍ਹ ਦੀ ਹੱਡੀ ਦੀਆਂ ਸਰਜਰੀਆਂ, ਜਣੇਪਾ ਅਤੇ ਨਵਜੰਮੇ ਬੱਚਿਆਂ ਦੀ ਦੇਖਭਾਲ, ਦੁਰਘਟਨਾ ਅਤੇ ਐਮਰਜੈਂਸੀ, ਗੋਡੇ ਅਤੇ ਚੂਲੇ ਦੀਆਂ ਸਰਜਰੀਆਂ, ਮੋਤੀਆਬਿੰਦ ਸਰਜਰੀ ਅਤੇ ਹੋਰ ਇਲਾਜ ਸੇਵਾਵਾਂ ਵੀ ਇਸ ਯੋਜਨਾ ਵਿੱਚ ਸ਼ਾਮਲ ਹਨ।

## ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ, ਸੰਗਤਾਂ ਨੂੰ ਜੋੜਿਆ ਗੁਰੂ ਚਰਨਾਂ ਨਾਲ

ਧਾਰੀਵਾਲ, (ਮਨਦੀਪ ਵਿੱਕੀ)-ਸ਼੍ਰੀ ਗੁਰੂ ਰਵਿਦਾਸ ਸਭਾ ਧਾਰੀਵਾਲ (ਰਜਿ. 202) ਵੱਲੋਂ ਸ਼ਹਿਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਨਹਿਰ ਕਿਨਾਰੇ ਸਥਿਤ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ ਸ਼੍ਰੋਮਣੀ ਭਗਤ ਗੁਰੂ ਰਵਿਦਾਸ ਜੀ ਦਾ 649ਵਾਂ ਪ੍ਰਕਾਸ਼ ਦਿਹਾੜਾ ਪੂਰੀ ਸ਼ਰਧਾ ਭਾਵਨਾ ਮਨਾਇਆ ਗਿਆ। ਇਸ ਸਬੰਧੀ ਰੱਖੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਰਾਗੀ ਜਥਿਆਂ ਭਗਤ ਰਵਿਦਾਸ ਜੀ ਦੀ ਬਾਣੀ ਦੇ ਰਸਭਿੰਨਾ ਕੀਰਤਨ ਕੀਤਾ ਅਤੇ ਕਥਾਵਾਚਕਾਂ ਨੇ ਗੁਰਬਾਣੀ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਵਹਿਮਾਂ ਭਰਮਾਂ ਤੋਂ ਦੂਰ ਰਹਿਣ ਅਤੇ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਅਨੁਸਾਰ ਚੱਲ ਕੇ ਜੀਵਨ ਸਫਲਾ ਕਰਨ ਦਾ ਉਪਦੇਸ਼ ਦਿੱਤਾ। ਸਮਾਗਮ ਵਿੱਚ ਉਚੇਚੇ ਤੌਰ 'ਤੇ ਸਾਮਲ ਹੋਏ ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਗੁਰੂ ਰਵਿਦਾਸ ਜੀ ਦਾ ਜੀਵਨ ਅਤੇ ਫ਼ਲਸਫਾ ਸਮੁੱਚੀ ਮਨੁੱਖਤਾ ਲਈ ਮਾਰਗ ਦਰਸਕ ਹੈ। ਉਨ੍ਹਾਂ ਨੇ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਗੁਰੂ ਰਵਿਦਾਸ ਜੀ ਨੇ ਬਰਾਬਰਤਾ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਗੁਰੂ ਰਵਿਦਾਸ ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ, ਜਨਰਲ ਸਕੱਤਰ ਬਲਕਾਰ ਸਿੰਘ ਸਮੇਤ ਸਮੁੱਚੇ ਮੈਂਬਰਾਂ ਨੇ ਗੁਰੂ ਰਵਿਦਾਸ ਧਰਮਸ਼ਾਲਾ ਵਿੱਚ ਲੰਗਰ ਹਾਲ ਤੇ ਰਹਿਣ-ਬਸੇਰਾ ਬਣਾਉਣ ਦੀ ਮੰਗ ਕਰਨ 'ਤੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਭਰੋਸ਼ਾ ਦਿਵਾਇਆ ਕਿ ਉਹ ਪੰਜਾਬ ਸਰਕਾਰ ਵੱਲੋ ਗ੍ਰਾਂਟ ਜਾਰੀ ਕਰਵਾ ਕੇ ਸੰਗਤਾਂ ਦੀ ਇਹ ਮੰਗ ਪੂਰੀ ਕਰਨਗੇ। ਇਸ ਮੌਕੇ ਪ੍ਰਬੰਧਕਾਂ ਵਲੋਂ ਅਗਰੂਪ ਸਿੰਘ ਸੇਖਵਾਂ ਸਮੇਤ ਅਹਿਮ ਸਖਸੀਅਤਾਂ ਨੂੰ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ, ਜਨਰਲ ਸਕੱਤਰ ਬਲਕਾਰ ਸਿੰਘ, ਪ੍ਰੈਸ਼ ਸਕੱਤਰ ਹਰਭਜਨ ਸਿੰਘ, ਵਾਈਸ ਜਨਰਲ ਸਕੱਤਰ ਬਚਨ ਲਾਲ ਫੌਜੀ, ਕੈਸ਼ੀਅਰ ਰਮੇਸ਼ ਕੁਮਾਰ, ਮਦਨ ਸਿੰਘ, ਰਾਕੇਸ਼ ਸੋਨੂੰ ਟੇਲਰ, ਧਰਮ ਪਾਲ,ਮੰਗਤ ਰਾਮ, ਸੁਰਿੰਦਰ ਪਾਲ, ਡਾਕਟਰ ਕਮਲਜੀਤ ਸਿੰਘ ਕੇਜੇ, ਰਿਟਾ. ਐਸਡੀਓ ਕਸਤੂਰੀ ਲਾਲ, ਭਾਈ ਚਮਨਲਾਲ ਸਿੰਘ ਰਿਟਾ. ਐੱਸਡੀਓ, ਗੁਰਦੁਆਰਾ ਬੇਬੇ ਨਾਨਕੀ ਜੀ ਧਾਰੀਵਾਲ ਦੇ ਪ੍ਰਧਾਨ ਅਮਰਜੀਤ ਸਿੰਘ ਹੈਪੀ, ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਸਾਬਕਾ ਨਗਰ ਕੌਂਸਲ ਪ੍ਰਧਾਨ ਸਤੀਸ ਕੁਮਾਰ, ਸ਼ਿਵ ਸੈਨਾ ਪ੍ਰਧਾਨ ਹਨੀ ਮਹਾਜਨ, ਬੀਬੀ ਸੁਖਵਿੰਦਰ ਕੌਰ ਬਾਜਵਾ, ਸਰਪੰਚ ਨੰਦ ਲਾਲ ਕਲਿਆਣਪੁਰ, ਕੁਲਦੀਪ ਸਿੰਘ ਪਟਵਾਰੀ, ਦਿਆਲ ਸਿੰਘ, ਨੋਨੀ ਖੋਸਲਾ, ਨਰਾਇਣ ਮਲਹੋਤਰਾ, ਹਰਪਾਲ ਸਿੰਘ ਬੜੋਏ, ਭੁਪਿੰਦਰ ਸਿੰਘ ਸਾਬੀ ਰਣੀਆਂ, ਮਹਿੰਦਰ ਪਾਲ, ਦੀਦਾਰ ਸਿੰਘ ਆਦਿ ਤੋਂ ਇਲਾਵਾ ਵੀ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਸਨ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।




## ਬਜਟ ਵਿਕਸਤ ਭਾਰਤ ਦੀ ਦਿਸ਼ਾ 'ਚ ਫੈਸਲਾਕੁੰਨ ਕਦਮ : ਚੁੱਘ

**ਛੇਹਰਟਾ, (ਮਨੋਜ ਕੁਮਾਰ)**-ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੀ ਮੌਜੂਦਗੀ ਵਿਚ ਕੇਂਦਰੀ ਬਜਟ 2026-27 ਦਾ ਸਿੱਧਾ ਪ੍ਰਸਾਰਣ ਲਾਹੌਰੀ ਗੇਟ ਸਥਿਤ ਦਫ਼ਤਰ ਵਿਖੇ ਸੁਣਿਆ ਗਿਆ। ਬਜਟ ਤੋਂ ਬਾਅਦ ਤਰੁਣ ਚੁਘ ਨੇ ਕਿਹਾ ਕਿ ਇਹ ਬਜਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ 2047 ਦੇ ਸੰਕਲਪ ਨੂੰ ਠੋਸ ਆਧਾਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਮਜ਼ਬੂਤ ਆਰਥਿਕ ਵਿਕਾਸ, ਕੰਟ੍ਰੋਲ ਵਿੱਤੀ ਘਾਟਾ ਤੇ ਰਿਕਾਰਡ ਤੋੜ ਪੂੰਜੀ ਨਿਵੇਸ਼ ਇਹ ਸਾਬਤ ਕਰਦੇ ਹਨ ਕਿ ਮੋਦੀ ਸਰਕਾਰ ਦੇਸ਼ ਨੂੰ ਥੋੜ੍ਹੇ ਸਮੇਂ ਦੇ ਲਾਭਾਂ ਵੱਲ ਨਹੀਂ, ਸਗੋਂ ਲੰਬੇ ਸਮੇਂ ਦੀ ਮਜ਼ਬੂਤੀ ਵੱਲ ਲੈ ਕੇ ਜਾ ਰਹੀ ਹੈ। ਇਹ ਬਜਟ ਆਰਥਿਕ ਸਥਿਰਤਾ ਤੇ ਵਿਕਾਸ ਵਿਚਕਾਰ ਸੰਤੁਲਨ ਦੀ ਸ਼ਕਤੀਸ਼ਾਲੀ ਉਦਾਹਰਣ ਹੈ।



ਤਰੁਣ ਚੁੱਘ ਨੇ ਕਿਹਾ ਕਿ ਇਹ ਬਜਟ ਮੱਧ ਵਰਗ ਤੇ ਇਮਾਨਦਾਰ ਟੈਕਸਦਾਤਾਵਾਂ ਲਈ ਰਾਹਤ ਤੇ ਸਨਮਾਨ ਦੋਵੇਂ ਲਿਆਉਂਦਾ ਹੈ। ਚੁੱਘ ਨੇ ਕਿਹਾ ਕਿ ਬਜਟ ਨੌਜਵਾਨਾਂ, ਕਿਸਾਨਾਂ ਤੇ ਔਰਤਾਂ ਨੂੰ ਧਿਆਨ ਵਿਚ ਰੱਖ ਕੇ ਤਿਆਰ ਕੀਤਾ ਗਿਆ ਹੈ। ਬਜਟ ਦਾ ਪੂਰਬੀ ਭਾਰਤ ਤੇ ਉੱਤਰ-ਪੂਰਬ 'ਤੇ ਵਿਸ਼ੇਸ਼ ਧਿਆਨ ਇਤਿਹਾਸਕ ਹੈ। ਉਦਯੋਗਿਕ ਕਾਰੀਡੋਰ, ਸੈਰ-ਸਪਾਟਾ ਵਿਕਾਸ, ਈ-ਬੱਸਾਂ ਵਰਗੀਆਂ ਯੋਜਨਾਵਾਂ ਖੇਤਰੀ ਅਸੰਤੁਲਨ ਨੂੰ ਦੂਰ ਕਰਨਗੀਆਂ ਅਤੇ ਨਵੇਂ ਮੌਕੇ ਪੈਦਾ ਕਰਨਗੀਆਂ।

ਉਨ੍ਹਾਂ ਕਿਹਾ ਕਿ ਬਜਟ ਵਿਚ ਲਏ ਗਏ ਫੈਸਲੇ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ ਕਿ ਮੋਦੀ ਸਰਕਾਰ ਰਾਜਨੀਤੀ ਤੋਂ ਉੱਪਰ ਉੱਠ ਕੇ ਰਾਸ਼ਟਰ ਨਿਰਮਾਣ ਦੇ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਹੈ। ਇਸ ਮੌਕੇ ਅੰਮ੍ਰਿਤਸਰ ਭਾਜਪਾ ਦੇ ਸੀਨੀਅਰ ਅਹੁਦੇਦਾਰ ਤੇ ਵੱਡੀ ਗਿਣਤੀ ਵਿਚ ਵਰਕਰ ਮੌਜੂਦ ਸਨ।

## ਡਿਫ਼ੈਂਸ ਕਲੋਨੀ ਤੇ ਹਰਗੋਬਿੰਦ ਐਵੀਨਿਊ ਵਿਖੇ ਸੜਕ ਦਾ ਉਦਘਾਟਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਪੱਛਮੀ ਹਲਕੇ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਵਾਰਡ ਨੰਬਰ 1 ਅਧੀਨ ਆਉਂਦੀ ਡਿਫ਼ੈਂਸ ਕਲੋਨੀ ਅਤੇ ਵਾਰਡ ਨੰਬਰ 82 ਅਧੀਨ ਹਰਗੋਬਿੰਦ ਐਵੀਨਿਊ ਵਿੱਚ ਨਵੀਂ ਸੜਕ ਬਣਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵਸਨੀਕਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ ਉਦਘਾਟਨੀ ਸਮਾਰੋਹ ਦੌਰਾਨ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਆਪ ਸਰਕਾਰ ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੜਕਾਂ ਦੀ ਮੁਰੰਮਤ ਅਤੇ ਨਵੀਂ ਤਾਮੀਰ ਨਾਲ ਨਾ ਸਿਰਫ਼ ਆਵਾਜਾਈ ਸੁਚੱਜੀ ਹੋਵੇਗੀ, ਸਗੋਂ ਇਲਾਕਾ ਨਿਵਾਸੀਆਂ ਨੂੰ ਵੀ ਵੱਡੀ ਰਾਹਤ ਮਿਲੇਗੀ। ਵਿਧਾਇਕ ਸੰਧੂ ਨੇ ਕਿਹਾ ਕਿ ਡਿਫ਼ੈਂਸ ਕਲੋਨੀ ਵਾਸੀਆਂ ਵੱਲੋਂ ਕਾਫ਼ੀ ਸਮੇਂ ਤੋਂ ਸੜਕ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ ਦੇ ਹਰ ਇਲਾਕੇ ਵਿੱਚ ਬੁਨਿਆਦੀ ਸੁਵਿਧਾਵਾਂ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ, ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਾਰਡ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ। ਇਲਾਕਾ ਵਾਸੀਆਂ ਨੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਪ ਸਰਕਾਰ ਹਕੀਕਤ ਵਿੱਚ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ। ਇਸ ਮੌਕੇ ਮੇਰੇ ਨਾਲ ਕੌਂਸਲਰ ਪ੍ਰਭ ਉੱਪਲ, ਕੌਂਸਲਰ ਸੰਦੀਪ ਸਿੰਘ,ਕੌਂਸਲਰ ਅਮਰਜੀਤ ਗੁਮਟਾਲਾ ,ਜਨਰਲ ਸਕੱਤਰ ਮੁਖਵਿੰਦਰ ਵਿਰਦੀ, ਸਰਬਜੀਤ ਸਿੰਘ ਸ਼ੱਭਾ, ਦਵਿੰਦਰ ਸੰਧੂ, ਪੀ ਏ ਮਾਧਵ ਸ਼ਰਮਾ, ਪੀਏ ਅਮਰਜੀਤ ਸ਼ੇਰਗਿੱਲ ਆਦਿ ਮੌਜੂਦ ਸਨ।

## ਸਾਗਰਪੁਰ 'ਚ ਗਲੀ ਦਾ ਨਿਰਮਾਣ ਕਾਰਜ ਸ਼ੁਰੂ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਾਹਨੂੰਵਾਨ ਰੋਡ ਤੇ ਸਾਗਰਪੁਰ ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਪ੍ਰਧਾਨ ਵੀਨੂੰ ਕਾਹਲੋਂ, ਭੁਪਿੰਦਰ ਸਿੰਘ, ਅਮਰੀਕ ਸਿੰਘ ਸਮੇਤ ਵਾਰਡ ਵਾਸੀ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਦੌਰਾਨ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਲੋਕਾਂ ਦੇ ਹਿੱਤ ਵਿੱਚ ਵੱਡੇ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਬਟਾਲੇ ਹਲਕੇ ਅੰਦਰ ਵੀ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਕਿਹਾ ਕਿ ਹਲਕੇ ਦਾ ਚਹੁਪੱਖੀ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਹੱਲ ਕਰਨ ਲਈ ਉਹ ਵਚਨਬੱਧ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਲੋਕਾਂ ਤੱਕ ਪੁਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਬਟਾਲਾ ਵਿੱਚ ਨਵੇਂ ਬਣੇ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਬਟਾਲਾ ਹਲਕੇ ਸਮੇਤ ਕਰੀਬ 314 ਪਿੰਡਾਂ ਦੇ ਲੋਕ ਇੱਕ ਛੱਤ ਹੇਠ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਿਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਤੁਸੀਂ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ, ਮੈਂ ਤੁਹਡੀ ਸੇਵਾ ਵਿੱਚ ਚੌਵੀ ਘੰਟੇ ਹਾਜ਼ਰ ਹਾਂ ਅਤੇ ਲੋਕਾਂ ਦੇ ਸਹਿਯੋਗ ਨਾਲ ਬਟਾਲਾ ਹਲਕੇ ਨੂੰ ਵਿਕਾਸ ਪੱਖੋਂ ਨਮੂਨੇ ਦਾ ਹਲਕਾ ਬਣਾਇਆ ਜਾ ਰਿਹਾ ਹੈ।



## ਇੰਡੀਆਵੁੱਡ-2026 ਦਾ ਆਯੋਜਨ 26 ਤੋਂ

**ਅੰਮ੍ਰਿਤਸਰ** : ਇੰਡੀਆਵੁੱਡ 2026 ਦਾ ਆਯੋਜਨ 26 ਫ਼ਰਵਰੀ ਤੋਂ 2 ਮਾਰਚ ਤੱਕ ਬੈਂਗਲੁਰੂ ਸਥਿਤ ਬੈਂਗਲੌਰ ਇੰਟਰਨੈਸ਼ਨਲ ਐਗਜ਼ੀਬਿਸ਼ਨ ਸੈਂਟਰ ਵਿੱਚ ਕੀਤਾ ਜਾ ਰਿਹਾ ਹੈ।ਨਿਊਰਨਬਰਗਮੇਸੇ ਇੰਡੀਆ ਵੱਲੋਂ ਕਰਵਾਈ ਜਾ ਰਹੀ ਐਗਜ਼ੀਬਿਸ਼ਨ ਦਾ ਇਹ 26ਵਾਂ ਐਡੀਸ਼ਨ ਹੈ, ਜੋ ਵੁੱਡਵਰਕਿੰਗ, ਫਰਨੀਚਰ ਉਤਪਾਦਨ ਅਤੇ ਮੈਟ੍ਰੈਸ ਨਿਰਮਾਣ ਲਈ ਇੱਕ ਗਲੋਬਲ ਸਮਿਟ ਵਜੋਂ ਆਪਣੀ ਪਹਿਚਾਣ ਬਣਾ ਚੁੱਕਾ ਹੈ।ਇਸ ਇਵੈਂਟ ਨੂੰ ਯੂਰਪੀਅਨ ਫੈਡਰੇਸ਼ਨ ਆਫ ਵੁੱਡਵਰਕਿੰਗ ਮਸ਼ੀਨਰੀ ਮੈਨੂਫੈਕਚਰਰਜ਼ ਦਾ ਵੀ ਸਮਰਥਨ ਪ੍ਰਾਪਤ ਹੈ।

ਇੰਡੀਆਵੁੱਡ -2026 ਆਪਣੇ ਇਤਿਹਾਸ ਦਾ ਸਭ ਤੋਂ ਵੱਡਾ ਸੰਸਕਰਣ ਹੋਵੇਗਾ, ਜਿਸ ਵਿੱਚ 50 ਤੋਂ ਵੱਧ ਦੇਸ਼ਾਂ ਦੇ 1,000 ਤੋਂ ਜ਼ਿਆਦਾ ਬ੍ਰਾਂਡ ਭਾਗ ਲੈਣਗੇ।ਆਉਣ ਵਾਲੇ ਸੰਸਕਰਣ ਬਾਰੇ ਗੱਲ ਕਰਦਿਆਂ ਨਿਊਰਨਬਰਗਮੇਸੇ ਇੰਡੀਆ ਦੀ ਮੈਨੇਜਿੰਗ ਡਾਇਰੈਕਟਰ ਸੋਨੀਆ ਪਰਾਸ਼ਰ ਨੇ ਕਿਹਾ ਕਿ ਇੰਡੀਆਵੁੱਡ-2026 ਭਾਰਤ ਦੇ ਵੁੱਡਵਰਕਿੰਗ ਅਤੇ ਫਰਨੀਚਰ ਨਿਰਮਾਣ ਉਦਯੋਗ ਵਿੱਚ ਵਧ ਰਹੇ ਆਤਮ-ਵਿਸ਼ਵਾਸ, ਪਰਿਪੱਕਤਾ ਅਤੇ ਗਲੋਬਲਾਈਜ਼ੇਸ਼ਨ ਨੂੰ ਦਰਸਾਉਂਦਾ ਹੈ।

2 Feb Page 12.qxd 2/1/2026 10:25 PM Page 1



## ਜਨਮ ਦਿਨ ਮੁਬਾਰਕ



ਜੰਨਤ ਕੌਰ
ਤੇਜਾ ਕਲਾ

## ਵਰ੍ਹੇਗੰਢ ਮੁਬਾਰਕ



ਬੂਟਾ ਸਿੰਘ ਤੇ ਦਲਜੀਤ ਕੌਰ ਨੇ ਆਪਣੇ ਵਿਆਹ ਦੀ 36ਵੀਂ ਵਰ੍ਹੇਗੰਢ ਮਨਾਈ।

# ਅਰੋੜਾ ਨੇ ਸਥਾਨਕ ਸਰਕਾਰਾਂ ਦੇ ਸਾਰੇ ਕਾਰਜਾਂ ਦਾ ਲਿਆ ਜਾਇਜ਼ਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਦੀ ਪ੍ਰਧਾਨਗੀ ਹੇਠ ਸ਼ਹਿਰੀ ਸਥਾਨਕ ਇਕਾਈਆਂ (ਯੂ ਐਲ ਬੀ) ਸਬੰਧੀ ਪ੍ਰਮੁੱਖ ਮੁੱਦਿਆਂ ਬਾਰੇ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ



ਹੋਈ।ਮੀਟਿੰਗ ਦੌਰਾਨ, ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਿਰਦੇਸ਼ ਦਿੱਤੇ ਕਿ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਵਿਕਾਸ ਯੋਜਨਾਵਾਂ ਲਈ ਮਤੇ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਪਾਸ ਕਰਨ।ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਈ-ਨਿਗਮ ਸਾਫਟਵੇਅਰ ਤਿਆਰ ਕੀਤਾ ਗਿਆ ਹੈ, ਜਿਸ ਰਾਹੀਂ ਹੁਣ ਸਾਰੇ ਮਤਿਆਂ 'ਤੇ ਆਨਲਾਈਨ ਪ੍ਰਕਿਰਿਆ ਕੀਤੀ ਜਾਵੇਗੀ।ਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਮਰੱਥ ਅਧਿਕਾਰੀਆਂ ਲਈ ਅਜਿਹੇ ਮਤਿਆਂ 'ਤੇ ਫੈਸਲੇ ਲੈਣ ਲਈ 10 ਕੰਮਕਾਜੀ ਦਿਨਾਂ ਦੀ ਇੱਕ ਸਖ਼ਤ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਹੈ।ਪਾਣੀ ਦੀ ਸਪਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ, ਸੰਜੀਵ ਅਰੋੜਾ ਨੇ ਨਾਗਰਿਕਾਂ ਲਈ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਇੱਕ ਮਹੀਨੇ ਦੇ ਅੰਦਰ ਸਾਰੇ ਟਿਊਬਵੈਲਾਂ 'ਤੇ ਟਾਈਮਰ ਸੈਂਸਰ ਲਗਾਉਣ ਦੇ ਨਿਰਦੇਸ਼ ਦਿੱਤੇ। ਸਫ਼ਾਈ ਅਤੇ ਸੈਨੀਟੇਸ਼ਨ 'ਤੇ ਜ਼ੋਰ ਦਿੰਦਿਆਂ, ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਸੀਵਰੇਜ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਅਤੇ ਆਉਣ ਵਾਲੇ ਬਰਸਾਤੀ ਮੌਸਮ ਦੌਰਾਨ ਪਾਣੀ ਭਰਨ ਤੋਂ ਰੋਕਣ ਲਈ ਇੱਕ ਵਿਸ਼ੇਸ਼ ਸੀਵਰੇਜ-ਸਫਾਈ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ।

# ਸਤਿਗੁਰੂ ਰਵਿਦਾਸ ਪ੍ਰਕਾਸ਼ ਪੁਰਬ ਜਾਹੋ ਜਲਾਲ ਨਾਲ ਮਨਾਉਣ ਸੰਬੰਧੀ ਹੋਈ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਜਾਹੋ ਜਲਾਲ ਨਾਲ ਮਨਾਉਣ ਦੀਆਂ ਤਿਆਰੀਆਂ ਨੂੰ ਲੈ ਕੇ ਸੰਤ ਬਾਬਾ ਨਿਰਮਲ ਦਾਸ



ਬਾਬੇ ਜੌੜੇ ਦੀ ਅਗਵਾਈ ਹੇਠ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੀ ਅਹਿਮ ਮੀਟਿੰਗ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀਆਂ ਨਾਲ ਚੰਡੀਗੜ੍ਹ ਵਿਖੇ ਹੋਈ ਜਿਸ ਵਿੱਚ ਮੁੱਖ ਤੌਰ 'ਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ, ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ, ਤਰਨਪ੍ਰੀਤ ਸਿੰਘ ਸੋਂਧ ਕੈਬਨਿਟ ਮੰਤਰੀ, ਜੈ ਕਿਸ਼ਨ ਸਿੰਘ ਰੋੜੀ ਡਿਪਟੀ ਸਪੀਕਰ ਪੰਜਾਬ, ਦੀਪਕ ਬਾਲੀ ਡਾਇਰੈਕਟਰ ਸੱਭਿਆਚਾਰਕ ਮਾਮਲੇ ਵਿਭਾਗ ਪੰਜਾਬ, ਸੰਜੀਵ ਕੁਮਾਰ ਡਾਇਰੈਕਟਰ ਟੂਰਿਜ਼ਮ ਵਿਭਾਗ ਸ਼ਾਮਿਲ ਹੋਏ । ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਕੈਬਨਿਟ ਮੰਤਰੀਆਂ ਸਮੇਤ ਅਹਿਮ ਸ਼ਖ਼ਸੀਅਤਾਂ ਅਤੇ ਸੰਤ ਮਹਾਂਪੁਰਖਾਂ ਦੀ ਬਣਾਈ ਕੋਰ ਕਮੇਟੀ ਨਾਲ ਸਤਿਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਜਾਹੋ ਜਲਾਲ ਨਾਲ ਮਨਾਉਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵੱਖ ਵੱਖ ਸਮਾਗਮਾਂ ਨੂੰ ਮਨਾਉਣ ਬਾਰੇ ਰੋਡ ਮੈਪ ਤਿਆਰ ਕਰਨ ਬਾਰੇ ਲਿਖਤੀ ਸੁਝਾਓ ਮੰਗੇ ਗਏ ਤਾਂ ਜੋ ਇਹ ਸਮਾਗਮਾਂ ਨੂੰ ਯਾਦਗਾਰੀ ਬਣਾਇਆ ਜਾ ਸਕੇ । ਇਸ ਮੀਟਿੰਗ ਵਿੱਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੇ ਪ੍ਰਧਾਨ ਸੰਤ ਬਾਬਾ ਨਿਰਮਲ ਦਾਸ ਬਾਬੇ ਜੌੜੇ ਦੇ ਨਾਲ ਸੰਤ ਗੁਰਦੀਪ ਗਿਰੀ ਪਠਾਨਕੋਟ, ਸੰਤ ਇੰਦਰ ਦਾਸ ਸ਼ੇਖੇ, ਸੰਤ ਮਨਦੀਪ ਦਾਸ, ਭੈਣ ਸੰਤੋਸ਼ ਕੁਮਾਰੀ, ਸੰਤ ਸੰਤੋਸ਼ਾਨੰਦ, ਸੰਤ ਪਰਮੇਸ਼ਵਰੀ ਦੇਵੀ, ਸੰਤ ਸੋਮਾ ਦੇਵੀ, ਸੰਤ ਜਗੀਰ ਸਿੰਘ ਸੰਤ ਪਰਮਿੰਦਰ ਕੌਰ ਬੰਗਾ ਅਤੇ ਹੋਰ ਸੰਤ ਮਹਾਂਪੁਰਖ ਹਾਜ਼ਰ ਸਨ ।

## ਮਨਰੇਗਾ ਭੱਠਾ ਮਜ਼ਦੂਰਾਂ ਦੀ ਮੀਟਿੰਗ

**ਮਾਹਿਲਪੁਰ/ਹੁਸ਼ਿਆਰਪੁਰ (ਸਹਿਗਲ, ਬੀ ਐੱਸ ਸੈਣੀ)**- ਗੰਧੋਵਾਲ ਵਿਖੇ ਮਨਰੇਗਾ ਭੱਠਾ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਹੋਈਆਂ। ਇਹਨਾਂ ਮੀਟਿੰਗਾਂ ਨੂੰ ਸੀ ਪੀ ਆਈ ਐਮ ਦੇ ਤਹਿਸੀਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਤੇ ਬਲਦੇਵ ਰਾਜ ਮਤਨੌਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਦੀ ਸਰਕਾਰ ਜਿਸ ਨੇ ਮਨਰੇਗਾ ਦਾ ਨਾਮ ਬਦਲ ਦਿੱਤਾ ਸਾਰੇ ਕੇਂਦਰ ਸਰਕਾਰ



ਜਿਸ ਨੂੰ ਆਰ ਐਸ ਐਸ ਚਲਾ ਰਹੀ ਹੈ ਇਸ ਸਰਕਾਰ ਨੇ ਮਜ਼ਦੂਰਾਂ ਕਿਸਾਨਾਂ ਵਿਰੋਧੀ 4 ਬਿੱਲ ਪਾਸ ਕਰ ਦਿੱਤੇ ਜਿਸ ਵਿੱਚ ਬਿਜਲੀ ਸੋਧ ਬਿੱਲ 2025, ਚਾਰ ਲੇਬਰ ਕੋਡ ਸੀਡ ਬਿੱਲ, ਮਨਰੇਗਾ ਦਾ ਬਿੱਲ ਹਨ ਇਹਨਾਂ ਪਾਸ ਬਿੱਲਾਂ ਨਾਲ ਮਨਰੇਗਾ ਦਾ ਸਫਾਇਆ ਕਰ ਦਿੱਤਾ। ਇਹਨਾਂ ਬਿੱਲਾਂ ਨੂੰ ਵਾਪਸ ਤੇ ਰੱਦ ਕਰਾਉਣ ਲਈ 12 ਫਰਵਰੀ ਨੂੰ ਦੇਸ਼ ਪੱਧਰ ਦੀ ਹੜਤਾਲ ਵਿੱਚ ਵਧ ਚੜ੍ਹ ਕੇ ਹੁਸ਼ਿਆਰਪੁਰ ਪੁੱਜੋ। ਇਸ ਮੌਕੇ ਪ੍ਰਮੋਦ, ਸੁਨੀਤਾ, ਕਮਲਾ, ਬਲਬੀਰ ਸਿੰਘ ਛਿੰਦੋ ਆਦਿ ਨੇ ਵੀ ਸੰਬੋਧਨ ਕੀਤਾ।

## ਮਹਾਨ ਸ਼ਹੀਦਾਂ ਦੀ ਯਾਦ 'ਚ ਦੋ ਮਿੰਟ ਦਾ ਮੌਨ ਰੱਖਿਆ

**ਸੁਲਤਾਨਪੁਰ ਲੋਧੀ (ਹਨੀ)**- ਉੱਚ ਸਿੱਖਿਆ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਐਸ.ਡੀ. ਕਾਲਜ ਫਾਰ ਵੂਮੈਨ ਦੇ ਐਨ.ਐਸ.ਐਸ. ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਯੋਗ ਅਗਵਾਈ ਵਿਚ ਭਾਰਤੀ ਆਜ਼ਾਦੀ ਦੇ ਸੰਘਰਸ਼ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਗਿਆ। ਇਹ ਪ੍ਰੋਗਰਾਮ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਦੇਣ ਅਤੇ ਵਿਦਿਆਰਥੀਆਂ ਨੂੰ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਦੀ ਯਾਦ ਦਿਵਾਉਣ ਲਈ ਆਯੋਜਿਤ ਕੀਤਾ ਗਿਆ ।



ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਬਹੁਤ ਹੀ ਅਨੁਸ਼ਾਸਨ ਅਤੇ ਸਤਿਕਾਰ ਨਾਲ ਮੌਨ ਰੱਖਿਆ। ਵਿਦਿਆਰਥੀਆਂ ਨੂੰ ਕੁਰਬਾਨੀ, ਏਕਤਾ ਅਤੇ ਰਾਸ਼ਟਰ ਪ੍ਰਤੀ ਸ਼ਰਧਾ ਦੇ ਆਦਰਸ਼ਾਂ 'ਤੇ ਜ਼ੋਰ ਦਿੰਦੇ ਹੋਏ, ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ ਗਿਆ। ਪ੍ਰੋਗਰਾਮ ਦਾ ਅੰਤ ਵਿਦਿਆਰਥੀਆਂ ਨੂੰ ਸਾਡੇ ਆਜ਼ਾਦੀ ਘੁਲਾਟੀਆਂ ਦੁਆਰਾ ਦਿਖਾਏ ਗਏ ਸੱਚ, ਅਹਿੰਸਾ ਅਤੇ ਦੇਸ਼ ਭਗਤੀ ਦੇ ਮਾਰਗ 'ਤੇ ਚੱਲਣ ਅਤੇ ਦੇਸ਼ ਦੀ ਤਰੱਕੀ ਵਿੱਚ ਸਕਾਰਾਤਮਕ ਯੋਗਦਾਨ ਪਾਉਣ ਦੇ ਸੰਦੇਸ਼ ਨਾਲ ਹੋਇਆ। ਇਹ ਸਾਰਾ ਪ੍ਰੋਗਰਾਮ ਮੈਡਮ ਸੁਨੀਤਾ ਕਲੇਰ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ।

# ਨੈਸ਼ਨਲ ਸਕੂਲ ਖੇਡਾਂ 'ਚ ਸਮਾਰਟ ਸਕੂਲ ਨਸਰਾਲਾ ਦੀਆਂ ਖਿਡਾਰਨਾਂ ਨੇ ਜਿੱਤੇ ਚਾਂਦੀ ਦੇ ਤਮਗੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਕੂਲ ਗੇਮਜ਼ ਫੈਡਰੇਸ਼ਨ ਆਫ ਇੰਡੀਆ ਵੱਲੋਂ 69ਵੀਆਂ ਨੈਸ਼ਨਲ ਸਕੂਲ ਖੇਡਾਂ ਹੈਂਡਬਾਲ ਅੰਡਰ-17 ਲੜਕੀਆਂ ਜੋ ਕਿ ਗੁਜਰਾਤ ਦੇ ਸ਼ਹਿਰ ਸੋਮਨਾਥ ਵਿੱਚ ਸਫਲਤਾ ਪੂਰਵਕ ਸਮਾਪਤ ਹੋਈਆ। ਇਹ ਜਾਣਕਾਰੀ ਦਿੰਦਿਆ ਲੈਕਚਰਾਰ ਸੁਖਦੇਵ ਸਿੰਘ ਨੇ



ਦੱਸਿਆ ਕਿ ਇਹਨਾਂ ਨੈਸ਼ਨਲ ਖੇਡਾਂ ਵਿੱਚ ਪੀ.ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਸਰਾਲਾ ਦੀਆਂ ਖਿਡਾਰਨਾਂ ਸਿਮਰਨ ਕੌਰ ਅਤੇ ਪ੍ਰੀਆ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਿਮਰਨ ਕੌਰ ਨਸਰਾਲਾ ਦੀ ਕਪਤਾਨੀ ਹੇਠ ਪੰਜਾਬ ਦੀ ਟੀਮ ਨੇ ਆਪਣੇ ਪੂਲ ਦੇ ਸਾਰੇ ਮੈਚਾਂ, ਕੁਆਰਟਰ ਫਾਈਨਲ ਅਤੇ ਸੈਮੀ ਫਾਈਨਲ ਵਿੱਚ ਆਪਣਾ ਬਿਹਤਰੀਨ ਪ੍ਰਦਰਸ਼ਨ ਕਰਕੇ ਜਿੱਤਾਂ ਦਰਜ ਕੀਤੀਆਂ ਤੇ ਆਪਣੀ ਟੀਮ ਨੂੰ ਫਾਈਨਲ ਵਿੱਚ ਪਹੁੰਚਾਇਆ। ਫਾਈਨਲ ਮੈਚ ਗੁਜਰਾਤ ਨਾਲ ਹੋਇਆ ਜਿਸ ਵਿੱਚ ਪੰਜਾਬ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਪ੍ਰਾਪਤ ਕੀਤੇ।ਸਕੂਲ ਪਹੁੰਚਣ ਤੇ ਸਵੇਰ ਦੀ ਸਭਾ ਵਿੱਚ ਸਕੂਲ ਦੀ ਹੈਂਡਬਾਲ ਟੀਮ ਦੇ ਇੰਚਾਰਜ ਲੈਕਚਰਾਰ ਸੁਖਦੇਵ ਸਿੰਘ ਤੇ ਰਾਸ਼ਟਰੀ ਪੱਧਰ ਤੇ ਸਿਲਵਰ ਮੈਡਲ ਜਿੱਤਣ ਵਾਲੀਆਂ ਖਿਡਾਰਨਾਂ ਟੀਮ ਦੀ ਕੈਪਟਨ ਸਿਮਰਨ ਕੌਰ ਅਤੇ ਪ੍ਰੀਆ ਦਾ ਸਕੂਲ ਪ੍ਰਿੰਸੀਪਲ ਧਰਮਿੰਦਰ ਕੁਮਾਰ ਸ਼ਰਮਾ ਅਤੇ ਸਮੂਹ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਬੋਲਦਿਆ ਪ੍ਰਿੰਸੀਪਲ ਧਰਮਿੰਦਰ ਸ਼ਰਮਾ ਨੇ ਕਿਹਾ ਕਿ ਸਾਡੀਆਂ ਖਿਡਾਰਨਾਂ ਨੇ ਰਾਸ਼ਟਰੀ ਪੱਧਰ ਤੇ ਮੈਡਲ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਜ਼ਿਲ੍ਹੇ ਦਾ ਨਾਂਅ ਨੈਸ਼ਨਲ ਲੈਵਲ ਤੱਕ ਰੋਸ਼ਨ ਕੀਤਾ।ਉਹਨਾਂ ਟੀਮ ਇੰਚਾਰਜ ਲੈਕਚਰਾਰ ਸੁਖਦੇਵ ਸਿੰਘ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਲੈਕਚਰਾਰ ਕੁਲਵਿੰਦਰ ਸਿੰਘ, ਲੈਕਚਰਾਰ ਸੁਖਦੇਵ ਸਿੰਘ, ਨੀਲਮ ਕੁਮਾਰੀ, ਨਵਜੋਤ ਕੌਰ, ਬਲਜੀਤ ਸਿੰਘ, ਸੰਜੀਤ, ਨਰਿੰਦਰ ਕੌਰ, ਵਨੀਤਾ ਰਾਣੀ, ਕਮਲੇਸ਼, ਮੰਜੂ, ਪ੍ਰੀਆ, ਸੋਨੀਆ, ਵੀਨਾ, ਰਜਵਿੰਦਰ, ਆਰਤੀ, ਕੋਮਲ, ਕਿਰਨ, ਸੰਜੀਵ ਰਤਨ, ਕ੍ਰਾਂਤੀਪਲ, ਵਿਸ਼ਾਲ, ਤਜਿੰਦਰ, ਗੁਰਦੀਪ ਕੌਰ ਆਦਿ ਹਾਜ਼ਰ ਸਨ।

# ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੋਸਾਇਟੀ ਵੱਲੋਂ 2 ਰੋਜ਼ਾ ਗੁਰਬਾਣੀ ਕੀਰਤਨ ਤੇ ਕੰਠ ਮੁਕਾਬਲੇ ਸ਼ੁਰੂ

**ਅੱਡਾ ਸਰਾਂ /ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਸਮਰਪਤ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੋਸਾਇਟੀ ਟਾਂਡਾ ਵੱਲੋਂ 2 ਰੋਜ਼ਾ ਕਰਵਾਏ ਜਾ ਰਹੇ ਗੁਰਬਾਣੀ



ਕੀਰਤਨ ਅਤੇ ਗੁਰਬਾਣੀ ਕੰਠ ਸ਼ੁਰੂ ਹੋ ਗਏ । ਮੁਕਾਬਲਿਆਂ ਦੌਰਾਨ ਪਹਿਲੇ ਦਿਨ ਗੁਰਬਾਣੀ ਕੀਰਤਨ ਮੁਕਾਬਲੇ ਕਰਵਾਏ ਗਏ। ਡੇਰਾ ਤਪ ਅਸਥਾਨ ਸੰਤ ਬਾਬਾ ਬਲਵੰਤ ਸਿੰਘ ਵਿਖੇ ਅਤੇ ਬਾਬਾ ਗੁਰਦਿਆਲ ਸਿੰਘ ਦੇ ਵਿਸ਼ੇਸ਼ ਸਹਿਯੋਗ ਨਾਲ ਅਤੇ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਵਿਚ ਸ਼ਹਿਰ ਦੀਆਂ ਵੱਖ-ਵੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ। ਇਨ੍ਹਾਂ ਮੁਕਾਬਲਿਆਂ ਦੌਰਾਨ 27 ਜਥਿਆਂ ਸਮੇਤ ਤਕਰੀਬਨ 100 ਬੱਚਿਆਂ ਨੇ ਭਾਗ ਲਿਆ, ਜਿਨ੍ਹਾਂ ਨੂੰ ਸਰਟੀਫਿਕੇਟ ਬਾਬਾ ਗੁਰਦਿਆਲ ਸਿੰਘ ਵੱਲੋਂ ਤਕਸੀਮ ਕੀਤੇ ਗਏ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਰਵਿੰਦਰ ਸਿੰਘ ਰਵੀ ਅਤੇ ਜਨਰਲ ਸਕੱਤਰ ਕਿਰਪਾਲ ਸਿੰਘ ਪੰਡੋਰੀ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਸੁਸਾਇਟੀ ਵੱਲੋਂ 15 ਫ਼ਰਵਰੀ ਨੂੰ ਸਕੂਲ ਆਫ਼ ਐਮੀਨੈਂਸ ਟਾਂਡਾ ਵਿਖੇ ਕਰਵਾਏ ਜਾ ਰਹੇ ਸਾਲਾਨਾ ਕੀਰਤਨ ਦਰਬਾਰ ਵਿੱਚ ਇਨਾਮ ਦਿੱਤੇ ਜਾਣਗੇ, ਜੋ ਕਿ ਕ੍ਰਮਵਾਰ 31 ਹਜ਼ਾਰ ਰੁਪਏ, 21 ਹਜ਼ਾਰ ਰੁਪਏ ਅਤੇ 15 ਹਜ਼ਾਰ ਰੁਪਏ ਹਨ।ਇਸ ਮੌਕੇ ਬਾਬਾ ਗੁਰਦਿਆਲ ਸਿੰਘ ਵੱਲੋਂ ਸੋਸਾਇਟੀ ਵੱਲੋਂ ਬੱਚਿਆਂ ਨੂੰ ਗੁਰਮਤਿ ਧਰਮ ਅਤੇ ਵਿਰਸੇ ਨਾਲ ਜੋੜਨ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਸਟੇਜ ਸਕੱਤਰ ਦੀ ਸੇਵਾ ਸੋਸਾਇਟੀ ਦੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਵੱਲੋਂ ਨਿਭਾਈ ਗਈ। ਇਸ ਸਮੁੱਚੇ ਮੁਕਾਬਲੇ ਦੌਰਾਨ ਜੱਜਮੈਂਟ ਦੀ ਭੂਮਿਕਾ ਬੀਬੀ ਜਤਿੰਦਰ ਕੌਰ, ਪ੍ਰੋਫੈਸਰ ਸੁਖਵਿੰਦਰ ਸਿੰਘ ਸਾਗਰ ਆਨੰਦਪੁਰ ਸਾਹਿਬ, ਮਿਹਰਬਾਨ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਨੇ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਵਿੰਦਰ ਸਿੰਘ ਰਸੂਲਪੁਰ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਯੂਥ ਆਗੂ ਕਮਲਜੀਤ ਕੁਲਾਰ, ਡਾ. ਕੇਵਲ ਸਿੰਘ ਕਾਜਲ ਸਾਬਕਾ ਡਿਪਟੀ ਡਾਇਰੈਕਟਰ ਹੈਲਥ, ਸਾਬਕਾ ਡਿਪਟੀ ਡੀ.ਓ. ਸੁਖਵਿੰਦਰ ਸਿੰਘ, ਲਖਵੀਰ ਸਿੰਘ ਖਾਲਸਾ, ਸੰਦੀਪ ਸਿੰਘ ਸੀਕਰੀ, ਐਡਵੋਕੇਟ ਗੁਰਵੀਰ ਸਿੰਘ ਚੌਟਾਲਾ, ਰਣਵੀਰ ਸਿੰਘ ਨੱਥੂਪੁਰ, ਜਥੇ. ਹਰਮੇਲ ਪ੍ਰਕਾਸ਼ ਸਿੰਘ, ਭਾਈ ਬਲਜੀਤ ਸਿੰਘ, ਜ਼ੋਰਾਵਰ ਸਿੰਘ ਸਮੇਤ ਸੁਸਾਇਟੀ ਦੇ ਸਰਪ੍ਰਸਤ ਸ਼ਰਧਾ ਸਿੰਘ, ਖ਼ਜ਼ਾਨਚੀ ਪਿਆਰਾ ਸਿੰਘ, ਤੀਰਥ ਸਿੰਘ, ਮਾ. ਜਸਵੀਰ ਸਿੰਘ, ਸੁਰਜੀਤ ਸਿੰਘ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ, ਗੁਰਸੰਦੀਪ ਸਿੰਘ, ਸ਼ਰਨਜੀਤ ਸਿੰਘ, ਤਜਿੰਦਰ ਸਿੰਘ ਆਦਿ ਹਾਜ਼ਰ ਸਨ।

## ਕਸ਼ਮੀਰ ਕੌਰ ਬਾਸੀ ਦੀ ਯਾਦ 'ਚ ਅੱਖਾਂ ਦਾ ਫ੍ਰੀ ਚੈਕਅੱਪ ਕੈਂਪ 8 ਨੂੰ

**ਗੁਰਾਇਆ (ਬਿੰਦਰ ਸੁਮਨ)**- ਜੋਗਾ ਸਿੰਘ ਬਾਸੀ ਟਰੱਸਟ ਕਨੇਡਾ ਵੱਲੋਂ ਸ੍ਰੀਮਤੀ ਕਸ਼ਮੀਰ ਕੌਰ ਦੀ ਯਾਦ ਨੂੰ ਸਮਰਪਤ ਅੱਖਾਂ ਦਾ ਮੁਫਤ ਚੈਕਅੱਪ ਕੈਂਪ 8 ਫਰਵਰੀ ਨੂੰ ਜੇ ਕੇ ਐਸ ਐਸ



ਬਾਸੀ ਜਿਮਨੇਜੀਅਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀੜ ਬੰਸੀਆਂ ਜੱਜਾ ਢੀਂਡਸਾ ਵਿਖੇ ਲਗਾਇਆ ਜਾ ਰਿਹਾ ਹੈ। ਕੈਂਪ ਨੂੰ ਸਫਲ ਬਣਾਉਣ ਲਈ ਅਹਿਮ ਮੀਟਿੰਗ ਜੋਗਾ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਹੋਈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਡਾਕਟਰ ਰਾਜਨ ਆਈ ਹਸਪਤਾਲ ਫਗਵਾੜਾ ਦੀ ਟੀਮ ਵਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਚੈਕਅੱਪ ਕਰਕੇ ਦਵਾਈ ਅਤੇ ਐਨਕਾਂ ਫ੍ਰੀ ਦਿੱਤੀਆਂ ਜਾਣਗੀਆਂ। ਚੈਕਅੱਪ ਦੌਰਾਨ ਚੁਣੇ ਹੋਏ ਮਰੀਜ਼ਾਂ ਦੇ ਲੈਂਜ਼ ਫ੍ਰੀ ਪਾਏ ਜਾਣਗੇ। ਇਸ ਮੌਕੇ ਸਰਬਜੀਤ ਸਿੰਘ, ਤਜਿੰਦਰ ਸਿੰਘ ਸੈਣੀ ਰਿਟਾਇਰ ਪ੍ਰਿੰਸੀਪਲ, ਨਰਿੰਦਰ ਸਿੰਘ ਗੋਲਡੀ, ਠੇਕੇਦਾਰ ਅਮਰਜੀਤ ਰਾਮ ਆਦਿ ਹਾਜ਼ਰ ਸਨ।

## ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਵੱਲੋਂ ਸ਼ਹੀਦਾਂ ਦੀ ਯਾਦ 'ਚ ਦੋ ਮਿੰਟ ਦਾ ਮੌਨ ਰੱਖਿਆ

**ਫਗਵਾੜਾ (ਡਾ. ਰਮਨ)** ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਦੇ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਸੁਯੋਗ ਅਗਵਾਈ ਹੇਠ ਐਨ ਐਸ ਐਸ ਯੂਨਿਟ ਵੱਲੋਂ 30 ਜਨਵਰੀ 2026 ਨੂੰ ਭਾਰਤ ਦੇ ਆਜ਼ਾਦੀ ਸੰਗਰਾਮ ਦੌਰਾਨ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸ਼ਹੀਦਾਂ ਨੂੰ ਦਿਲੋਂ ਸ਼ਰਧਾਂਜਲੀ ਭੇਟ ਕਰਨ ਲਈ ਇੱਕ ਪਵਿੱਤਰ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੀ ਹਿੰਮਤ, ਸਮਰਪਣ ਅਤੇ ਸਰਵਉੱਚ




ਕੁਰਬਾਨੀ ਲਈ ਡੂੰਘੇ ਸਤਿਕਾਰ ਵਜੋਂ ਦੋ ਮਿੰਟ ਦਾ ਮੌਨ ਰੱਖਿਆ ਗਿਆ।ਇਸ ਮੌਕੇ ਵਾਈਸ ਪ੍ਰਿੰਸੀਪਲ, ਡਾ. ਰੁਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਆਜ਼ਾਦੀ ਸੰਗਰਾਮ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕੀਤੀ।ਉਨ੍ਹਾਂ ਨੇ ਭਾਰਤ ਦੀ ਆਜ਼ਾਦੀ ਲਈ ਰਾਸ਼ਟਰੀ ਨਾਇਕਾਂ ਦੁਆਰਾ ਕੀਤੀਆਂ ਗਈਆਂ ਬੇਅੰਤ ਕੁਰਬਾਨੀਆਂ ਨੂੰ ਉਜਾਗਰ ਕੀਤਾ ਗਿਆ।ਇਸ ਸਮਾਰੋਹ ਦੌਰਾਨ ਲਗਭਗ 100 ਐਨ ਐਸ ਐਸ ਵਲੰਟੀਅਰ ਅਤੇ ਸਟਾਫ਼ ਮੈਂਬਰ ਮੌਜੂਦ ਸਨ।ਉਹਨਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਮਾਣ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਆਜ਼ਾਦੀ ਘੁਲਾਟੀਆਂ ਦੇ ਅਣਮੁੱਲੇ ਯੋਗਦਾਨ ਦਾ ਸਨਮਾਨ ਕਰਦੇ ਹੋਏ ਸ਼ਰਧਾਂਜਲੀ ਭੇਟ ਕੀਤੀ।

# ਚਾਈਨਾ ਡੋਰ ਤੇ ਅਵਾਰਾ ਕੁੱਤਿਆਂ ਤੋਂ ਚਿੰਤਿਤ ਇਲਾਕੇ ਦੇ ਲੋਕਾਂ 'ਚ ਸਹਿਮ ਦਾ ਮਾਹੌਲ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸੀਨੀਅਰ ਸਿਟੀਜ਼ਨ ਕੌਂਸਲ ਮੋਰਿੰਡਾ ਵੱਲੋਂ ਪ੍ਰਧਾਨ ਅਮਰਜੀਤ ਸਿੰਘ ਕੰਗ ਦੀ ਅਗਵਾਈ ਵਿੱਚ ਤਹਿਸੀਲਦਾਰ ਮੋਰਿੰਡਾ ਸੁਰਿੰਦਰ ਪਾਲ ਸਿੰਘ ਪੰਨੂ ਨੂੰ ਮਿਲਿਆ ਅਤੇ



ਮੰਗ ਪੱਤਰ ਦੇ ਕੇ ਮੰਗ ਕੀਤੀ ਹੈ ਕਿ ਅਵਾਰਾ ਕੁੱਤਿਆਂ ਅਤੇ ਚਾਇਨਾ ਡੋਰ ਵੇਚਣ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੌਂਸਲ ਦੇ ਸੀਨੀਅਰ ਆਗੂ ਗੁਰਦੇਵ ਸਿੰਘ ਤੂਰ ਨੇ ਦੱਸਿਆ ਕਿ ਬਸੰਤ ਪੰਚਮੀ ਤੋਂ ਪਹਿਲਾਂ ਅਤੇ ਬਾਅਦ ਵਿੱਚ, ਕਿਸ਼ੋਰ ਅਵਸਥਾ ਵਿੱਚ ਪਹੁੰਚੇ ਸਕੂਲੀ ਵਰਗ ਦੇ ਲੜਕਿਆਂ ਵੱਲੋਂ ਪਤੰਗਬਾਜੀ ਲਈ ਵਰਤੀ ਜਾਂਦੀ ਚਾਈਨਾ ਡੋਰ ਅਤੇ ਆਮ ਘੁੰਮ ਰਹੇ ਅਵਾਰਾ ਕੁੱਤਿਆਂ ਵੱਲੋਂ ਸ਼ਹਿਰੀ ਵਾਸੀਆਂ 'ਤੇ ਕੀਤੇ ਜਾ ਰਹੇ ਅਚਾਨਕ ਹਮਲਿਆਂ ਕਾਰਨ ਇਲਾਕਾ ਨਿਵਾਸੀਆਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਹਰ ਕੋਈ ਆਪਣੇ ਬੱਚਿਆਂ ਨੂੰ ਇਕੱਲੇ ਬਾਹਰ ਭੇਜਣ ਤੋਂ ਘਬਰਾਇਆ ਹੋਇਆ ਹੈ, ਕਿਉਂਕਿ ਚਾਇਨਾ ਡੋਰ ਨਾਲ ਅਨੇਕਾਂ ਕੀਮਤੀ ਜਾਨਾਂ ਜਾ ਚੁਕੀਆਂ ਹਨ। ਇਸੇ ਤਰ੍ਹਾਂ ਅਵਾਰਾ ਕੁੱਤਿਆਂ ਵੱਲੋਂ ਕੱਟਣ ਦੀਆਂ ਰੋਜ਼ਾਨਾ ਹੀ ਘਟਨਾਵਾਂ ਵਾਪਰ ਰਹੀਆਂ ਹਨ।ਉਹਨਾਂ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਚਾਇਨਾ ਡੋਰ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਅਵਾਰਾ ਕੁੱਤਿਆਂ ਖਿਲਾਫ ਮਾਨਯੋਗ ਹਾਈਕੋਰਟ ਦੇ ਹੁਕਮਾਂ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾਵੇ। ਉਹਨਾਂ ਦੱਸਿਆ ਕਿ ਕੌਂਸਲ ਵਲੋਂ ਸਥਾਨਕ ਉਪ ਮੰਡਲ ਅਫਸਰ ਗੁਰਦੇਵ ਸਿੰਘ ਧਾਮ, ਕਾਰਜਸਾਧਕ ਅਫਸਰ ਰਵੀ ਜਿੰਦਲ, ਡਿਪਟੀ ਸੁਪਰਡੈਂਟ ਪੁਲਸ ਗੁਰਜੀਤ ਸਿੰਘ (ਪੀ ਪੀ ਐਸ) ਅਤੇ ਮਿਉਂਸਪਲ ਕਮੇਟੀ ਦੇ ਪ੍ਰਧਾਨ ਜਗਦੇਵ ਸਿੰਘ ਬਿੱਟੂ ਨੂੰ ਮਿਲ ਕੇ ਉਪਰੋਕਤ ਸਮਾਜਿਕ ਕੁਰੀਤੀਆਂ ਸੰਬੰਧੀ ਬਣਦੀ ਕਾਰਵਾਈ ਕਰਨ ਲਈ ਬੇਨਤੀ ਪੱਤਰ ਦਿੱਤੇ ਗਏ ਹਨ। ਸਾਰੇ ਅਧਿਕਾਰੀਆਂ ਵੱਲੋਂ ਕੌਂਸਲ ਵਫਦ ਦੇ ਮੈਂਬਰਾਂ ਨੂੰ ਜਿੱਥੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸਿੰਘ ਧਾਲੀਵਾਲ, ਕਰਨਲ ਮਲਕੀਤ ਸਿੰਘ, ਚਰਨਜੀਤ ਸਿੰਘ ਕਲਸੀ, ਪ੍ਰਮਾਤਮਾਂ ਸਿੰਘ, ਹਰਵਿੰਦਰ ਸਿੰਘ ਸਿੱਧੂ, ਹਰਮੀਤ ਸਿੰਘ ਬਾਠ, ਜਗਦੀਸ਼ ਕੁਮਾਰ ਵਰਮਾ ਅਤੇ ਕੌਂਸਲ ਆਗੂ ਹਾਜ਼ਰ ਸਨ।

# ਕੰਧਾਲਾ ਜੱਟਾਂ 'ਚ ਸ੍ਰੀ ਗੁਰੂ ਰਵਿਦਾਸ ਗੁਰਪੁਰਬ ਸੰਬੰਧੀ ਨਗਰ ਕੀਰਤਨ ਸਜਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਸਤਿਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਪਿੰਡ ਕੰਧਾਲਾ ਜੱਟਾਂ ਵਿਖੇ ਸ੍ਰੀ ਗੁਰੂ ਰਵਿਦਾਸ ਸਭਾ ਰਜਿ. ਐਨ ਆਰ ਆਈ ਸੰਗਤ ਅਤੇ ਨਗਰ ਦੀ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਖਾਲਸਾਈ ਸ਼ਾਨੋ ਸ਼ੌਕਤ ਨਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਸੰਤ ਬਾਬਾ ਮੱਖਣ ਸਿੰਘ ਨੇ ਅਰਦਾਸ ਕਰਦਿਆਂ ਕੀਤੀ। ਨਗਰ



ਕੀਰਤਨ ਵਿੱਚ ਢਾਡੀ ਭਾਈ ਰਾਵਲ ਸਿੰਘ ਬੁੱਲ੍ਹੋਵਾਲੀਆ ਤੇ ਢਾਡੀ ਜਥੇ ਨੇ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਗੁਰੂ ਇਤਿਹਾਸ ਨਾਲ ਜੋੜਿਆ ਅਤੇ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਦਰੀਆ ਕੁੱਲੀ ਬਾਬਾ ਖੁਸ਼ਦਿਲ ਨੇ ਸੰਗਤਾਂ ਨੂੰ ਬਾਣੀ ਨਾਲ ਜੁੜਨ ਲਈ ਪ੍ਰੇਰਿਆ। ਪਿੰਡ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਵਿੱਚ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਸ਼ਬਦ ਰੂਪ ਵਿੱਚ ਗਾਈ। ਨਗਰ ਕੀਰਤਨ ਦੀ ਆਰੰਭਤਾ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਤੋਂ ਹੋਈ, ਉਪਰੰਤ ਪਿੰਡ ਦਰੀਆ ਨਗਰ ਦੀ ਪਰਿਕਰਮਾ ਅੱਡਾ ਸਰਾਂ ਤੋਂ ਹੁੰਦਾ ਹੋਇਆ ਗੁਰੂ ਘਰ ਪਹੁੰਚ ਕੇ ਸਮਾਪਤੀ ਹੋਈ। ਨਗਰ ਕੀਰਤਨ ਦਾ ਸਵਾਗਤ ਕਰਦੇ ਹੋਏ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਸੰਗਤਾਂ ਲਈ ਚਾਹ, ਪਕੌੜੇ, ਕੌਫੀ, ਮਠਿਆਈਆਂ, ਫਰੂਟੀਆਂ ਫਰੂਟਾਂ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਸੇਵਾਦਾਰਾਂ ਪ੍ਰਬੰਧਕਾਂ ਨੇ ਦੱਸਿਆ ਕਿ 1 ਫਰਵਰੀ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਕਰਵਾਇਆ ਜਾਣਾ ਹੈ। ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਰਜਿ. ਪ੍ਰਬੰਧਕ ਕਮੇਟੀ ਕੰਧਾਲਾ ਜੱਟਾਂ, ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ, ਗੁਰਦੁਆਰਾ ਸਿੰਘ ਸਭਾ, ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ ਪ੍ਰਬੰਧਕ ਕਮੇਟੀ, ਹੋਲਾ ਮਹੱਲਾ ਲੰਗਰ ਕਮੇਟੀ ਅੱਡਾ ਸਰਾਂ, ਡਾ. ਬੀ ਆਰ ਅੰਬੇਡਕਰ ਯੂਥ ਕਲੱਬ ਰਜਿ. ਕੰਧਾਲਾ ਜੱਟਾਂ ਸਮੂਹ ਮੈਂਬਰ,ਸਮੂਹ ਨਗਰ ਨਿਵਾਸੀ ਸਾਧ ਸੰਗਤ ਹਾਜਰ ਸੀ।

## ਸਿਮਰਨਪ੍ਰੀਤ ਨੇ ਸੇਂਟ ਸੋਲਜਰ ਗਰੁੱਪ ਦਾ ਨਾਂਅ ਕੀਤਾ ਰੌਸ਼ਨ

**ਜਲੰਧਰ (ਇਕਬਾਲ ਸਿੰਘ ਉਭੀ)**- ਛੇਵੀਂ ਜਮਾਤ ਦੀ ਵਿਦਿਆਰਥਣ ਸਿਮਰਨਪ੍ਰੀਤ ਦੀ ਸ਼ਾਨਦਾਰ ਪ੍ਰਾਪਤੀ ਨੇ ਸੇਂਟ ਸੋਲਜਰ ਗਰੁੱਪ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।, ਜਿਸਨੇ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ (ਏ ਆਈ ਐਫ ਐਫ) ਅਤੇ ਪੰਜਾਬ ਫੁੱਟਬਾਲ ਐਸੋਸੀਏਸ਼ਨ (ਪੀ ਐਫ ਏ) ਦੀ ਸਰਪ੍ਰਸਤੀ ਹੇਠ ਆਯੋਜਿਤ ਸਾਰੇ ਫੁੱਟਬਾਲ ਮੈਚ ਜਿੱਤ ਕੇ ਅਸਾਧਾਰਨ ਪ੍ਰਤਿਭਾ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ, ਇਹਨਾਂ ਵੱਕਾਰੀ ਟੂਰਨਾਮੈਂਟਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਸਿਮਰਨਪ੍ਰੀਤ ਦਾ ਸ਼ਾਨਦਾਰ ਪ੍ਰਦਰਸ਼ਨ ਨਾ ਸਿਰਫ ਉਸਦੇ ਨਿੱਜੀ ਸਮਰਪਣ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਨੂੰ ਦਰਸਾਉਂਦਾ ਹੈ, ਬਲਕਿ ਅਕਾਦਮਿਕ ਵਿਕਾਸ ਦੇ ਨਾਲ-ਨਾਲ ਖੇਡਾਂ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਦੀ ਨਿਰੰਤਰ ਵਚਨਬੱਧਤਾ ਨੂੰ ਵੀ ਦਰਸਾਉਂਦਾ ਹੈ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮੇਘਾ ਜੈਨ ਨੇ ਕਿਹਾ ਕਿ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਮਜ਼ਬੂਤ ਪ੍ਰਤੀਯੋਗੀਆਂ ਵਿਰੁੱਧ ਉਸਦੀ



ਲਗਾਤਾਰ ਜਿੱਤ ਉਸਦੇ ਤਕਨੀਕੀ ਹੁਨਰ, ਖੇਡ ਦੀ ਰਣਨੀਤਕ ਸਮਝ ਅਤੇ ਮਿਸਾਲੀ ਟੀਮ ਭਾਵਨਾ ਨੂੰ ਦਰਸਾਉਂਦੀ ਹੈ।ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਸਿਮਰਨਪ੍ਰੀਤ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਸਦੀ ਦ੍ਰਿੜ੍ਹਤਾ ਅਤੇ ਲਗਨ ਦੀ ਸ਼ਲਾਘਾ ਕੀਤੀ।

## ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ਼੍ਰੀ ਅੰਬ ਸਾਹਿਬ ਵਿਖੇ 'ਗ੍ਰੇਟ ਗ੍ਰਾਸ ਆਰਟਿਸਟ' ਹੋਏ ਨਤਮਸਤਕ

**ਮੋਹਾਲੀ (ਗੁਰਜੀਤ ਬਿੱਲਾ)** ਸ੍ਰੀ ਗੁਰੂ ਹਰਿਰਾਇ ਸਾਹਿਬ ਦੇ ਪਵਿੱਤਰ ਪ੍ਰਕਾਸ਼ ਪੁਰਬ ਦੇ ਮੌਕੇ ਅਭਿਸ਼ੇਕ ਕੁਮਾਰ ਚੌਹਾਨ ਨੇ ਮੋਹਾਲੀ ਦੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਹੋਏ ਧਾਰਮਿਕ ਸਮਾਗਮ ਦੌਰਾਨ ਸ਼ਰਧਾ ਨਾਲ ਮੱਥਾ ਟੇਕਿਆ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ। ਕਲਾਕਾਰ ਆਪਣੀ ਵਿਲੱਖਣ ਅਤੇ ਅਧਿਆਤਮਿਕ ਅਭਿਆਸ-ਅਧਾਰਤ ਘਾਹ ਕਲਾ ਲਈ ਨਾ ਸਿਰਫ਼ ਪੰਜਾਬ ਵਿੱਚ ਸਗੋਂ ਦੇਸ਼ ਭਰ ਵਿੱਚ ਇੱਕ ਵਿਲੱਖਣ



ਪਛਾਣ ਰੱਖਦਾ ਹੈ।ਉਹ ਦੇਸ਼ ਦਾ ਇਕਲੌਤਾ ਘਾਹ ਕਲਾਕਾਰ ਹੈ ਜੋ ਆਪਣੀਆਂ ਅੱਖਾਂ ਬੰਦ ਕਰਕੇ ਕੁਦਰਤੀ ਘਾਹ ਦੇ ਤਿਣਕਿਆਂ ਤੋਂ ਕਲਾਕ੍ਰਿਤੀਆਂ ਅਤੇ ਮੂਰਤੀਆਂ ਬਣਾਉਂਦਾ ਹੈ।ਉਸਦੀ ਵਿਲੱਖਣ ਕਲਾ ਅਭਿਆਸ, ਇਕਾਗਰਤਾ ਅਤੇ ਪਰੰਪਰਾ ਦਾ ਇੱਕ ਸ਼ਾਨਦਾਰ ਸੁਮੇਲ ਹੈ। 2019 ਵਿੱਚ, ਜਦੋਂ ਪੰਜਾਬ ਸਰਕਾਰ ਨੇ ਉਸ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ ਤਾਂ ਉਸਨੂੰ ਅਧਿਕਾਰਤ ਤੌਰ 'ਤੇ ਦੇਸ਼ ਦਾ ਇਕਲੌਤਾ ਕਲਾਕਾਰ ਘੋਸ਼ਿਤ ਕੀਤਾ ਗਿਆ ਜੋ ਬੰਦ ਅੱਖਾਂ ਨਾਲ ਘਾਹ ਤੋਂ ਕਲਾ ਕਰਦਾ ਹੈ ।

# ਅਧਿਆਪਕਾਂ ਦਾ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ

**ਹੁਸ਼ਿਆਰਪੁਰ, (ਓ ਪੀ ਰਾਣਾ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ, ਹੁਸ਼ਿਆਰਪੁਰ ਵਿਖੇ ਸਮੱਗਰ ਸਿੱਖਿਆ 2025-26 ਅਧੀਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਦੇ



ਅਧਿਆਪਕਾਂ ਨੂੰ 'ਸੇਫਟੀ ਐਂਡ ਸਕਿਉਰਿਟੀ' ਨਾਲ ਸਬੰਧਿਤ ਵੱਖ-ਵੱਖ ਸਕੀਮਾਂ ਜਿਵੇਂ ਪੋਸਕੋ ਐਕਟ 2012, ਅਤੇ ਜੁਵੇਨਾਈਲ ਜਸਟਿਕ ਐਕਟ 2015, ਬਾਲ ਅਤੇ ਕਿਸ਼ੋਰ ਐਕਟ 1986 (ਸੋਧਿਆ 2016), ਬਾਲ ਅਧਿਕਾਰਾਂ ਦੀ ਸੁਰੱਖਿਆ (ਸੀ ਪੀ ਸੀ ਆਰ ਐਕਟ 2005) ਆਰ ਟੀ ਈ ਐਕਟ 2009, ਸੁਪਰੀਮ ਕੋਰਟ ਦੇ ਫੈਸਲੇ ਐੱਨ ਡੀ ਐੱਮ ਏ ਦਿਸ਼ਾ-ਨਿਰਦੇਸ਼ 2016, ਸੁਰੱਖਿਆ ਤੇ ਸੁਰੱਖਿਆ ਦਿਸ਼ਾ-ਨਿਰਦੇਸ਼ 2021, ਸੜਕ ਸੁਰੱਖਿਆ ਆਦਿ ਸਬੰਧੀ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਡਾ. ਹਰਪ੍ਰੀਤ ਕੌਰ ਨੇ ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਸਬੰਧੀ ਜੁਵੇਨਾਇਲ ਜਸਟਿਸ ਐਕਟ 2015, ਪੋਕਸੋ ਐਕਟ 2012, ਸਪੌਂਸਰਸ਼ਿਪ ਫਾਸਟਰ ਕੇਅਰ ਸਕੀਮ, ਬਾਲ ਵਿਆਹ ਰੋਕੂ ਐਕਟ, 2006 ਤੇ ਬਾਲ ਭਿੱਖਿਆ ਦੇ ਦੂਰ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਕੂਲਾਂ ਵਿੱਚ ਸੇਫ ਸਕੂਲ ਵਾਹਨ ਸਕੀਮ ਅਧੀਨ ਚੈੱਕ ਕੀਤੀਆਂ ਗਈਆਂ ਸਕੂਲ ਬੱਸਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਕੋਆਡੀਨੇਟਰ ਰਾਕੇਸ਼ ਫੂਲ, ਜ਼ਿਲ੍ਹਾ ਗਾਇਡੈਂਸ ਕਾਊਂਸਲਰ ਵੱਲੋਂ ਸਕੀਮ ਬਾਰੇ ਜਾਣਕਾਰੀ ਦਿੱਤੀ ਗਈ। ਊਧਮ ਸਿੰਘ ਡੋਗਰਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਧਰਾ, ਤਰਕ ਸ਼ਰਮਾ ਐਡਵੋਕੇਟ ਬਤੌਰ ਰਿਸੋਰਸ ਪਰਸਨ ਮੌਜੂਦ ਸਨ।

# ਬਾਬਾ ਬੁੱਲ੍ਹੇ ਸ਼ਾਹ ਦੀ ਮਜ਼ਾਰ ਨੂੰ ਤੋੜਨ ਦੀ ਕੀਤੀ ਨਿਖੇਧੀ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਪ੍ਰਸਿੱਧ ਸੂਫ਼ੀ ਕਵੀ ਬਾਬਾ ਬੁੱਲ੍ਹੇ ਸ਼ਾਹ ਦੀ 100 ਸਾਲ ਪੁਰਾਣੀ ਮਜ਼ਾਰ, ਜੋ ਉੱਤਰਾਖੰਡ ਦੇ ਸ਼ਹਿਰ ਮਸੂਰੀ ਦੇ ਬਾਲਾ ਹਿਸਾਰ ਖੇਤਰ ਵਿੱਚ ਸਥਿਤ ਸੀ ਅਤੇ ਜਿਸਦੀ ਪੂਰੇ ਖੇਤਰ ਵਿੱਚ ਮਾਨਤਾ ਸੀ, ਨੂੰ ਫ਼ਿਕਰਾਪ੍ਰਸਤ ਤਾਕਤਾਂ ਵੱਲੋਂ ਤੋੜ ਦਿੱਤਾ ਗਿਆ, ਜਿਸਦਾ ਸਥਾਨਕ ਭਾਈਚਾਰੇ 'ਚ ਵੱਡਾ ਰੋਸ ਫ਼ੈਲ ਗਿਆ।ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਲਖਵਿੰਦਰ ਸਿੰਘ ਜੌਹਲ, ਜਨਰਲ ਸਕੱਤਰ ਸਤਨਾਮ ਸਿੰਘ ਮਾਣਕ, ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਦੇ ਪ੍ਰਧਾਨ ਪ੍ਰਿੰ: ਗੁਰਮੀਤ ਸਿੰਘ ਪਲਾਹੀ, ਸਕੇਪ ਸਾਹਿਤਕ ਸੰਸਥਾ ਦੇ ਪ੍ਰਧਾਨ ਰਵਿੰਦਰ ਚੋਟ, ਪ੍ਰਸਿੱਧ ਕਾਲਮਨਵੀਸ ਡਾ: ਚਰਨਜੀਤ ਸਿੰਘ ਗੁਮਟਾਲਾ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਦੀਦਾਰ ਸ਼ੇਤਰਾ, ਗੁਰਚਰਨ ਸਿੰਘ ਨੂਰਪੁਰ, ਗੁਰਬਿੰਦਰ ਮਾਣਕ ਨੇ ਇਸ ਕਾਰਵਾਈ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕ ਗੰਗਾ-ਜਮੁਨੀ ਤਹਿਜ਼ੀਬ ਨੂੰ ਖੋਦ ਕੇ ਉਸ ਦੇ ਥੱਲਿਓਂ ਮਜ਼ਹਬੀ ਤੁਅਸਬਾਂ ਦੇ ਖੰਡਰਾਤ ਲੱਭੇ ਜਾ ਰਹੇ ਹਨ ਅਤੇ ਫਤਵੇ ਦਿੱਤੇ ਜਾ ਰਹੇ ਹਨ ਅਤੇ ਮਿੱਥਕੇ ਸਾਂਝ ਦੇ ਚਿੰਨ੍ਹਾਂ ਨੂੰ ਮਿਟਾਇਆ ਜਾ ਰਿਹਾ ਹੈ ਅਤੇ ਧਾਰਮਿਕ ਅਸਹਿਣਸ਼ੀਲਤਾ ਦਾ ਮਾਹੌਲ ਦੇਸ਼ ਵਿੱਚ ਸਿਰਜਣ ਦਾ ਯਤਨ ਹੋ ਰਿਹਾ ਹੈ।ਇਹਨਾਂ ਬੁੱਧੀਜੀਵੀਆਂ, ਲੇਖਕਾਂ, ਕਾਲਮਨਵੀਸਾਂ ਨੇ ਇਹ ਵੀ ਕਿਹਾ ਕਿ ਇਹੋ ਜਿਹੀਆਂ ਘਟਨਾਵਾਂ ਘੱਟ ਗਿਣਤੀਆਂ ਖ਼ਿਲਾਫ਼ ਸਾਜ਼ਿਸ਼ ਹਨ ਅਤੇ ਦੇਸ਼ ਦੇ ਧਰਮ ਨਿਰਪੱਖ ਸਰੂਪ ਨੂੰ ਢਾਹ ਲਗਾਉਣ ਦੇ ਯਤਨ ਹਨ, ਜਿਸ ਨਾਲ ਧਰਮ ਦੇ ਨਾਂਅ 'ਤੇ ਲੋਕਾਂ ਵਿੱਚ ਨਫ਼ਰਤ ਫੈਲਦੀ ਹੈ।ਇਹਨਾਂ ਸਖ਼ਸ਼ੀਅਤਾਂ ਨੇ ਮੰਗ ਕੀਤੀ ਹੈ ਕਿ ਦੋਸ਼ੀਆਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।



ਚੀਫ ਫਰਮਾਸਿਸਟ ਰਾਜ ਕੁਮਾਰ ਗਿਰਧਰ ਦੀ ਪੰਜਾਬੀ ਯੂਨੀਵਰਸਟੀ ਪਟਿਆਲਾ ਤੋਂ ਵਧੀਆ ਸੇਵਾਵਾਂ ਉਪਰੰਤ ਰਿਟਾਇਰਮੈਂਟ ਮੌਕੇ ਸਟਾਫ ਵੱਲੋਂ ਵਿਦਾਈ ਪਾਰਟੀ ਦਿੱਤੀ ਗਈ। ਇਸ ਮੌਕੇ ਵਿਭਾਗ ਦੇ ਸੀਨੀਅਰ ਅਫਸਰ ਤੇ ਵੱਡੀ ਗਿਣਤੀ ਵਿੱਚ ਕਰਮਚਾਰੀ ਤੇ ਰਿਸ਼ਤੇਦਾਰ ਹਾਜ਼ਰ ਸ਼ਨ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਮੇਹਰ ਚੰਦ ਪੋਲਿਟੈਕਨਿਕ ਕਾਲਜ ਵਿਖੇ ਸਿੱਖਿਆਤਮਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਰਾਰੀ ਦੇ ਵਿਦਿਆਰਥੀਆਂ ਨੇ ਇੰਜੀਨੀਅਰਿੰਗ ਖੇਤਰਾਂ ਵਿੱਚ ਭਵਿੱਖੀ ਮੌਕਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਦੇ ਉਦੇਸ਼ ਨਾਲ ਮੇਹਰ ਚੰਦ ਪੋਲਿਟੈਕਨਿਕ ਕਾਲਜ, ਜਲੰਧਰ ਦਾ ਦੌਰਾ ਕੀਤਾ।ਦੌਰੇ




ਦਾ ਮਕਸਦ ਵਿਦਿਆਰਥੀਆਂ ਨੂੰ ਤਕਨੀਕੀ ਸਿੱਖਿਆ ਵੱਲ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਆਧੁਨਿਕ ਇੰਜੀਨੀਅਰਿੰਗ ਪ੍ਰਣਾਲੀਆਂ ਨਾਲ ਜਾਣੂ ਕਰਵਾਉਣਾ ਸੀ।ਸਿਵਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਰਾਜੀਵ ਭਾਟੀਆ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਨ੍ਹਾਂ ਲਈ ਇੱਕ ਮਹਿਮਾਨ ਲੈਕਚਰ ਦਾ ਆਯੋਜਨ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿਵਲ ਇੰਜੀਨੀਅਰਿੰਗ ਵਿੱਚ ਵਰਤੀ ਜਾਂਦੀ ਤਾਜ਼ਾ ਤਕਨਾਲੋਜੀ ਬਾਰੇ ਜਾਣਕਾਰੀ ਦਿੱਤੀ। ਮੇਹਰ ਚੰਦ ਪੋਲਿਟੈਕਨਿਕ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਾਲਜ ਵੱਲੋਂ ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਕਰਵਾਈਆਂ ਜਾ ਰਹੀਆਂ ਵੱਖ-ਵੱਖ ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਇਜੀ. ਜਸਪਾਲ ਸਿੰਘ ਅਤੇ ਮਿਸ ਨੇਹਾ ਨੇ ਵਿਦਿਆਰਥੀਆਂ ਨੂੰ ਵਿਭਾਗੀ ਅਤੇ ਸੰਸਥਾਨਕ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਇਹ ਦੌਰਾ ਵਿਦਿਆਰਥੀਆਂ ਲਈ ਜਾਣਕਾਰੀਪੂਰਕ ਅਤੇ ਪ੍ਰੇਰਨਾਦਾਇਕ ਅਨੁਭਵ ਸਾਬਤ ਹੋਇਆ।

# ਬ੍ਰੇਨ ਡੈੱਡ ਹੋਣ ਉਪਰੰਤ ਅੰਗ ਦਾਨ ਕਰਨਾ ਸਭ ਤੋਂ ਵੱਡੀ ਮਨੁੱਖਤਾ ਦੀ ਸੇਵਾ : ਡਾ. ਅਜੇ ਬੱਗਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ. ਬੀ. ਬਹਿਲ ਦੀ ਅਗਵਾਈ ਹੇਠ ਇਕ ਸੰਖੇਪ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪ੍ਰਮੁੱਖ ਸਮਾਜ ਸੇਵਕ ਰਿਟਾਇਰਡ ਡਿਪਟੀ ਡਾਇਰੈਕਟਰ ਡਾ. ਅਜੇ ਬੱਗਾ (ਸਿਹਤ ਵਿਭਾਗ) ਅਤੇ ਲੈਫਟਿਨੈਂਟ ਜਨਰਲ ਜੇ.



ਐਸ. ਢਿੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸਮਾਰੋਹ ਦੀ ਸ਼ੁਰੂਆਤ ਵਿਸ਼ੇਸ਼ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਕੀਤੀ ਗਈ।ਇਸ ਮੌਕੇ ਚੇਅਰਮੈਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੁਣ ਤੱਕ ਸੋਸਾਇਟੀ ਵੱਲੋਂ 4149 ਲੋਕਾਂ ਦਾ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਨ੍ਹਾਂ ਨੂੰ ਰੌਸ਼ਨੀ ਪ੍ਰਦਾਨ ਕੀਤੀ ਗਈ ਹੈ ਅਤੇ 29 ਸ਼ਰੀਰ ਮਰਨ ਉਪਰੰਤ ਵੱਖ-ਵੱਖ ਮੈਡੀਕਲ ਕਾਲਜਾਂ ਨੂੰ ਖ਼ੋਜ ਲਈ ਭੇਜੇ ਗਏ ਹਨ। ਇਸ ਮੌਕੇ ਡਾ. ਅਜੇ ਬੱਗਾ ਨੇ ਨੇਤਰ ਦਾਨ, ਸ਼ਰੀਰ ਦਾਨ ਅਤੇ ਬ੍ਰੇਨ ਡੈੱਡ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਬ੍ਰੇਨ ਡੈੱਡ ਹੋਣ ਤੋਂ ਬਾਅਦ ਪਰਵਾਰਕ ਮੈਂਬਰਾਂ ਵੱਲੋਂ ਅੰਗ ਦਾਨ ਕਰਕੇ ਕਿਸੇ ਹੋਰ ਮਰੀਜ਼ ਨੂੰ ਜੀਵਨ ਦਾਨ ਦੇਣਾ ਸਭ ਤੋਂ ਵੱਡੀ ਮਨੁੱਖਤਾ ਦੀ ਸੇਵਾ ਹੈ।ਇਸ ਮੌਕੇ ਲੈਫਟਿਨੈਂਟ ਜਨਰਲ ਜੇ. ਐਸ. ਢਿੱਲੋਂ ਨੇ ਸੋਸਾਇਟੀ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਸੇ ਦੀ ਅੰਧੇਰੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਸਭ ਤੋਂ ਵੱਡੀ ਮਨੁੱਖਤਾ ਦੀ ਸੇਵਾ ਹੈ।ਪ੍ਰਧਾਨ ਜੇ. ਬੀ. ਬਹਿਲ ਨੇ ਦੱਸਿਆ ਕਿ ਸਮਾਰੋਹ ਦੌਰਾਨ ਡਾ. ਅਜੇ ਬੱਗਾ ਨੇ ਸੁਸਾਇਟੀ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ 10 ਮਰਨ ਉਪਰੰਤ ਸ਼ਰੀਰ ਮੈਡੀਕਲ ਕਾਲਜਾਂ ਤੱਕ ਐਂਬੂਲੈਂਸ ਰਾਹੀਂ ਭੇਜਣ ਦੇ ਖ਼ਰਚੇ ਦੀ ਜ਼ਿੰਮੇਵਾਰੀ ਲਈ ਹੈ, ਜਿਸ 'ਤੇ ਲਗਭਗ 50,000 ਰੁਪਏ ਖ਼ਰਚ ਆਵੇਗਾ।ਮੰਚ ਸੰਚਾਲਨ ਪ੍ਰੋ. ਡੀ. ਕੇ. ਸ਼ਰਮਾ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ।

# ਜਾਗਰੂਕਤਾ ਦਾਖਲਾ ਵੈਨ ਦਾ ਗੁਰਾਇਆ ਵਿਖੇ ਭਰਵਾਂ ਸਵਾਗਤ




**ਗੁਰਾਇਆ (ਬਿੰਦਰ ਸੁਮਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿ.) ਜਲੰਧਰ ਹਰਜਿੰਦਰ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿ.) ਜਲੰਧਰ ਮੁਨੀਸ਼ ਸ਼ਰਮਾ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਜਲੰਧਰ ਦੇ ਸਮੂਹ ਸਕੂਲਾਂ ਵਿੱਚ 2026-27 ਲਈ ਦਾਖ਼ਲਾ ਵਧਾਉਣ ਵਾਸਤੇ 28-01-2026 ਤੋਂ ਚਲਾਈ ਗਈ ਵਿਸ਼ੇਸ਼ ਦਾਖ਼ਲਾ ਮੁਹਿੰਮ-2026 ਜਾਗਰੂਕਤਾ ਰੈਲੀ ਵਾਲੀ ਵੈਨ ਦਾ, ਦਾਖ਼ਲਾ ਮੁਹਿੰਮ ਦੇ ਇੰਚਾਰਜ ਵਰਿੰਦਰਵੀਰ ਸਿੰਘ ਅਤੇ ਸਹਾਇਕ ਇੰਚਾਰਜਾਂ ਪ੍ਰਦੀਪ ਪ੍ਰਿਤਪਾਲ ਸਿੰਘ, ਸੰਦੀਪ ਸਿੱਧੂ, ਪੰਕਜ ਕੁਮਾਰ, ਅਮਨਦੀਪ (ਏ ਸੀ) ਆਦਿ ਦੇ ਕਾਫ਼ਲੇ ਸਮੇਤ 30 ਜਨਵਰੀ ਨੂੰ ਤੀਜੇ ਦਿਨ ਦੇ ਰੂਟ ਪਲਾਨ ਮੁਤਾਬਕ ਵੱਖ-ਵੱਖ ਬਲਾਕਾਂ: ਪੂਰਬੀ-04, ਨਕੋਦਰ-01, ਨਕੋਦਰ-02, ਨੂਰਮਹਿਲ, ਫਿਲੌਰ ਹੁੰਦੀ ਹੋਈ ਬਲਾਕ ਗੁਰਾਇਆ-01, ਗੁਰਾਇਆ-02 ਦੇ ਦਫ਼ਤਰ ਵਿਖੇ ਪਹੁੰਚਣ 'ਤੇ ਬਲਾਕ ਸਿੱਖਿਆ ਅਧਿਕਾਰੀ ਗੁਰਾਇਆ-01 ਅਤੇ ਪੂਰਬੀ-04 ਗੁਰਦੀਪ ਸਿੰਘ ਗੁਰਾਇਆ-02 ਜਸਵੀਰ ਸਿੰਘ ਦੀ ਸੁਯੋਗ ਅਗਵਾਈ ਵਿੱਚ, ਦੋਨਾਂ ਬਲਾਕਾਂ ਦੇ ਦਫ਼ਤਰੀ ਕਰਮਚਾਰੀਆਂ ਅਤੇ ਅਧਿਆਪਕਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬੀ ਆਰ ਸੀਜ਼ ਸੁਖਵਿੰਦਰ ਰਾਮ ਤੇ ਰਣਜੀਤ ਸਿੰਘ, ਸੀ ਐੱਚ ਟੀ ਹਰਬਲਾਸ, ਐੱਚ ਟੀਜ਼ ਸੁਨੀਲ ਕੁਮਾਰ ਸੂਰੀ, ਹਰੀਪਾਲ ਤੇ ਧਰਮਿੰਦਰਜੀਤ, ਪ੍ਰੇਮ ਪਾਲ, ਬਲਜਿੰਦਰ ਸਿੰਘ, ਰਾਮ ਰੂਪ, ਮੁਨੀਸ਼ ਕੁਮਾਰ, ਕੁਲਵਿੰਦਰ ਸੁੰਨੜ, ਸੁਰਜੀਤ ਸਿੰਘ, ਮੈਡਮ ਵਿਜੇ ਲਕਸ਼ਮੀ, ਰਜਿੰਦਰ ਕੌਰ, ਬਿੰਦੂ ਬਾਲਾ, ਦਫ਼ਤਰੀ ਸਟਾਫ਼ ਵਲੋਂ ਰਕੇਸ਼ ਕੁਮਾਰ ਲੇਖਾਕਾਰ, ਮਨਵੀਰ ਸਿੰਘ, ਏ ਬੀ ਐੱਮ ਬਲਜੀਤ ਕੌਰ, ਅੰਮ੍ਰਿਤ ਕੌਰ, ਵੇਨੂੰ ਗਾਬਾ, ਆਈ ਈ ਆਰ ਟੀ ਕੁਲਵਿੰਦਰ ਕੌਰ ਅਤੇ ਹੋਰ ਅਧਿਆਪਕਾਂ ਸਮੇਤ ਵੱਖ-ਵੱਖ ਸਕੂਲਾਂ ਤੋਂ ਕੁੱਕ-ਕਮ-ਹੈਲਪਰਾਂ ਹਾਜ਼ਰ ਸਨ।